@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Wednesday, 27 March 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 27 ਮਾਰਚ 2024, 13 ਚੈਤ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 126, qpatrika@gmail.com ਫੋਨ : 9971359517 www.qaumipatrika.org

## ਬਾਬਾ ਵਡਭਾਗ ਸਿੰਘ ਦੇ ਮੇਲੇ 'ਚ ਵਾਪਰਿਆ ਵੱਡਾ ਹਾਦਸਾ, 2 ਸ਼ਰਧਾਲੂਆਂ ਦੀ ਮੌਤ

ਊਨਾ 26 ਮਾਰਚ। ਹਿਮਾਚਲ ਪ੍ਰਦੇਸ਼ ਦੇ ਊਨਾ 'ਚ ਪ੍ਰਸਿੱਧ ਬਾਬਾ ਵਡਭਾਗ ਸਿੰਘ ਦੇ ਮੈਡੀ ਮੇਲੇ ਦੌਰਾਨ ਅੱਜ ਵੱਡਾ ਹਾਦਸਾ ਵਾਪਰ ਗਿਆ। ਦਰਅਸਲ ਲੈਂਡ ਸਲਾਈਡ (ਜਮੀਨ ਖਿਸਕਣ) ਕਾਰਨ ਪੰਜਾਬ ਦੇ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ, ਜਦਕਿ 7 ਹੋਰ ਸ਼ਰਧਾਲੂ ਗੰਭੀਰ ਰੂਪ ਨਾਲ ਜਖਮੀ ਹੋ ਗਏ ਹਨ। ਇਨ੍ਹਾਂ ਵਿਚੋਂ ਗੰਭੀਰ ਰੂਪ ਨਾਲ ਜਖਮੀ ਸ਼ਰਧਾਲੂਆਂ ਨੂੰ ਇਲਾਜ ਲਈ ਹਸਪਤਾਲ ਊਨਾ ਰੈਫਰ ਕੀਤਾ ਗਿਆ ਹੈ। 4 ਜਖਮੀਆਂ ਦਾ ਅੰਬ ਹਸਪਤਾਲ ਵਿਚ ਇਲਾਜ ਚੱਲ ਰਿਹਾ ਹੈ। ਜਾਣਕਾਰੀ ਮੁਤਾਬਕ ਮੈਡੀ ਮੇਲੇ ਦੌਰਾਨ ਚਰਨ ਗੰਗਾ ਵਿਚ ਇਸ਼ਨਾਨ ਕਰਦੇ ਸ਼ਰਧਾਲੂਆਂ ਉੱਪਰ ਲੈਂਡ ਸਲਾਈਡ ਕਾਰਨ ਵੱਡੇ-ਵੱਡੇ ਪੱਥਰ ਡਿੱਗ ਗਏ। ਇਸ ਦੌਰਾਨ ਪੱਥਰਾਂ ਨੂੰ ਵੇਖ ਕੇ ਇੱਥੇ ਭਾਜੜ ਮਚ ਗਈ। ਇਸ ਹਾਦਸੇ ਵਿਚ ਪੰਜਾਬ ਦੇ ਰਹਿਣ ਵਾਲੇ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਫਰੀਦਕੋਟ ਦੇ ਰਹਿਣ ਵਾਲੇ ਕੇਵਲ ਸਿੰਘ ਬਿੱਲਾ ਦੇ ਰੂਪ ਵਿਚ ਹੋਈ ਹੈ, ਜਦਕਿ ਦੂਜੇ ਸ਼ਰਧਾਲੂ ਦੀ ਪਛਾਣ ਜਲੰਧਰ ਦੇ ਰਹਿਣ ਵਾਲੇ ਬਲਬੀਰ ਚੰਦ ਦੇ ਰੂਪ ਵਿਚ ਹੋਈ ਹੈ। ਉੱਥੇ ਹੀ 7 ਹੋਰ ਲੋਕ ਗੰਭੀਰ ਰੂਪ ਨਾਲ ਜਖਮੀ ਹੋਏ ਹਨ, ਜੋ ਕਿ ਲੈਂਡ ਸਲਾਈਡ ਦੀ ਲਪੇਟ ਵਿਚ ਆ ਗਏ। ਦੱਸ ਦੇਈਏ ਕਿ ਹੋਲੀ ਮੌਕੇ ਬਾਬਾ ਬਡਵਾਗ ਸਿੰਘ ਦਾ ਮੇਲਾ ਹਰ ਸਾਲ ਲੱਗਦਾ ਹੈ। ਮਾਨਤਾ ਹੈ ਕਿ ਇੱਥੇ ਬੁਰੀਆਂ ਆਤਮਾਵਾਂ ਤੋਂ ਪੀੜਤ ਲੋਕਾਂ ਦਾ ਇਲਾਜ ਕੀਤਾ ਜਾਂਦਾ ਹੈ। ਇਸ ਤਰ੍ਹਾਂ ਮਾਨਤਾ ਦੇ ਚੱਲਦੇ ਲੋਕਾਂ ਵਲੋਂ ਝਰਨੇ ਵਿਚ ਇਸ਼ਨਾਨ ਕੀਤਾ ਜਾਂਦਾ ਹੈ। ਬੇਹੱਦ ਭਿਆਨਕ ਹਾਦਸਾ ਵਾਪਰਿਆ ਬਡਭਾਗ ਸਿੰਘ ਦੇ ਮੇਲੇ ਵਿਚ, ਜਿੱਥੇ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ ਹੈ।

# ਈ.ਡੀ. ਹਿਰਾਸਤ ਤੋਂ ਕੇਜਰੀਵਾਲ ਨੇ ਜਾਰੀ ਕੀਤਾ ਦੂਜਾ ਆਦੇਸ਼, 'ਮੁਫਤ ਦਵਾਈਆਂ ਮਿਲਦੀਆਂ ਰਹਿਣ'

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 26 ਮਾਰਚ। ਆਮ ਆਦਮੀ ਪਾਰਟੀ ਦੇ ਨੇਤਾ ਸੌਰਭ ਭਾਰਦਵਾਜ ਨੇ ਕਿਹਾ ਕਿ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੀ ਹਿਰਾਸਤ 'ਚ ਹੋਣ ਦੇ ਬਾਵਜੂਦ ਦਿੱਲੀ ਦੇ ਹਸਪਤਾਲਾਂ ਅਤੇ ਮੁਹੱਲਾ ਕਲੀਨਿਕ ਬਾਰੇ ਚਿੰਤਤ ਹਨ। ਭਾਰਦਵਾਜ ਨੇ ਦੱਸਿਆ ਕਿ ਕੇਜਰੀਵਾਲ ਨੇ ਈ.ਡੀ. ਦੀ ਹਿਰਾਸਤ ਤੋਂ ਦਿੱਲੀ ਦੇ ਲੋਕਾਂ ਦੀ ਚਿੰਤਾ ਕਰਦੇ ਹੋਏ ਸਿਹਤ ਸੰਬੰਧੀ ਨਿਰਦੇਸ਼ ਜਾਰੀ ਕੀਤੇ ਹਨ। ਦਿੱਲੀ ਦੇ ਸਿਹਤ ਮੰਤਰੀ ਅਨੁਸਾਰ ਕੇਜਰੀਵਾਲ ਨੇ ਹਿਰਾਸਤ ਤੋਂ ਉਨ੍ਹਾਂ ਨੂੰ ਨਿਰਦੇਸ਼ ਦਿੱਤਾ ਹੈ, ਜਿਸ 'ਚ ਕਿਹਾ ਗਿਆ ਹੈ ਕਿ ਉਹ ਇਸ ਗੱਲ ਨੂੰ ਲੈ ਕੇ ਚਿੰਤਤ ਹਨ ਕਿ ਕੁਝ ਹਸਪਤਾਲਾਂ ਅਤੇ ਮੁਹੱਲਾ ਕਲੀਨਿਕ 'ਚ ਦਵਾਈਆਂ ਨਹੀਂ ਹਨ ਅਤੇ ਕੁਝ ਥਾਵਾਂ 'ਤੇ ਜਾਂਚ ਵੀ ਨਹੀਂ ਹੋ ਪਾ ਰਹੀ ਹੈ। ਉਨ੍ਹਾਂ ਨੇ ਇਸ 'ਤੇ ਜਲਦ ਤੋਂ ਜਲਦ ਉੱਚਿਤ ਕਦਮ ਚੁੱਕਣ ਅਤੇ ਸਾਰੇ ਹਸਪਤਾਲਾਂ 'ਚ ਦਵਾਈਆਂ ਅਤੇ ਜਾਂਚ ਯਕੀਨੀ ਕਰਨ ਦਾ ਮੈਨੂੰ ਆਦੇਸ਼ ਦਿੱਤਾ। ਭਾਰਦਵਾਜ ਨੇ ਕਿਹਾ ਕਿ ਉਨ੍ਹਾਂ ਦਾ ਨਿਰਦੇਸ਼ ਸਾਡੇ ਲਈ ਭਗਵਾਨ ਦੀ ਆਗਿਆ ਵਰਗਾ ਹੈ। ਉਨ੍ਹਾਂ ਕਿਹਾ ਕਿ ਅਸੀਂ ਜੰਗੀ ਪੱਧਰ 'ਤੇ ਕੰਮ ਕਰਾਂਗੇ। ਉਨ੍ਹਾਂ ਕਿਹਾ ਕਿ ਤੁਹਾਡਾ ਮੁੱਖ ਮੰਤਰੀ ਭਾਵੇਂ ਜੇਲ੍ਹ 'ਚ ਹੋਵੇ ਪਰ ਉਹ ਸੋਚ ਤੁਹਾਡੇ ਲਈ ਰਿਹਾ ਹੈ।




## ਕੰਗਨਾ ਖਿਲਾਫ ਟਿੱਪਣੀ 'ਤੇ ਘਿਰੀ ਸੁਪ੍ਰਿਆ, ਮਹਿਲਾ ਕਮਿਸ਼ਨ ਨੇ ਚੋਣ ਕਮਿਸ਼ਨ ਤੋਂ ਕੀਤੀ ਕਾਰਵਾਈ ਦੀ ਮੰਗ

ਨਵੀਂ ਦਿੱਲੀ 26 ਮਾਰਚ। ਪ੍ਰਸਿੱਧ ਅਦਾਕਾਰਾ ਅਤੇ ਲੋਕ ਸਭਾ ਚੋਣਾਂ 2024 'ਚ ਹਿਮਾਚਲ ਪ੍ਰਦੇਸ਼ ਦੀ ਮੰਡੀ ਸੀਟ ਤੋਂ ਭਾਜਪਾ ਉਮੀਦਵਾਰ ਕੰਗਨਾ ਰਣੌਤ ਖ਼ਿਲਾਫ ਕਾਂਗਰਸ ਮਹਿਲਾ ਬੁਲਾਰਾ ਸੁਪ੍ਰਿਆ ਸ਼੍ਰੀਨੇਤ ਦੀ ਇਤਰਾਜਯੋਗ ਟਿੱਪਣੀ 'ਤੇ ਰਾਸ਼ਟਰੀ ਮਹਿਲਾ ਕਮਿਸ਼ਨ ਨੇ ਚੋਣ ਕਮਿਸ਼ਨ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ ਹੈ। ਮਹਿਲਾ ਕਮਿਸ਼ਨ ਨੇ ਸੋਸ਼ਲ ਮੀਡੀਆ 'ਤੇ ਜਾਰੀ ਇਕ ਸੰਦੇਸ਼ 'ਚ ਕਿਹਾ ਹੈ ਕਿ ਮਹਿਲਾ ਕਮਿਸ਼ਨ ਨੇ ਸ਼੍ਰੀਨੇਤ ਖ਼ਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਰਾਸ਼ਟਰੀ ਮਹਿਲਾ ਕਮਿਸ਼ਨ ਨੇ ਚੋਣ ਕਮਿਸ਼ਨ ਨੂੰ ਚਿੱਠੀ ਲਿਖ ਕੇ ਕਾਂਗਰਸ ਮਹਿਲਾ ਬੁਲਾਰੇ ਖ਼ਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਮਹਿਲਾ ਕਮਿਸ਼ਨ ਨੇ ਕਿਹਾ,"ਐੱਨ.ਸੀ.ਡਬਲਿਊ. ਸੁਪ੍ਰਿਆ ਸ਼੍ਰੀਨੇਤ ਅਤੇ ਐੱਚ.ਐੱਸ. ਅਹੀਰ ਦੇ ਅਪਮਾਨਜਨਤਕ ਰਵੱਈਏ ਤੋਂ ਹੈਰਾਨ ਹੈ। ਅਜਿਹਾ ਰਵੱਈਆ ਅਸਹਿਣਯੋਗ ਹੈ ਅਤੇ ਔਰਤਾਂ ਦੇ ਮਾਣ ਦੇ ਖ਼ਿਲਾਫ ਹੈ। ਮਹਿਲਾ ਕਮਿਸ਼ਨ ਮੁਖੀ ਰੇਖਾ ਸ਼ਰਮਾ ਨੇ ਚੋਣ ਕਮਿਸ਼ਨ ਨੂੰ ਚਿੱਠੀ ਭੇਜ ਕੇ ਉਨ੍ਹਾਂ ਖ਼ਿਲਾਫ ਤੁਰੰਤ ਅਤੇ ਸਖਤ ਕਾਰਵਾਈ ਦੀ ਮੰਗ ਕੀਤੀ ਹੈ। ਆਓ ਸਾਰੀਆਂ ਔਰਤਾਂ ਲਈ ਸਨਮਾਨ ਅਤੇ ਮਾਣ ਬਣਾਈ ਰੱਖੀਏ।"



# ਬੀ.ਆਰ.ਐੱਸ. ਨੇਤਾ ਕਵਿਤਾ ਨੂੰ ਕੋਰਟ ਤੋਂ ਨਹੀਂ ਮਿਲੀ ਰਾਹਤ, 9 ਅਪ੍ਰੈਲ ਤੱਕ ਵਧਾਈ ਨਿਆਇਕ ਹਿਰਾਸਤ

**ਏਜੰਸੀਆਂ**

ਨੈਸ਼ਨਲ ਡੈਸਕ 26 ਮਾਰਚ। ਦਿੱਲੀ ਦੀ ਇਕ ਅਦਾਲਤ ਨੇ ਭਾਰਤ ਰਾਸਟਰ ਸਮਿਤੀ (ਬੀ.ਆਰ.ਐੱਸ.) ਨੇਤਾ ਕੇ. ਕਵਿਤਾ ਨੂੰ ਦਿੱਲੀ ਆਬਕਾਰੀ ਨੀਤੀ ਸੰਬੰਧੀ ਕਥਿਤ ਘਪਲੇ ਨਾਲ ਜੁੜੇ ਇਕ ਮਾਮਲੇ ਵਿਚ 14 ਦਿਨਾਂ ਦੀ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ। ਇਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਕਵਿਤਾ ਤੋਂ ਪੁੱਛਗਿੱਛ ਲਈ ਉਨ੍ਹਾਂ ਦੀ ਹਿਰਾਸਤ ਵਧਾਏ ਜਾਣ ਦੀ ਅਪੀਲ ਨਹੀਂ ਕੀਤੀ, ਜਿਸ ਤੋਂ ਬਾਅਦ ਵਿਸ਼ੇਸ਼ ਜੱਜ ਕਾਵੇਰੀ ਬਾਵੇਜਾ ਨੇ ਇਹ ਆਦੇਸ਼ ਪਾਸ ਕੀਤਾ। ਬੀ.ਆਰ.ਐੱਸ. ਨੇਤਾ ਨੂੰ 16 ਮਾਰਚ ਨੂੰ 7 ਦਿਨਾਂ ਲਈ ਇਨਫੋਰਸਮੈਂਟ ਡਾਇਰੈਕਟੋਰੇਟ ਦੀ ਹਿਰਾਸਤ ਵਿਚ ਭੇਜਿਆ ਗਿਆ ਸੀ ਅਤੇ ਇਸ ਪਿਛਲੇ ਸਨੀਵਾਰ ਨੂੰ ਤਿੰਨ ਦਿਨ ਲਈ ਹੋਰ ਵਧਾ ਦਿੱਤਾ ਗਿਆ ਸੀ। ਸੁਣਵਾਈ ਦੌਰਾਨ ਬੀ.ਆਰ.ਐੱਸ. ਨੇਤਾ ਕਵਿਤਾ ਦੇ ਵਕੀਲ ਨਿਤੀਸ ਰਾਣਾ ਨੇ ਅਦਾਲਤ ਨੂੰ ਆਪਣੇ ਮੁਵੱਕਿਲ ਦੇ ਪੁੱਤ ਦੀ ਪ੍ਰੀਖਿਆ ਦੇ ਆਧਾਰ 'ਤੇ ਉਨ੍ਹਾਂ ਨੂੰ ਅੰਤਰਿਮ ਜਮਾਨਤ ਦਿੱਤੇ ਜਾਣ ਦੀ ਅਪੀਲ ਕੀਤੀ। ਈ.ਡੀ. ਦੇ ਵਕੀਲ ਨੇ ਜਮਾਨਤ ਦਾ ਵਿਰੋਧ ਕਰਦਿਆਂ ਕਿਹਾ ਕਿ ਜੇਕਰ ਅੰਤਰਿਮ ਜਮਾਨਤ 'ਤੇ ਵਿਚਾਰ ਕਰਨਾ ਹੈ ਤਾਂ ਜਵਾਬ ਦਾਖਲ ਕਰਨ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ। ਈ.ਡੀ. ਨੇ ਰੇਖਾਂਕਿਤ ਕੀਤਾ ਕਿ ਅੰਤਰਿਮ ਅਤੇ ਨਿਯਮਿਤ ਜਮਾਨਤ ਦੋਹਾਂ ਲਈ ਮਨੀ ਲਾਂਡਰਿੰਗ ਰੋਕਥਾਮ ਐਕਟ (ਪੀਐੱਮਐੱਲਏ) ਦੇ ਅਧੀਨ ਸਖਤ ਪ੍ਰਬੰਧ ਹੈ। ਈ.ਡੀ. ਨੇ ਦੋਸ ਲਾਇਆ ਹੈ ਕਿ ਤੇਲੰਗਾਨਾ ਦੇ ਸਾਬਕਾ ਮੁੱਖ ਮੰਤਰੀ ਕੇ. ਚੰਦਰਸੇਖਰ ਰਾਓ ਦੀ ਧੀ ਕਵਿਤਾ 'ਸਾਊਥ ਗਰੁੱਪ' ਦੀ ਮੁੱਖ ਮੈਂਬਰ ਸੀ ਜਿਸ 'ਤੇ ਰਾਸਟਰੀ ਰਾਜਧਾਨੀ 'ਚ ਸਰਾਬ ਦੇ ਲਾਇਸੈਂਸ ਦੇ ਬਦਲੇ 'ਆਪ' ਨੂੰ 100 ਕਰੋੜ ਰੁਪਏ ਦੀ ਰਿਸਵਤ ਦੇਣ ਦਾ ਦੋਸ ਹੈ। ਕਵਿਤਾ (46) ਨੂੰ ਕੇਂਦਰੀ ਜਾਂਚ ਏਜੰਸੀ ਨੇ 15 ਮਾਰਚ ਨੂੰ ਗ੍ਰਿਫਤਾਰ ਕੀਤਾ ਸੀ। ਕਵਿਤਾ ਦੇ ਵਕੀਲ ਨੇ ਪੀਐੱਮਐੱਲਏ ਦੇ ਪ੍ਰਬੰਧਾਂ 19 (2) ਦੇ ਤਹਿਤ ਸੀਲਬੰਦ ਕਵਰ ਵਿਚ ਏਜੰਸੀ ਦੁਆਰਾ ਪੇਸ ਕੀਤੇ ਗਏ ਦਸਤਾਵੇਜ਼ਾਂ ਨੂੰ ਦੇਖਣ ਦੀ ਇਜਾਜਤ ਵੀ ਮੰਗੀ। ਵਿਵਸਥਾ ਦੇ ਅਨੁਸਾਰ, ਗ੍ਰਿਫਤਾਰੀ ਤੋਂ ਤੁਰੰਤ ਬਾਅਦ ਸਬੰਧਤ ਅਧਿਕਾਰੀਆਂ ਨੂੰ ਗ੍ਰਿਫਤਾਰੀ ਆਦੇਸ਼ ਨੂੰ ਆਪਣੇ ਕੋਲ ਮੌਜੂਦ ਸਮੱਗਰੀ ਨਾਲ ਅਦਾਲਤ ਨੂੰ ਭੇਜਣਾ ਹੁੰਦਾ ਹੈ।



## ਜੈਸ਼ੰਕਰ ਨੇ ਫਿਲੀਪੀਨ ਦੇ ਰਾਸ਼ਟਰਪਤੀ ਬੋਨਾਬੋਂਗ ਮਾਰਕੋਸ ਨਾਲ ਕੀਤੀ ਮੁਲਾਕਾਤ

ਮਨੀਲਾ 26 ਮਾਰਚ। ਵਿਦੇਸ ਮੰਤਰੀ ਐਸ ਜੈਸੰਕਰ ਨੇ ਮੰਗਲਵਾਰ ਨੂੰ ਫਿਲੀਪੀਨ ਦੇ ਰਾਸਟਰਪਤੀ ਬੋਨਾਬੋਂਗ ਮਾਰਕੋਸ ਨਾਲ ਮੁਲਾਕਾਤ ਕੀਤੀ ਅਤੇ ਦੋ-ਪੱਖੀ ਸਬੰਧਾਂ ਨੂੰ ਵਧਾਉਣ ਅਤੇ ਦੋਵਾਂ ਲੋਕਤੰਤਰਾਂ ਵਿਚਕਾਰ ਸਹਿਯੋਗ ਨੂੰ ਉਤਸਾਹਿਤ ਕਰਨ ਲਈ ਉਨ੍ਹਾਂ ਤੋਂ ਮਾਰਗਦਰਸਨ ਲਿਆ। ਜੈਸੰਕਰ ਨੇ ਰਾਸਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਰਫੋਂ ਮਾਰਕੋਸ ਨੂੰ ਨਿੱਜੀ ਸੁਭਕਾਮਨਾਵਾਂ ਵੀ ਦਿੱਤੀਆਂ। ਉਨ੍ਹਾਂ ਮਾਰਕੋਸ ਨਾਲ ਦੁਵੱਲੇ ਸਬੰਧਾਂ ਬਾਰੇ ਵੀ ਚਰਚਾ ਕੀਤੀ। ਜੈਸੰਕਰ ਨੇ ਸੋਸਲ ਮੀਡੀਆ ਪਲੇਟਫਾਰਮ 'ਐਕਸ' 'ਤੇ ਲਿਖਿਆ, "ਫਿਲੀਪੀਨ ਦੇ ਰਾਸਟਰਪਤੀ ਬੋਨਾਬੋਂਗ ਮਾਰਕੋਸ ਨੂੰ ਮਿਲ ਕੇ ਮੈਂ ਮਾਣ ਮਹਿਸੂਸ ਕਰ ਰਿਹਾ ਹਾਂ। ਮੈਂ ਰਾਸਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਰਫੋਂ ਉਨ੍ਹਾਂ ਨੂੰ ਨਿੱਜੀ ਸੁਭਕਾਮਨਾਵਾਂ ਵੀ ਦਿੱਤੀਆਂ।" ਉਨ੍ਹਾਂ ਕਿਹਾ, "ਮੈਂ ਭਾਈਵਾਲੀ ਪ੍ਰਤੀ ਉਨ੍ਹਾਂ ਦੀਆਂ ਨਿੱਘੀਆਂ ਭਾਵਨਾਵਾਂ ਦੀ ਕਦਰ ਕਰਦਾ ਹਾਂ। ਇਸ ਭਾਈਵਾਲੀ ਨੂੰ ਨਵੇਂ ਖੇਤਰਾਂ ਵਿੱਚ ਲਿਜਾਣ ਵਿੱਚ ਉਨ੍ਹਾਂ ਦਾ ਮਾਰਗਦਰਸਨ ਸਾਡੇ ਦੋਵਾਂ ਲੋਕਤੰਤਰੀ ਦੇਸਾਂ ਦਰਮਿਆਨ ਸਹਿਯੋਗ ਨੂੰ ਮਜਬੂਤ ਕਰੇਗਾ।"

## ਦਿੱਲੀ ਸਰਕਾਰ ਨੇ ਨਾਗਰਿਕਾਂ ਨੂੰ ਕਿਹਾ- 'ਯੋਜਨਾਵਾਂ ਬੰਦ ਹੋਣ ਦੀਆਂ ਅਫਵਾਹਾਂ 'ਤੇ ਨਾ ਦਿਓ ਧਿਆਨ'

ਨਵੀਂ ਦਿੱਲੀ 26 ਮਾਰਚ। ਦਿੱਲੀ ਸਰਕਾਰ ਨੇ ਮੰਗਲਵਾਰ ਨੂੰ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਗ੍ਰਿਫਤਾਰੀ ਤੋਂ ਪੈਦਾ ਸਥਿਤੀ ਦਾ ਫਾਇਦਾ ਚੁੱਕਣ ਦੀ ਕੋਸ਼ਿਸ਼ ਕਰ ਰਹੇ ਸ਼ਰਾਰਤੀ ਅਨਸਰਾਂ ਦੇ ਗਲਤ ਪ੍ਰਚਾਰ ਤੋਂ ਬਚੋ। ਯੋਜਨਾ ਵਿਭਾਗ ਵਲੋਂ ਜਾਰੀ ਇਕ ਬਿਆਨ 'ਚ ਕਿਹਾ ਗਿਆ ਹੈ ਕਿ ਦਿੱਲੀ 'ਚ ਸੁਆਰਥੀ ਸ਼ਰਾਰਤੀ ਅਨਸਰਾਂ ਵਲੋਂ ਅਟਕਲਾਂ ਅਤੇ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ ਕਿ ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਸਰਕਾਰ ਵਲੋਂ ਦਿੱਤੀ ਜਾਣ ਵਾਲੀ ਸਬਸਿਡੀ ਅਤੇ ਕਲਿਆਣਕਾਰੀ ਯੋਜਨਾਵਾਂ ਬੰਦ ਕਰ ਦਿੱਤੀਆਂ ਜਾਣਗੀਆਂ।" ਇਸ 'ਚ ਕਿਹਾ ਗਿਆ,"ਅਪਰਾਧਕ ਜਾਂਚ ਦੀ ਪ੍ਰਕਿਰਿਆ 'ਚ ਕਾਨੂੰਨ ਆਪਣਾ ਕੰਮ ਕਰੇਗਾ, ਉੱਥੇ ਹੀ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਯੋਜਨਾਵਾਂ ਅਤੇ ਸ਼ਾਸਨ ਕਦੇ ਵਿਅਕਤੀ ਕੇਂਦਰਿਤ ਨਹੀਂ ਹੁੰਦੇ ਅਤੇ ਪਹਿਲੇ ਦੀ ਤਰ੍ਹਾਂ ਆਮ ਤਰੀਕੇ ਨਾਲ ਜਾਰੀ ਰਹਿਣਗੇ।" ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਹੁਣ ਰੱਦ ਕੀਤੀ ਜਾ ਚੁੱਕੀ ਦਿੱਲੀ ਆਬਕਾਰੀ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਨਾਲ ਸੰਬੰਧਤ ਮਾਮਲੇ 'ਚ 21 ਮਾਰਚ ਨੂੰ ਕੇਜਰੀਵਾਲ ਨੂੰ ਗ੍ਰਿਫਤਾਰ ਕੀਤਾ ਸੀ। ਉਹ 28 ਮਾਰਚ ਤੱਕ ਏਜੰਸੀ ਦੀ ਹਿਰਾਸਤ 'ਚ ਹਨ।

## ਸੂਬਿਆਂ ਲਈ ਵਧੇਰੇ ਸ਼ਕਤੀਆਂ ਦੀ ਵਕਾਲਤ ਕਰਨ 'ਤੇ ਅਕਾਲੀ ਦਲ ਦਾ ਫੋਕਸ ਲੋਕਾਂ ਦੀਆਂ ਇੱਛਾਵਾਂ ਨੂੰ ਦਰਸਾਉਂਦੈ : ਸਰਨਾ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ/ਜਲੰਧਰ, 26 ਮਾਰਚ। ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਨੇ ਮੁੱਖ ਮੁੱਦਿਆਂ, ਨੀਤੀਆਂ ਅਤੇ ਸਿਧਾਂਤਾਂ ਦੀ ਰੂਪਰੇਖਾ ਉਲੀਕੀ ਹੈ, ਜੋ ਪਾਰਟੀ ਦੇ ਸਿਆਸੀ ਨਜਰੀਏ ਨੂੰ ਆਕਾਰ ਦੇਵੇਗੀ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸ੍ਰੋਮਣੀ ਅਕਾਲੀ ਦਲ ਦੀ ਆਪਣੀਆਂ ਮੂਲ ਕਦਰਾਂ-ਕੀਮਤਾਂ ਅਤੇ ਤਰਜੀਹਾਂ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਰਨਾ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੀ ਉੱਚ ਲੀਡਰਸ਼ਿਪ ਵੱਲੋਂ ਆਪਣੇ ਮਤੇ ਰਾਹੀਂ ਭੇਜਿਆ ਸੰਦੇਸ ਬਿਲਕੁਲ ਸਪੱਸਟ ਹੈ ਕਿ ਸਾਡੇ ਸਿਧਾਂਤ ਰਾਜਨੀਤੀ ਤੋਂ ਉਪਰ ਹਨ। ਖਾਲਸਾ ਪੰਥ, ਸਾਰੀਆਂ ਘੱਟ ਗਿਣਤੀਆਂ ਅਤੇ ਹਰ ਪੰਜਾਬੀ ਦੇ ਨੁਮਾਇੰਦੇ ਹੋਣ ਦੇ ਨਾਤੇ ਅਸੀਂ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਅਤੇ ਭਾਈਚਾਰਕ ਸਾਂਝ ਨੂੰ ਯਕੀਨੀ ਬਣਾਉਣ ਲਈ ਸਮਰਪਿਤ ਹਾਂ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਸੂਬਿਆਂ ਲਈ ਵਧੇਰੇ ਸਕਤੀਆਂ ਅਤੇ ਅਸਲ ਖੁਦਮੁਖਤਿਆਰੀ ਦੀ ਵਕਾਲਤ ਕਰਨ 'ਤੇ ਪਾਰਟੀ ਦਾ ਫੋਕਸ ਲੋਕਾਂ ਦੀਆਂ ਇੱਛਾਵਾਂ ਨੂੰ ਦਰਸਾਉਂਦਾ ਹੈ, ਜਿਨ੍ਹਾਂ ਦੀ ਇਹ ਪ੍ਰਤੀਨਿਧਤਾ ਕਰਦੀ ਹੈ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਇਨ੍ਹਾਂ ਬੁਨਿਆਦੀ ਮੁੱਦਿਆਂ 'ਤੇ ਲਗਾਤਾਰ ਡਟ ਕੇ ਖੜ੍ਹੀ ਹੈ ਅਤੇ ਅਸੀਂ ਇਸ ਨੂੰ ਜਾਰੀ ਰੱਖਾਂਗੇ। ਪੰਥਕ ਆਗੂ ਨੇ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੀਆਂ ਭਾਵਨਾਵਾਂ ਨੂੰ ਦੁਹਰਾਉਂਦੇ ਹੋਏ ਆਪਣੀਆਂ ਸਰਤਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੇ ਸਬੰਧ ਵਿਚ ਕੇਂਦਰ ਸਰਕਾਰ ਵੱਲੋਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਲੋੜ 'ਤੇ ਜੋਰ ਦਿੱਤਾ। ਉਨ੍ਹਾਂ ਕਿਸਾਨਾਂ ਅਤੇ ਖੇਤ ਮਜਦੂਰਾਂ ਲਈ ਪਾਰਟੀ ਦੇ ਅਟੁੱਟ ਸਮਰਥਨ ਨੂੰ ਦੁਹਰਾਇਆ ਅਤੇ ਉਨ੍ਹਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਮਹੱਤਤਾ 'ਤੇ ਜੋਰ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਕਿਸਾਨਾਂ ਦੇ ਹੱਕਾਂ ਦੀ ਵਕਾਲਤ ਕਰਨ ਵਿਚ ਹਮੇਸਾ ਮੋਹਰੀ ਰਿਹਾ ਹੈ ਅਤੇ ਅਸੀਂ ਉਨ੍ਹਾਂ ਦੇ ਹਿੱਤਾਂ ਦੀ ਵਕਾਲਤ ਕਰਦੇ ਰਹਾਂਗੇ। ਸ੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਵੱਲੋਂ ਲਏ ਗਏ ਫੈਸਲਿਆਂ ਨੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿਚ ਜੋਰਦਾਰ ਮੁਹਿੰਮ ਦਾ ਰਾਹ ਪੱਧਰਾ ਕੀਤਾ ਹੈ।



# ਜਨਤਾ ਦਲ (ਯੂ) ਨੇ ਬਿਹਾਰ ਲਈ ਉਮੀਦਵਾਰਾਂ ਦੀ ਸੂਚੀ ਕੀਤੀ ਜਾਰੀ

**ਤੇਜਿੰਦਰ ਕੌਰ ਬੱਬਰ**

ਪਟਨਾ, 26 ਮਾਰਚ। ਬਿਹਾਰ ਦੇ ਮੁੱਖ ਮੰਤਰੀ ਨਿਤੀਸ ਕੁਮਾਰ ਦੀ ਅਗਵਾਈ ਵਾਲੇ ਜਨਤਾ ਦਲ (ਯੂ) ਨੇ ਬਿਹਾਰ ਦੀਆਂ ਆਪਣੇ ਹਿੱਸੇ ਦੀਆਂ 16 ਲੋਕ ਸਭਾ ਸੀਟਾਂ ਲਈ ਐਤਵਾਰ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ। ਪਾਰਟੀ ਦੇ ਹਮਾਇਤੀ ਕਹੇ ਜਾਣ ਵਾਲੇ ਹੋਰਨਾਂ ਪੱਛੜੀਆਂ ਸ੍ਰੇਣੀਆਂ ਅਤੇ ਅਤਿ ਪੱਛੜੀਆਂ ਸ੍ਰੇਣੀਆਂ ਦੇ ਲੋਕਾਂ ਨੂੰ ਟਿਕਟਾਂ ਦੇਣ 'ਚ ਪਹਿਲ ਦਿੱਤੀ ਗਈ ਹੈ। ਰਾਸਟਰੀ ਉਪ ਪ੍ਰਧਾਨ ਵਸ਼ਿਸਠ ਨਾਰਾਇਣ ਸਿੰਘ ਅਤੇ ਸੰਜੇ ਕੁਮਾਰ ਝਾਅ ਦੀ ਮੌਜੂਦਗੀ 'ਚ ਜਨਤਕ ਕੀਤੀ ਗਈ ਸੂਚੀ ਅਨੁਸਾਰ ਪਾਰਟੀ ਦੇ 12 ਮੌਜੂਦਾ ਸੰਸਦ ਮੈਂਬਰਾਂ ਨੂੰ ਟਿਕਟਾਂ ਦਿੱਤੀਆਂ ਗਈਆਂ ਹਨ। ਸੀਤਾਮੜੀ ਤੋਂ ਮੌਜੂਦਾ ਸੰਸਦ ਮੈਂਬਰ ਸੁਨੀਲ ਕੁਮਾਰ ਪਿੰਟੂ ਦੀ ਥਾਂ ਵਿਧਾਨ ਪ੍ਰੀਸਦ ਦੇ ਚੇਅਰਮੈਨ ਦੇਵੇਸ ਚੰਦਰ ਠਾਕੁਰ ਨੂੰ ਉਮੀਦਵਾਰ ਬਣਾਇਆ ਗਿਆ ਹੈ। ਸੀਵਾਨ ਸੀਟ ਤੋਂ ਮੌਜੂਦਾ ਸੰਸਦ ਮੈਂਬਰ ਕਵਿਤਾ ਸਿੰਘ ਦੀ ਥਾਂ ਵਿਜੇ ਲਕਸਮੀ ਦੇਵੀ ਨੂੰ ਟਿਕਟ ਦਿੱਤੀ ਗਈ ਹੈ ਜੋ ਇੱਕ ਦਿਨ ਪਹਿਲਾਂ ਹੀ ਆਪਣੇ ਪਤੀ ਰਮੇਸ ਨਾਲ ਜਨਤਾ ਦਲ (ਯੂ) 'ਚ ਸ਼ਾਮਲ ਹੋਈ ਸੀ। ਝਾਅ ਨੇ ਕਿਹਾ ਕਿ ਸਾਰੇ ਉਮੀਦਵਾਰਾਂ ਦਾ ਫੈਸਲਾ ਮੁੱਖ ਮੰਤਰੀ ਜੋ ਪਾਰਟੀ ਪ੍ਰਧਾਨ ਵੀ ਹਨ, ਵਲੋਂ ਲਿਆ ਗਿਆ ਹੈ। ਅਸੀਂ ਆਪਣੇ ਮੌਜੂਦਾ ਸੰਸਦ ਮੈਂਬਰਾਂ 'ਤੇ ਵਧੇਰੇ ਭਰੋਸਾ ਪ੍ਰਗਟਾਇਆ ਹੈ ਪਰ ਕੁਝ ਥਾਵਾਂ 'ਤੇ ਤਬਦੀਲੀ ਕੀਤੀ ਗਈ ਹੈ। ਇਸ ਹਫਤੇ ਦੇ ਸੁਰੂ 'ਚ ਰਾਸਟਰੀ ਜਮਹੂਰੀ ਗਠਜੋੜ ਦੇ ਐਲਾਨੇ ਗਏ ਫਾਰਮੂਲੇ ਮੁਤਾਬਕ ਜੇ. ਡੀ.(ਯੂ) ਨੂੰ ਸੂਬੇ ਦੀਆਂ 40 ਵਿੱਚੋਂ 16 ਸੀਟਾਂ ਦਿੱਤੀਆਂ ਗਈਆਂ ਹਨ। ਪਿਛਲੀਆਂ ਚੋਣਾਂ 'ਚ 17 ਸੀਟਾਂ ਦਿੱਤੀਆਂ ਗਈਆਂ ਸਨ, ਜਿਨ੍ਹਾਂ 'ਚੋਂ 16 ਉਸ ਨੇ ਜਿੱਤੀਆਂ ਸਨ। ਪਾਰਟੀ ਮੁਸਲਿਮ ਬਹੁ-ਗਿਣਤੀ ਵਾਲੇ ਕਿਸਨਗੰਜ ਹਲਕੇ ਤੋਂ ਚੋਣ ਲੜੇਗੀ, ਜਿੱਥੇ ਉਹ 2019 'ਚ ਹਾਰ ਗਈ ਸੀ। ਇਸ ਵਾਰ ਵੀ ਪਾਰਟੀ ਨੇ ਉੱਥੋਂ ਮੁਜਾਹਿਦ ਆਲਮ ਨੂੰ ਟਿਕਟ ਦਿੱਤੀ ਹੈ, ਜੋ ਪਿਛਲੀ ਵਾਰ ਕਾਂਗਰਸ ਦੇ ਉਮੀਦਵਾਰ ਤੋਂ ਹਾਰ ਗਏ ਸਨ। ਪਾਰਟੀ ਨੇ ਕਰਕਟ ਦੀ ਆਪਣੀ ਮੌਜੂਦਾ ਸੀਟ ਸਾਬਕਾ ਕੇਂਦਰੀ ਮੰਤਰੀ ਉਪੇਂਦਰ ਕੁਸਵਾਹਾ ਦੀ ਅਗਵਾਈ ਵਾਲੀ ਰਾਸਟਰੀ ਲੋਕ ਮੋਰਚਾ ਦੇ ਸਹਿਯੋਗੀ ਲਈ ਛੱਡ ਦਿੱਤੀ ਹੈ। ਜੇ. ਡੀ. (ਯੂ) ਦੇ ਮਹਾਬਲੀ ਸਿੰਘ ਕਰਕਟ ਤੋਂ ਸੰਸਦ ਮੈਂਬਰ ਹਨ। ਸ਼ਿਓਹਰ ਤੋਂ ਜੇ. ਡੀ. (ਯੂ) ਦੀ ਉਮੀਦਵਾਰ ਲਵਲੀ ਆਨੰਦ ਹੈ।





# ਮਾਨਸਾ ਦਾ ਖ਼ੁਰਾਕ ਤੇ ਜਨਤਕ ਵੰਡ ਅਧਿਕਾਰੀ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ 26 ਮਾਰਚ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਦੀ ਖਰੀਦ ਏਜੰਸੀ ਪਨਗ੍ਰੇਨ ਨੂੰ 25.34 ਲੱਖ ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਉਣ ਦੇ ਦੋਸ ਹੇਠ



ਮਾਨਸਾ ਵਿਖੇ ਤਾਇਨਾਤ ਖੁਰਾਕ ਤੇ ਜਨਤਕ ਵੰਡ ਅਧਿਕਾਰੀ ਬਲਦੇਵ ਰਾਜ ਵਰਮਾ, ਜੋ ਹੁਣ ਜਿ਼ਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਵਜੋਂ ਸੇਵਾ ਨਿਭਾਅ ਰਹੇ ਹਨ, ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਅਧਿਕਾਰੀ ਵਿਰੁੱਧ ਦਰਜ ਦੋ ਸਿ਼ਕਾਇਤਾਂ ਦੀ ਪੜਤਾਲ ਕਰਨ ਉਪਰੰਤ ਇਹ ਮਾਮਲਾ ਦਰਜ ਕੀਤਾ ਗਿਆ ਹੈ। ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸਾਉਣੀ ਸੀਜਨ 2017-18 ਦੌਰਾਨ ਸੂਬਾ ਸਰਕਾਰ ਨੇ ਕਸਟਮ ਮਿਲਿੰਗ ਨੀਤੀ ਲਾਗੂ ਕੀਤੀ ਸੀ, ਜਿਸ ਅਨੁਸਾਰ ਖਰੀਦ ਕੇਂਦਰਾਂ ਜਾਂ ਅਨਾਜ ਮੰਡੀਆਂ ਦੇ ਅਧਿਕਾਰ ਖੇਤਰ ਵਿਚ ਸਥਿਤ ਪ੍ਰਵਾਨਿਤ ਰਾਈਸ ਮਿੱਲਾਂ ਨੂੰ ਇਨ੍ਹਾਂ ਅਨਾਜ ਮੰਡੀਆਂ ਨਾਲ ਜੋੜਿਆ ਜਾਣਾ ਸੀ ਅਤੇ ਝੋਨੇ ਦੇ ਭੰਡਾਰਨ ਜਾਂ ਰਾਈਸ ਸੈੱਲਿੰਗ ਲਈ ਵਰਤਿਆ ਜਾਣਾ ਚਾਹੀਦਾ ਹੈ। ਜੇਕਰ ਕਿਸੇ ਵੀ ਰਾਈਸ ਮਿੱਲਰ ਵੱਲੋਂ ਕਿਸੇ ਨੇੜਲੇ ਖਰੀਦ ਕੇਂਦਰ ਜਾਂ ਅਨਾਜ ਮੰਡੀ ਨਾਲ ਲਿੰਕ ਕਰਨ ਦਾ ਦਾਅਵਾ ਕੀਤਾ ਜਾਂਦਾ ਹੈ, ਤਾਂ ਇਸ ਸਬੰਧੀ ਫੀਲਡ ਸਟਾਫ ਤੋਂ ਰਿਪੋਰਟ ਲੈਣੀ ਸੀ ਅਤੇ ਲਿੰਕਡ ਰਾਈਸ ਮਿੱਲ ਨੂੰ ਵਾਧੂ ਟਰਾਂਸਪੋਰਟੇਸਨ ਖਰਚੇ ਦੇਣੇ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਜਾਂਚ ਦੌਰਾਨ ਮਾਨਸਾ ਵਿਖੇ ਪਨਗ੍ਰੇਨ ਨੂੰ ਅਲਾਟ ਕੀਤੇ ਗਏ ਰਾਈਸ ਸੈਲਰਾਂ ਵਿਚ ਝੋਨੇ ਦੇ ਭੰਡਾਰਨ ਸਬੰਧੀ ਪ੍ਰਾਪਤ ਵੇਰਵਿਆਂ ਤੋਂ ਪਤਾ ਲੱਗਾ ਹੈ ਕਿ ਗੁਰੂ ਰਾਈਸ ਮਿੱਲ ਨੂੰ 4500 ਮੀਟ੍ਰਿਕ ਟਨ ਝੋਨਾ ਅਲਾਟ ਕੀਤਾ ਗਿਆ ਸੀ ਪਰ ਇਸ ਵਿਚ ਸਿਰਫ 3824 ਮੀਟ੍ਰਿਕ ਟਨ ਝੋਨਾ ਹੀ ਸਟੋਰ ਕੀਤਾ ਗਿਆ ਸੀ। ਸ਼ੁਰੂਆਤੀ ਖਰੀਦ ਦੌਰਾਨ ਸਥਾਨਕ ਰਾਈਸ ਮਿੱਲਾਂ ਦੀ ਝੋਨੇ ਦੀ ਲੋੜੀਂਦੀ ਸਟੋਰੇਜ ਸਮਰੱਥਾ ਪੂਰੀ ਨਹੀਂ ਹੋ ਸਕੀ ਕਿਉਂਕਿ ਝੋਨਾ ਜੋਗਾ ਖਰੀਦ ਕੇਂਦਰ ਤੋਂ ਦੂਰ ਸਥਿਤ ਰਾਈਸ ਮਿੱਲਾਂ ਵਿਚ ਪਹੁੰਚਾਇਆ ਗਿਆ ਸੀ। ਇਸ ਤਰ੍ਹਾਂ ਸਰਕਾਰ ਨੂੰ ਟਰਾਂਸਪੋਰਟੇਸਨ ਖਰਚਿਆਂ ਕਾਰਨ ਵਿੱਤੀ ਨੁਕਸਾਨ ਝੱਲਣਾ ਪਿਆ ਸੀ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਬਲਦੇਵ ਰਾਜ ਵਰਮਾ, ਕਾਰਜਕਾਰੀ ਜਿ਼ਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਮਾਨਸਾ ਨੇ ਆਪਣੇ ਪਸੰਦੀਦਾ ਰਾਈਸ ਸੈਲਰ ਮਾਲਕਾਂ ਨੂੰ ਦੂਰ-ਦੁਰਾਡੇ ਦੀਆਂ ਮੰਡੀਆਂ ਤੋਂ ਵੀ ਝੋਨਾ ਸਟੋਰ ਕਰਨ ਦੀ ਸਹੂਲਤ ਦਿੱਤੀ ਸੀ, ਜਦਕਿ ਅਨਾਜ ਮੰਡੀਆਂ ਦੇ ਨੇੜੇ ਸਥਿਤ ਸੈਲਰਾਂ ਨੂੰ ਉਨ੍ਹਾਂ ਦੀ ਸਮਰੱਥਾ ਅਨੁਸਾਰ ਝੋਨਾ ਅਲਾਟ ਨਹੀਂ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਪ੍ਰਮੁੱਖ ਸਕੱਤਰ ਖੁਰਾਕ ਤੇ ਜਨਤਕ ਵੰਡ ਅਤੇ ਖਪਤਕਾਰ ਮਾਮਲੇ, ਪੰਜਾਬ ਨੇ ਉਕਤ ਮੁਲਜ਼ਮ ਬਲਦੇਵ ਰਾਜ ਵਰਮਾ ਵਿਰੁੱਧ ਪੰਜ ਸੈਲਰ ਮਾਲਕਾਂ ਵੱਲੋਂ ਝੋਨੇ ਦੀ ਢੋਆ-ਢੁਆਈ ਕਰਕੇ ਪਨਗ੍ਰੇਨ ਏਜੰਸੀ ਨੂੰ 25.34 ਲੱਖ ਰੁਪਏ ਦਾ ਨੁਕਸਾਨ ਪਹੁੰਚਾਉਣ ਲਈ ਚਾਰਜਸੀਟ ਵੀ ਕੀਤਾ ਹੈ। ਇਸ ਚਾਰਜਸੀਟ ਤੋਂ ਪਤਾ ਲੱਗਦਾ ਹੈ ਕਿ ਬਲਦੇਵ ਰਾਜ ਵਰਮਾ ਨੇ ਸੈਲਰ ਮਾਲਕਾਂ ਨਾਲ ਗਲਤ ਸਥਾਨਕ ਅਨਾਜ ਮੰਡੀਆਂ ਲਿੰਕ ਕਰਕੇ ਪੰਜਾਬ ਸਰਕਾਰ ਨੂੰ ਭਾਰੀ ਵਿੱਤੀ ਨੁਕਸਾਨ ਪਹੁੰਚਾਇਆ ਸੀ। ਇਸ ਸਬੰਧੀ ਬਲਦੇਵ ਰਾਜ ਵਰਮਾ ਦੇ ਖਿ਼ਲਾਫ ਵਿਜੀਲੈਂਸ ਬਿਊਰੋ ਬਠਿੰਡਾ ਰੇਂਜ ਥਾਣਾ ਵਿੱਚ ਆਈ.ਪੀ.ਸੀ. ਦੀ ਧਾਰਾ 409 ਅਤੇ ਭ੍ਰਿਸਟਾਚਾਰ ਰੋਕੂ ਕਾਨੂੰਨ ਦੀ ਧਾਰਾ 13 (1) ਦੇ ਨਾਲ 13 (2) ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

### ਮਨੀ ਚੇਂਜਰ ਦੀ ਦੁਕਾਨ 'ਚ ਹੋਈ ਡਕੈਤੀ ਦੇ ਮਾਮਲੇ 'ਚ ਪੁਲਸ ਨੂੰ ਹਾਲੇ ਤੱਕ ਕੁਝ ਨਹੀਂ ਮਿਲਿਆ?

ਫਗਵਾੜਾ 26 ਮਾਰਚ। ਫਗਵਾੜਾ ਦੇ ਹਦੀਆਬਾਦ ਇਲਾਕੇ 'ਚ ਨਕੋਦਰ ਰੋਡ 'ਤੇ ਮਨੀ ਚੇਂਜਰ ਦੀ ਦੁਕਾਨ 'ਤੇ ਪਿਸਤੌਲ ਅਤੇ ਤੇਜਧਾਰ ਹਥਿਆਰਾਂ ਨਾਲ ਹੋਈ ਡਕੈਤੀ ਦੇ ਮਾਮਲੇ 'ਚ ਥਾਣਾ ਸਤਨਾਮਪੁਰ ਫਗਵਾੜਾ ਦੀ ਪੁਲਸ ਨੂੰ ਵਾਰਦਾਤ ਦੇ ਕਈ ਘੰਟਿਆਂ ਬਾਅਦ ਵੀ ਕੁਝ ਖਾਸ ਸਫਲਤਾ ਹੱਥ ਨਹੀਂ ਲੱਗ ਸਕੀ ਹੈ। ਅਜਿਹੀ ਸਥਿਤੀ ਵਿਚ ਉਪਰੋਕਤ ਮਾਮਲਾ ਵੱਡੀ ਡੂੰਘੀ ਪਹੇਲੀ ਹੀ ਬਣਿਆ ਹੋਇਆ ਹੈ। ਦੱਸ ਦੇਈਏ ਕਿ ਬੀਤੇ ਦਿਨ ਸੰਜੀਵ ਕੁਮਾਰ ਪੁੱਤਰ ਅਸ਼ੋਕ ਕੁਮਾਰ ਵਾਸੀ ਹਦੀਆਬਾਦ ਨੇ ਪੁਲਸ ਨੂੰ ਦਿੱਤੀ ਜਾਣਕਾਰੀ 'ਚ ਖੁਲਾਸਾ ਕੀਤਾ ਸੀ ਕਿ ਉਹ ਐੱਮ. ਐਂਡ ਆਰ. ਐਂਟਰਪ੍ਰਾਈਜ ਨਾਂ ਦੀ ਮਨੀ ਚੇਂਜਰ ਦੀ ਦੁਕਾਨ 'ਤੇ ਕੰਮ ਕਰਦਾ ਹੈ ਅਤੇ ਮੋਟਰਸਾਈਕਲ ਸਵਾਰ ਦੋ ਨਕਾਬਪੋਸ ਲੁਟੇਰਿਆਂ ਨੇ ਉਸ ਪਾਸੋਂ ਪਿਸਤੌਲ ਅਤੇ ਤੇਜਧਾਰ ਹਥਿਆਰਾਂ ਨਾਲ ਕਰੀਬ ਦੋ ਲੱਖ ਰੁਪਏ ਲੁੱਟ ਲਏ ਹਨ। ਪੁਲਸ ਨੇ ਸੰਜੀਵ ਕੁਮਾਰ ਦੀ ਸਿ਼ਕਾਇਤ ਦੇ ਆਧਾਰ 'ਤੇ ਅਣਪਛਾਤੇ ਲੁਟੇਰਿਆਂ ਖਿ਼ਲਾਫ ਥਾਣਾ ਸਤਨਾਮਪੁਰਾ ਵਿਖੇ ਧਾਰਾ 382, 506 ਅਤੇ 25-54-59 ਆਰਮਜ ਐਕਟ ਤਹਿਤ ਕੇਸ ਦਰਜ ਕਰ ਲਿਆ ਹੈ। ਖਬਰ ਲਿਖੇ ਜਾਣ ਤੱਕ ਪੁਲਸ ਜਾਂਚ ਜਾਰੀ ਹੈ।

## ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਹੋਇਆ ਬਦਲਾਅ, ਚੈੱਕ ਕਰੋ ਨਵੇਂ ਰੇਟ

ਬਿਜਨੈੱਸ ਡੈਸਕ 26 ਮਾਰਚ। ਮੰਗਲਵਾਰ ਨੂੰ ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਸੋਨੇ ਦੀਆਂ ਘਰੇਲੂ ਵਾਇਦਾ ਕੀਮਤਾਂ 'ਚ ਮਾਮੂਲੀ ਗਿਰਾਵਟ ਦੇ ਨਾਲ ਕਾਰੋਬਾਰ ਹੁੰਦਾ ਦੇਖਿਆ ਗਿਆ। ਐਕਸਚੇਂਜ 'ਤੇ 5 ਅਪ੍ਰੈਲ, 2024 ਨੂੰ ਡਿਲੀਵਰੀ ਵਾਲਾ ਸੋਨਾ ਮੰਗਲਵਾਰ ਸਵੇਰੇ 0.08 ਫੀਸਦੀ ਜਾਂ 55 ਰੁਪਏ ਦੀ ਗਿਰਾਵਟ ਨਾਲ 65,980 ਰੁਪਏ ਪ੍ਰਤੀ 10 ਗ੍ਰਾਮ ਦੇ ਭਾਅ 'ਤੇ ਕਾਰੋਬਾਰ ਕਰਦਾ ਦਿਖਾਈ ਦਿੱਤਾ। ਰਾਸਟਰੀ ਰਾਜਧਾਨੀ ਦਿੱਲੀ ਦੇ ਸਰਾਫਾ ਬਾਜ਼ਾਰ 'ਚ ਸੋਮਵਾਰ ਨੂੰ 24 ਕੈਰੇਟ ਸੋਨੇ ਦੀ ਕੀਮਤ 66,400 ਰੁਪਏ ਪ੍ਰਤੀ 10 ਗ੍ਰਾਮ 'ਤੇ ਸਥਿਰ ਰਹੀ। ਮੰਗਲਵਾਰ ਸਵੇਰੇ ਗਲੋਬਲ ਬਾਜਾਰ 'ਚ ਵੀ ਸੋਨੇ ਦੀਆਂ ਕੀਮਤਾਂ 'ਚ ਗਿਰਾਵਟ ਦਰਜ ਕੀਤੀ ਗਈ ਹੈ। ਮੰਗਲਵਾਰ ਸਵੇਰੇ ਸੋਨੇ ਦੇ ਨਾਲ-ਨਾਲ ਚਾਂਦੀ ਦੀਆਂ ਕੀਮਤਾਂ 'ਚ ਵੀ ਗਿਰਾਵਟ ਦੇਖਣ ਨੂੰ ਮਿਲੀ। ਐਕਸਚੇਂਜ 'ਤੇ 3 ਮਈ, 2024 ਨੂੰ ਡਿਲੀਵਰੀ ਵਾਲੀ ਚਾਂਦੀ 0.02 ਫੀਸਦੀ ਜਾਂ 13



ਰੁਪਏ ਦੀ ਗਿਰਾਵਟ ਨਾਲ 74,501 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਕਾਰੋਬਾਰ ਕਰਦੀ ਨਜਰ ਆਈ। ਸੋਮਵਾਰ ਨੂੰ ਹਾਜਿ਼ਰ ਬਾਜਾਰ 'ਚ ਚਾਂਦੀ ਦੀ ਕੀਮਤ 100 ਰੁਪਏ ਡਿੱਗ ਕੇ 75,500 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਆ ਗਈ। ਮੰਗਲਵਾਰ ਸਵੇਰੇ ਗਲੋਬਲ ਬਾਜਾਰ 'ਚ ਚਾਂਦੀ ਦੀਆਂ ਕੀਮਤਾਂ 'ਚ ਵੀ ਗਿਰਾਵਟ ਦਰਜ ਕੀਤੀ ਗਈ। ਸੋਨੇ ਦੀਆਂ ਗਲੋਬਲ ਕੀਮਤਾਂ ਦੀ ਜੇਕਰ ਗੱਲ ਕੀਤੀ ਜਾਵੇ ਤਾਂ ਮੰਗਲਵਾਰ ਸਵੇਰੇ ਕਾਮੈਕਸ 'ਤੇ ਸੋਨਾ 0.23 ਫੀਸਦੀ ਜਾਂ 5 ਡਾਲਰ ਦੀ ਗਿਰਾਵਟ ਨਾਲ 2183.60 ਡਾਲਰ ਪ੍ਰਤੀ ਔਂਸ ਦੇ ਭਾਅ 'ਤੇ ਕਾਰੋਬਾਰ ਕਰਦਾ ਦੇਖਿਆ ਗਿਆ। ਇਸ ਦੇ ਨਾਲ ਹੀ ਸੋਨਾ ਹਾਜਿ਼ਰ 0.22 ਫੀਸਦੀ ਜਾਂ 4.75 ਡਾਲਰ ਦੀ ਗਿਰਾਵਟ ਨਾਲ 2178 ਡਾਲਰ ਪ੍ਰਤੀ ਔਂਸ ਦੇ ਭਾਅ 'ਤੇ ਕਾਰੋਬਾਰ ਕਰਦਾ ਦੇਖਿਆ ਗਿਆ। ਸੋਨੇ ਦੇ ਨਾਲ-ਨਾਲ ਚਾਂਦੀ ਦੀਆਂ ਗਲੋਬਲ ਕੀਮਤਾਂ 'ਚ ਵੀ ਮੰਗਲਵਾਰ ਨੂੰ ਗਿਰਾਵਟ ਦੇਖਣ ਨੂੰ ਮਿਲੀ। ਮੰਗਲਵਾਰ ਸਵੇਰੇ ਕਾਮੈਕਸ 'ਤੇ ਚਾਂਦੀ ਦੀ ਕੀਮਤ 0.22 ਫੀਸਦੀ ਜਾਂ 0.05 ਡਾਲਰ ਦੀ ਗਿਰਾਵਟ ਨਾਲ 24.66 ਡਾਲਰ ਪ੍ਰਤੀ ਔਂਸ 'ਤੇ ਕਾਰੋਬਾਰ ਕਰਦੀ ਨਜਰ ਆਈ। ਇਸ ਦੇ ਨਾਲ ਹੀ ਚਾਂਦੀ ਹਾਜਿ਼ਰ 0.07 ਫੀਸਦੀ ਜਾਂ 0.02 ਡਾਲਰ ਦੀ ਗਿਰਾਵਟ ਨਾਲ 24.45 ਡਾਲਰ ਪ੍ਰਤੀ ਔਂਸ 'ਤੇ ਕਾਰੋਬਾਰ ਕਰਦੀ ਨਜਰ ਆਈ।

## ਵਿਜੀਲੈਂਸ ਵੱਲੋਂ ਗ੍ਰਿਫਤਾਰ ਗ੍ਰਾਂਟ-ਫੰਡਾਂ ਦੇ 5 ਦੋਸ਼ੀ ਜੁਡੀਸ਼ੀਅਲ ਹਿਰਾਸਤ 'ਚ ਪੁੱਜੇ ਜੇਲ੍ਹ

ਅੰਮ੍ਰਿਤਸਰ 26 ਮਾਰਚ। ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਦੇ ਦੋਸ਼ 'ਚ ਗ੍ਰਿਫਤਾਰ ਕੀਤੇ ਗਏ 5 ਦੋਸ਼ੀਆਂ ਗੁਰਮੇਜ ਸਿੰਘ, ਜਵਾਲਾ ਸਿੰਘ (ਸਾਬਕਾ ਸਰਪੰਚ) ਨਿਰਵੈਲ ਸਿੰਘ, ਕਾਬੁਲ ਸਿੰਘ ਗੁਰਬੀਰ ਸਿੰਘ (ਸਾਬਕਾ ਮੈਂਬਰ) ਨੂੰ ਜਿ਼ਲਾ ਤਰਨਤਾਰਨ ਦੀ ਸੈਸ਼ਨ ਅਦਾਲਤ ਵੱਲੋਂ ਜੁਡੀਸ਼ੀਅਲ ਹਿਰਾਸਤ 'ਚ ਜੇਲ੍ਹ ਭੇਜਣ ਦੇ ਹੁਕਮ ਦਿੱਤੇ। ਜਾਣਕਾਰੀ ਅਨੁਸਾਰ ਇਨ੍ਹਾਂ 5 ਦੋਸ਼ੀਆਂ ਦੀ ਟੀਮ ਵਿਰੁੱਧ ਪਿੰਡ ਬੇਨਕਾ ਦੇ ਨਿਵਾਸੀ ਸੁਬੇਗ ਸਿੰਘ ਵੱਲੋਂ ਦਿੱਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਐੱਸ. ਐੱਸ. ਪੀ. ਵਿਜੀਲੈਂਸ ਅੰਮ੍ਰਿਤਸਰ ਰੇਂਜ ਗੁਰਸੇਵਕ ਸਿੰਘ ਬਰਾੜ ਦੇ ਹੁਕਮ 'ਤੇ ਕੇਸ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ




ਉਕਤ ਦੋਸ਼ੀਆਂ ਨੇ ਪਿੰਡ ਬੇਨਕਾ ਦੇ ਪੰਚਾਇਤ ਮੈਂਬਰਾਂ ਵਜੋਂ ਆਪਣੇ ਕਾਰਜਕਾਲ ਦੌਰਾਨ ਸਰਕਾਰੀ ਫੰਡਾਂ 'ਚੋਂ 1 ਕਰੋੜ 66 ਲੱਖ 96 ਹਜਾਰ 153 ਰੁਪਏ ਦਾ ਘਪਲਾ ਕੀਤਾ ਹੈ। ਜਾਂਚ ਦੌਰਾਨ ਜਦੋਂ ਵਿਜੀਲੈਂਸ ਟੀਮ ਨੂੰ ਸਬੂਤ ਮਿਲੇ ਤਾਂ ਇਨ੍ਹਾਂ 5 ਲੋਕਾਂ ਦੀ ਟੀਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ 'ਚ ਮੁਕੱਦਮਾ ਦਰਜ ਕਰ ਲਿਆ ਸੀ। ਇਸ ਦੇ ਨਾਲ ਹੀ ਗ੍ਰਿਫਤਾਰ ਦੋਸ਼ੀਆਂ ਨੂੰ ਵਿਜੀਲੈਂਸ ਟੀਮ ਵੱਲੋਂ ਤਰਨਤਾਰਨ ਦੀ ਸੈਸ਼ਨ ਅਦਾਲਤ 'ਚ ਪੇਸ਼ ਕੀਤਾ ਗਿਆ ਤਾਂ ਜਸਟਿਸ ਵੱਲੋਂ ਇਨ੍ਹਾਂ ਦਾ ਇਕ ਦਿਨ ਦਾ ਰਿਮਾਂਡ ਦਿੱਤਾ ਗਿਆ ਸੀ। ਵਿਜੀਲੈਂਸ ਰਿਮਾਂਡ ਦੀ ਮਿਆਦ ਖਤਮ ਹੋਣ ਦੇ ਬਾਅਦ ਜਦੋਂ ਦੋਸ਼ੀਆਂ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ ਤਾਂ ਅਦਾਲਤ ਨੇ ਉਨ੍ਹਾਂ ਦਾ ਹੋਰ ਰਿਮਾਂਡ ਨਾ ਵਧਾਉਂਦੇ ਹੋਏ ਉਨ੍ਹਾਂ ਨੂੰ ਜੁਡੀਸ਼ੀਅਲ ਹਿਰਾਸਤ 'ਚ ਜੇਲ੍ਹ ਭੇਜਣ ਦੇ ਹੁਕਮ ਦਿੱਤੇ।

# ਦੁਕਾਨ 'ਤੇ ਕੰਮ ਕਰਨ ਵਾਲੇ ਮੁਲਾਜ਼ਮਾਂ ਨੇ ਮਿਲ ਕੇ ਕੀਤੀ ਲੱਖਾਂ ਦੀ ਚੋਰੀ

ਮੋਗਾ 26 ਮਾਰਚ। ਬਾਘਾ ਪੁਰਾਣਾ ਨਿਵਾਸੀ ਤਜਿੰਦਰ ਗਰਗ ਦੇ ਗੁਦਾਮ ਵਿਚੋਂ ਉਸ ਦੀ ਦੁਕਾਨ ਵਿਚ ਕੰਮ ਕਰਦੇ ਦੋ ਮੁਲਾਜ਼ਮਾਂ ਵਲੋਂ ਕਥਿਤ ਮਿਲੀਭੁਗਤ ਕਰਕੇ ਲੱਖਾਂ ਰੁਪਏ ਦਾ ਸਾਮਾਨ ਚੋਰੀ ਕਰਕੇ ਫਰਾਰ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧ ਵਿਚ ਬਾਘਾ ਪੁਰਾਣਾ ਪੁਲਸ ਵਲੋਂ ਦੋ ਕਥਿਤ ਮੁਲਜ਼ਮਾਂ ਰਣਜੀਤ ਸਿੰਘ ਉਰਫ ਰਾਜੂ ਨਿਵਾਸੀ ਪਿੰਡ ਰੋਤਾਪੁਰ ਯੂ.ਪੀ. ਹਾਲ ਅਬਾਦ ਬਾਘਾ ਪੁਰਾਣਾ ਅਤੇ ਅਜੇ ਨਿਵਾਸੀ ਪਿੰਡ ਮੰਡੀਰਾਂ ਵਾਲਾ ਨਵਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਤਲਾਸ਼ ਸ਼ੁਰੂ ਕਰ ਦਿੱਤੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਸ਼ਿਕਾਇਤ ਪੱਤਰ ਵਿਚ ਤੇਜਿੰਦਰ ਗਰਗ ਨਿਵਾਸੀ ਨਿਹਾਲ ਸਿੰਘ ਵਾਲਾ ਰੋਡ ਬਾਘਾ ਪੁਰਾਣਾ ਨੇ ਕਿਹਾ ਕਿ ਉਸ ਦੀ ਇਲੈਕਟ੍ਰੋਨਿਕਸ ਦੇ ਸਾਮਾਨ ਦੀ ਦੁਕਾਨ ਹੈ ਅਤੇ ਉਸ ਨੇ ਗਰੀਨ ਐਵੀਨਿਊ ਕਾਲੋਨੀ ਵਿਚ ਆਪਣਾ ਸਟੋਰ ਬਣਾਇਆ ਹੋਇਆ ਹੈ। ਉਕਤ ਦੋਵੇਂ ਮੁਲਜ਼ਮ ਪਿਛਲੇ ਕਰੀਬ ਢਾਈ ਸਾਲ ਤੋਂ ਮੇਰੀ ਦੁਕਾਨ 'ਤੇ




ਨੌਕਰੀ ਕਰਦੇ ਆ ਰਹੇ ਹਨ। ਉਸ ਨੇ ਕਿਹਾ ਕਿ ਬੀਤੀ 8 ਮਾਰਚ ਨੂੰ ਦੋਵੇਂ ਮੁਲਾਜ਼ਮ ਕੰਮ 'ਤੇ ਨਹੀਂ ਆਏ ਜਿਨ੍ਹਾਂ ਦੇ ਮੋਬਾਇਲ ਫੋਨ ਵੀ ਬੰਦ ਆ ਰਹੇ ਸਨ। ਅਸੀਂ ਉਨ੍ਹਾਂ ਦੀ ਬਹੁਤ ਤਲਾਸ਼ ਕੀਤੀ ਪਰ ਸਾਨੂੰ ਨਹੀਂ ਮਿਲੇ, ਜਿਸ 'ਤੇ ਸਾਨੂੰ ਸ਼ੱਕ ਹੋਇਆ ਤਾਂ ਅਸੀਂ ਆਪਣਾ ਸਟੋਰ ਚੈੱਕ ਕੀਤਾ ਤਾਂ ਸਟੋਰ ਵਿਚੋਂ ਲੱਖਾਂ ਰੁਪਏ ਦਾ ਸਾਮਾਨ ਜਿਸ ਵਿਚ ਐੱਲ. ਈ. ਡੀ., ਗੀਜਰ, ਵਾਸ਼ਿੰਗ ਮਸ਼ੀਨਾਂ, ਫਰਿੱਜ, ਮਾਈਕਰੋ ਵੇਵ, ਇਨਵਰਟਰ ਅਤੇ ਬੈਟਰੇ ਆਦਿ ਹੋਰ ਵੀ ਕਾਫ਼ੀ ਸਾਮਾਨ ਗਾਇਬ ਸੀ। ਮੈਨੂੰ ਯਕੀਨ ਹੈ ਕਿ ਦੋਹਾਂ ਮੁਲਾਜ਼ਮਾਂ ਨੇ ਮਿਲੀਭੁਗਤ ਕਰਕੇ ਮੇਰੇ ਸਟੋਰ 'ਚੋਂ ਚੋਰੀ ਕੀਤੀ ਹੈ, ਜਿਸ 'ਤੇ ਮੈਂ ਪੁਲਸ ਨੂੰ ਸੂਚਿਤ ਕੀਤਾ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਕਥਿਤ ਮੁਲਜ਼ਮਾਂ ਦੀ ਤਲਾਸ਼ ਕੀਤੀ ਜਾ ਰਹੀ ਹੈ ਅਤੇ ਇਹ ਵੀ ਜਾਨਣ ਦਾ ਯਤਨ ਕੀਤਾ ਜਾ ਰਿਹਾ ਹੈ ਕਿ ਇਹ ਸਾਮਾਨ ਕਿਸ ਨੂੰ ਵੇਚਦੇ ਸਨ ਅਤੇ ਹੋਰ ਕੌਣ ਕੌਣ ਇਸ ਗੌਰਖ ਧੰਦੇ ਵਿਚ ਇਨ੍ਹਾਂ ਦੇ ਨਾਲ ਸ਼ਾਮਲ ਹਨ। ਜਲਦੀ ਹੀ ਕਥਿਤ ਮੁਲਜ਼ਮਾਂ ਦੇ ਕਾਬੂ ਆਉਣ ਦੀ ਸੰਭਾਵਨਾ ਹੈ, ਜਿਨ੍ਹਾਂ ਦੇ ਕਾਬੂ ਆਉਣ 'ਤੇ ਚੋਰੀ ਦਾ ਮਾਮਲਾ ਬੇਨਕਾਬ ਹੋ ਸਕੇਗਾ।

## ਹੋਲੇ-ਮਹੱਲੇ 'ਤੇ ਜਾ ਰਹੇ ਮੋਡੀਫਾਈ 5911 ਨੇ ਦਰੜੀਆਂ ਲੋਕ, ਮੌਕੇ 'ਤੇ ਪੈ ਗਿਆ ਚੀਕ-ਚਿਹਾੜਾ

ਜਗਰਾਓਂ 26 ਮਾਰਚ। ਜਗਰਾਓਂ-ਜਲੰਧਰ ਮਾਰਗ 'ਤੇ ਪੈਂਦੇ ਪਿੰਡ ਕੁਰਸ਼ੈਦਪੁਰਾ ਵਿਖੇ ਹੋਲੇ-ਮਹੱਲੇ 'ਤੇ ਸ੍ਰੀ ਅਨੰਦਪੁਰ ਸਾਹਿਬ ਜਾ ਰਹੀ ਤੇਜ਼ ਰਫਤਾਰ ਟ੍ਰੈਕਟਰ ਟਰਾਲੀ ਨੇ ਦੋ ਬੱਚੀਆਂ ਨੂੰ ਦਰੜ ਦਿੱਤਾ। ਇਸ ਭਿਆਨਕ ਹਾਦਸੇ ਵਿਚ ਇਕ ਬੱਚੀ ਦੀ ਮੌਤ ਹੋ ਗਈ ਜਦਕਿ ਦੂਸਰੀ ਬੱਚੀ ਜਖਮੀ ਹੋ ਗਈ। ਜਾਣਕਾਰੀ ਮੁਤਾਬਿਕ ਸਿੱਧਵਾਂ ਬੇਟ ਤੋਂ ਥੋੜ੍ਹੀ ਦੂਰ ਪਿੰਡ ਕੁਰਸ਼ੈਦਪੁਰਾ ਵਿਖੇ ਹੋਲਾ-ਮਹੱਲਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਟ੍ਰੈਕਟਰ ਟਰਾਲੀ 5911 ਜੋ ਕਿ ਮੋਡੀਫਾਈ ਕੀਤੀ ਹੋਈ ਸੀ, ਤੇਜ ਰਫਤਾਰ ਨਾਲ ਸੰਗਤ ਲੈ ਕੇ ਜਾ ਰਹੀ ਸੀ। ਇਸ ਦੌਰਾਨ ਸਤਲੁਜ ਦਰਿਆ ਪਾਰ ਕਰਦਿਆਂ ਪਿੰਡ ਕੁਰਸ਼ੈਦਪੁਰਾ ਵਿਖੇ ਟ੍ਰੈਕਟਰ ਅਚਾਨਕ ਬੇਕਾਬੂ ਹੋ ਗਿਆ ਅਤੇ ਦੋ ਬੱਚੀਆਂ ਪਲਕ ਤੇ ਅਰਸ਼ਦੀਪ ਕੌਰ ਨੂੰ ਫੇਟ ਮਾਰ ਦਿੱਤੀ ਜਿਸ ਕਾਰਨ ਪਲਕ 10 ਸਾਲ ਪੁੱਤਰੀ ਜਸਵਿੰਦਰ ਸਿੰਘ ਪਿੰਡ ਕੁਰਸ਼ੈਦਪੁਰ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਅਰਸ਼ਦੀਪ ਕੌਰ ਉਮਰ 11 ਸਾਲ ਪੁੱਤਰ ਤਰਲੋਕ ਸਿੰਘ ਗੰਭੀਰ ਜਖਮੀ ਹੋ ਗਈ । ਹਾਦਸੇ ਤੋਂ ਬਾਅਦ ਤੇਜ਼ ਰਫਤਾਰ ਟ੍ਰੈਕਟਰ-ਟਰਾਲੀ ਸੜਕ 'ਤੇ ਹੀ ਪਲਟ ਗਈ। ਮੌਕਾ ਦੇਖਦਿਆਂ ਟ੍ਰੈਕਟਰ ਦਾ ਡਰਾਈਵਰ ਅਤੇ ਸਾਰੀ ਸੰਗਤ ਹੌਲੀ-ਹੌਲੀ ਵਾਰਦਾਤ ਵਾਲੀ ਥਾਂ ਤੋਂ ਰਫੂਚੱਕਰ ਹੋ ਗਏ। ਉਧਰ ਥਾਣਾ ਸਿੱਧਵਾਂ ਬੇਟ ਤੋਂ ਏ. ਐੱਸ. ਆਈ. ਨਸੀਬ ਸਿੰਘ ਸਮੇਤ ਮੁਲਾਜ਼ਮ ਮੌਕੇ 'ਤੇ ਪਹੁੰਚੇ ਤਾਂ ਦੇਖਿਆ ਕਿ ਟ੍ਰੈਕਟਰ 5911 ਜੋ ਕਿ ਬਿਨਾਂ ਨੰਬਰ ਪਲੇਟ ਸੀ, ਬਾਰੇ ਪੁਲਸ ਪੜਤਾਲ ਕਰ ਰਹੀ ਹੈ ਕਿ ਇਹ ਟ੍ਰੈਕਟਰ ਟਰਾਲੀ ਕਿੱਥੋਂ ਆ ਰਹੀ ਸੀ। ਫਿਲਹਾਲ ਪੁਲਸ ਵਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

## ਕਿਸਨਗੜ੍ਹ ਵਿਚ ਟਰੈਕਟਰ-ਟਰਾਲੀ ਤੇ ਬੱਸ ਦੀ ਟੱਕਰ ਹੋਣ ਕਾਰਨ ਵਾਪਰਿਆ ਹਾਦਸਾ

ਕਿਸਨਗੜ੍ਹ 26 ਮਾਰਚ। ਜਲੰਧਰ-ਪਠਾਨਕੋਟ ਰਾਸਟਰੀ ਰਾਜ ਮਾਰਗ 'ਤੇ ਸਥਿਤ ਅੱਡਾ ਬਿਆਸ ਪਿੰਡ ਤੋਂ ਥੋੜ੍ਹਾ ਅੱਗੇ ਗੋਪਾਲ ਪਿੰਡ ਵਾਲੇ ਮੋੜ 'ਤੇ ਬੀਤੇ ਦਿਨੀਂ ਬਿਆਸ ਪਿੰਡ ਇੱਟਾਂ ਦੇ ਭੱਠੇ ਦੇ ਸਾਹਮਣੇ ਇਕ ਬੱਸ, ਜਿਸ 'ਚ ਬਿਆਸ ਦੀ ਸੰਗਤ ਸੀ ਅਤੇ ਇਕ ਟਰੈਕਟਰ-ਟਰਾਲੀ ਦੀ ਜਬਰਦਸਤ ਟੱਕਰ ਹੋਣ 'ਤੇ ਬੱਸ ਸਵਾਰ ਇਕ ਵਿਅਕਤੀ ਦੇ ਗੰਭੀਰ ਜਖਮੀ ਹੋ ਗਿਆ। ਜਾਣਕਾਰੀ ਅਨੁਸਾਰ ਇਕ ਟਰੈਕਟਰ-ਟਰਾਲੀ ਚਾਲਕ, ਜੋ ਕਿ ਗੋਪਾਲਪੁਰ ਵੱਲੋਂ ਹਾਈਵੇਅ ਵਿਚਕਾਰ ਆ ਗਿਆ। ਇਸੇ ਦੌਰਾਨ ਇਕ ਬੱਸ, ਜੋ ਕਿ ਬਿਆਸ ਡੇਰੇ ਦੀ ਸੰਗਤ ਲੈ ਕੇ ਕਿਸਨਗੜ੍ਹ ਵੱਲੋਂ ਕਾਲਾ ਬੱਕਰਾ-ਭੋਗਪੁਰ ਵੱਲ ਨੂੰ ਜਾ ਰਹੀ ਸੀ। ਅਚਨਚੇਤ ਹਾਈਵੇ ਵਿਚਕਾਰ ਟਰੈਕਟਰ-ਟਰਾਲੀ ਆਉਣ 'ਤੇ ਬੱਸ ਡਰਾਈਵਰ ਆਪਣਾ ਸੰਤੁਲਨ ਖੋਹ ਬੈਠਾ, ਜਿਸ ਕਰ ਕੇ ਟਰੈਕਟਰ-ਟਰਾਲੀ ਤੇ ਬੱਸ 'ਚ ਜਬਰਦਸਤ ਟੱਕਰ ਹੋ ਗਈ। ਉਕਤ ਟੱਕਰ 'ਚ ਬੱਸ ਸਵਾਰ ਸੰਦੀਪ ਗਰਗ ਪੁੱਤਰ ਸੰਤ ਲਾਲ ਨਿਵਾਸੀ ਰਾਮ ਆਸਰਮ ਪਟਿਆਲਾ ਗੰਭੀਰ ਰੂਪ 'ਚ ਜਖਮੀ ਹੋ ਗਿਆ, ਜਿਸ ਨੂੰ ਇਲਾਜ ਲਈ ਕਾਲਾ ਬੱਕਰਾ ਸਿਵਲ ਹਸਪਤਾਲ ਭੇਜਿਆ ਗਿਆ, ਜਿੱਥੋਂ ਉਹ ਸਿ਼ਫਟ ਹੋ ਕੇ ਜਲੰਧਰ ਦੇ ਕਿਸੇ ਨਿੱਜੀ ਹਸਪਤਾਲ 'ਚ ਇਲਾਜ ਲਈ ਦਾਖਲ ਹੋ ਗਿਆ। ਉਕਤ ਟੱਕਰ 'ਚ ਟਰੈਕਟਰ-ਟਰਾਲੀ ਤੇ ਬੱਸ ਬੁਰੀ ਤਰ੍ਹਾਂ ਨੁਕਸਾਨੇ ਗਏ। ਟੱਕਰ ਉਪਰੰਤ ਕੁਝ ਕੁ ਚਿਰ ਲਈ ਟਰੈਫਿਕ ਪ੍ਰਭਾਵਿਤ ਹੋਈ। ਸੂਚਨਾ ਮਿਲਣ 'ਤੇ ਸੜਕ ਸੁਰੱਖਿਆ ਫੋਰਸ ਦੀ ਟੀਮ ਦੇ ਇੰਚਾਰਜ ਏ. ਐੱਸ. ਆਈ. ਰਣਧੀਰ ਸਿੰਘ, ਨੀਰਜ ਕੁਮਾਰ, ਹਰਸਿਮਰਨ ਸਿੰਘ ਨੇ ਬੜੀ ਜੱਦੋ-ਜਹਿਦ ਉਪਰੰਤ ਨੁਕਸਾਨੇ ਵਾਹਨਾਂ ਨੂੰ ਦੋ ਸੜਕ ਦੇ ਇਕ ਪਾਸੇ ਕਰਵਾ ਕੇ ਪ੍ਰਭਾਵਿਤ ਹੋਈ ਟਰੈਫਿਕ ਨੂੰ ਸੰਚਾਰੂ ਢੰਗ ਨਾਲ ਚਾਲੂ ਕਰਵਾਇਆ। ਇਸ ਸਬੰਧੀ ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਸਬੰਧਤ ਅਲਾਵਲਪੁਰ ਪੁਲਸ ਚੌਕੀ ਦੇ ਇੰਚਾਰਜ ਏ. ਐੱਸ. ਆਈ. ਰਜਿੰਦਰ ਸਰਮਾ ਨੂੰ ਇਸ ਹਾਦਸੇ ਸਬੰਧੀ ਸੂਚਿਤ ਕਰ ਦਿੱਤਾ।

# ਮੌਸਮ 'ਚ ਬਦਲਾਅ ਕਾਰਨ ਲੋਕਾਂ ਵਿਚ ਵਾਇਰਲ ਇਨਫੈਕਸਨ ਫੈਲਣ ਦਾ ਵਧਿਆ ਖਤਰਾ

ਬਰਨਾਲਾ 26 ਮਾਰਚ। ਇਨ੍ਹੀਂ ਦਿਨੀਂ ਮੌਸਮ ਵਿਚ ਹੈਰਾਨੀਜਨਕ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਮੌਸਮ ਵਿਚ ਆਏ ਅਜਿਹੇ ਬਦਲਾਅ ਕਾਰਨ ਅਕਸਰ ਲੋਕ ਵਾਇਰਲ ਇਨਫੈਕਸਨ ਦੀ ਲਪੇਟ ਵਿਚ ਆ ਜਾਂਦੇ ਹਨ, ਜਿਸ ਕਾਰਨ ਬੁਖਾਰ, ਖੰਘ ਅਤੇ ਜੁਕਾਮ ਦੇ ਮਰੀਜਾਂ ਦੀ ਗਿਣਤੀ ਵਿਚ ਭਾਰੀ ਵਾਧਾ ਹੁੰਦਾ ਜਾ ਰਿਹਾ ਹੈ। ਅੱਜ-ਕੱਲ ਸਰਦੀਆਂ ਤੋਂ ਬਾਅਦ ਸੁਰੂ ਹੋਈ ਗਰਮੀ ਕਾਰਨ ਵਾਇਰਲ ਬੁਖਾਰ ਤੇਜੀ ਨਾਲ ਲੋਕਾਂ ਨੂੰ ਆਪਣੀ ਲਪੇਟ 'ਚ ਲੈ ਰਿਹਾ ਹੈ, ਜਿਸ ਕਾਰਨ ਲੋਕਾਂ 'ਚ ਗਲੇ ਦੀ ਇਨਫੈਕਸਨ, ਤੇਜ ਬੁਖਾਰ, ਪੂਰੇ ਸਰੀਰ 'ਚ ਦਰਦ, ਸਿਰ ਦਰਦ ਆਦਿ ਬੀਮਾਰੀਆਂ ਦੇ ਆਮ ਲੱਛਣ ਦੇਖਣ ਨੂੰ ਮਿਲਦੇ ਹਨ। ਵਾਇਰਲ ਬੁਖਾਰ ਦੀ ਪੁਸਟੀ ਕਰਨ ਲਈ ਡਾਕਟਰਾਂ ਦੁਆਰਾ ਖੂਨ ਦੇ ਕੁਝ ਟੈਸਟ ਵੀ ਕਰਵਾਏ ਜਾਂਦੇ ਹਨ। ਸਹਿਰ ਵਿਚ ਮਰੀਜਾਂ ਦੀ ਵੱਧ ਰਹੀ ਗਿਣਤੀ ਕਾਰਨ ਜਦੋਂ ਇਸ ਸਬੰਧੀ ਸਿੱਧੂ ਹਸਪਤਾਲ ਦੇ ਐੱਮ.ਡੀ. ਡਾ. ਮਨਪ੍ਰੀਤ ਸਿੰਘ ਸਿੱਧੂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਵਾਇਰਲ ਇਨਫੈਕਸਨ ਤੋਂ ਬਚਾਅ ਅਤੇ ਇਸ ਦੇ ਇਲਾਜ ਬਾਰੇ ਵਿਸਥਾਰ ਵਿਚ ਚਰਚਾ ਕੀਤੀ। ਤਾਪਮਾਨ ਵਿਚ ਤਬਦੀਲੀ



ਦੌਰਾਨ ਵਾਇਰਲ ਬੁਖਾਰ ਜਿ਼ਆਦਾ ਲੋਕਾਂ ਨੂੰ ਪ੍ਰਭਾਵਿਤ ਕਰਦਾ ਹੈ। ਵਾਇਰਲ ਕੀਟਾਣੂ, ਜੋ ਕਿ ਨੰਗੀ ਅੱਖ ਲਈ ਅਦਿੱਖ ਹੁੰਦੇ ਹਨ, ਇਕ ਵਿਅਕਤੀ ਤੋਂ ਦੂਜੇ ਵਿਅਕਤੀ 'ਚ ਤੇਜੀ ਨਾਲ ਸੰਚਾਰਿਤ ਹੋ ਸਕਦੇ ਹਨ। ਜਾਗਰੂਕਤਾ ਦੀ ਘਾਟ ਕਾਰਨ ਲੋਕ ਇਸ ਬੀਮਾਰੀ ਦਾ ਸਿ਼ਕਾਰ ਹੋ ਜਾਂਦੇ ਹਨ। ਵਾਇਰਲ ਇਨਫੈਕਸਨ ਤੋਂ ਬਚਣ ਲਈ ਹੱਥਾਂ ਨੂੰ ਵਾਰ-ਵਾਰ ਧੋਣਾ ਚਾਹੀਦਾ ਹੈ ਅਤੇ ਬੱਚਿਆਂ ਨੂੰ ਵੀ ਹੱਥ ਧੋਣਾ ਸਿਖਾਉਣਾ ਚਾਹੀਦਾ ਹੈ। ਆਪਣੇ ਮੂੰਹ ਅਤੇ ਨੱਕ ਨੂੰ ਸਿੱਧਾ ਛੂਹਣ ਤੋਂ ਬਚੋ, ਭਾਂਡਿਆਂ ਜਾਂ ਕੱਪਾਂ ਨੂੰ ਸਾਂਝਾ ਕਰਨ ਤੋਂ ਬਚੋ। ਐੱਮ.ਡੀ. ਡਾ. ਮਨਪ੍ਰੀਤ ਸਿੰਘ ਸਿੱਧੂ ਅਨੁਸਾਰ ਵਾਇਰਲ ਬੁਖਾਰ ਦਾ ਇਲਾਜ ਬੀਮਾਰੀ ਦੀ ਗੰਭੀਰਤਾ 'ਤੇ ਨਿਰਭਰ ਕਰਦਾ ਹੈ ਅਤੇ ਮਰੀਜ ਦੇ ਬੁਖਾਰ ਨੂੰ ਘੱਟ ਕਰਨ ਲਈ ਐੱਨ. ਐੱਸ. ਏ. ਆਈ.ਡੀ. ਇਸ ਤੋਂ ਇਲਾਵਾ ਕੁਝ ਦਰਦ ਨਿਵਾਰਕ ਅਤੇ ਬੁਖਾਰ ਘਟਾਉਣ ਵਾਲੀਆਂ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਟੈਸਟ ਦੀ ਰਿਪੋਰਟ ਅਨੁਸਾਰ ਐਂਟੀਬਾਇਓਟਿਕਸ ਦਾ ਕੋਰਸ ਵੀ ਸੁਰੂ ਕੀਤਾ ਜਾਂਦਾ ਹੈ ਅਤੇ ਮਰੀਜ ਨੂੰ ਪੂਰਾ ਆਰਾਮ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਵਾਇਰਲ ਬੁਖਾਰ ਇਕ ਹਫਤੇ ਤੱਕ ਰਹਿ ਸਕਦਾ ਹੈ। ਉਨ੍ਹਾਂ ਕਿਹਾ ਕਿ ਜੋ ਵੀ ਰੋਗਾਣੂਨਾਸਕ ਦਵਾਈਆਂ ਸੁਰੂ ਕੀਤੀਆਂ ਜਾਂਦੀਆਂ ਹਨ। ਮਰੀਜ ਨੂੰ ਆਪਣਾ ਇਲਾਜ ਅੱਧ ਵਿਚਕਾਰ ਨਹੀਂ ਛੱਡਣਾ ਚਾਹੀਦਾ।

## ਪੁਲਸ ਨੂੰ ਮਿਲੀ ਵੱਡੀ ਕਾਮਯਾਬੀ, 15 ਦੇ ਕਰੀਬ ਚੋਰੀ ਦੇ ਮੋਬਾਇਲ ਫੋਨ ਸਣੇ ਦੋ ਨੌਜਵਾਨ ਕਾਬੂ

ਅੰਮ੍ਰਿਤਸਰ 26 ਮਾਰਚ। ਅੰਮ੍ਰਿਤਸਰ ਦੇ ਪੁਲਸ ਕਮਿਸਨਰ ਗੁਰਪ੍ਰੀਤ ਸਿੰਘ ਭੁੱਲਰ ਜੀ ਦੇ ਦਿਸਾ ਨਿਰਦੇਸਾਂ 'ਤੇ ਲੁੱਟਾਂ ਖੋਹਾਂ ਤੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਮਾੜੇ ਅੰਸਰਾਂ ਦੇ ਖਿ਼ਲਾਫ ਚਲਾਈ ਗਈ ਮੁਹਿੰਮ ਤਹਿਤ ਥਾਣਾ ਸਿਵਲ ਲਾਈਨ ਦੀ ਪੁਲਸ ਨੂੰ ਇੱਕ ਵੱਡੀ ਕਾਮਯਾਬੀ ਹਾਸਲ ਹੋਈ ਹੈ। ਥਾਣਾ ਸਿਵਲ ਲਾਈਨ ਦੀ ਪੁਲਸ ਵੱਲੋਂ 15 ਦੇ ਕਰੀਬ ਚੋਰੀ ਦੇ ਮੋਬਾਇਲ ਫੋਨ ਸਣੇ ਦੋ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਥਾਣਾ ਸਿਵਲ ਲਾਈਨ ਦੇ ਪੁਲਸ ਅਧਿਕਾਰੀ ਜਸਵੀਰ ਸਿੰਘ ਨੇ ਦੱਸਿਆ ਕਿ ਮੁੱਖਬਰ ਦੀ ਸੂਚਨਾ ਦੇ ਅਧਾਰ 'ਤੇ ਨਾਕਾਬੰਦੀ ਦੌਰਾਨ ਦੋ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ ਹੈ, ਜਿਨ੍ਹਾਂ ਕੋਲੋਂ ਪੁੱਛਗਿੱਛ ਦੌਰਾਨ 15 ਦੇ ਕਰੀਬ ਚੋਰੀ ਦੇ ਮੋਬਾਈਲ ਫੋਨ ਬਰਾਮਦ ਕੀਤੇ ਗਏ ਹਨ। ਪੁਲਸ ਅਧਿਕਾਰੀ ਨੇ ਦੱਸਿਆ ਕਿ ਇਹ ਲੋਕ ਜੰਮੂ ਦੇ ਰਹਿਣ ਵਾਲੇ ਹਨ ਤੇ ਉਥੋਂ ਆ ਕੇ ਇੱਥੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਕੇ ਫਰਾਰ ਹੋ ਜਾਂਦੇ ਹਨ ਤੇ ਸੱਚਖੰਡ ਦਰਬਾਰ ਸਾਹਿਬ ਜੀ ਦੇ ਸਰਧਾਲੂਆਂ ਆਪਣਾ ਸਿ਼ਕਾਰ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਇਹ ਸਟੇਸਨ ਤੇ ਵੀ ਯਾਤਰੀਆਂ ਨੂੰ ਆਪਣਾ ਸਿ਼ਕਾਰ ਬਣਾਉਂਦੇ ਹਨ ਤੇ ਉਹਨਾਂ ਦੇ ਮੋਬਾਇਲ ਫੋਨ ਚੋਰੀ ਕਰਕੇ ਫਰਾਰ ਹੋ ਜਾਂਦੇ ਹਨ । ਪੁਲਸ ਅਧਿਕਾਰੀ ਨੇ ਦੱਸਿਆ ਅੱਜ



ਅਸੀਂ ਇਹਨਾਂ ਨੂੰ ਕਾਬੂ ਕਰ ਲਿਆ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਜਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ ਕਰ ਕੇ ਇੱਕ ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ। ਰਿਮਾਂਡ ਦੌਰਾਨ ਇਹ ਪਤਾ ਲਗਾਇਆ ਜਾਵੇਗਾ ਕਿ ਇਨ੍ਹਾਂ ਨੇ ਹੋਰ ਕਿੱਥੇ-ਕਿੱਥੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ।

### ਕੁੱਟ-ਮਾਰ ਕਰਦੇ ਹੋਏ ਘਰੋਂ ਚੁੱਕ ਕੇ ਲੈ ਗਏ ਨੌਜਵਾਨ ਦੀ ਹੋਈ ਮੌਤ

ਧੂਰੀ 26 ਮਾਰਚ। ਪਿੰਡ ਦੋਹਲਾ ਦੇ ਇਕ ਨੌਜਵਾਨ ਨੂੰ ਕੁਝ ਨੌਜਵਾਨਾਂ ਵੱਲੋਂ ਕੁੱਟਮਾਰ ਕਰਦੇ ਹੋਏ ਘਰੋਂ ਚੁੱਕ ਕੇ ਲੈ ਜਾਣ ਤੋਂ ਬਾਅਦ ਉਸ ਦੀ ਮੌਤ ਹੋਣ ਕਾਰਨ ਥਾਣਾ ਸਦਰ ਧੂਰੀ ਵਿਖੇ ਇਕ ਨਾਮਾਲੂਮ ਸਮੇਤ ਕੁੱਲ 4 ਵਿਅਕਤੀਆਂ ਖਿ਼ਲਾਫ ਕਤਲ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਗਿਆ ਹੈ। ਜਿ਼ਕਰਯੋਗ ਹੈ ਕਿ ਪਹਿਲਾਂ ਇਨ੍ਹਾਂ ਦੋਸ਼ੀ ਦੱਸੇ ਜਾ ਰਹੇ ਚਾਰਾਂ ਵਿਅਕਤੀਆਂ ਖਿ਼ਲਾਫ ਇਰਾਦਾ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਸੀ ਪਰ ਇਲਾਜ ਦੌਰਾਨ ਉਕਤ ਨੌਜਵਾਨ ਦੀ ਮੌਤ ਹੋਣ ਤੋਂ ਬਾਅਦ ਪੁਲਸ ਵੱਲੋਂ ਦਰਜ ਕੀਤੇ ਇਸ ਮਾਮਲੇ 'ਚ ਵਾਧਾ ਕਰ ਦਿੱਤਾ ਹੈ। ਇਸ ਸਬੰਧੀ ਮ੍ਰਿਤਕ ਨੌਜਵਾਨ ਸੁਖਪਾਲ ਸਿੰਘ (20) ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਦੋਹਲਾ ਦੀ ਮਾਤਾ ਸਿੰਦਰਪਾਲ ਕੌਰ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਲੰਘੇ ਸ਼ਨੀਵਾਰ ਦੀ ਰਾਤ ਨੂੰ ਕਰੀਬ 10 ਵਜੇ ਕੁਝ ਨੌਜਵਾਨ ਉਨ੍ਹਾਂ ਦੇ ਘਰ ਦੇ ਗੇਟ ਨੂੰ ਧੱਕਾ ਮਾਰ ਕੇ ਅੰਦਰ ਦਾਖਲ ਹੋਏ ਸਨ ਅਤੇ ਉਨ੍ਹਾਂ ਗਾਲੀ-ਗਲੋਚ ਕਰਦੇ ਹੋਏ ਉਸ ਦੇ ਪੁੱਤਰ ਦੀ ਲੋਹੇ ਦੀ ਰਾਡ ਨਾਲ ਕੁੱਟਮਾਰ ਕੀਤੀ। ਇਸ ਤੋਂ ਬਾਅਦ ਉਹ ਕੁੱਟਮਾਰ ਕਰਦੇ ਹੋਏ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਘੜੀਸ ਕੇ ਆਪਣੇ ਮੋਟਰਸਾਈਕਲ 'ਤੇ ਬਿਠਾ ਕੇ ਲੈ ਗਏ ਸਨ। ਬਾਅਦ 'ਚ ਉਹ ਉਸ ਦੇ ਪੁੱਤਰ ਨਾਲ ਮੁੜ ਤੋਂ ਕੁੱਟਮਾਰ ਕਰਦੇ ਹੋਏ ਉਸ ਨੂੰ ਦੋਹਲੇ ਵਾਲੇ ਰੇਲਵੇ ਫਾਟਕ ਦੇ ਨਜ਼ਦੀਕ ਸੁੱਟ ਗਏ ਸਨ। ਇਸ ਸਬੰਧੀ ਥਾਣਾ ਸਦਰ ਧੂਰੀ ਦੇ ਮੁਖੀ ਇੰਸਪੈਕਟਰ ਜਗਦੀਪ ਸਿੰਘ ਨੇ ਮਾਮਲੇ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਉਨ੍ਹਾਂ ਨੂੰ ਕੱਲ ਪੀ.ਜੀ.ਆਈ. ਚੰਡੀਗੜ੍ਹ ਤੋਂ ਉਕਤ ਨੌਜਵਾਨ ਦੇ ਦਾਖਲ ਹੋਣ ਸਬੰਧੀ ਇਕ ਰੁੱਕਾ ਪ੍ਰਾਪਤ ਹੋਇਆ ਸੀ ਪਰ ਉਕਤ ਨੌਜਵਾਨ ਦੇ ਅਨਫਿੱਟ ਹੋਣ ਦੇ ਚੱਲਦਿਆਂ ਉਸਦੀ ਮਾਤਾ ਦੇ ਬਿਆਨਾਂ ਦੇ ਆਧਾਰ 'ਤੇ ਅਮਨਪ੍ਰੀਤ ਸਿੰਘ ਉਰਫ ਵਿੱਕੀ ਪੁੱਤਰ ਰਾਜਪਾਲ, ਹਰਮਨਜੋਤ ਸਿੰਘ ਉਰਫ ਸੰਘਾ ਪੁੱਤਰ ਬਲਵਿੰਦਰ ਸਿੰਘ, ਇੰਦਰਜੀਤ ਸਿੰਘ ਪੁੱਤਰ ਚਮਕੌਰ ਸਿੰਘ ਵਾਸੀਆਨ ਪਿੰਡ ਦੋਹਲਾ ਅਤੇ ਇਕ ਹੋਰ ਅਣਪਛਾਤੇ ਵਿਅਕਤੀ ਖਿ਼ਲਾਫ ਇਰਾਦਾ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਸੀ ਪਰ ਅੱਜ ਸਵੇਰੇ ਉਕਤ ਨੌਜਵਾਨ ਦੀ ਮੌਤ ਹੋਣ ਤੋਂ ਬਾਅਦ ਇਸ ਮਾਮਲੇ 'ਚ ਕਤਲ ਦੀ ਧਾਰਾ ਦਾ ਵਾਧਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮ੍ਰਿਤਕ ਦਾ ਪੋਸਟ ਮਾਰਟਮ ਕਰਵਾਇਆ ਜਾ ਰਿਹਾ ਹੈ ਅਤੇ ਪੋਸਟਮਾਰਟਮ ਤੋਂ ਉਪਰੰਤ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਜਾਵੇਗੀ।

# ਫਰਜੀ ਫੌਜੀ ਮੇਜਰ ਨੂੰ ਪੁਲਸ ਨੇ ਕੀਤਾ ਗ੍ਰਿਫਤਾਰ, ਵੱਡੇ ਰੈਂਕ ਦੇ ਅਫਸਰਾਂ ਦੀਆਂ ਵਰਦੀਆਂ ਬਰਾਮਦ

ਅੰਮ੍ਰਿਤਸਰ 26 ਮਾਰਚ। ਥਾਣਾ ਡੀ ਡਵੀਜਨ ਦੀ ਪੁਲਸ ਨੇ ਫਰਜੀ ਫੌਜੀ ਮੇਜਰ ਨੂੰ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ, ਜਿਸ ਦੇ ਕਬਜੇ 'ਚੋਂ ਭਾਰਤੀ ਫੌਜ ਦੀਆਂ ਵੱਖ-ਵੱਖ ਰੈਂਕਾਂ ਦੀਆਂ ਵਰਦੀਆਂ ਅਤੇ ਆਈ. ਡੀ. ਪਰੂਫ ਬਰਾਮਦ ਹੋਏ ਹਨ। ਇਹ ਖੁਲਾਸਾ ਪ੍ਰੈੱਸ ਕਾਨਫਰੰਸ ਦੌਰਾਨ ਡੀ. ਸੀ. ਪੀ. ਸਿਟੀ ਡਾ. ਪ੍ਰਗਿਆ ਜੈਨ ਆਈ. ਪੀ. ਐੱਸ. ਨੇ ਕਰਦਿਆਂ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਮੁਲਜਮ ਦੀ ਪਛਾਣ ਸੰਦੀਪ ਸਿੰਘ ਪੁੱਤਰ ਦਰਸਨ ਸਿੰਘ ਵਾਸੀ ਪਿੰਡ ਚੀਕਾਣਾ, ਅਨੰਦਪੁਰ ਸਾਹਿਬ ਵਜੋਂ ਹੋਈ ਹੈ। ਡੀ. ਸੀ. ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਸੂਚਨਾ ਮਿਲੀ ਸੀ ਕਿ ਥਾਣਾ ਡੀ ਡਵੀਜਨ ਅਧੀਨ ਪੈਂਦੀ ਪੁਲਸ ਚੌਕੀ ਦੁਰਗਿਆਣਾ ਦੇ ਗੋਲਬਾਗ ਇਲਾਕੇ ਨੇੜੇ ਇਕ ਵਿਅਕਤੀ ਨੂੰ ਸੱਕੀ ਹਾਲਤ ਵਿਚ ਦੇਖਿਆ ਗਿਆ। ਉਕਤ ਵਿਅਕਤੀ ਨੇ ਭਾਰਤੀ ਫੌਜ ਦੇ ਅਧਿਕਾਰੀ ਦੀ ਵਰਦੀ ਪਾਈ ਹੋਈ ਸੀ, ਜਿਸ ਦੇ ਮੋਢਿਆਂ 'ਤੇ ਵੱਡੇ ਰੈਂਕ ਦੇ ਬੈਚ ਲੱਗੇ ਹੋਏ ਸਨ। ਇਸ 'ਤੇ ਕਾਰਵਾਈ ਕਰਦੇ ਹੋਏ ਥਾਣਾ ਡੀ ਡਵੀਜਨ ਦੇ ਮੁਖੀ ਇੰਸਪੈਕਟਰ ਸੁਖਿੰਦਰ ਸਿੰਘ ਅਤੇ ਪੁਲਸ ਚੌਕੀ ਦੁਰਗਿਆਣਾ ਦੇ ਇੰਚਾਰਜ ਏ. ਐੱਸ. ਆਈ. ਸੁਖਦੇਵ ਸਿੰਘ ਦੀ ਅਗਵਾਈ ਹੇਠਲੀ ਟੀਮ ਨੇ ਉਕਤ ਵਿਅਕਤੀ ਨੂੰ ਕਾਬੂ ਕਰ ਲਿਆ, ਜਿਸ ਤੋਂ ਪਛਾਣ ਪੱਤਰ ਮੰਗਣ 'ਤੇ ਕੋਈ ਵੀ ਢੁੱਕਵਾਂ ਸਬੂਤ ਪੇਸ਼ ਨਹੀਂ ਕਰ ਸਕਿਆ, ਜਿਸ ਨੂੰ ਤੁਰੰਤ ਹਿਰਾਸਤ ਵਿਚ ਲਿਆ ਗਿਆ। ਡੀ. ਸੀ. ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਤਫਤੀਸ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਉਕਤ ਮੁਲਜਮ ਪਿਛਲੇ ਕਾਫੀ ਸਮੇਂ ਤੋਂ ਫੌਜੀ ਅਫਸਰਾਂ ਦੀਆਂ ਵਰਦੀਆਂ ਪਾ ਕੇ ਅਤੇ ਫੌਜ ਵਿਚ ਉੱਚ



ਅਧਿਕਾਰੀ ਹੋਣ ਦਾ ਬਹਾਨਾ ਲਾ ਕੇ ਆਮ ਲੋਕਾਂ ਨੂੰ ਗੁੰਮਰਾਹ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਉਸ ਕੋਲੋਂ ਮਿਲੇ ਪਛਾਣ ਪੱਤਰਾਂ ਦੇ ਦਸਤਾਵੇਜੀ ਜਾਂਚ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁਲਜਮ ਨੂੰ ਅਦਾਲਤ ਵਿਚ ਪੇਸ ਕਰ ਕੇ ਉਸ ਦਾ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਉਸ ਕੋਲੋਂ ਸਾਜਿ਼ਸਾਂ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਜਿਸ ਵਿਚ ਕੁਝ ਹੋਰ ਖੁਲਾਸੇ ਹੋਣੇ ਬਾਕੀ ਹਨ। ਥਾਣਾ ਡੀ ਡਵੀਜਨ ਦੇ ਇੰਚਾਰਜ ਇੰਸਪੈਕਟਰ ਸੁਖਿੰਦਰ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਮੁਲਜਮ ਖਿ਼ਲਾਫ ਧਾਰਾ 420, 171, 140, 467, 68,71 ਅਤੇ ਵਧੀਕ ਸਰਕਾਰੀ ਸੀਕਰੇਟ ਐਕਟ/6 (ਏ) 1923 ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਫੜੇ ਗਏ ਮੁਲਜਮ ਸੰਦੀਪ ਸਿੰਘ ਨੇ ਦੱਸਿਆ ਕਿ ਉਸ ਨੇ ਦੇਹਰਾਦੂਨ, ਉੱਤਰ ਪ੍ਰਦੇਸ ਤੋਂ ਫੌਜ ਦੀਆਂ ਵਰਦੀਆਂ ਅਤੇ ਹੋਰ ਸਾਮਾਨ ਖਰੀਦਿਆ ਸੀ। ਬਰਾਮਦ ਕੀਤੀਆਂ ਗਈਆਂ ਵਸਤੂਆਂ ਵਿੱਚੋਂ ਕਈ ਜਾਅਲੀ ਸਨਾਖਤੀ ਕਾਰਡ, ਮੈਡਲ, ਭਾਰਤੀ ਫੌਜ ਦਾ ਪ੍ਰਿੰਟਿਡ ਬੈਗ, ਭਾਰਤੀ ਫੌਜ ਦੇ ਰੈਪਰ ਵਿਚ ਗਰਮ ਸਵੈਟਰ, ਵੇਸਟ ਆਦਿ ਅਤੇ ਕਾਫੀ ਸਮੱਗਰੀ ਬਰਾਮਦ ਹੋਈ ਹੈ। ਇਸ 'ਤੇ ਇਸ ਦਾ ਨਾਂ 'ਸੰਦੀਪ ਸਿੰਘ' ਵੀ ਛਪਿਆ ਹੋਇਆ ਹੈ। ਇਸ ਵਿਅਕਤੀ ਕੋਲੋਂ ਬਰਾਮਦ ਹੋਈਆਂ ਵਸਤੂਆਂ ਅਤੇ ਕੱਪੜਿਆਂ ਨੂੰ ਦੇਖ ਕੇ ਕੋਈ ਵੀ ਅੰਦਾਜਾ ਨਹੀਂ ਲਗਾ ਸਕਦਾ ਕਿ ਇਹ ਵਿਅਕਤੀ ਫਰਜੀ ਮੇਜਰ ਫੌਜੀ ਹੈ। ਪੁਲਸ ਜਾਂਚ ਵਿਚ ਇਹ ਤੱਥ ਵੀ ਸਾਹਮਣੇ ਆਇਆ ਹੈ ਕਿ ਉਕਤ ਮੁਲਜਮ ਫੌਜ ਦੀ ਵਰਦੀ ਪਾ ਕੇ ਰੁੜਕੀ ਅਤੇ ਜੰਮੂ ਵਰਗੇ ਸੰਵੇਦਨਸੀਲ ਫੌਜੀ ਇਲਾਕਿਆਂ ਵਿਚ ਗਿਆ ਸੀ। ਇਸ ਤੋਂ ਇਲਾਵਾ ਉਹ ਅੰਮ੍ਰਿਤਸਰ ਦੀ ਆਰਮੀ ਛਾਉਣੀ ਵਿਚ ਵੀ ਗਿਆ ਸੀ। ਇਨ੍ਹਾਂ ਇਲਾਕਿਆਂ ਵਿਚ ਜੰਮੂ ਅਤੇ ਅੰਮ੍ਰਿਤਸਰ-ਪਾਕਿਸਾਨ ਦੀ ਸਰਹੱਦ ਤੋਂ ਸਟੇ ਹੋਏ ਇਲਾਕੇ ਹਨ। ਇਸ ਮੌਕੇ ਉਨ੍ਹਾਂ ਨਾਲ ਏ. ਡੀ. ਸੀ. ਪੀ ਦਰਪਨ ਆਹਲੂਵਾਲੀਆ, ਏ. ਸੀ. ਪੀ, ਸੁਰਿੰਦਰ ਸਿੰਘ ਆਦਿ ਹਾਜਰ ਸਨ।


ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਫੋਨ ਕਰ ਕਿਹਾ, ਮੈਂ ਗੈਂਗਸਟਰ ਜੱਗੂ ਭਗਵਾਨਪੁਰੀਆ ਬੋਲਦਾਂ ਤੇ ਮੰਗੀ 5 ਲੱਖ ਦੀ ਫਿਰੌਤੀ

ਨਕੋਦਰ 26 ਮਾਰਚ। ਪੰਜਾਬ 'ਚ ਗੈਂਗਸਟਰਾਂ ਵੱਲੋਂ ਲੋਕਾਂ ਨੂੰ ਡਰਾ ਧਮਕਾ ਕੇ ਫਿਰੌਤੀ ਮੰਗਣ ਦੀਆਂ ਘਟਨਾਵਾਂ ਦਿਨੋ-ਦਿਨ ਵਧਦੀਆਂ ਹੀ ਜਾ ਰਹੀਆਂ ਹਨ। ਹੁਣ ਤਾਜੀ ਘਟਨਾ ਨਕੋਦਰ ਦੀ ਹੈ। ਇਥੇ ਗੈਂਗਸਟਰਾਂ ਵੱਲੋਂ ਨਕੋਦਰ ਦੇ ਕਈ ਜਿਊਲਰ ਸ਼ਾਪ ਦੇ ਮਾਲਕਾਂ ਤੋਂ ਫੋਨ 'ਤੇ ਵ੍ਹਟਸਐਪ ਕਾਲ ਕਰਕੇ ਲੱਖਾਂ ਰੁਪਏ ਦੀ ਫਿਰੌਤੀ ਮੰਗੀ ਹੈ। ਫਿਰੌਤੀ ਨਾ ਦੇਣ ਦੀ ਸੂਰਤ 'ਚ ਖਮਿਆਜਾ ਭੁਗਤਣ ਦੀ ਧਮਕੀ ਦਿੱਤੀ ਗਈ, ਜਿਸ ਕਾਰਨ ਸ਼ਹਿਰ ਦੇ ਲੋਕਾਂ ਅਤੇ ਖਾਸ ਕਰਕੇ ਵਪਾਰੀਆਂ 'ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਸਿਟੀ ਥਾਣੇ 'ਚ ਵਪਾਰੀਆਂ ਦੀ ਸ?ਿਕਾਇਤ 'ਤੇ ਪਿਛਲੇ 4 ਦਿਨਾਂ 'ਚ 2 ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ। ਪੁਲਸ ਨੂੰ ਦਿੱਤੀ ਸ?ਿਕਾਇਤ 'ਚ ਅਮਿਤ ਕੰਵਰ ਵਾਸੀ ਨਕੋਦਰ ਨੇ ਦੱਸਿਆ ਕਿ ਉਸ ਦੀ ਜਿਊਲਰ ਦੀ ਦੁਕਾਨ ਹੈ। ਬੀਤੀ ਮਿਤੀ 14 ਮਾਰਚ ਨੂੰ ਉਹ ਆਪਣੀ ਦੁਕਾਨ 'ਤੇ ਸੀ ਤਾਂ ਕਿਸੇ ਨੇ ਫੋਨ 'ਤੇ ਵ੍ਹਟਸਐਪ ਕਾਲ ਕਰਕੇ 5 ਲੱਖ ਰੁਪਏ ਦੀ ਫਿਰੌਤੀ ਮੰਗੀ ਅਤੇ ਕਿਹਾ ਕਿ ਉਹ ਨਾਮੀ ਗੈਂਗਸਟਰ ਜੱਗੂ ਭਗਵਾਨਪੁਰੀਆ ਕਪੂਰਥਲਾ ਜੇਲ੍ਹ 'ਚੋਂ ਬੋਲਦਾ ਹਾਂ। ਉਸ ਨੇ ਧਮਕੀ ਦਿੱਤੀ ਕਿ ਜੇਕਰ ਪੈਸੇ ਨਾ ਦਿੱਤੇ ਤਾਂ ਉਸ ਨੂੰ ਗੋਲੀ ਮਾਰ ਦਿੱਤੀ ਜਾਵੇਗੀ। ਇਸ ਤੋਂ ਬਾਅਦ ਉਕਤ ਵਿਅਕਤੀ ਲਗਾਤਾਰ ਫੋਨ ਕਰਕੇ ਧਮਕਾਉਂਦਾ ਆ ਰਿਹਾ ਹੈ। ਉਸ ਨੂੰ ਬਾਜਾਰ 'ਚੋਂ ਪਤਾ ਲੱਗਾ ਹੈ ਕਿ ਉਕਤ ਵਿਅਕਤੀ ਬਾਜਾਰ 'ਚ 4-5 ਹੋਰ ਵਿਅਕਤੀਆ ਨੂੰ ਅਜਿਹੇ ਫੋਨ ਕਰਕੇ ਗੋਲੀ ਮਾਰਨ ਦੀ ਧਮਕੀ ਦੇ ਕੇ ਪੈਸੇ ਦੀ ਮੰਗ ਕਰ ਰਿਹਾ ਹੈ। ਇਸ ਸਬੰਧੀ ਉਸ ਨੇ ਆਪਣੇ ਤੌਰ ਤੇ ਧਮਕੀ ਵਾਲੀ ਆਡੀਓ ਸਹਿਰ ਦੇ ਜਾਣਕਾਰਾਂ ਨੂੰ ਸੁਣਾਈ ਤਾਂ ਪਤਾ ਲੱਗਾ ਕਿ ਉਪਰੋਕਤ ਫੋਨ ਸੰਦੀਪ ਸਿੰਘ ਉਰਫ ਸੰਨੀ ਪੁੱਤਰ ਪਰਮਿੰਦਰ ਸਿੰਘ ਵਾਸੀ ਪ੍ਰੀਤ ਨਗਰ ਨਕੋਦਰ ਸਿਟੀ ਕਰ ਰਿਹਾ ਹੈ, ਜੋ ਪਿਛਲੇ 5-6 ਸਾਲ ਤੋਂ ਕੈਨੇਡਾ 'ਚ ਰਹਿ ਰਿਹਾ ਹੈ, ਜੋ ਇਹ ਆਪਣੇ ਸਾਥੀਆਂ ਨਾਲ ਮਿਲ ਕੇ ਫਿਰੌਤੀ ਦੀ ਮੰਗ ਕਰ ਰਿਹਾ ਹੈ। ਉਧਰ ਇਸ ਮਾਮਲੇ ਸਬੰਧੀ ਸਿਟੀ ਥਾਣਾ ਮੁਖੀ ਇੰਸ. ਸਜੀਵ ਕਪੂਰ ਨੇ ਦੱਸਿਆ ਕਿ ਅਮਿਤ ਕੰਵਰ ਦੇ ਬਿਆਨਾਂ 'ਤੇ ਸੰਦੀਪ ਸਿੰਘ ਉਰਫ ਸੰਨੀ ਪੁੱਤਰ ਪਰਮਿੰਦਰ ਸਿੰਘ ਤੇ ਅਣਪਛਾਤੇ ਸਾਥੀਆਂ ਖ?ਿਲਾਫ ਥਾਣਾ ਸਿਟੀ ਨਕੋਦਰ ਵਿਖੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਪੱਟੀ 'ਚ ਮੋਟਰਸਾਈਕਲ ਚੋਰ ਗਿਰੋਹ ਸਰਗਰਮ, 6 ਮੋਟਰ ਸਾਈਕਲ ਤੇ ਐਕਟਿਵਾ ਚੋਰੀ

ਪੱਟੀ 26 ਮਾਰਚ। ਪੱਟੀ ਸ਼ਹਿਰ ਅੰਦਰ ਮੋਟਰ ਸਾਈਕਲ ਗਿਰੋਹ ਸਰਗਰਮ ਹੈ। ਰੋਜ਼ਾਨਾ ਸ਼ਹਿਰ ਅੰਦਰੋ ਲੋਕਾਂ ਦੇ ਮੋਟਰ ਸਾਈਕਲ ਚੋਰੀ ਹੋ ਰਹੇ ਹਨ ਪਰ ਪੁਲਸ ਪ੍ਰਸ਼ਾਸਨ ਦਾ ਇਸ ਪਾਸੇ ਕੋਈ ਧਿਆਨ ਨਹੀਂ ਹੈ। ਬੇਸ਼ੱਕ ਸਬੰਧਤ ਥਾਣਿਆਂ ਅੰਦਰ ਪੁਲਸ ਦੀ ਨਫਰੀ ਘੱਟ ਹੈ ਪਰ ਲੋਕ ਪੁਲਸ ਨੂੰ ਕੋਸ ਰਹੇ ਹਨ। ਇਥੇ ਕਈ ਵਾਰ ਮੋਬਾਈਲ ਝਪਟਮਾਰ ਅੱਖ ਝਪਟਦਿਆਂ ਹੀ ਰਾਹਗੀਰਾਂ ਕੋਲੋਂ ਮੋਬਾਈਲ ਫੋਨ ਖੋਹ ਕੇ ਫਰਾਰ ਹੋ ਜਾਂਦੇ ਹਨ। ਜੇਕਰ ਪੱਟੀ ਸ਼ਹਿਰ ਵਿਚ ਤਾਜ਼ਾ ਘਟਨਾਵਾਂ ਦੀ ਗੱਲ ਕੀਤੀ ਜਾਵੇ ਤਾਂ ਪਿਛਲੇ ਇਕ ਹਫਤੇ ਵਿਚ 6 ਮੋਟਰ ਸਾਈਕਲ ਅਤੇ ਐਕਟਿਵਾ ਸਕੂਟਰੀ ਚੋਰੀ ਹੋਈ ਹੈ। ਜਾਣਕਾਰੀ ਮੁਤਾਬਕ ਸ਼ਿਵਰਾਤਰੀ ਵਾਲੇ ਦਿਨ ਦੋ ਮੋਟਰ ਸਾਈਕਲ ਚੋਰੀ ਹੋਏ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਹਰਜਿੰਦਰ ਸਿੰਘ ਪੁੱਤਰ ਸਵ: ਮੋਹਨ ਸਿੰਘ ਵਾਰਡ ਨੰਬਰ 13 ਨੇ ਦੱਸਿਆ ਕਿ ਉਸਦਾ ਬਜਾਜ ਪਲਸਰ ਮੋਟਰ ਸਾਈਕਲ ਨੀਲਾ ਰੰਗ ਉਨ੍ਹਾਂ ਦੇ ਘਰ ਦੇ ਬਾਹਰੋਂ ਚੋਰੀ ਹੋ ਗਿਆ। ਜਿਸ ਦੀ ਸੀ. ਸੀ. ਟੀ. ਵੀ. ਫੁਟੇਜ ਵੀ ਸਾਹਮਣੇ ਆਈ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪਹਿਲਾਂ ਉਨ੍ਹਾਂ 112 ਨੰਬਰ 'ਤੇ ਪੁਲਸ ਨੂੰ ਸੂਚਨਾ ਦਿੱਤੀ ਅਤੇ ਪੱਟੀ ਸਿਟੀ ਥਾਣੇ ਵੀ ਦਰਖਾਸਤ ਦਿੱਤੀ। ਇਸ ਤਰ੍ਹਾਂ ਪੱਟੀ ਦੀ ਵਾਰਡ ਨੰਬਰ 18 ਨਿਵਾਸੀ ਜਗਰੂਪ ਸਿੰਘ ਪਟਵਾਰੀ ਨੇ ਦੱਸਿਆ ਕਿ ਉਨ੍ਹਾਂ ਦਾ




ਸਪਲੈਂਡਰ ਮੋਟਰ ਸਾਈਕਲ ਘਰ ਦੇ ਬਾਹਰੋਂ ਚੋਰੀ ਹੋ ਗਿਆ ਜਿਸ ਦੀ ਸੀ. ਸੀ. ਟੀ. ਵੀ. ਫੁਟੇਜ ਵੀ ਮਿਲੀ ਹੈ ਪਰ ਉਸ ਦੀ ਅਜੇ ਤੱਕ ਸ਼ਨਾਖ਼ਤ ਨਹੀਂ ਹੋ ਪਾ ਰਹੀ। ਇਸ ਤੋਂ ਇਲਾਵਾ ਗੁਰਪ੍ਰੀਤ ਸਿੰਘ ਗੋਰਾ ਵਾਰਡ ਨੰਬਰ 10 ਨੇ ਦੱਸਿਆ ਕਿ ਉਨ੍ਹਾਂ ਦਾ ਸਪਲੈਂਡਰ ਮੋਟਰ ਸਾਈਕਲ ਗੁਰਦੁਆਰਾ ਬਾਬਾ ਬਿਧੀ ਚੰਦ ਨੇੜਿਓ ਦੁਕਾਨ ਦੇ ਬਾਹਰੋਂ ਚੋਰੀ ਹੋ ਗਿਆ ਹੈ। ਇਸ ਤੋਂ ਇਲਾਵਾ ਸੰਨੀ ਮਹਿਤਾ ਪੁੱਤਰ ਵਿਜੇ ਕੁਮਾਰ ਵਾਸੀ ਪੱਟੀ ਨੇ ਦੱਸਿਆ ਕਿ ਉਨ੍ਹਾਂ ਦਾ ਸਪਲੈਂਡਰ ਮੋਟਰ ਸਾਈਕਲ ਮਾਂ ਬਗਲਾ ਮੁੱਖੀ ਧਾਮ ਮੰਦਰ ਦੇ ਬਾਹਰੋਂ ਚੋਰੀ ਹੋ ਗਿਆ ਹੈ। ਅਸ਼ਵਨੀ ਕੁਮਾਰ ਮਹਿਤਾ ਨੇ ਦੱਸਿਆ ਕਿ ਉਨ੍ਹਾਂ ਦਾ ਸਪਲੈਂਡਰ ਮੋਟਰ ਸਾਈਕਲ ਘਰ ਦੇ ਬਾਹਰੋਂ ਚੋਰੀ ਹੋ ਗਿਆ ਹੈ। ਟਿੱਕਾ ਸਿੰਘ ਬਿਜਲੀ ਵਾਲੇ ਨੇ ਦੱਸਿਆ ਕਿ ਉਨ੍ਹਾਂ ਦਾ ਸਪਲੈਂਡਰ ਮੋਟਰ ਸਾਈਕਲ ਸ਼ਹੀਦ ਸੋਹਨ ਲਾਲ ਪਾਠਕ ਨੇੜੇ ਬੈਂਕ ਦੇ ਬਾਹਰੋਂ ਚੋਰੀ ਹੋ ਗਿਆ ਹੈ। ਗੁਰਪ੍ਰੀਤ ਸਿੰਘ ਧੁੰਨਾ ਨੇ ਦੱਸਿਆ ਕਿ ਉਨ੍ਹਾਂ ਦੀ ਐਕਟਿਵਾ ਸਕੂਟਰੀ ਕੁਝ ਦਿਨ ਪਹਿਲਾਂ ਪੱਟੀ ਦੇ ਜੋਸ਼ੀਆਂ ਵਾਲਾ ਮੁਹੱਲਾ ਵਿਚੋਂ ਚੋਰੀ ਹੋ ਗਈ ਹੈ ਜੋ ਅਜੇ ਤੱਕ ਨਹੀਂ ਮਿਲੀ। ਇਸ ਮੌਕੇ ਇਲਾਕੇ ਦੇ ਲੋਕਾਂ ਨੇ ਕਿਹਾ ਕਿ ਲੋਕਾਂ ਦਾ ਘਰਾਂ 'ਚੋਂ ਨਿਕਲਣਾ ਵੀ ਮੁਸ਼ਕਿਲ ਹੋ ਗਿਆ ਹੈ। ਚੋਰ ਬੇਲਗਾਮ ਹੋ ਕਿ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ ਪਰ ਲੋਕਾਂ ਦੀ ਕਿਤੇ ਕੋਈ ਸੁਣਵਾਈ ਨਹੀਂ ਹੋ ਰਹੀ ਹੈ।

## ਫਿਸ਼ ਪਾਰਕ 'ਚ ਲੱਗੀ ਭਿਆਨਕ ਅੱਗ, ਸ਼ੈੱਡ ਸੜ ਕੇ ਸੁਆਹ

ਗੁਰਦਾਸਪੁਰ 26 ਮਾਰਚ। ਸਥਾਨਕ ਸਿਵਲ ਲਾਈਨ ਰੋਡ 'ਤੇ ਸਥਿਤ ਗੁਰਦਾਸਪੁਰ ਦੇ ਪ੍ਰਸਿੱਧ ਫਿਸ਼ ਪਾਰਕ 'ਚ ਬੀਤੇ ਦਿਨ ਦਰੱਖਤਾਂ ਦੇ ਸੁੱਕੇ ਪੱਤਿਆਂ ਨੂੰ ਅਚਾਨਕ ਅੱਗ ਲੱਗ ਗਈ। ਦੇਖਦੇ ਹੀ ਦੇਖਦੇ ਅੱਗ ਇੰਨੀ ਭਿਆਨਕ ਰੂਪ ਧਾਰ ਗਈ ਕਿ ਪਾਰਕ 'ਚ ਲੋਕਾਂ ਦੇ ਬੈਠਣ ਲਈ ਬਣਾਏ ਦੋ ਸ਼ੈੱਡ ਸੜ ਕੇ ਸੁਆਹ ਹੋ ਗਏ। ਇਸ ਸਬੰਧੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ। ਜਾਣਕਾਰੀ ਅਨੁਸਾਰ ਗੁਰਦਾਸਪੁਰ ਦਾ ਇਹ ਮਸ਼ਹੂਰ ਫਿਸ਼ ਪਾਰਕ ਹੈ, ਜਿਸ ਨੂੰ ਹੁਣ ਸ਼ਹੀਦ ਮੇਜਰ ਬਲਵਿੰਦਰ ਸਿੰਘ ਬਾਜਵਾ ਸੈਨਾ ਮੈਡਲ ਪਾਰਕ ਦਾ ਨਾਮ ਦਿੱਤਾ ਗਿਆ ਹੈ। ਇਹ ਪਾਰਕ ਹਮੇਸ਼ਾ ਲੋਕਾਂ ਨਾਲ ਭਰਿਆ ਰਹਿੰਦਾ ਹੈ। ਸਵੇਰੇ-ਸ਼ਾਮ ਤਾਂ ਲੋਕ ਸੈਰ ਕਰਨ ਲਈ ਆਉਂਦੇ ਜਾਂਦੇ ਹਨ ਪਰ ਦੁਪਹਿਰ ਸਮੇਂ ਸਕੂਲੀ ਵਿਦਿਆਰਥੀਆਂ ਤੋਂ ਇਲਾਵਾ ਕਈ ਲੋਕ ਕੁਝ ਸਮਾਂ ਦਰੱਖਤਾਂ ਦੀ ਛਾਂ ਹੇਠ ਬੈਠੇ ਆਰਾਮ ਵੀ ਕਰਦੇ ਨਜ਼ਰ ਆਉਂਦੇ ਹਨ। ਦਰੱਖਤਾਂ ਦੇ ਹੇਠਾਂ ਡਿੱਗੇ ਸੁੱਕੇ ਪੱਤਿਆਂ ਨੂੰ ਅਚਾਨਕ ਅੱਗ ਲੱਗ ਗਈ, ਜਿਸ ਕਾਰਨ ਅੱਗ ਇੰਨੀ ਵਧ ਗਈ ਕਿ ਨਜ਼ਦੀਕ ਬਣੀਆਂ ਦੋ ਸੈੱਡਾਂ ਇਸ ਦੀ ਲਪੇਟ ਵਿਚ ਆ ਗਈਆਂ। ਲੋਕਾਂ ਵੱਲੋਂ ਆਪਣੇ ਤੌਰ 'ਤੇ ਕਾਫੀ ਕੋਸ਼ਿਸ ਅੱਗ ਬੁਝਾਉਣ ਦੀ ਕੀਤੀ ਗਈ ਪਰ ਆਖਿਰ ਨਾ ਬੁਝਣ 'ਤੇ ਫਾਇਰ ਬ੍ਰਿਗੇਡ ਕਰਮਚਾਰੀਆਂ ਨੂੰ ਸੂਚਿਤ ਕੀਤਾ ਗਿਆ, ਜਿਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ।

# ਉੱਤਰੀ ਰੇਲਵੇ ਦੇ ਜਨਰਲ ਮੈਨੇਜਰ ਨੇ ਕੰਮ ਦੀ ਪ੍ਰਗਤੀ ਦਾ ਜਾਇਜਾ ਲਿਆ ਰੇਲਵੇ ਸੰਪਤੀਆਂ ਦੀ ਸੁਰੱਖਿਆ ਅਤੇ ਰੱਖ-ਰਖਾਅ 'ਤੇ ਕੇਂਦ੍ਰਿਤ

ਨਵੀਂ ਦਿੱਲੀ, 26 ਮਾਰਚ ! ਜਨਰਲ ਮੈਨੇਜਰ, ਉੱਤਰੀ ਰੇਲਵੇ, ਸ੍ਰੀ ਸੋਭਨ ਚੌਧਰੀ ਨੇ ਅੱਜ ਮੁੱਖ ਦਫਤਰ, ਬੜੌਦਾ ਹਾਊਸ, ਨਵੀਂ ਦਿੱਲੀ ਵਿਖੇ ਉੱਤਰੀ ਰੇਲਵੇ ਦੇ ਵਿਭਾਗਾਂ ਦੇ ਮੁਖੀਆਂ ਅਤੇ ਡਿਵੀਜਨਲ ਰੇਲਵੇ ਮੈਨੇਜਰਾਂ ਨਾਲ ਉੱਤਰੀ ਰੇਲਵੇ ਦੀ ਕਾਰਜ ਪ੍ਰਗਤੀ ਦੀ ਸਮੀਖਿਆ ਕੀਤੀ। ਜਨਰਲ ਮੈਨੇਜਰ ਨੇ ਕਿਹਾ ਕਿ ਸੁਰੱਖਿਆ ਸਭ ਤੋਂ ਮਹੱਤਵਪੂਰਨ ਹੈ, ਇਸ ਲਈ ਟਰੈਕ, ਰੋਲਿੰਗ ਸਟਾਕ, ਸਿਗਨਲ ਅਤੇ ਬਿਜਲੀ ਦੀਆਂ ਓਵਰਹੈੱਡ ਤਾਰਾਂ ਦੀ ਸਾਂਭ-ਸੰਭਾਲ ਵੱਲ ਵਧੇਰੇ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਵਿਭਾਗਾਂ ਨੂੰ ਰੇਲਵੇ ਕਰਮਚਾਰੀਆਂ ਲਈ ਨਿਯਮਤ ਸਿਖਲਾਈ ਅਤੇ ਰਿਫਰੈਸਰ ਕੋਰਸ ਆਯੋਜਿਤ ਕਰਨ ਦੀ ਸਲਾਹ ਦਿੱਤੀ ਤਾਂ ਜੋ ਉਨ੍ਹਾਂ ਨੂੰ ਜਾਗਰੂਕ ਕੀਤਾ ਜਾ ਸਕੇ ਅਤੇ ਰੇਲਵੇ ਪ੍ਰਣਾਲੀ ਵਿਚ ਮਨੁੱਖੀ ਗਲਤੀਆਂ ਨੂੰ ਘੱਟ ਕੀਤਾ ਜਾ ਸਕੇ। ਉਨ੍ਹਾਂ ਸਮੂਹ ਵਿਭਾਗਾਂ ਦੇ ਮੁਖੀਆਂ ਅਤੇ ਡਵੀਜਨਲ ਰੇਲਵੇ ਮੈਨੇਜਰਾਂ ਨੂੰ ਹਦਾਇਤ ਕੀਤੀ ਕਿ ਉਹ ਆਉਣ ਵਾਲੇ ਗਰਮੀ ਦੇ ਮੌਸਮ ਦੇ ਮੱਦੇਨਜਰ ਸਿਗਨਲ ਪ੍ਰਣਾਲੀ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਾਰੇ ਲੋੜੀਂਦੇ ਕਦਮ ਚੁੱਕਣ। ਜਨਰਲ ਮੈਨੇਜਰ ਨੇ ਸਿਗਨਲਾਂ ਅਤੇ ਰੇਲ ਵੇਲਡਾਂ ਦੀ ਵਿਆਪਕ



ਅਤੇ ਨਿਰੰਤਰ ਨਿਗਰਾਨੀ ਕਰਨ ਦੇ ਨਾਲ-ਨਾਲ ਰੇਲਵੇ ਟਰੈਕਾਂ ਵਿੱਚ ਦਰਾਰਾਂ ਵੱਲ ਵਿਸੇਸ ਧਿਆਨ ਦੇਣ ਦੇ ਨਿਰਦੇਸ ਦਿੱਤੇ। ਉਨ੍ਹਾਂ ਨੇ ਰੇਲ ਪਟੜੀਆਂ 'ਤੇ ਬਿਜਲੀ ਸੁਰੱਖਿਆ ਦੇ ਨਾਲ-ਨਾਲ ਰੇਲ ਗੱਡੀਆਂ ਦੇ ਨਿਰਵਿਘਨ ਸੰਚਾਲਨ ਲਈ ਰਿਲੇਅ ਅਤੇ ਪੈਨਲ ਰੂਮਾਂ ਦੀ ਸੁਰੱਖਿਆ 'ਤੇ ਧਿਆਨ ਦੇਣ ਦੇ ਨਿਰਦੇਸ ਦਿੱਤੇ। ਉਨ੍ਹਾਂ ਨੇ ਰੇਲਵੇ ਸੰਚਾਲਨ ਵਿਚ ਮਨੁੱਖੀ ਗਲਤੀਆਂ ਨੂੰ ਘੱਟ ਕਰਨ 'ਤੇ ਜੋਰ ਦਿੱਤਾ। ਉਨ੍ਹਾਂ ਨੇ ਵਿਭਾਗ ਦੇ ਮੁਖੀਆਂ ਅਤੇ ਡਵੀਜਨਲ ਰੇਲਵੇ ਮੈਨੇਜਰਾਂ ਨੂੰ ਸਮੇਂ ਦੀ ਪਾਬੰਦਤਾ ਬਣਾਈ ਰੱਖਣ ਅਤੇ ਮਾਲ ਦੀ ਲੋਡਿੰਗ ਅਤੇ ਸੁਰੱਖਿਆ ਨੂੰ ਪਹਿਲ ਦੇਣ ਦੇ ਨਿਰਦੇਸ ਦਿੱਤੇ। ਉਨ੍ਹਾਂ ਰੇਲਵੇ ਵੱਲੋਂ ਦਿੱਤੀਆਂ ਜਾ ਰਹੀਆਂ ਰਿਆਇਤਾਂ ਅਤੇ ਉਪਾਵਾਂ ਨੂੰ ਗਾਹਕਾਂ ਤੱਕ ਪਹੁੰਚਾਉਣ ਦੀਆਂ ਹਦਾਇਤਾਂ ਵੀ ਦਿੱਤੀਆਂ। ਉਨਾਂ ਇਹ ਵੀ ਦੱਸਿਆ ਕਿ ਹਰ ਬੀਤਦੇ ਮਹੀਨੇ ਦੇ ਨਾਲ ਅਨਾਜ ਅਤੇ ਹੋਰ ਵਸਤਾਂ ਦੀ ਖੇਪ ਵਿੱਚ ਜ?ਿਕਰਯੋਗ ਵਾਧਾ ਹੋਇਆ ਹੈ। ਉੱਤਰੀ ਰੇਲਵੇ ਆਪਣੇ ਗਾਹਕਾਂ ਨੂੰ ਸੁਰੱਖਿਅਤ, ਸੁਵਿਧਾਜਨਕ ਅਤੇ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਪੁਲਸ ਨੂੰ ਮਿਲੀ ਵੱਡੀ ਸਫਲਤਾ, ਫਿਰੋਜਪੁਰ 'ਚ ਪਾਕਿਸਤਾਨੀ ਡਰੋਨ ਵੱਲੋਂ ਸੁੱਟੀ 7 ਕਿਲੋ ਹੈਰੋਇਨ ਬਰਾਮਦ

ਫ?ਿਰੋਜ਼ਪੁਰ 26 ਮਾਰਚ। ਬੀ. ਐੱਸ. ਐੱਫ. ਦੀ 182 ਬਟਾਲੀਅਨ ਅਧੀਨ ਸਰਹੱਦੀ ਸੀਮਾ ਚੌਕੀ ਗੱਟੀ ਮਸਤਾ ਨੰਬਰ-2 ਦੇ ਏਰੀਏ ਅਤੇ ਪੁਲਸ ਥਾਣਾ ਮਮਦੋਟ ਅਧੀਨ ਆਉਂਦੇ ਪਿੰਡ ਚੱਕ ਦੋਨਾ ਰਹੀਮੇ ਕੇ ਦੇ ਰਕਬੇ 'ਚ ਪੁਲਸ ਨੂੰ ਹੈਰੋਇਨ ਦੇ 7 ਪੈਕੇਟ ਬਰਾਮਦ ਹੋਏ ਹਨ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਸਬ-ਇੰਸਪੈਕਟਰ ਜੱਜਪਾਲ ਸਿੰਘ ਕੰਗ ਨੇ ਦੱਸਿਆ ਕਿ ਹਰਵਿੰਦਰ ਸਿੰਘ ਕਪਤਾਨ ਪੁਲਸ ਇਨਵੈਸਟੀਗੇਸਨ ਕਪੂਰਥਲਾ ਅਤੇ ਮੁਖਤਿਆਰ ਰਾਏ ਕਪਤਾਨ ਪੁਲਸ ਫਗਵਾੜਾ ਨੇ ਪੁਲਸ ਪਾਰਟੀ ਸਮੇਤ ਪਹੁੰਚ ਕੇ ਆਈ. ਪੀ. ਐੱਸ. ਰਣਧੀਰ ਕੁਮਾਰ ਕਪਤਾਨ ਪੁਲਸ ਇਨਵੈਸਟੀਗੇਸ਼ਨ ਫ?ਿਰੋਜ਼ਪੁਰ ਅਤੇ ਸੰਦੀਪ ਸਿੰਘ ਉਪ ਕਪਤਾਨ ਪੁਲਸ ਫ?ਿਰੋਜ਼ਪੁਰ ਦਿਹਾਤੀ ਨੂੰ ਸੂਚਨਾ ਦਿੱਤੀ ਕਿ ਗੱਟੀ ਮਸਤਾ ਨੰਬਰ 2 ਦੇ ਏਰੀਏ 'ਚ ਮਿਤੀ 14-15 ਮਾਰਚ ਦੀ ਦਰਮਿਆਨੀ ਰਾਤ ਨੂੰ ਪਾਕਿਸਤਾਨ ਵੱਲੋਂ ਇਕ ਡਰੋਨ ਆਇਆ, ਜੋ ਕੋਈ ਸ਼ੱਕੀ ਵਸਤੂ ਇਸ ਇਲਾਕੇ 'ਚ ਸੁੱਟ ਕੇ ਵਾਪਸ ਚਲਾ ਗਿਆ ਹੈ। ਥਾਣਾ ਮੁਖੀ ਨੇ ਦੱਸਿਆ ਕਿ ਮਿਲੀ ਸੂਚਨਾ ਦੇ ਆਧਾਰ 'ਤੇ ਉਪਰੋਕਤ ਉੱਚ ਅਧਿਕਾਰੀਆਂ ਨਾਲ ਉਹ ਆਪਣੀ ਪੂਰੀ ਪੁਲਸ ਟੀਮ ਸਮੇਤ ਸਰਹੱਦੀ ਚੌਕੀ ਗੱਟੀ ਮਸਤਾ ਨੰਬਰ 2 ਦੇ ਇਲਾਕੇ ਵਿਚ ਪੈਂਦੇ ਪਿੰਡ ਚੱਕ ਦੋਨਾ, ਰਹੀਮੇ ਕੇ ਵਿਖੇ ਪਹੁੰਚੇ। ਇਸ ਦੌਰਾਨ ਕਿਸਾਨ ਹੱਸਾ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਪਿੰਡ ਚੱਕ ਦੋਨਾ ਰਹੀਮੇ ਕੇ ਉਤਾੜ



ਘੋੜਾ ਚੱਕ ਨੇ ਇਤਲਾਹ ਦਿੱਤੀ ਕਿ ਉਸ ਦੀ ਮੋਟਰ ਦੇ ਨਾਲ ਲੱਗਦੇ ਕਣਕ ਦੇ ਖੇਤ ਵਿਚ ਚਿੱਟੇ ਰੰਗ ਦੇ ਕੱਪੜੇ 'ਚ ਕੋਈ ਸ਼ੱਕੀ ਵਸਤੂ ਪਈ ਜਾਪਦੀ ਹੈ, ਜਿਸ ਤੋਂ ਬਾਅਦ ਸਾਰੇ ਅਫਸਰਾਂ ਅਤੇ ਪੁਲਸ ਪਾਰਟੀ ਨੇ ਮੌਕੇ 'ਤੇ ਪਹੁੰਚ ਕੇ ਕੱਪੜੇ ਦੇ ਪੁਲੰਦੇ ਨੂੰ ਖੋਲ੍ਹ ਕੇ ਦੇਖਿਆ ਤਾਂ ਉਸ 'ਚੋਂ 7 ਪੈਕੇਟ ਬਰਾਮਦ ਹੋਏ, ਜਿਨ੍ਹਾਂ ਉਪਰ ਪੀਲੇ ਰੰਗ ਦੀਆਂ ਟੇਪਾਂ ਲਪੇਟੀਆਂ ਹੋਈਆਂ ਸਨ। ਪੁਲਸ ਨੇ ਦੱਸਿਆ ਕਿ ਇਸ ਦਾ ਭਾਰ 7 ਕਿਲੋ ਹੈ। ਉਨ੍ਹਾਂ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖ?ਿਲਾਫ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

## ਮੁੰਬਈ 'ਚ ਉਸਾਰੀ ਅਧੀਨ ਇਮਾਰਤ ਦੀ 12ਵੀਂ ਮੰਜਿਲ 'ਤੇ ਮਿਲੀ ਨੌਜਵਾਨ ਦੀ ਹੱਥ-ਪੈਰ ਬੰਨ੍ਹੀ ਲਾਸ

ਮੁੰਬਈ 26 ਮਾਰਚ। ਮੁੰਬਈ ਦੇ ਲਾਲਬਾਗ ਇਲਾਕੇ 'ਚ ਇਕ ਉਸਾਰੀ ਅਧੀਨ ਇਮਾਰਤ ਦੀ 12ਵੀਂ ਮੰਜ?ਿਲ 'ਤੇ ਇਕ 19 ਸਾਲਾ ਮੁੰਡੇ ਦੀ ਲਾਸ਼ ਮਿਲੀ ਹੈ। ਪੁਲਸ ਨੇ ਮੰਗਲਵਾਰ ਨੂੰ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਮ੍ਰਿਤਕ ਦੀ ਪਛਾਣ ਮਸੂਦਮੀਆ ਰਮਜਾਨ ਵਜੋਂ ਹੋਈ ਹੈ।ਘਟਨਾ ਦੀ



ਜਾਣਕਾਰੀ ਦਿੰਦੇ ਹੋਏ ਪੁਲਸ ਨੇ ਕਿਹਾ ਕਿ ਮੁਲਜਮ ਨੇ ਨੌਜਵਾਨ ਨੂੰ ਫਾਂਸੀ ਦੇਣ ਤੋਂ ਪਹਿਲਾਂ ਉਸ ਦੇ ਹੱਥ-ਪੈਰ ਬੰਨ੍ਹ ਦਿੱਤੇ ਸਨ। ਕਾਲਾਚੌਂਕੀ ਪੁਲਸ ਸਟੇਸਨ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਇਕ ਅਣਪਛਾਤੇ ਵਿਅਕਤੀ ਦੇ ਖਿਲਾਫ ਆਈ. ਪੀ. ਸੀ. 302 ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਇਮਾਰਤ 45 ਮੰਜ?ਿਲਾਂ ਦੀ ਬਣਾਈ ਜਾ ਰਹੀ ਹੈ ਅਤੇ ਮ੍ਰਿਤਕ ਉੱਥੇ ਕੰਮ ਕਰਦਾ ਸੀ। ਉਹ ਪੱਛਮੀ ਬੰਗਾਲ ਦਾ ਵਸਨੀਕ ਹੈ। ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਨੇ ਦੱਸਿਆ ਕਿ ਪਿਛਲੇ ਹਫਤੇ ਬੁੱਧਵਾਰ ਨੂੰ ਮੁੰਬਈ ਦੇ ਘਾਟਕੋਪਰ ਖੇਤਰ 'ਚ ਇਕ ਜੋੜਾ ਆਪਣੀ ਰਿਹਾਇਸ ਦੇ ਬਾਥਰੂਮ ਦੇ ਅੰਦਰ ਰਹੱਸਮਈ ਹਲਾਤਾਂ 'ਚ ਮ੍ਰਿਤਕ ਪਾਇਆ ਗਿਆ ਸੀ।

## ਸਹੀਦੀ ਦਿਵਸ 'ਤੇ ਸਹੀਦ ਭਗਤ ਸਿੰਘ ਬ੍ਰਿਗੇਡ ਵੱਲੋਂ ਖੇਡੀ ਗਈ ਬਸੰਤੀ ਹੋਲੀ

ਨਵੀਂ ਦਿੱਲੀ। ਸਹੀਦ-ਏ-ਆਜਮ ਭਗਤ ਸਿੰਘ, ਅਮਰ ਸਹੀਦ ਸੁਖਦੇਵ ਅਤੇ ਰਾਜਗੁਰੂ ਦੇ ਸਹੀਦੀ ਦਿਹਾੜੇ ਮੌਕੇ ਸਾਸਤਰੀ ਨਗਰ ਵਿੱਚ ਸਹੀਦ ਭਗਤ ਸਿੰਘ ਬ੍ਰਿਗੇਡ ਵੱਲੋਂ ਪ੍ਰੋਗਰਾਮ ਕਰਵਾਇਆ ਗਿਆ। ਸਹੀਦ ਭਗਤ ਸਿੰਘ ਬ੍ਰਿਗੇਡ ਦੇ ਮੋਢੀ ਸਹੀਦ ਭਗਤ ਸਿੰਘ ਦੇ ਪੋਤਰੇ ਯਾਦਵਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਹਜਾਰਾਂ ਲੋਕਾਂ ਨੇ ਸਹੀਦ-ਏ-ਆਜਮ ਭਗਤ ਸਿੰਘ, ਅਮਰ ਸਹੀਦ ਸੁਖਦੇਵ ਅਤੇ ਰਾਜਗੁਰੂ ਨੂੰ ਸਰਧਾਂਜਲੀ ਭੇਟ ਕੀਤੀ। ਇਸ ਮੌਕੇ ਦਿੱਲੀ ਵਿੱਚ ਪਹਿਲੀ ਵਾਰ ਸਹੀਦਾਂ ਦੇ ਨਾਂ 'ਤੇ ਬਸੰਤੀ ਹੋਲੀ ਖੇਡੀ ਗਈ। ਪੂਰੀ ਦਿੱਲੀ ਭਗਤ ਸਿੰਘ ਦੇ ਰੰਗ ਵਿੱਚ ਰੰਗੀ ਹੋਈ ਸੀ। ਇਸ ਮੌਕੇ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੇ ਪ੍ਰਸੰਸਕਾਂ ਨੇ ਇੱਕ ਦੂਜੇ ਨੂੰ ਬਸੰਤੀ ਰੰਗ ਲਗਾ ਕੇ ਦਿੱਲੀ ਦੇ ਸਾਸਤਰੀ ਨਗਰ ਵਿੱਚ ਵਿਸਵ ਰਿਕਾਰਡ ਬਣਾਇਆ। ਇਸ ਮੌਕੇ ਸਹੀਦ ਭਗਤ ਸਿੰਘ ਦੇ ਪੋਤਰੇ ਯਾਦਵਿੰਦਰ ਸਿੰਘ ਸੰਧੂ ਨੇ ਸਹੀਦ ਭਗਤ ਸਿੰਘ ਨੂੰ ਯਾਦ ਕਰਦਿਆਂ ਸਹੀਦਾਂ ਦੀਆਂ ਤਿਲ-ਪੱਤਰਾਂ 'ਤੇ ਹਾਰ ਪਾ ਕੇ ਸਰਧਾਂਜਲੀ ਭੇਟ ਕੀਤੀ . ਇਸ ਮੌਕੇ ਯਾਦਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਸਾਨੂੰ ਨੌਜਵਾਨਾਂ ਨੂੰ ਸਹੀਦਾਂ ਦੀਆਂ ਕੁਰਬਾਨੀਆਂ ਅਤੇ ਕੁਰਬਾਨੀਆਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇਸ ਦੀ ਸਰਕਾਰ ਇਨਕਲਾਬੀ ਸਹੀਦਾਂ ਨੂੰ ਭੁਲਾਉਣ ਵਿੱਚ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੇ ਦੇਸ ਭਗਤਾਂ ਦੀ ਸਹਾਦਤ ਨੂੰ ਕਦੇ ਯਾਦ ਨਹੀਂ ਕੀਤਾ ਸਗੋਂ ਨੌਜਵਾਨ ਸਮਾਜ ਨੂੰ ਇਨ੍ਹਾਂ ਇਨਕਲਾਬੀਆਂ ਦੀ ਕੁਰਬਾਨੀ ਤੋਂ ਜਾਣੂ ਕਰਵਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਚਰਨਜੀਵ ਮਲਹੋਤਰਾ ਨੂੰ ਕੋਰੋਨਾ ਯੋਧਾ ਦੱਸਦਿਆਂ ਉਨ੍ਹਾਂ ਕਿਹਾ ਕਿ ਕੋਰੋਨਾ ਦੇ ਦੌਰ ਵਿੱਚ ਜਿਹੜੇ ਲੋਕ ਆਪਣੇ ਪਰਿਵਾਰਕ ਮੈਂਬਰਾਂ ਨੂੰ ਛੂਹਣ ਤੋਂ ਡਰਦੇ ਸਨ, ਉਨ੍ਹਾਂ ਵਿੱਚੋਂ ਸੈਂਕੜੇ ਲਾਸਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਨੇ ਆਪਣੇ ਹੱਥਾਂ ਨਾਲ ਕੀਤਾ। ਤੁਹਾਨੂੰ ਦੱਸ ਦੇਈਏ ਕਿ ਸਹੀਦ ਭਗਤ ਸਿੰਘ ਬ੍ਰਿਗੇਡ ਨੇ ਇਤਿਹਾਸ ਰਚਿਆ, ਇਸ ਦਾ ਨਾਂ ਗੋਲਡਨ ਬੁੱਕ ਆਫ ਵਰਲਡ ਰਿਕਾਰਡ ਵਿੱਚ ਦਰਜ ਹੋ ਗਿਆ। ਸਹੀਦ ਭਗਤ ਸਿੰਘ ਬ੍ਰਿਗੇਡ ਨੇ ਦਿੱਲੀ ਵਿੱਚ ਸਭ ਤੋਂ ਵੱਧ ਲੋਕਾਂ ਵੱਲੋਂ ਬਸੰਤੀ ਰੰਗਾਂ ਨਾਲ ਹੋਲੀ ਖੇਡਣ ਦਾ ਵਿਸਵ ਰਿਕਾਰਡ ਬਣਾਇਆ ਹੈ। ਸਮਾਗਮ ਵਿੱਚ ਹਾਜਰ ਉੱਘੇ ਸਮਾਜ ਸੇਵਕ ਅਤੇ ਕਰੋਨਾ ਯੋਧੇ ਚਰਨਜੀਵ ਮਲਹੋਤਰਾ ਨੇ ਆਜਾਦੀ ਪ੍ਰੇਮੀਆਂ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਨੂੰ ਸਰਧਾਂਜਲੀ ਭੇਂਟ ਕਰਦਿਆਂ ਕਿਹਾ, ਆਜਾਦੀ ਦੇ ਕ੍ਰਾਂਤੀਕਾਰੀਆਂ, ਅਮਰ ਸਹੀਦ ਵੀਰ ਭਗਤ ਸਿੰਘ, ਸੁਖਦੇਵ ਅਤੇ ਸਹੀਦਾਂ ਨੂੰ ਕੋਟਿ ਕੋਟਿ ਪ੍ਰਣਾਮ। ਰਾਜਗੁਰੂ ਉਹਨਾਂ ਦੇ ਸਹੀਦੀ ਦਿਵਸ ਤੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮਹਾਨ ਸਪੂਤਾਂ ਦੀ ਕੁਰਬਾਨੀ ਦੇਸ ਦੀ ਹਰ ਪੀੜ੍ਹੀ ਲਈ ਪ੍ਰੇਰਨਾ ਸਰੋਤ ਬਣੀ ਰਹੇਗੀ।

## ਨਾਬਾਲਗ ਕੁੜੀ ਨਾਲ ਜਬਰ-ਜਿਨਾਹ ਮਾਮਲੇ 'ਚ ਦੋਸ਼ੀ ਨੂੰ 10 ਸਾਲ ਦੀ ਕੈਦ

ਚੰਡੀਗੜ੍ਹ 26 ਮਾਰਚ। ਨਾਬਾਲਗ ਕੁੜੀ ਨਾਲ ਜਬਰ-ਜ?ਿਨਾਹ ਮਾਮਲੇ 'ਚ ਜ਼ਿਲ੍ਹਾ ਅਦਾਲਤ ਨੇ ਦੋਸ਼ੀ ਲੇਖਰਾਜ ਨੂੰ 10 ਸਾਲ ਦੀ ਸਜ਼ਾ ਸੁਣਾਉਂਦੇ ਹੋਏ ਉਸ 'ਤੇ 20 ਹਜ਼ਾਰ ਰੁਪਏ ਜੁਰਮਾਨਾ ਵੀ ਲਾਇਆ ਹੈ। ਪੁਲਸ ਨੇ ਪੀੜਤਾ ਦੀ ਮਾਂ ਦੀ ਸ਼ਿਕਾਇਤ ਦੇ ਆਧਾਰ 'ਤੇ ਜੁਲਾਈ 2019 'ਚ ਮੁਲਜ਼ਮ ਖ?ਿਲਾਫ ਕੇਸ ਦਰਜ ਕੀਤਾ ਸੀ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਪੀੜਤਾ ਦੀ ਮਾਂ ਨੇ ਦੱਸਿਆ ਕਿ ਕੁੱਝ ਦਿਨਾਂ ਤੋਂ ਉਨ੍ਹਾਂ ਦੀ ਧੀ ਦਾ ਵਰਤਾਓ ਅਜੀਬ ਜਿਹਾ ਸੀ। ਉਸ ਨੇ ਧੀ ਤੋਂ ਪੁੱਛਿਆ ਤਾਂ ਉਸਨੇ ਦੱਸਿਆ ਕਿ ਮੁਲਜ਼ਮ 2 ਸਾਲਾਂ ਤੋਂ ਉਸ ਨਾਲ ਜਬਰ-ਜ?ਿਨਾਹ ਕਰ ਰਿਹਾ ਸੀ। ਉਹ ਉਸਨੂੰ ਡਰਾ-ਧਮਕਾ ਕੇ ਉਸ ਨਾਲ ਜਬਰ-ਜ?ਿਨਾਹ ਕਰਦਾ ਰਿਹਾ, ਜਿਸ ਕਾਰਨ ਉਹ ਗਰਭਵਤੀ ਕੁੱਝ ਦਿਨਾਂ ਤੋਂ ਉਨ੍ਹਾਂ ਦੀ ਧੀ ਦਾ ਵਰਤਾਓ ਅਜੀਬ ਜਿਹਾ ਸੀ। ਉਸ ਨੇ ਧੀ ਤੋਂ ਪੁੱਛਿਆ ਤਾਂ ਉਸਨੇ ਦੱਸਿਆ ਕਿ ਮੁਲਜ਼ਮ 2 ਸਾਲਾਂ ਤੋਂ ਉਸ ਨਾਲ ਜਬਰ-ਜ?ਿਨਾਹ ਵੀ ਹੋ ਗਈ ਸੀ। ਉੱਥੇ ਹੀ ਮੁਲਜ਼ਮ ਨੇ ਕਿਹਾ ਕਿ ਉਸ ਨੂੰ ਫਸਾਇਆ ਗਿਆ ਹੈ। ਉਸਦਾ ਕੋਈ ਵੀ ਅਪਰਾਧਿਕ ਰਿਕਾਰਡ ਨਹੀਂ ਹੈ। ਉਸ 'ਤੇ ਪਰਿਵਾਰ ਦੀ ਜ?ਿੰਮੇਵਾਰੀ ਹੈ।

## ਵਿਆਹ ਦੇ ਸੁਫਨੇ ਦਿਖਾ ਪ੍ਰੇਮੀ ਨੇ ਦੂਜੀ ਕੁੜੀ ਨਾਲ ਲਈਆਂ ਲਾਵਾਂ

ਅੰਮ੍ਰਿਤਸਰ 26 ਮਾਰਚ। ਅੰਮ੍ਰਿਤਸਰ ਤੋਂ ਇਕ ਦੁਖਦਾਈ ਖਬਰ ਸਾਹਮਣੇ ਆਈ ਹੈ, ਜਿਥੇ ਪ੍ਰੇਮੀ ਵੱਲੋਂ ਦੂਜੀ ਕੁੜੀ ਨਾਲ ਵਿਆਹ ਕਰਵਾਉਣ ਤੋਂ ਦੁਖੀ ਪ੍ਰੇਮਿਕਾ ਨੇ ਖੁਦਕੁਸ਼ੀ ਕਰ ਲਈ ਗਈ ਹੈ। ਮ੍ਰਿਤਕਾ ਦੀ ਪਛਾਣ ਉੱਤਰ ਪ੍ਰਦੇਸ ਦੇ ਲਖਨਊ ਦੀ ਰਹਿਣ ਵਾਲੀ ਰੇਚਲ ਮੈਥਿਊ ਵਜੋਂ ਹੋਈ ਹੈ। ਜਾਣਕਾਰੀ ਮੁਤਾਬਕ ਉਕਤ ਨੌਜਵਾਨ ਨੇ ਦੁਬਈ 'ਚ ਲੱਖਾਂ ਰੁਪਏ ਦੀ ਠੱਗੀ ਮਾਰਨ ਤੇ ਸਰੀਰਕ ਸ਼ੋਸਣ ਕਰ ਕੁੜੀ ਨੂੰ ਆਪਣੇ ਪਿਆਰ ਦੇ ਜਾਲ 'ਚ ਫਸਾ ਲਿਆ ਅਤੇ ਬਾਅਦ 'ਚ ਦੂਜੀ ਕੁੜੀ ਨਾਲ ਵਿਆਹ ਕਰਵਾ ਲਿਆ। ਜਿਸ ਤੋਂ ਬਾਅਦ ਕੁੜੀ ਨੇ ਪਰੇਸ਼ਾਨ ਹੋ ਕੇ ਖੁਦਕੁਸ਼ੀ ਕਰ ਲਈ। ਪੁਲਸ ਨੇ ਮ੍ਰਿਤਕਾ ਦੀ ਮਾਤਾ ਦੇ ਬਿਆਨਾਂ ਦੇ ਆਧਾਰ 'ਤੇ ਜਲੰਧਰ ਦੇ ਕੁਕੱੜ ਪਿੰਡ ਦੇ ਮੁਲਜਮ ਗੁਰਮਿੰਦਰ ਸਿੰਘ ਅਤੇ ਉਸ ਦੀ ਮਾਂ ਰਵਿੰਦਰ ਕੌਰ ਖ?ਿਲਾਫ ਧਾਰਾ 306 ਦੇ ਤਹਿਤ ਕੇਸ ਦਰਜ ਕੀਤਾ ਹੈ। ਮ੍ਰਿਤਕਾ ਦੀ ਮਾਤਾ ਨੇ ਦੱਸਿਆ ਕਿ ਉਸ ਦੀ ਧੀ ਦੁਬਈ 'ਚ 2 ਸਾਲ ਤੋਂ ਮੁਬਾਇਲ ਦੀ ਦੁਕਾਨ 'ਤੇ ਕੰਮ ਕਰਦੀ ਸੀ ਅਤੇ ਜਲੰਧਰ ਨਿਵਾਸੀ ਗੁਰਮਿੰਦਰ ਸਿੰਘ ਵੀ ਦੁਬਈ 'ਚ ਸਕਿਓਰਿਟੀ ਗਾਰਡ ਦਾ ਕੰਮ ਕਰਦਾ ਹੈ। ਉੱਥੇ ਗੁਰਮਿੰਦਰ ਨੇ ਉਸ ਦੀ ਧੀ ਨੂੰ ਆਪਣੇ ਪਿਆਰ ਜਾਲ 'ਚ ਫਸਾ ਲਿਆ। ਉਨ੍ਹਾਂ ਦੱਸਿਆ ਕਿ ਗਰਮਿੰਦਰ ਨਵੰਬਰ 'ਚ ਜਲੰਧਰ ਵਾਪਸ ਘਰ ਆਇਆ ਸੀ ਅਤੇ 3 ਫਰਵਰੀ ਨੂੰ ਕੁੜੀ ਨੂੰ ਬਿਨਾਂ ਦੱਸੇ ਦੂਜੀ ਕੁੜੀ ਨਾਲ ਵਿਆਹ ਕਰ ਲਿਆ। ਇਸ ਗੱਲ ਦਾ ਪਤਾ ਲੱਗਦਿਆਂ ਹੀ ਕੁੜੀ ਦੁਬਈ ਤੋਂ ਅੰਮ੍ਰਿਤਸਰ ਆ ਗਈ ਅਤੇ ਉੱਥੇ ਹੀ ਇਕ ਹੋਟਲ 'ਚ ਰਹਿ ਰਹੀ ਸੀ।

## ਕਣਕ ਦੀ ਫਸਲ ਲਈ ਮੀਂਹ ਘਿਓ ਦੇ ਬਰਾਬਰ, ਕਿਸਾਨਾਂ ਦੇ ਖਿੜੇ ਚਿਹਰੇ

ਬਹਿਰਾਮਪੁਰ 26 ਮਾਰਚ। ਬੀਤੇ ਦਿਨ ਤੋਂ ਰੁਕ-ਰੁਕ ਕੇ ਪੈ ਰਿਹਾ ਮੀਂਹ ਹਾੜ੍ਹੀ ਦੀਆਂ ਫਸਲਾਂ ਲਈ ਘਿਓ ਦੇ ਕੰਮ ਬਰਾਬਰ ਮੰਨਿਆ ਜਾ ਰਿਹਾ ਹੈ। ਇਸੇ ਵੇਲੇ ਕੋਹਰੇ ਅਤੇ ਠੰਡ ਨਾਲ ਪ੍ਰਭਾਵਿਤ ਫਸਲਾਂ ਲਈ ਮੀਂਹ ਕਾਫੀ



ਲਾਭਦਾਇਕ ਦੱਸਿਆ ਜਾ ਰਿਹਾ ਹੈ, ਦੂਜੇ ਪਾਸੇ ਇਸ ਮੀਂਹ ਕਾਰਨ ਸਰਹੱਦੀ ਖੇਤਰ ਰਾਵੀ ਦਰਿਆ ਤੋਂ ਪਾਰਲੇ ਪਾਸੇ ਵਾਲੇ ਅਤੇ ਉੱਚੀ ਜਮੀਨਾਂ ਵਾਲੇ ਕਿਸਾਨਾਂ ਦੇ ਚਿਹਰੇ ਪੂਰੀ ਤਰ੍ਹਾਂ ਖਿੜੇ ਦਿਖਾਈ ਦੇ ਰਹੇ ਹਨ। ਕਿਸਾਨਾਂ ਅਨੁਸਾਰ ਪਿਛਲੇ ਕਈ ਦਿਨਾਂ ਤੋਂ ਪਹਾੜੀ ਖੇਤਰਾਂ ਵਿਚ ਬਰਫਬਾਰੀ ਤੋਂ ਬਾਅਦ ਇਹ ਖੇਤਰ ਸੁੱਕੀ ਠੰਡ ਫਸਲਾਂ ਦਾ ਭਾਰੀ ਨੁਕਸਾਨ ਕਰ ਰਹੀ ਸੀ। ਕਿਸਾਨ ਕੁਲਵਿੰਦਰ ਸਿੰਘ ਬਰਿਆਰ, ਬਖਸ਼ੀਸ ਸਿੰਘ ਕੌਹਲੀਆ, ਅਮਨਦੀਪ ਸਿੰਘ, ਰੂਪ ਸਿੰਘ, ਸਰੂਪ ਸਿੰਘ ਕਠਿਆਲੀ, ਆਸ਼ੂ ਦੋਰਾਗਲਾ, ਮਹੇਸ਼ ਬਾਊ ਆਦਿ ਨੇ ਦੱਸਿਆ ਕਿ ਚਾਰਾ ਅਤੇ ਸਬਜੀਆਂ ਦੀਆਂ ਫਸਲਾਂ ਕਾਫੀ ਪ੍ਰਭਾਵਿਤ ਹੋ ਰਹੀਆ ਸਨ


**NAME CHANGE**
I, LAEEQ AHMED S/O mumtaz ahmed residing at M-6, 5TH FLR, SUNRISE APPT, SAILING CLUB ROAD, BATLA HOUSE, JAMIA NAGAR, OKHLA, DELHI-110025 changed my name to LAEEQUE AHMAD for all future purposes.

**NAME CHANGE**
I, SIMRAN D/O ASHOK KUMAR residing at H NO-142, 1ST FLOOR, POCKET-12, SECTOR-20, ROHINI, SULTANPURI, C-BLOCK, DELHI-110086 Have changed my name to SIMRAN ANEJA for all future purposes.

**NAME CHANGE**
I, SALAHUDDIN S/O ISLAMUDDIN residing at H NO-1542, FIRST FLOOR, NEAR ASTHA NURSING HOME, PATAUDI HOUSE, DARYA GANJ, DELHI 110002 have changed my name to SALAHUDDIN QURESHI for all future purposes.

**NAME CHANGE**
I, SANAL S/O SATISH KUMAR R/O HOUSE ON 5A, BLOCK -B, SULTAN GARDEN MAIN, NANGLOI ROAD, NAJAFGARH, NEW DELHI -110043 HAVE CHANGED MY NAME FROM SANAL TO SANAL KUMAR FOR ALL FUTURE PURPOSE.

**NAME CHANGE**
I, Tabssum W/o Mohammed Abid R/o A-225/1, 2nd Floor, Gali No.7, Abul Fazal Enclave Part-2, New Delhi-110025, have changed my name to Tabassum Abid for all future purposes.

**NAME CHANGE**
I, Sonam D/O Chattar Singh R/O Satyam Enclave, House No-104,Gali No-02, Chhapraula, Gautam Buddha Nagar, Uttar Pradesh -201009 have changed my name from Sonam to Sonam Singh for all future purpose.

**NAME CHANGE**
I , Suman Kapoor w/o Late Darshan Lal Kapoor R/o House No. 123-A, UG Floor, Street No 5, Nirankari colony, Delhi - 110009 have changed my name and shall hereafter be Known As Suman Lata.

**NAME CHANGE**
I, ARMY NO-14669638L NK B. BALAJI KANNAN S/O BADMANABAN R/O VPO-VEERAPONDI, TEH-THIRUKOILUR, DISTT-VILLUPURAM, TAMIL NADU-605758, have changed my minor daughter's name from JANANI to B. JANANI for all future purposes.

**NAME CHANGE**
I, ABDUL WASEED S/O MOHAMMAD ZALIL AHMAD residing at E-169, E-11, D-BLOCK, BULAND MASJID, SHASTRI PARK, SEELAMPUR, DELHI-110053 have changed my name to ABDUL WASID for all future purpose.



**NAME CHANGE**
I, ABDUL WASEED S/O MOHAMMAD ZALIL AHMAD residing at E-169, E-11, D-BLOCK, BULAND MASJID, SHASTRI PARK, SEELAMPUR, DELHI-110053 have changed my name to ABDUL WASID for all future purpose.



**NAME CHANGE**
I, ANUPAMA SHARMA W/O ANKIT KUMAR SHARMA residing at B2B-42, JANAKPURI, DELHI-110058 changed my name to ANUPAMA MISHRA for all future purposes.

**NAME CHANGE**
I, PARAS S/O OMPARKASH R/O G-88, G/F, PLOT-7, LAXMI NAGAR, DELHI-110092 have changed my name from PARAS to PARAS SANDHU.

**NAME CHANGE**
I, MUSKAN D/O VIJAY residing at H NO-15, UGF, STREET NO-4, PARAS APARTMENT, J&K EXTN, LAXMI NAGAR, DELHI-110092 have changed my name to MUSKAN UPADHYAY for all future purpose.

**NAME CHANGE**
I Karan S/o Madhu Mohan R/o WZ-498 A,Raj Nagar-1,Palam Colony, South West Delhi,Delhi-110045,Have Changed My Name To Karan Sharma For All Purpose

**NAME CHANGE**
I, Ritika D/o Sanjiv kumar R/o ward no.14, old pnb Bank,old alwar road, sohna, gurgaon haryana -122103 have changed my name from Ritika to Ritika Mograi for all future purpose.

**PUBLIC NOTICE**
This is to bring to the notice of the general public that one ID Card of Mr Md Sajid. issued by ICICI Bank ltd. having ID card no. 2211557. has been found missing and/or lost on 01/12/2022. Anyone, who finds the said ID card, is requested to return the said ID card to the Manager Debt Services & Management Group, ICICI Bank Limited, 1st floor, SD Tower Rohini sec 08 Delhi 110085. Therefore, all the customers of ICICI Bank Limited are hereby notified not to make any payment to any unauthorised person holding the said ID card no -2211557. Please take further notice that anybody making payment to any person holding the said ID card shall do so at his/her own costs, risk and peril and ICICI Bank shall not be bound and/or responsible for any payment.

**NAME CHANGE**
I, CHOUGLE JYOTI SURESH W/o NO-8036077L NK CHOUGULE SURESH TILAJI R/o PIMPALGAON PISA, TEHSIL SHRIGONDA, DISTT-AHMADNAGAR, MAHARASHTRA-413703, have changed my name from CHOUGLE JYOTI SURESH to CHOUGULE JYOTI SURESH for all future purposes vide Affidavit dated 30/11/2022 before Notary Public Delhi.

**NAME CHANGE**
I, MASUDA wife of No.-15218669L Rank-NK Name-MD ASRAF HOSSAIN R/O VPO-DHANGARA, TEH-CHANCHAL, DISTT-MALDA, WEST BENGAL-732125 have changed my name from MASUDA to MASUDA KHATUN for all future purposes vide Affidavit dated 03/01/2023 Before Notary Public, Delhi.

**PUBLIC NOTICE**
Be it known to all that my client Devi Ram S/o Thawaria R/o F-92, Balmiki Mohalla, Lado Sarai, New Delhi-110030, have debarred, Disowned his Son Anup from his all movable, immovable properties and severed all his relations with him. In case any body deals with him in any matter shall do so at their own risks and responsibility..
**SANDEEP SHARMA**
ADVOCATE
Chamber No.505,
Patiala House Court,
New Delhi-110002

**PUBLIC NOTICE**
Information is given to general public at large that our clients Mrs. Kirti Menhdiratta is the owner of Freehold Residential First Floor (Front Side) built up on Plot no. 1-J-104, admeasuring 231 Sq. Yards., Situated at New Town Ship, Faridabad, Haryana. From Transfer Deed in Blood Relation dated 30.11.2022 as Doc. No. 5860, in SRO- Badkhal. In the chain document below mentioned documents are not available i.e. Death Certificate & SMC of Late Mr. Mehar Chand, & Probate Order of Will dated 22.03.2000 are not available now Our client is declaring that that any other Person does not have any right over the said property, and same property sold to be Mr. Arjun Aggarwal, Which is to be financed by Piramal Capital & Housing Finance Ltd. Branch: Faridabad Haryana. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained.
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, Suresh Kumar Jagv s/o Babu Lal R/o D-1/72, Gali No-8, Harphool Vihar, Baprola, Najafgarh, Delhi-110043, have changed my name to Suresh Kumar permanently.



**NAME CHANGE**
I, LAEEQ AHMED S/O mumtaz ahmed residing at M-6, 5TH FLR, SUNRISE APPT, SAILING CLUB ROAD, BATLA HOUSE, JAMIA NAGAR, OKHLA, DELHI-110025 changed my name to LAEEQUE AHMAD for all future purposes.

**NAME CHANGE**
I, SIMRAN D/O ASHOK KUMAR residing at H NO-142, 1ST FLOOR, POCKET-12, SECTOR-20, ROHINI, SULTANPURI, C-BLOCK, DELHI-110086 Have changed my name to SIMRAN ANEJA for all future purposes.

**NAME CHANGE**
I, SALAHUDDIN S/O ISLAMUDDIN residing at H NO-1542, FIRST FLOOR, NEAR ASTHA NURSING HOME, PATAUDI HOUSE, DARYA GANJ, DELHI 110002 have changed my name to SALAHUDDIN QURESHI for all future purposes.



**PUBLIC NOTICE**
Information is given to general public at large that our client Smt. Mamta w/o Sh. Mahinder Singh is the owner of Freehold Residential Plot no. 100, area measuring 70 sq. yds. Out of Khasra no. 562 Situated at Residential Colony Green Enclave at Village Chipyana Buzurg (Across The Railway line) Pargana & Tehsil Dadri Distt. Gautam Budh Nagar Uttar Pradesh. by Virtue Sale Deed dated 20.03.2014 vide Doc no. 5580, Book no. 01, Vol no. 6655 Page no. 19-44 SR-Dadri till date and has lost/Misplace his Original Sale Deed dated 23.12.2011 as Doc no. 19826, Vol no. 3972 Page no. 133-154 SR- Dadri if was executed in favour of Smt. Pushpa Sharma w/o Sh. Ganga Prasad, now Our client is declaring that that any other Person does not have any right over the said property, and same property sold to be Smt. Suman w/o Sh. Ashok Kumar and same property is going to be financed by Can Fin Homes Ltd. Branch: Greater Noida Uttar Pradesh If any person is having objection right of claim against the said property, contact to undersigned along with supporting documents within 15 days from the date of publication of this notice and or the same to the undersigned if found by any one. Thereafter no claim shall be entertained.
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

# ਧਰਮ ਤੇ ਵਿਰਸਾ

## ਪੰਥ ਰਤਨ ਭਾਈ ਕਾਨ੍ਹ ਸਿੰਘ ਨਾਭਾ ਦੀ ਸਾਹਿਤਕ ਦੇਣ



**ਡਾ. ਰਵਿੰਦਰ ਕੌਰ ਰਵੀ**

ਪੰਜਾਬ ਦੇ ਸੱਭਿਆਚਾਰਕ ਇਤਿਹਾਸ ਵਿਚ ਭਾਈ ਕਾਨ੍ਹ ਸਿੰਘ ਨਾਭਾ ਆਪਣੇ ਬਹੁਪੱਖੀ ਯੋਗਦਾਨ ਸਦਕਾ ਵਿਸ਼ੇਸ਼ ਸਥਾਨ ਰੱਖਦੇ ਹਨ। ਸਿੱਖ ਧਰਮ ਅਤੇ ਪੰਜਾਬੀ ਅਦਬ ਨੂੰ ਭਾਈ ਸਾਹਿਬ ਦੀ ਸਾਹਿਤਕ ਦੇਣ ਅੱਜ ਦੇ ਵਿਗਿਆਨਕ ਯੁੱਗ ਵਿਚ ਵੀ ਹਰ ਪੱਖੋਂ ਸਾਰਥਕ ਹੈ। ਕਲਾ ਪ੍ਰੇਮੀ ਭਾਈ ਕਾਨ੍ਹ ਸਿੰਘ ਨਾਭਾ ਨੇ ਸਾਹਿਤ, ਸੰਗੀਤ ਆਦਿ ਜਿਹੜੀ ਵੀ ਲਲਿਤ ਕਲਾ ਨੂੰ ਹੱਥ ਲਾਇਆ, ਉਹ ਕੌਸ਼ਲ ਹੋ ਗਈ। ਉਨ੍ਹਾਂ ਕਈ ਅਜਿਹੇ ਸਾਹਿਤਕ ਕਾਰਜ ਸਿਰੇ ਚਾੜ੍ਹੇ, ਜਿਸ ਦੀ ਆਸ ਕਿਸੇ ਸੰਸਥਾ ਪਾਸੋਂ ਤਾਂ ਕੀਤੀ ਜਾ ਸਕਦੀ ਹੈ ਪਰ ਕਿਸੇ ਇਕੱਲੇ ਵਿਅਕਤੀ ਪਾਸੋਂ ਨਹੀਂ। ਆਪ ਦਾ ਜਨਮ ਮਾਤਾ ਹਰਿ ਕੌਰ ਦੀ ਕੁੱਖੋਂ ਰਿਆਸਤ ਪਟਿਆਲਾ ਦੇ ਪਿੰਡ ਬਨੇਰਾ ਖੁਰਦ ਉਨ੍ਹਾਂ ਦੇ ਨਾਨਕੇ ਘਰ 30 ਅਗਸਤ 1861 ਈ: ਨੂੰ ਹੋਇਆ। ਭਾਈ ਸਾਹਿਬ ਦੀ ਖਾਨਦਾਨੀ ਪਰੰਪਰਾ ਮਹਾਰਾਜਾ ਰਣਜੀਤ ਸਿੰਘ ਦੇ ਮੁਸਾਹਿਬ ਬਾਬਾ ਨੌਧ ਸਿੰਘ ਨਾਲ ਜਾ ਮਿਲਦੀ ਹੈ, ਜਿਹੜੇ ਕਿ ਜਾਤ ਦੇ ਢਿੱਲੋਂ ਜੱਟ ਤੇ ਪੰਜਾਬ ਵਿਚ ਜ਼ਿਲ੍ਹਾ ਬਠਿੰਡਾ ਦੇ ਪਿੰਡ 'ਪਿੱਥੋ' ਦੇ ਪ੍ਰਮੁੱਖ ਸਨ। ਆਪ ਦੇ ਪਿਤਾ ਬਾਬਾ ਨਾਰਾਇਣ ਸਿੰਘ ਤੇ ਵਡੇਰੇ ਬਾਬਾ ਸਰੂਪ ਸਿੰਘ ਨੇ ਨਾਭੇ ਵਿਖੇ ਪ੍ਰਸਿੱਧ ਗੁਰਦੁਆਰੇ, ਬਾਬਾ ਅਜਾਪਾਲ ਜੀ ਦੇ ਤਪ ਅਸਥਾਨ 'ਤੇ ਪ੍ਰਮੁੱਖ ਸੇਵਾਦਾਰਾਂ ਵਜੋਂ ਸ਼ਾਨਦਾਰ ਸੇਵਾ ਕਰਦਿਆਂ ਇਸ ਪਵਿੱਤਰ ਅਸਥਾਨ ਨੂੰ ਗੁਰਮਤਿ ਪ੍ਰਚਾਰ ਦਾ ਪ੍ਰਧਾਨ ਕੇਂਦਰ ਬਣਾਇਆ।

ਭਾਈ ਕਾਨ੍ਹ ਸਿੰਘ ਨਾਭਾ ਬਚਪਨ ਦੇ ਦਿਨਾਂ ਤੋਂ ਹੀ ਨਾਭਾ ਵਿਖੇ ਆਪਣੇ ਪਿਤਾ ਬਾਬਾ ਨਾਰਾਇਣ ਸਿੰਘ ਅਤੇ ਪ੍ਰਮੁੱਖ ਸਮਕਾਲੀ ਵਿਦਵਾਨਾਂ ਪਾਸੋਂ ਬਹੁਪੱਖੀ ਵਿੱਦਿਆ ਗ੍ਰਹਿਣ ਕੀਤੀ। ਆਪ ਦਾ ਵਿਆਹ ਰਿਆਸਤ ਪਟਿਆਲਾ ਦੇ ਪਿੰਡ ਰਾਮਗੜ੍ਹ ਵਿਚ ਸ: ਹਰਦਮ ਸਿੰਘ ਦੀ ਸਪੁੱਤਰੀ ਬਸੰਤ ਕੌਰ ਨਾਲ ਹੋਇਆ, ਜਿਸ ਦੀ ਕੁੱਖੋਂ ਉਨ੍ਹਾਂ ਦੇ ਇਕਲੌਤੇ ਬੇਟੇ ਭਗਵੰਤ ਸਿੰਘ (ਹਰੀ ਜੀ) ਦਾ ਜਨਮ 1892 ਈ: ਵਿਚ ਹੋਇਆ। ਭਾਈ ਸਹਿਬ ਨੇ ਰਿਆਸਤ ਨਾਭਾ ਅਤੇ ਪਟਿਆਲਾ ਵਿਚ ਕਈ ਉੱਚ ਅਹੁਦਿਆਂ 'ਤੇ ਸੇਵਾ ਕੀਤੀ ਅਤੇ ਮਹਾਰਾਜਾ ਰਿਪੁਦਮਨ ਸਿੰਘ, ਉਨ੍ਹਾਂ ਦੀ ਮਹਾਰਾਣੀ ਸਰੋਜਨੀ ਦੇਵੀ ਤੇ ਪ੍ਰਸਿੱਧ ਅੰਗਰੇਜ਼ ਵਿਦਵਾਨ ਮਿਸਟਰ ਮੈਕਸ ਆਰਥਰ ਮੈਕਾਲਫ ਆਪ ਦੇ ਪ੍ਰਮੁੱਖ ਸ਼ਿਸ਼ ਬਣੇ। ਸੈਰ, ਬਾਗਬਾਨੀ, ਸ਼ਿਕਾਰ ਆਦਿ ਤੋਂ ਇਲਾਵਾ ਆਪ ਨੂੰ ਸੰਗੀਤ ਦਾ ਵੀ ਬੇਹੱਦ ਸ਼ੌਕ ਸੀ।

> ਆਪ ਦਾ ਵਿਆਹ ਰਿਆਸਤ ਪਟਿਆਲਾ ਦੇ ਪਿੰਡ ਰਾਮਗੜ੍ਹ ਵਿਚ ਸ: ਹਰਦਮ ਸਿੰਘ ਦੀ ਸਪੁੱਤਰੀ ਬਸੰਤ ਕੌਰ ਨਾਲ ਹੋਇਆ, ਜਿਸ ਦੀ ਕੁੱਖੋਂ ਉਨ੍ਹਾਂ ਦੇ ਇਕਲੌਤੇ ਬੇਟੇ ਭਗਵੰਤ ਸਿੰਘ (ਹਰੀ ਜੀ) ਦਾ ਜਨਮ 1892 ਈ: ਵਿਚ ਹੋਇਆ। ਭਾਈ ਸਹਿਬ ਨੇ ਰਿਆਸਤ ਨਾਭਾ ਅਤੇ ਪਟਿਆਲਾ ਵਿਚ ਕਈ ਉੱਚ ਅਹੁਦਿਆਂ 'ਤੇ ਸੇਵਾ ਕੀਤੀ ਅਤੇ ਮਹਾਰਾਜਾ ਰਿਪੁਦਮਨ ਸਿੰਘ, ਉਨ੍ਹਾਂ ਦੀ ਮਹਾਰਾਣੀ ਸਰੋਜਨੀ ਦੇਵੀ ਤੇ ਪ੍ਰਸਿੱਧ ਅੰਗਰੇਜ਼ ਵਿਦਵਾਨ ਮਿਸਟਰ ਮੈਕਸ ਆਰਥਰ ਮੈਕਾਲਫ ਆਪ ਦੇ ਪ੍ਰਮੁੱਖ ਸ਼ਿਸ਼ ਬਣੇ।

ਨਾਭਾ ਦਰਬਾਰ 'ਚ ਰਹਿੰਦਿਆਂ ਇਕ ਲੇਖਕ ਦੇ ਤੌਰ 'ਤੇ ਭਾਈ ਸਾਹਿਬ ਦਾ ਆਗਮਨ 19ਵੀਂ ਸਦੀ ਦੇ ਅਖੀਰਲੇ ਦਹਾਕੇ ਵਿਚ ਮਹਾਰਾਜਾ ਹੀਰਾ ਸਿੰਘ ਦੀ ਪ੍ਰੇਰਨਾ ਨਾਲ ਹੋਇਆ। ਮੁਢਲੀਆਂ ਰਚਨਾਵਾਂ 'ਰਾਜ ਧਰਮ', 'ਟੀਕਾ ਜੈਮਨੀ ਅਸਵਮੇਧ', ਤੇ 'ਨਾਟਕ ਭਾਵਾਰਥ ਦੀਪਕਾ' ਆਦਿ ਆਪ ਨੂੰ ਪਰੰਪਰਾਗਤ ਵਿੱਦਿਆ ਦਾ ਉੱਚਕੋਟੀ ਦਾ ਵਿਦਵਾਨ ਸਿੱਧ ਕਰਦੀਆਂ ਹਨ। ਸਿੰਘ ਸਭਾ ਲਹਿਰ ਤੇ ਹੋਰ ਸੁਧਾਰਕ ਲਹਿਰਾਂ ਦੇ ਪ੍ਰਭਾਵ ਅਧੀਨ, ਗੁਰਮਤਿ ਸਿਧਾਂਤਾਂ ਦੀ ਵਿਆਖਿਆ ਲਈ 'ਹਮ ਹਿੰਦੂ ਨਹੀਂ', 'ਗੁਰੁਮਤ ਪ੍ਰਭਾਕਰ', 'ਗੁਰੁਮਤ ਸੁਧਾਕਰ', 'ਗੁਰੁ-ਗਿਰਾ ਕਸੌਟੀ', 'ਸੱਦ ਕਾ ਪਰਮਾਰਥ', 'ਠਗ-ਲੀਲ੍ਹਾ', 'ਚੰਡੀ ਦੀ ਵਾਰ ਸਟੀਕ' ਤੇ ਅਨੇਕ ਹੋਰ ਪੁਸਤਕਾਂ ਦੀ ਰਚਨਾ ਸਦਕਾ ਜਿੱਥੇ ਆਪ ਸਿੱਖ ਧਰਮ ਦੇ ਮਹਾਨ ਵਿਆਖਿਆਕਾਰ, ਧਰਮ-ਸ਼ਾਸਤਰੀ ਵਜੋਂ ਸਥਾਪਤ ਹੋਏ, ਉੱਥੇ 'ਗੁਰੁਛੰਦ ਦਿਵਾਕਰ' ਤੇ 'ਗੁਰੁਸ਼ਬਦਾਲੰਕਾਰ' ਪੁਸਤਕਾਂ ਦੀ ਰਚਨਾ ਕਰਕੇ ਉਹ ਇਕ ਮਹਾਨ ਛੰਦ-ਸ਼ਾਸਤਰੀ ਤੇ ਅਲੰਕਾਰ ਸ਼ਾਸਤਰੀ ਵਜੋਂ ਪ੍ਰਸਿੱਧ ਹੋਏ। ਆਪ ਦਾ ਸਭ ਤੋਂ ਵੱਡਾ ਸਾਹਿਤਕ ਕਾਰਜ 'ਗੁਰੁਸ਼ਬਦ ਰਤਨਾਕਰ ਮਹਾਨ ਕੋਸ਼' ਪੰਜਾਬੀ ਕੋਸ਼ਕਾਰੀ ਦੇ ਖੇਤਰ ਵਿਚ ਇਕ ਮੀਲ-ਪੱਥਰ ਹੈ, ਜਿਸ ਨੂੰ ਸਿੱਖ ਸਾਹਿਤ ਦਾ ਵਿਸ਼ਵਕੋਸ਼ ਜਾਂ ਇਨਸਾਈਕਲੋਪੀਡੀਆ ਕਿਹਾ ਜਾਂਦਾ ਹੈ। ਇਸ ਅਨੁਪਮ ਗ੍ਰੰਥ ਵਿਚ ਸਾਹਿਤ, ਇਤਿਹਾਸ, ਭੂਗੋਲ, ਚਕਿਤਸਾ ਆਦਿ ਅਨੇਕ ਵਿਸ਼ਿਆਂ ਤੋਂ ਇਲਾਵਾ ਭਾਰਤੀ ਸ਼ਾਸਤਰੀ ਸੰਗੀਤ ਬਾਰੇ ਵੀ ਵਡਮੁੱਲੀ ਜਾਣਕਾਰੀ ਉਪਲਬਧ ਹੈ। ਭਾਰਤੀ ਇਤਿਹਾਸ ਵਿਚ ਸੰਗੀਤ ਬਾਰੇ ਲਿਖਣ ਦੀ ਪਰੰਪਰਾ ਅਤਿ ਪ੍ਰਾਚੀਨ ਹੈ। ਇਸ ਪਰੰਪਰਾ ਅਧੀਨ ਪੰਜਾਬੀ ਭਾਸ਼ਾ 'ਚ 'ਮਹਾਨ ਕੋਸ਼' ਭਾਈ ਸਾਹਿਬ ਦਾ ਇਕ ਅਜਿਹਾ ਸ਼ਲਾਘਾਯੋਗ ਉੱਦਮ ਹੈ, ਜਿਸ ਦੇ ਘੇਰੇ ਵਿਚ ਸੰਗੀਤ ਦਾ ਸ਼ਾਸਤਰੀ ਅਤੇ ਵਿਵਹਾਰਿਕ ਪੱਖ, ਰਾਗਾਂ ਦਾ ਵਿਕਾਸ, ਗਾਇਨ ਸ਼ੈਲੀਆਂ, ਸੰਗੀਤ ਦੇ ਵਿਦਵਾਨ ਅਤੇ ਗ੍ਰੰਥ, ਮਨੋਵਿਗਿਆਨਕ ਅਤੇ ਸੁਹਜਾਤਮਕ ਪੱਖ ਆਦਿ ਆਉਂਦੇ ਹਨ। ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਇਸ ਦਾ ਅੰਗਰੇਜ਼ੀ ਵਿਚ ਅਨੁਵਾਦ ਕੀਤਾ ਗਿਆ ਹੈ।

23 ਨਵੰਬਰ 1938 'ਚ 77 ਸਾਲ ਦੀ ਉਮਰ ਵਿਚ ਦਿਲ ਦੀ ਧੜਕਨ ਬੰਦ ਹੋਣ ਨਾਲ ਨਾਭੇ ਵਿਖੇ ਭਾਈ ਸਾਹਿਬ ਦਾ ਦਿਹਾਂਤ ਹੋਇਆ। ਆਪ ਜੀ ਨੂੰ ਸਰਬਪੱਖੀ ਵਿਦਵਤਾ ਅਤੇ ਸਰਬਾਂਗੀ ਸ਼ਖ਼ਸੀਅਤ ਕਰਕੇ ਸਿੱਖ ਕੌਮ ਵਿਚ 'ਭਾਈ ਸਾਹਿਬ' ਜਾਂ 'ਪੰਥ ਰਤਨ' ਦੀ ਉਪਾਧੀ ਨਾਲ ਯਾਦ ਕੀਤਾ ਜਾਂਦਾ ਹੈ। ਨਾਭੇ ਦੇ ਇਸ ਵਿਦਵਾਨ ਘਰਾਣੇ ਵਿਚੋਂ ਵਰਤਮਾਨ 'ਚ ਭਾਈ ਸਾਹਿਬ ਦੇ ਪੜਪੋਤਰੇ ਮੇਜਰ ਆਦਰਸ਼ਪਾਲ ਸਿੰਘ ਵੀ ਸਮਾਜ ਸੇਵਾ ਤੇ ਸਾਹਿਤਕ ਰੁਚੀਆਂ ਦੇ ਧਾਰਨੀ ਹਨ।

-ਅਸਿਸਟੈਂਟ ਪ੍ਰੋਫੈਸਰ, ਸੰਗੀਤ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ। ਮੋਬਾ: 84378-22296

# ਧੰਨ-ਧੰਨ ਰਾਮਦਾਸ ਗੁਰ

-ਦਿਲਜੀਤ ਸਿੰਘ ਬੇਦੀ
ਵਧੀਕ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

**ਸ੍ਰੀ ਗੁਰੂ ਰਾਮਦਾਸ ਜੀ ਨੇ ਸਿਰਫ 47 ਸਾਲ ਦੀ ਉਮਰ ਭੋਗੀ ਤੇ ਇਸ ਉਮਰ ਦੌਰਾਨ ਉਨ੍ਹਾਂ ਨੇ ਸਿਰਫ 7 ਸਾਲ ਗੁਰਗੱਦੀ ਦੀ ਸੇਵਾ ਸੰਭਾਲੀ। 4 ਸਤੰਬਰ ਨੂੰ ਸ੍ਰੀ ਗੁਰੂ ਰਾਮਦਾਸ ਜੀ ਦਾ ਗੁਰਗੱਦੀ ਦਿਵਸ ਹੈ। ਆਪ ਜੀ ਨੇ ਅੰਮ੍ਰਿਤ ਸਰੋਵਰ ਤਿਆਰ ਕਰਵਾਇਆ, 'ਗੁਰੂ ਦਾ ਚੱਕ' ਨਗਰ ਵਸਾਇਆ, ਕੌਮ ਨੂੰ ਆਲੀਸ਼ਾਨ ਇੰਤਜ਼ਾਮ ਵਿਚ ਪਰੋਇਆ, ਬਾਣੀ ਦੀ ਰਚਨਾ ਕੀਤੀ ਅਤੇ ਧਰਮ ਪ੍ਰਚਾਰ ਕੀਤਾ। ਇਨ੍ਹਾਂ 47 ਸਾਲਾਂ ਵਿਚੋਂ 35 ਸਾਲ ਉਨ੍ਹਾਂ ਗੁਰੂ ਘਰ ਦੀ ਸੇਵਾ 'ਚ ਲਾਏ। ਗੁਰੂ ਸਾਹਿਬ ਦੀ ਰਚਨਾ 30 ਰਾਗਾਂ ਵਿਚ ਮਿਲਦੀ ਹੈ। ਆਪ ਨੇ 8 ਵਾਰਾਂ, 246 ਪਦੇ, 31 ਅਸਟਪਦੀਆਂ ਤੇ 138 ਸਲੋਕ ਲਿਖੇ।**



ਸਿੱਖ ਪੰਥ ਦੇ ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ (25 ਅੱਸੂ ਸੰਮਤ 1591) 24 ਸਤੰਬਰ 1534 ਨੂੰ ਬਾਬਾ ਹਰਿਦਾਸ ਜੀ ਦੇ ਘਰ ਚੂਨਾ ਮੰਡੀ ਲਾਹੌਰ ਵਿਖੇ ਹੋਇਆ। ਆਪ ਦਾ ਬਚਪਨ ਦਾ ਨਾਂ ਜੇਠਾ ਸੀ। ਬਾਬਾ ਹਰਿਦਾਸ ਜੀ ਦੇ ਵੱਡੇ ਵਡੇਰੇ ਲਾਹੌਰ ਵਿਚ ਰਹਿੰਦੇ ਸਨ। ਅਕਾਲ ਪੁਰਖ ਦੇ ਹੁਕਮ ਦੇ ਬੱਧੇ ਬਾਬਾ ਹਰਿਦਾਸ ਜੀ 41 ਸਾਲ ਦੀ ਉਮਰ ਵਿਚ (1541 ਵਿਚ) ਚੜ੍ਹਾਈ ਕਰ ਗਏ। ਆਪ ਦੇ ਮਾਤਾ ਜੀ ਪਹਿਲੋਂ ਹੀ ਚਲਾਣਾ ਕਰ ਚੁਕੇ ਸਨ। ਮਾਤਾ ਪਿਤਾ ਦੇ ਚਲਾਣਾ ਕਰ ਜਾਣ ਤੋਂ ਬਾਅਦ ਆਪ ਦੇ ਨਾਨੀ ਜੀ ਆਪ ਨੂੰ ਪਿੰਡ ਬਾਸਰਕੇ ਲੈ ਗਏ। ਬਾਸਰਕੇ ਵਿਚ ਉਦੋਂ (ਗੁਰੂ) ਅਮਰਦਾਸ ਜੀ ਵੀ ਰਹਿੰਦੇ ਸਨ। ਬਾਲਕ ਜੇਠਾ ਜੀ ਖ਼ੂਬੀਆਂ ਨਾਲ ਭਰਿਆ ਅਜਿਹਾ ਬਾਲ ਸੀ ਕਿ ਹਰ ਕੋਈ ਉਨ੍ਹਾਂ ਨਾਲ ਪਿਆਰ ਕਰਨ ਲੱਗ ਪੈਂਦਾ ਸੀ। ਉਨ੍ਹਾਂ ਨੂੰ ਇਕ ਵਾਰ (ਗੁਰੂ) ਅਮਰਦਾਸ ਜੀ ਦੀ ਸੰਗਤ ਕਰਨ ਦਾ ਮੌਕਾ ਵੀ ਮਿਲਿਆ (ਗੁਰੂ) ਅਮਰਦਾਸ ਸਾਹਿਬ ਦੀ ਸਖ਼ਸ਼ੀਅਤ ਨੇ ਬਾਲ ਜੇਠਾ ਜੀ ਦਾ ਦਿਲ ਮੋਹ ਲਿਆ। ਗੁਰੂ ਸਾਹਿਬ ਨੂੰ ਵੀ ਭਾਈ ਜੇਠਾ ਜੀ ਦੀਆਂ ਖੂਬੀਆਂ ਵੇਖ ਕੇ ਉਨ੍ਹਾਂ ਵਾਸਤੇ ਪਿਆਰ ਜਾਗ ਪਿਆ। ਇਸ ਮਗਰੋਂ ਭਾਈ ਜੇਠਾ ਜੀ ਸ੍ਰੀ ਗੁਰੂ ਅਮਰਦਾਸ ਸਾਹਿਬ ਦੇ ਨੇੜੇ ਰਹਿਣ ਲੱਗ ਪਏ। ਦੋਹਾਂ ਵਿਚ ਡੂੰਘਾ ਪਿਆਰ ਪੈਦਾ ਹੋ ਗਿਆ ਤੇ ਇਹ ਰੂਹਾਨੀ ਪਿਆਰ ਏਸ ਸ਼ਿੱਦਤ ਤਕ ਵੱਧ ਗਿਆ ਕਿ ਦੋਵੇਂ ਇਕ ਦੂਜੇ ਦਾ ਹੀ ਰੂਪ ਬਣ ਗਏ।

ਜਦੋਂ ਸ੍ਰੀ ਗੁਰੂ ਅਮਰਦਾਸ ਜੀ ਨੇ ਗੋਇੰਦਵਾਲ ਵਸਾਇਆ ਤਾਂ ਉਹ ਆਪਣੇ ਨਾਲ ਭਾਈ ਜੇਠਾ ਜੀ ਨੂੰ ਵੀ ਲੈ ਆਏ। ਦੋਹਾਂ ਨੇ ਨਵੇਂ ਨਗਰ ਦੇ ਵਸਾਉਣ ਵਿਚ ਭਰਪੂਰ ਹਿੱਸਾ ਪਾਇਆ। ਹੌਲੀ-ਹੌਲੀ ਗੋਇੰਦਵਾਲ ਇਕ ਚੰਗਾ ਪਿੰਡ ਬਣ ਗਿਆ। ਭਾਈ ਜੇਠਾ ਜੀ ਹਰ ਵੇਲੇ ਸ੍ਰੀ ਗੁਰੂ ਅਮਰਦਾਸ ਸਾਹਿਬ ਦੇ ਅੰਗ-ਸੰਗ ਰਿਹਾ ਕਰਦੇ ਸਨ। ਆਪ ਜਦੋਂ ਵੀ ਗੋਇੰਦਵਾਲ ਤੋਂ ਬਾਹਰਲੇ ਸਫਰ ਤੇ ਜਾਂਦੇ ਸਨ ਤਾਂ ਆਪਣੇ ਨਾਲ ਭਾਈ ਜੇਠਾ ਜੀ ਨੂੰ ਵੀ ਲੈ ਜਾਇਆ ਕਰਦੇ ਸਨ। ਦਸੰਬਰ 1553 ਵਿਚ ਜਦੋਂ ਆਪ ਪੰਜਾਬ, ਹਰਿਆਣਾ, ਉਤਰ ਪ੍ਰਦੇਸ਼ ਵੱਲ ਪ੍ਰਚਾਰ ਦੌਰੇ ਤੇ ਗਏ ਤਾਂ ਭਾਈ ਜੇਠਾ ਜੀ ਵੀ ਆਪ ਦੇ ਨਾਲ ਸਨ। ਇਸ ਪ੍ਰਚਾਰ ਦੌਰੇ ਤੋਂ ਮੁੜਦਿਆਂ ਹੀ ਸ੍ਰੀ ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਦਾ ਵਿਆਹ ਆਪਣੀ ਬੇਟੀ ਬੀਬੀ ਭਾਨੀ ਨਾਲ ਕਰ ਦਿੱਤਾ ਭਾਈ ਜੇਠਾ ਜੀ ਗੁਰੂ ਅਮਰਦਾਸ ਸਾਹਿਬ ਦੇ ਘਰ ਨਾਲ ਪਿਛਲੇ 13 ਸਾਲ ਤੋਂ ਜੁੜੇ ਹੋਏ ਸਨ ਪਰ ਹੁਣ ਆਪ ਉਸ ਘਰ ਦਾ ਹਿੱਸਾ ਵੀ ਬਣ ਗਏ।

ਭਾਈ ਜੇਠਾ ਜੀ ਬਹੁਤ ਸੂਝਵਾਨ ਵੀ ਸਨ। ਉਹ ਸੇਵਾ ਦੇ ਨਾਲ-ਨਾਲ ਵਿਦਿਆ ਦਾ ਵੀ ਬਹੁਤ ਸ਼ੌਕ ਰਖਿਆ ਕਰਦੇ ਸਨ। ਗੁਰੂ ਸਾਹਿਬ ਦੇ ਨਾਲ-ਨਾਲ ਭਗਤਾਂ ਦੀ ਬਹੁਤ ਸਾਰੀ ਬਾਣੀ ਵੀ ਉਨ੍ਹਾਂ ਨੂੰ ਚੇਤੇ ਸੀ। ਭਾਈ ਜੇਠਾ ਜੀ ਤਾਂ ਬਾਣੀ ਦੀ ਕਥਾ ਵੀ ਕਰਿਆ ਕਰਦੇ ਸਨ। ਇਤਿਹਾਸ ਦਸਦਾ ਹੈ ਕਿ ਸ੍ਰੀ ਗੁਰੂ ਅਮਰਦਾਸ ਜੀ ਦੇ ਧਾਰਮਿਕ ਪ੍ਰਚਾਰ ਨਾਲ ਸੈਂਕੜੇ ਤੇ ਹਜ਼ਾਰਾਂ ਲੋਕ ਸਿੱਖ ਪੰਥ ਵਿਚ ਸ਼ਾਮਿਲ ਹੋ ਰਹੇ ਸਨ। ਇਸ ਦੀ ਸਭ ਤੋਂ ਵਧੇਰੇ ਤਕਲੀਫ ਬ੍ਰਾਹਮਣਾਂ ਤੇ ਖਤਰੀਆਂ ਨੂੰ ਸੀ। ਪਰ ਉਨ੍ਹਾਂ ਦਾ ਕੋਈ ਵਸ ਨਹੀਂ ਚਲਦਾ ਸੀ। ਅਖੀਰ ਕੁਝ ਲੋਕਾਂ ਨੇ ਅਕਬਰ ਬਾਦਸ਼ਾਹ ਕੋਲ ਝੂਠੀ ਚੁਗਲੀ ਕਰਨ ਦੀ ਸਕੀਮ ਘੜੀ। ਉਹ ਅਕਬਰ ਦੇ ਹਿੰਦੂ ਵਜ਼ੀਰ ਬੀਰਬਲ ਨੂੰ ਲੈ ਕੇ ਅਕਬਰ ਕੋਲ ਗਏ ਤੇ ਸ਼ਿਕਾਇਤ ਕੀਤੀ ਕਿ ਸ੍ਰੀ ਗੁਰੂ ਅਮਰਦਾਸ ਜੀ ਲੋਕਾਂ ਨੂੰ ਗਾਇਤਰੀ ਮੰਤਰ ਤੋਂ ਹਟਾ ਕੇ ਗੁਰਬਾਣੀ ਵੱਲ ਲਾ ਰਹੇ ਹਨ। ਅਕਬਰ ਨੇ ਉਨ੍ਹਾਂ ਦੀ ਸ਼ਿਕਾਇਤ ਤੇ ਗੌਰ ਕਰਨ ਦਾ ਭਰੋਸਾ ਦਿਵਾਇਆ। ਇਹ ਗੱਲ 1566 ਦੇ ਅਖੀਰ ਦੀ ਹੈ। ਇਨ੍ਹੀਂ ਦਿਨੀਂ ਅਕਬਰ ਕਲਾਨੌਰ ਤੇ ਲਾਹੌਰ ਆਇਆ। ਉਸ ਨੇ ਸ੍ਰੀ ਗੁਰੂ ਅਮਰਦਾਸ ਜੀ ਨੂੰ ਬੁਲਾ ਭੇਜਿਆ। ਗੁਰੂ ਸਾਹਿਬ ਨੇ ਆਪ ਜਾਣ ਦੀ ਬਜਾਇ ਭਾਈ ਜੇਠਾ ਜੀ ਨੂੰ ਭੇਜ ਦਿੱਤਾ। ਭਾਈ ਜੇਠਾ ਜੀ ਨੇ ਅਕਬਰ ਨੂੰ ਦਲੀਲਾਂ ਨਾਲ ਆਪਣਾ ਪੱਖ ਦੱਸਿਆ। ਅਕਬਰ ਭਾਈ ਜੇਠਾ ਜੀ ਤੋਂ ਬੜਾ ਪ੍ਰਭਾਵਿਤ ਹੋਇਆ। ਇਸ ਤੇ ਅਕਬਰ ਨੇ ਉਲਟਾ ਹਿੰਦੂਆਂ ਅਤੇ ਖਤਰੀਆਂ ਨੂੰ ਝਾੜ ਪਾਈ ਅਤੇ ਅਗੋਂ ਝੂਠੀ ਸ਼ਿਕਾਇਤ ਲਾਉਣ ਤੋਂ ਤਾੜਨਾ ਕੀਤੀ। ਭਾਈ ਜੇਠਾ ਜੀ ਦੀ ਇਸ ਕਾਰਗੁਜ਼ਾਰੀ ਨੇ ਸ੍ਰੀ ਗੁਰੂ ਅਮਰਦਾਸ ਜੀ ਨੂੰ ਯਕੀਨ ਦਿਵਾ ਦਿੱਤਾ ਕਿ ਭਾਈ ਜੇਠਾ ਜੀ ਸਿਰਫ ਸੇਵਾ ਦਾ ਪੁਤਲਾ ਹੀ ਨਹੀਂ ਬਲਕਿ ਵਿਦਵਾਨ ਵੀ ਹਨ।

ਸ੍ਰੀ ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ ਬਹੁਤ ਮੌਕਿਆਂ ਤੇ ਪਰਖਿਆ ਸੀ। ਉਹ ਮਹਿਸੂਸ ਕਰਦੇ ਸਨ ਕਿ ਚੌਥਾ ਗੁਰੂ ਬਣਨ ਦੀ ਕਾਬਲੀਅਤ ਉਨ੍ਹਾਂ ਵਿਚ ਹੈ। ਇਸ ਕਰ ਕੇ ਪਹਿਲੀ ਸਤੰਬਰ 1574 ਦੇ ਦਿਨ, ਜੋਤੀ ਜੋਤ ਸਮਾਉਣ ਤੋਂ ਪਹਿਲਾਂ, ਸ੍ਰੀ ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ ਗੁਰੂ ਰਾਮਦਾਸ ਐਲਾਨ ਕਰਕੇ ਗੁਰਗੱਦੀ ਸੌਂਪ ਦਿੱਤੀ।

40 ਸਾਲ ਦੀ ਉਮਰ ਵਿਚ ਗੁਰਗੱਦੀ ਦੀ ਸੇਵਾ ਸੰਭਾਲਣ ਮਗਰੋਂ ਸ੍ਰੀ ਗੁਰੂ ਰਾਮਦਾਸ ਜੀ ਨੇ ਆਪਣੀ ਜ਼ਿੰਦਗੀ ਦਾ ਹਰ ਲਮਹਾ ਪੰਥ ਦੀ ਸੇਵਾ ਵਿਚ ਬਿਤਾਇਆ। ਇਸ ਤੋਂ ਪਹਿਲਾਂ ਵੀ ਉਨ੍ਹਾਂ ਨੇ ਆਪਣੀ ਉਮਰ ਦੇ 28 ਸਾਲ ਸ੍ਰੀ ਗੁਰੂ ਅਮਰਦਾਸ ਜੀ ਦੀ ਅਗਵਾਈ ਵਿਚ ਪੰਥ ਦੀ ਸੇਵਾ ਕੀਤੀ ਹੋਈ ਸੀ। ਜਿਵੇਂ ਸ੍ਰੀ ਗੁਰੂ ਅੰਗਦ ਜੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅਤੇ ਸ੍ਰੀ ਗੁਰੂ ਅਮਰਦਾਸ ਜੀ ਨੇ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਦੀ ਸੇਵਾ ਵਿਚ ਦਿਨ ਰਾਤ ਇਕ ਕੀਤੇ ਸਨ ਉਵੇਂ ਹੀ ਸ੍ਰੀ ਗੁਰੂ ਅਮਰਦਾਸ ਜੀ ਦੇ ਕਦਮਾਂ ਵਿਚ ਰਹਿ ਕੇ ਸ੍ਰੀ ਗੁਰੂ ਰਾਮਦਾਸ ਜੀ ਨੇ ਸਿੱਖੀ, ਸੇਵਾ, ਪੰਥ, ਗੁਰਬਾਣੀ ਨੂੰ ਸਮਝਿਆ ਸੀ। ਗੁਰੂ ਘਰ ਦੀ ਸੇਵਾ ਵਿਚ ਏਨੇ ਸਾਲ ਰਹਿਣ ਕਰ ਕੇ ਸ੍ਰੀ ਗੁਰੂ ਰਾਮਦਾਸ ਸਾਹਿਬ ਗੁਰੂ ਅਮਰਦਾਸ ਸਾਹਿਬ ਨਾਲ ਏਨੇ ਇਕ ਮਿਕ ਹੋ ਗਏ ਸਨ ਕਿ ਤੀਜੇ ਪਾਤਸ਼ਾਹ ਦਾ ਸੁਭਾਅ, ਉਨ੍ਹਾਂ ਦਾ ਰਹਿਣ ਸਹਿਣ, ਉਨ੍ਹਾਂ ਦੀ ਸੋਚਣੀ, ਉਨ੍ਹਾਂ ਦਾ ਕੰਮ ਕਰਨ ਦਾ ਤਰੀਕਾ ਸੁਤੇ ਸਿਧ ਹੀ ਚੌਥੇ ਗੁਰੂ ਦੀ ਰੂਹ ਵਿਚ ਸਮਾਈ ਗਿਆ। ਉਹ ਦੋਵੇਂ ਇਕ ਜੋਤ ਦੋਇ ਮੂਰਤੀ ਹੋ ਚੁਕੇ ਸਨ। ਮੈਂ ਤੇ ਤੁਸੀਂ ਦਾ ਫਰਕ ਨਹੀਂ ਸੀ ਰਿਹਾ। ਸ੍ਰੀ ਗੁਰੂ ਅਮਰਦਾਸ ਜੀ ਜਾਣ ਤੋਂ ਪਹਿਲਾਂ ਗੁਰੂ ਰਾਮਦਾਸ ਸਾਹਿਬ ਨੂੰ ਮਾਝੇ ਵਿਚ ਨਵਾਂ ਨਗਰ ਵਸਾਉਣ ਵਾਸਤੇ ਜ਼ਿੰਮੇਵਾਰੀ ਦੇ ਚੁਕੇ ਸਨ। 1577 ਵਿਚ ਅੰਮ੍ਰਿਤਸਰ ਸਰੋਵਰ ਤਿਆਰ ਹੋਣਾ ਸ਼ੁਰੂ ਹੋ ਗਿਆ। ਸੰਤੋਖਸਰ ਤਾਂ ਪਹਿਲੋਂ ਹੀ ਆਰੰਭਿਆ ਜਾ ਚੁਕਾ ਸੀ। ਅੰਮ੍ਰਿਤਸਰ ਸਰੋਵਰ ਦੀ ਤਿਆਰੀ ਦੇ ਨਾਲ-ਨਾਲ 'ਗੁਰੂ ਦਾ ਚੱਕ' ਨਗਰ ਵੀ ਤਿਆਰ ਤੇ ਪ੍ਰਫੁਲਤ ਹੋਣਾ ਸ਼ੁਰੂ ਹੋ ਗਿਆ।

ਸ੍ਰੀ ਗੁਰੂ ਰਾਮਦਾਸ ਜੀ ਨੇ ਗੁਰੂ ਘਰ ਦਾ ਸਿੱਖਾਂ ਨਾਲ ਰਾਬਤਾ ਵਧੀਆ ਬਣਾਉਣ ਅਤੇ ਮਾਲੀ ਇੰਤਜ਼ਾਮ ਸੁਚੱਜਾ ਬਣਾਉਣ ਵਾਸਤੇ 'ਮਸੰਦ' ਪ੍ਰਥਾ ਸ਼ੁਰੂ ਕੀਤੀ। ਉਨ੍ਹਾਂ ਨੇ ਸੱਚੇ ਸੁੱਚੇ ਤੇ ਈਮਾਨਦਾਰ ਸਿੱਖਾਂ ਨੂੰ ਵੱਖ-ਵੱਖ ਇਲਾਕਿਆਂ ਦੇ ਇੰਚਾਰਜ ਥਾਪਿਆ ਤਾਂ ਜੋ ਉਹ ਸਿੱਖਾਂ ਨੂੰ ਗੁਰੂ ਸਾਹਿਬ ਦੇ ਸੁਨੇਹੇ ਅਤੇ ਸਿੱਖਾਂ ਵਲੋਂ ਗੁਰੂ ਸਾਹਿਬ ਵੱਲ ਭੇਜੀ ਭੇਟਾ ਆਸਾਨੀ ਨਾਲ 'ਗੁਰੂ ਦਾ ਚੱਕ' ਵਿਚ ਪਹੁੰਚਾ ਸਕਣ। ਇਹ ਮਸੰਦ ਸਿੱਖ ਧਰਮ ਦੇ ਪ੍ਰਚਾਰ ਵਾਸਤੇ ਬੜੇ ਮਦਦਗਾਰ ਸਾਬਿਤ ਹੋਏ। ਸ੍ਰੀ ਗੁਰੂ ਰਾਮਦਾਸ ਜੀ ਨੇ ਮਸੰਦ ਪਰਣਾਲੀ ਨਾਲ ਸਿੱਖਾਂ ਨੂੰ ਜਥੇਬੰਦ ਹੋਣ ਦਾ ਤਰੀਕਾ ਸਮਝਾਇਆ। ਇਸ ਨਾਲ ਸਿੱਖਾਂ ਨੂੰ ਰਾਜ ਪ੍ਰਬੰਧ ਦਾ ਮੁੱਢਲਾ ਸਬਕ ਆ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਿੱਖਾਂ ਨੂੰ ਧਰਮ ਤੇ ਸਿਆਸਤ ਦਾ ਪਹਿਲਾ ਸਬਕ ਪੜ੍ਹਾਇਆ ਸੀ। ਸ੍ਰੀ ਗੁਰੂ ਅੰਗਦ ਜੀ ਨੇ ਇਕ ਸਾਂਝੀ ਜ਼ਬਾਨ ਨਾਲ ਭਾਈਚਾਰਕ ਤੇ ਕੌਮੀ ਏਕਤਾ ਕਾਇਮ ਕਰਨ ਦਾ ਦੂਜਾ ਸਬਕ ਦਿੱਤਾ ਸੀ। ਸ੍ਰੀ ਗੁਰੂ ਅਮਰਦਾਸ ਜੀ ਨੇ ਲੰਗਰ ਨੂੰ ਸਿੱਖ ਜੀਵਨ ਜਾਚ ਦਾ ਹਿੱਸਾ ਬਣਾ ਕੇ ਸਾਰੇ ਸਿੱਖਾਂ ਨੂੰ ਇਕ ਲੜੀ ਦੇ ਮੋਤੀ ਬਣਾ ਕੇ 'ਸਿੱਖੀ ਇਕ ਸਮਾਜਕ ਭਾਈਚਾਰਾ' ਦਾ ਸਬਕ ਦਿਤਾ ਤੇ ਨਾਲ ਹੀ ਇਸ ਭਾਈਚਾਰੇ ਨੂੰ ਸਾਲ ਵਿਚ ਤਿੰਨ ਵਾਰ ਇਕੱਠੇ ਹੋਣ ਵਾਸਤੇ ਮੌਕਾ ਦੇ ਕੇ ਸਰਬਤ ਸਿੱਖਾਂ ਦੇ ਇਕ ਦੂਜੇ ਨਾਲ ਜਜ਼ਬਾਤੀ ਰਾਬਤੇ ਦੇ ਨਾਲ-ਨਾਲ ਮਾਲੀ ਨੇੜਤਾ ਵੀ ਕਾਇਮ ਕੀਤੀ। ਸ੍ਰੀ ਗੁਰੂ ਰਾਮਦਾਸ ਜੀ ਨੇ ਇਕ ਨਵੇਂ ਨਗਰ ਵਿਚ ਇਕ ਮਾਡਲ ਨਗਰ ਦੇ ਨਾਲ-ਨਾਲ ਆਦਰਸ਼ਕ ਸਿੱਖੀ ਜੀਵਨ ਦਾ ਸਬਕ ਵੀ ਦਿਤਾ। ਮਸੰਦ ਪਰਣਾਲੀ ਨੇ ਸਿੱਖਾਂ ਨੂੰ ਰਾਜ ਪ੍ਰਬੰਧ ਦਾ ਮੁਢਲਾ ਸਬਕ ਵੀ ਸਿਖਾਇਆ।

ਸ੍ਰੀ ਗੁਰੂ ਰਾਮਦਾਸ ਜੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਰਿਵਾਰ ਨਾਲ ਵੀ ਮੁੜ ਸਬੰਧ ਬਣਾਏ। ਉਨ੍ਹਾਂ ਬਾਬਾ ਸ੍ਰੀ ਚੰਦ ਨੂੰ 'ਗੁਰੂ ਦਾ ਚੱਕ' ਵਿਚ ਬੁਲਾ ਕੇ ਉਸ ਦਾ ਆਦਰ ਕੀਤਾ। ਬਾਬਾ ਸ੍ਰੀ ਚੰਦ ਗੁਰੂ ਸਾਹਿਬ ਦੀ ਸ਼ਖ਼ਸੀਅਤ ਤੋਂ ਏਨੇ ਮੁਤਾਸਿਰ ਹੋਏ ਕਿ ਉਹ ਆਪ ਮੁਹਾਰੇ ਆਖ ਉਠੇ ਕਿ 'ਗੁਰੂ ਨਾਨਕ ਸਾਹਿਬ ਦੀ ਗੱਦੀ ਦੇ ਅਸਲ ਵਾਰਿਸ ਤੁਸੀਂ ਹੀ ਹੋ।' ਸ੍ਰੀ ਗੁਰੂ ਰਾਮਦਾਸ ਜੀ ਨੇ ਸਿਰਫ 47 ਸਾਲ ਦੀ ਉਮਰ ਭੋਗੀ ਤੇ ਇਸ ਉਮਰ ਦੌਰਾਨ ਉਨ੍ਹਾਂ ਨੇ ਸਿਰਫ 7 ਸਾਲ ਗੁਰਗੱਦੀ ਦੀ ਸੇਵਾ ਸੰਭਾਲੀ। 4 ਸਤੰਬਰ ਨੂੰ ਸ੍ਰੀ ਗੁਰੂ ਰਾਮਦਾਸ ਜੀ ਦਾ ਗੁਰਗੱਦੀ ਦਿਵਸ ਹੈ। ਆਪ ਜੀ ਨੇ ਅੰਮ੍ਰਿਤ ਸਰੋਵਰ ਤਿਆਰ ਕਰਵਾਇਆ, 'ਗੁਰੂ ਦਾ ਚੱਕ' ਨਗਰ ਵਸਾਇਆ, ਕੌਮ ਨੂੰ ਆਲੀਸ਼ਾਨ ਇੰਤਜ਼ਾਮ ਵਿਚ ਪਰੋਇਆ, ਬਾਣੀ ਦੀ ਰਚਨਾ ਕੀਤੀ ਅਤੇ ਧਰਮ ਪ੍ਰਚਾਰ ਕੀਤਾ। ਇਨ੍ਹਾਂ 47 ਸਾਲਾਂ ਵਿਚੋਂ 35 ਸਾਲ ਉਨ੍ਹਾਂ ਗੁਰੂ ਘਰ ਦੀ ਸੇਵਾ 'ਚ ਲਾਏ। ਗੁਰੂ ਸਾਹਿਬ ਦੀ ਰਚਨਾ 30 ਰਾਗਾਂ ਵਿਚ ਮਿਲਦੀ ਹੈ। ਆਪ ਨੇ 8 ਵਾਰਾਂ, 246 ਪਦੇ, 31 ਅਸਟਪਦੀਆਂ ਤੇ 138 ਸਲੋਕ ਲਿਖੇ।

# ਗੁਰਦੁਆਰਾ ਮਾਲਟੇਕੜੀ ਸਾਹਿਬ

ਕੁਲਦੀਪ ਸਿੰਘ ਬੰਗੀ
ਮੋਬਾ.: 94174-07778



ਗੁਰਦੁਆਰਾ ਮਾਲਟੇਕੜੀ ਸਾਹਿਬ ਨਾਂਦੇੜ ਦੇ ਬ੍ਰਹਮਪੁਰੀ ਮਹੱਲੇ ਵਿਖੇ ਗੋਦਾਵਰੀ ਦੇ ਕਿਨਾਰੇ ਸਥਿਤ ਹੈ। ਇਸ ਦੇ ਸ਼ਬਦੀ ਅਰਥਾਂ ਅਨੁਸਾਰ ਮਾਲ ਤੋਂ ਭਾਵ ਖਜ਼ਾਨਾ ਤੇ ਟੇਕੜੀ ਤੋਂ ਭਾਵ ਉੱਚੀ ਜਗ੍ਹਾ ਤੋਂ ਹੈ। ਇਸ ਪਵਿੱਤਰ ਅਸਥਾਨ 'ਤੇ ਪਹਿਲੇ ਪਾਤਸ਼ਾਹ ਗੁਰੂ ਨਾਨਕ ਦੇਵ ਜੀ ਜਦ ਮੱਕੇ ਮਦੀਨੇ ਨੂੰ ਗਏ ਸਨ, ਇਸ ਜਗ੍ਹਾ 'ਤੇ ਵੀ ਆਏ ਸਨ। ਇਹ ਗੁਰੂ ਨਾਨਕ ਦੇਵ ਜੀ ਦੇ ਸਮੇਂ ਦੀ ਗੁਪਤ ਖਜ਼ਾਨੇ ਦੀ ਜਗ੍ਹਾ ਦੱਸੀ ਜਾਂਦੀ ਹੈ। ਜਿਸ ਦੀ ਰੱਖਿਆ ਕਰਨ ਲਈ ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਨੇ ਕਰਤਾਰਪੁਰ ਤੋਂ ਇਕ ਫ਼ਕੀਰ ਜਿਸ ਦਾ ਨਾਂ ਲੱਕੜਸ਼ਾਹ ਸੀ, ਭੇਜਿਆ। ਇਸ ਫ਼ਕੀਰ ਲੱਕੜਸ਼ਾਹ ਨੇ ਛੇਵੇਂ ਪਾਤਸ਼ਾਹ ਤੋਂ ਲੈ ਕੇ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਦੇ ਆਉਣ ਤਕ ਇਸ ਖਜ਼ਾਨੇ ਦੀ ਰਖਵਾਲੀ ਕੀਤੀ। ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜਦੋਂ ਨਾਂਦੇੜ ਸ਼ਹਿਰ ਵਿਚ ਆਏ ਤਾਂ ਉਨ੍ਹਾਂ ਨੇ ਗੁਰਦੁਆਰਾ ਸੰਗਤ ਸਾਹਿਬ ਵਾਲੀ ਥਾਂ ਡੇਰਾ ਲਾਇਆ। ਉਨ੍ਹਾਂ ਨਾਲ ਜੋ ਸਿੱਖ ਫ਼ੌਜਾਂ ਆਈਆਂ ਸਨ, ਜਦ ਉਨ੍ਹਾਂ ਨੇ ਗੁਰੂ ਜੀ ਨੂੰ ਘਰ ਵਾਪਸੀ ਦੀ ਬੇਨਤੀ ਕੀਤੀ ਤਾਂ ਦਸਮੇਸ਼ ਪਿਤਾ ਜੀ ਨੇ ਪੰਜ ਪਿਆਰੇ ਭਾਈ ਦਇਆ ਸਿੰਘ ਜੀ ਤੇ ਭਾਈ ਧਰਮ ਸਿੰਘ ਜੀ ਨੂੰ ਹੁਕਮ ਕੀਤਾ ਕਿ ਗੁਰੂ ਨਾਨਕ ਦੇਵ ਜੀ ਦਾ ਗੁਪਤ ਖਜ਼ਾਨਾ ਮਾਲਟੇਕੜੀ ਦੀ ਜਗ੍ਹਾ ਹੈ, ਲੈ ਕੇ ਆਓ।

ਭਾਈ ਦਇਆ ਸਿੰਘ, ਭਾਈ ਧਰਮ ਸਿੰਘ ਤੇ ਸਿੱਖ ਫੌਜਾਂ ਗੁਰੂ ਨਾਨਕ ਦੇਵ ਜੀ ਦੇ ਸਮੇਂ ਦੇ ਗੁਪਤ ਖਜ਼ਾਨੇ ਨੂੰ ਕੱਢਕੇ, ਖੱਚਰਾਂ, ਬੈਲ ਗੱਡੀਆਂ ਵਿਚ ਭਰਕੇ ਗੁਰਦੁਆਰਾ ਸੰਗਤ ਸਾਹਿਬ ਵਾਲੀ ਥਾਂ 'ਤੇ ਗੁਰੂ ਜੀ ਦੀ ਹਜ਼ੂਰੀ ਵਿਚ ਲੈ ਆਈਆਂ। ਦਸਮੇਸ਼ ਪਿਤਾ ਜੀ ਨੇ ਇਹ ਖਜ਼ਾਨਾ ਢਾਲਾਂ ਭਰ-ਭਰ ਕੇ ਫੌਜਾਂ ਨੂੰ ਵੰਡਿਆ ਅਤੇ ਬਾਕੀ ਜੋ ਖਜ਼ਾਨਾ ਬਚ ਗਿਆ, ਉਹ ਵਾਪਸ ਗੁਰਦੁਆਰਾ ਮਾਲਟੇਕੜੀ ਵਾਲੀ ਥਾਂ 'ਤੇ ਗੁਪਤ ਰੱਖ ਦਿੱਤਾ। ਸਿੰਘਾਂ ਨੇ ਪੁੱਛਿਆ ਮਹਾਰਾਜ ਇਹ ਬਚਿਆ ਖਜ਼ਾਨਾ ਇਸ ਥਾਂ 'ਤੇ ਗੁਪਤ ਰੱਖਣ ਦਾ ਕੀ ਕਾਰਨ ਹੈ? ਗੁਰੂ ਜੀ ਨੇ ਫਰਮਾਇਆ ਜਦੋਂ ਖ਼ਾਲਸਾ 96 ਕਰੋੜ ਸਜੇਗਾ, ਉਸ ਦਿਨ ਇਸ ਥਾਂ 'ਤੇ ਦੱਬੇ ਗੁਪਤ ਖਜ਼ਾਨੇ ਤੋਂ ਢਾਈ ਦਿਨ ਦਾ ਅਟੁੱਟ ਲੰਗਰ ਵਰਤੇਗਾ। ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਲਈ ਆਏ ਸ਼ਰਧਾਲੂ ਇਸ ਖ਼ਾਲਸਾਈ ਗੁਪਤ ਖਜ਼ਾਨੇ ਨਾਲ ਸਬੰਧਿਤ ਗੁਰਦੁਆਰਾ ਮਾਲਟੇਕੜੀ ਸਾਹਿਬ ਦੇ ਦਰਸ਼ਨ ਵੀ ਜ਼ਰੂਰ ਕਰਦੇ ਹਨ।

# ਸਿਧਾਰਥ ਨੂੰ ਗਿਆਨ ਪ੍ਰਾਪਤੀ

ਐਸ.ਐਲ ਵਿਰਦੀ ਐਡਵੋਕੇਟ
ਸੰਪਰਕ: 98145-17499



ਇਕ ਵਾਰ ਸਿਧਾਰਥ ਗੌਤਮ ਆਪਣੇ ਸਾਥੀਆਂ ਨਾਲ ਆਪਣੇ ਪਿਤਾ ਦੇ ਖੇਤਾਂ ਵਿੱਚ ਗਏ ਤੇ ਉੱਥੇ ਕੜਕਦੀ ਧੁੱਪ ਵਿੱਚ ਫਟੇ ਪੁਰਾਣੇ ਕੱਪੜਿਆਂ ਵਿੱਚ ਮਜ਼ਦੂਰ ਕੰਮ ਕਰਦੇ ਦੇਖੇ। ਸਿਧਾਰਥ ਨੇ ਆਪਣੇ ਮਿੱਤਰਾਂ ਨੂੰ ਕਿਹਾ, "ਕੀ ਇੱਕ ਮਨੁੱਖ ਦਾ ਦੂਜੇ ਮਨੁੱਖ ਦੁਆਰਾ ਸ਼ੋਸ਼ਣ ਕਰਨਾ ਜਾਇਜ਼ ਹੈ? ਇਹ ਕਿਵੇਂ ਹੋ ਸਕਦਾ ਹੈ ਕਿ ਮਿਹਨਤ ਮਜ਼ਦੂਰ ਕਰੇ ਤੇ ਫ਼ਲ ਉਸ ਦਾ ਮਾਲਕ ਖਾਏ।" ਜਦੋਂ ਸਿਧਾਰਥ ਨੇ ਮਹਿਲਾਂ ਦੀ ਚਾਰਦੀਵਾਰੀ ਤੋਂ ਬਾਹਰ ਆ ਕੇ ਖੇਤਾਂ, ਸੜਕਾਂ ਦਾ ਨਿਰੀਖਣ ਕੀਤਾ ਤਾਂ ਉਨ੍ਹਾਂ ਨੂੰ ਵਿਆਪਕ ਗ਼ਰੀਬੀ ਦਾ ਅਨੁਭਵ ਹੋਇਆ। ਪਾਣੀ ਦੀ ਪ੍ਰਾਪਤੀ ਲਈ ਰੋਹਿਣੀ ਨਦੀ ਦੇ ਸ਼ਾਕਯ ਤੇ ਕੋਲੀਆਂ ਰਾਜਾਂ ਦੇ ਵਿਵਾਦ ਨੇ ਉਨ੍ਹਾਂ ਨੂੰ ਘਰ ਤਿਆਗਣ ਤਕ ਪਹੁੰਚਾ ਦਿੱਤਾ।

ਸ਼ਾਕਯ ਰਾਜ ਦੀ ਇੱਕ ਜਮਾਤ ਸ਼ਾਕਯ ਸੰਘ ਸੀ। ਉਸ ਸਮੇਂ ਪ੍ਰਚੱਲਿਤ ਪ੍ਰਥਾ ਅਨੁਸਾਰ 20 ਸਾਲ ਦੀ ਉਮਰ ਵਿੱਚ ਸਿਧਾਰਥ ਸ਼ਾਕਯ ਸੰਘ ਦਾ ਮੈਂਬਰ ਬਣ ਗਿਆ। ਸ਼ਾਕਯ ਰਾਜ ਦੇ ਨਾਲ ਹੀ ਕੋਲੀਆਂ ਵੰਸ਼ ਦਾ ਰਾਜ ਲੱਗਦਾ ਸੀ। ਰੋਹਿਣੀ ਨਦੀ ਦੋਹਾਂ ਰਾਜਾਂ ਦੇ ਵਿਚਕਾਰ ਵਹਿੰਦੀ ਸੀ। ਨਦੀ ਦੀ ਵੰਡ ਬਾਰੇ ਦੋਹਾਂ ਰਾਜਾਂ ਦਾ ਝਗੜਾ ਵਧ ਗਿਆ। ਦੋਵਾਂ ਰਾਜਾਂ ਨੇ ਯੁੱਧ ਰਾਹੀਂ ਇਸ ਸਮੱਸਿਆ ਦੇ ਹੱਲ ਦਾ ਫ਼ੈਸਲਾ ਲਿਆ। ਸ਼ਾਕਯ ਦੇ ਸੈਨਾਪਤੀ ਨੇ ਕੋਲੀਆਂ ਖ਼ਿਲਾਫ਼ ਯੁੱਧ ਛੇੜਨ ਦਾ ਮਤਾ ਪਾਸ ਕਰਨ ਲਈ, ਸ਼ਾਕਯ ਸੰਘ (ਪਾਰਲੀਮੈਂਟ) ਦੀ ਮੀਟਿੰਗ ਬੁਲਾਈ। ਸੈਨਾਪਤੀ ਨੇ ਯੁੱਧ ਛੇੜਨ ਦੀ ਗੱਲ ਤੋਰੀ। ਸਿਧਾਰਥ ਨੇ ਵਿਰੋਧ ਕੀਤਾ ਅਤੇ ਮਾਮਲਾ ਦੋਹਾਂ ਧਿਰਾਂ ਦੁਆਰਾ ਸਲਾਹ ਮਸ਼ਵਰੇ ਰਾਹੀਂ ਹੱਲ ਕਰਨ 'ਤੇ ਜ਼ੋਰ ਦਿੱਤਾ। ਸੈਨਾਪਤੀ ਨੇ ਸਿਧਾਰਥ ਦਾ ਵਿਰੋਧ ਕੀਤਾ। ਮਤੇ ਦੇ ਪੱਖ ਤੇ ਵਿਰੋਧ ਵਿੱਚ ਵੋਟਾਂ ਪਈਆਂ। ਬਹੁ-ਗਿਣਤੀ, ਯੁੱਧ ਛੇੜਨ ਦੇ ਹੱਕ ਵਿੱਚ ਸੀ ਪਰ ਸਿਧਾਰਥ ਯੁੱਧ ਵਿਰੋਧੀ ਦਲੀਲ ਉੱਤੇ ਅੜੇ ਸਨ। ਸੰਘ ਦੇ ਨੇਮਾਂ ਦਾ ਉਲੰਘਣ ਕਰਨ ਦੇ ਦੋਸ਼ ਵਿੱਚ ਸਿਧਾਰਥ ਨੂੰ ਸਜ਼ਾ ਦੇਣ ਦਾ ਸਵਾਲ ਰੱਖਿਆ ਤੇ ਸਿਧਾਰਥ ਨੂੰ ਤਿੰਨ ਸਜ਼ਾਵਾਂ ਵਿੱਚੋਂ ਕੋਈ ਇੱਕ ਕਬੂਲ ਕਰਨ ਲਈ ਕਿਹਾ।

ਸਬੰਧੀਆਂ ਨਾਲ ਸਲਾਹ ਮਸ਼ਵਰੇ ਤੋਂ ਬਾਅਦ ਸਿਧਾਰਥ ਨੇ ਦੇਸ਼ ਨਿਕਾਲਾ ਕਬੂਲ ਕਰ ਲਿਆ। ਸਿਧਾਰਥ ਕਪਿਲਵਸਤੂ ਨੂੰ ਅਲਵਿਦਾ ਕਹਿ ਕੇ ਮਗਧ ਦੀ ਰਾਜਧਾਨੀ ਰਾਜ ਗ੍ਰਹਿ ਵੱਲ ਗਿਆ। ਸਿਧਾਰਥ ਇਹ ਜਾਨਣ ਲਈ ਬਜ਼ਿਦ ਸੀ ਕਿ ਕਿਹੜੀ ਗੱਲ ਹੈ ਜੋ ਇੱਕ ਭਰਾ ਨੂੰ ਦੂਜੇ ਦੇ ਖ਼ੂਨ ਦਾ ਪਿਆਸਾ ਬਣਾ ਦਿੰਦੀ ਹੈ। ਇਸ ਦੀ ਖੋਜ ਵਿੱਚ ਉਨ੍ਹਾਂ ਤਪੱਸਿਆ ਕੀਤੀ। ਸਿਧਾਰਥ ਨੂੰ ਲੱਗਿਆ ਕਿ ਉਸ ਦੇ ਪੱਲੇ ਕੁਝ ਨਹੀਂ ਹੈ। ਪਿੱਪਲ ਦੇ ਦਰੱਖ਼ਤ ਥੱਲੇ ਸਿਧਾਰਥ ਅਜੇ ਇਨ੍ਹਾਂ ਵਿਚਾਰਾਂ ਵਿੱਚ ਮਗਨ ਸੀ ਕਿ ਸੁਜਾਤਾ ਨਾਂ ਦੀ ਇਸਤਰੀ ਖੀਰ ਦਾ ਥਾਲ ਲੈ ਕੇ ਆਈ ਤੇ ਖੀਰ ਸਿਧਾਰਥ ਦੇ ਮੂੰਹ ਵਿੱਚ ਪਾਈ। ਸਿਧਾਰਥ ਨੇ ਭੋਜਨ ਗ੍ਰਹਿਣ ਕੀਤਾ। ਉਹ ਹੋਸ਼ ਹਵਾਸ ਵਿੱਚ ਆ ਗਏ। ਉਸ ਨੂੰ ਗਿਆਨ ਹੋਇਆ ਕਿ ਹੁਣ ਤਕ ਦੀ ਉਸ ਦੀ ਸਾਧਨਾ ਦਾ ਕੋਈ ਲਾਭ ਨਹੀਂ ਹੋਇਆ। ਜੇ ਸੁਜਾਤਾ ਉਸ ਦੇ ਮੂੰਹ ਵਿੱਚ ਖ਼ੁਰਾਕ ਨਾ ਪਾਉਂਦੀ ਤਾਂ ਉਸ ਨੇ ਮਰ ਜਾਣਾ ਸੀ। ਇੰਜ ਸਿਧਾਰਥ ਗੌਤਮ ਨੂੰ ਗਿਆਨ ਪ੍ਰਾਪਤ ਹੋਇਆ ਤੇ ਉਹ ਸਿਧਾਰਥ ਤੋਂ ਬੁੱਧ ਬਣ ਗਏ।

# ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲੇ

ਗੁਰਜੀਤ ਸਿੰਘ ਖ਼ਾਲਸਾ

ਗੁਰਦੁਆਰਾ ਕਰਮਸਰ (ਰਾੜਾ ਸਾਹਿਬ) ਜਿੱਥੇ ਗੁਰੂ ਸਾਹਿਬਾਨ ਵੱਲੋਂ ਚਲਾਈ ਪ੍ਰੰਪਰਾ ਜਿਉਂ ਦੀ ਤਿਉਂ ਸੀਨੇ ਬਸੀਨੇ ਚੱਲ ਰਹੀ ਹੈ। ਇਸ ਮਹਾਨ ਕੇਂਦਰ ਦੀ ਸਿਰਜਣਾ ਸੰਤ ਬਾਬਾ ਈਸ਼ਰ ਸਿੰਘ ਜੀ ਨੇ ਕੀਤੀ। ਉਨ੍ਹਾਂ ਨੇ ਇਸ ਮਹਾਨ ਕੇਂਦਰ ਤੋਂ ਰੱਬੀ ਬਾਣੀ ਨੂੰ ਪੜ੍ਹਨ-ਪੜ੍ਹਾਉਣ, ਕੀਰਤਨ ਗਾਇਨ ਵਾਲੇ ਖ਼ਾਲਸ ਰੂਪ, ਗੁਰੂ ਘਰ ਦੇ ਪ੍ਰੇਮੀ ਪੂਰਨ ਗੁਰੂ ਦੇ ਸਿੱਖ ਤਿਆਰ ਕਰਨ ਦਾ ਉਪਰਾਲਾ ਵਿੱਢਿਆ ਸੀ, ਇਹ ਮਹਾਨ ਕਾਰਜ ਅੱਜ ਵੀ ਨਿਰੰਤਰ ਚੱਲ ਰਿਹਾ ਹੈ। ਗੁਰਬਾਣੀ ਸ਼ੁੱਧ ਉਚਾਰਣ, ਗੁਰਬਾਣੀ ਦੇ ਅਰਥ, ਗੁਰ-ਇਤਿਹਾਸ ਅਤੇ ਗੁਰਮਤਿ ਮਰਿਆਦਾ ਦੇ ਸੰਪੂਰਨ ਨਿਯਮਾਂ ਰੂਪੀ ਵੱਡਮੁੱਲੇ ਖਜ਼ਾਨੇ ਨੂੰ ਸੀਨੇ-ਬਸੀਨੇ ਹੁਣ ਤਕ ਸਾਂਭਿਆ ਜਾ ਰਿਹਾ ਹੈ। ਸੰਤ ਬਾਬਾ ਈਸ਼ਰ ਸਿੰਘ ਨੇ ਰਸ ਭਿੰਨੇ ਗੁਰਬਾਣੀ ਦੇ ਕੀਰਤਨ ਦੀਆਂ ਝੜੀਆਂ ਲਾਈਆਂ ਕਿ ਕਲਯੁੱਗ ਦੇ ਤਪਦਿਆਂ ਹਿਰਦਿਆਂ ਨੂੰ ਅੰਮ੍ਰਿਤ ਰੂਪੀ ਗੁਰਬਾਣੀ ਕੀਰਤਨ ਨਾਲ ਅਜਿਹਾ ਠਾਰਿਆ ਕਿ ਅੱਜ ਵੀ ਹਿਰਦੇ ਠੰਢ ਪਈ ਹੋਈ ਹੈ। ਕਲਯੁੱਗ ਦੇ ਭਿਆਨਕ ਵਕਤ 'ਚ ਆਪ ਨੇ ਗੁਰਬਾਣੀ ਦਾ ਪ੍ਰਚਾਰ ਕੀਤਾ ਤੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਇਆ। ਇਸ ਤਰ੍ਹਾਂ ਆਪ ਪੂਰਬ ਵਿਚ ਭਾਵ ਪੰਜਾਬ ਦੇ ਪਟਿਆਲਾ ਰਿਆਸਤ ਦੇ ਪਿੰਡ ਆਲੋਵਾਲ ਵਿਖੇ 5 ਅਗਸਤ 1905 ਨੂੰ ਮਾਤਾ ਰਤਨ ਕੌਰ ਤੇ ਪਿਤਾ ਰਾਮ ਸਿੰਘ ਦੇ ਘਰ ਪੈਦਾ ਹੋ ਕੇ 50 ਸਾਲ ਲਗਾਤਾਰ ਗੁਰਬਾਣੀ ਦਾ ਪ੍ਰਚਾਰ ਕਰਦੇ ਹੋਏ ਪੱਛਮ ਭਾਵ ਇੰਗਲੈਂਡ ਦੀ ਧਰਤੀ 'ਤੇ 26 ਅਗਸਤ 1975 ਨੂੰ ਸੁਦਾਗਰ ਸਿੰਘ ਦੇ ਘਰ ਵੂਲਵਰ ਹੈਪਟਨ ਵਿਖੇ 'ਸੂਰਜ ਕਿਰਣਿ ਮਿਲੇ, ਜਲ ਕਾ ਹੂਆ ਰਾਮ।। ਜੋਤੀ ਜੋਤਿ ਰਲੀ, ਸੰਪੂਰਨ ਥੀਆ ਰਾਮ।।' ਗੁਰਵਾਕ ਅਨੁਸਾਰ ਆਪਣਾ ਸਰੀਰ ਤਿਆਗ ਗਏ। ਇਸ ਤੋਂ ਬਾਅਦ ਉਨ੍ਹਾਂ ਦੇ ਜਾਨਸ਼ੀਨ ਸੰਤ ਬਾਬਾ ਕਿਸ਼ਨ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਨੇ ਆਪਣੇ ਵੱਡੇ ਭਰਾਤਾ ਦੇ ਪਾਏ ਪੂਰਨਿਆ 'ਤੇ ਚੱਲਦਿਆਂ ਰਾੜਾ ਸਾਹਿਬ ਦੀਆਂ ਚੱਲ ਰਹੀਆਂ ਸੇਵਾਵਾਂ ਵਿਚ ਵੱਡਮੁੱਲਾ ਯੋਗਦਾਨ ਪਾਇਆ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਉਨ੍ਹਾਂ ਦੇ ਸੱਚਖੰਡ ਜਾਣ ਤੋਂ ਬਾਅਦ ਸੰਤ ਤੇਜਾ ਸਿੰਘ ਜੀ ਭੋਰਾ ਸਾਹਿਬ ਵਾਲਿਆਂ ਨੂੰ ਰਾੜਾ ਸਾਹਿਬ ਸੰਪ੍ਰਦਾਇ ਦੀਆਂ ਸੇਵਾਵਾਂ ਦੀ ਵੱਡੀ ਜ਼ਿੰਮੇਵਾਰੀ ਸੰਤਾਂ ਮਹਾਂਪੁਰਸ਼ਾਂ ਵੱਲੋਂ ਸੌਂਪੀ ਗਈ ਜੋ ਕਿ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ 09 ਦਸੰਬਰ 20 14 ਨੂੰ ਆਪਣੇ ਪੰਜ ਭੌਤਿਕ ਸਰੀਰ ਦਾ ਤਿਆਗ ਕਰ ਗਏ। ਉਨ੍ਹਾਂ ਦੇ ਸੱਚਖੰਡ ਜਾਣ ਤੋਂ ਬਾਅਦ ਰਾੜਾ ਸਾਹਿਬ ਸੰਪ੍ਰਦਾਇ ਦੀ ਵੱਡੀ ਜ਼ਿੰਮੇਵਾਰੀ ਸੰਤ ਬਲਜਿੰਦਰ ਸਿੰਘ ਜੀ ਨੂੰ ਸੌਂਪੀ ਗਈ। ਅੱਜ ਮੌਜੂਦਾ ਮੁਖੀ ਸੰਤ ਬਲਜਿੰਦਰ ਸਿੰਘ ਜੀ ਦੀ ਦੇਖ ਰੇਖ ਹੇਠ ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਚ ਚੱਲ ਰਹੀਆਂ ਕਾਰ ਸੇਵਾਵਾਂ ਵਿਚ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਪੂਰਨ ਰੂਪ ਵਿਚ ਸਹਿਯੋਗ ਦਿੱਤਾ ਜਾ ਰਿਹਾ ਹੈ। ਜੋ ਕਿ ਆਪਣੇ ਵੱਡੇ ਸੰਤ ਪੁਰਸ਼ਾਂ ਦੇ ਮਾਰਗ 'ਤੇ ਚੱਲਦਿਆਂ ਅੰਮ੍ਰਿਤ ਰੂਪੀ ਕੀਰਤਨ ਵਿਖਿਆਨ ਦੁਆਰਾ ਸੰਗਤਾਂ ਨੂੰ ਸ਼ਬਦ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਦੇ ਹਨ। ਜਿਨ੍ਹਾਂ ਵੱਲੋਂ ਅੱਜ ਇਲਾਕੇ 'ਚ ਪ੍ਰਾਇਮਰੀ ਸਕੂਲਾਂ 'ਚ ਕੌਮ ਦੀ ਬੁਨਿਆਦ ਬਾਲ ਪੀੜ੍ਹੀ ਨੂੰ ਮਜ਼ਬੂਤ ਬਣਾਉਣ ਲਈ ਗੁਰੂ ਨਾਨਕ ਐਜੂਕੇਸ਼ਨ ਐਂਡ ਰਿਲੀਜਸ ਸੁਸਾਇਟੀ ਸਥਾਪਤ ਕਰਕੇ ਪ੍ਰਾਇਮਰੀ ਵਿੱਦਿਆ ਨੂੰ ਉੱਚ ਮਿਆਰੀ ਬਣਾਉਣ ਲਈ ਕੀਤੇ ਜਾ ਰਹੇ ਕਾਰਜ ਆਪਣੀ ਮਿਸਾਲ ਆਪ ਹਨ।



ਮੋਬਾਈਲ 9779681699

# ਰਾਜ ਪੱਧਰ ਮੀਡੀਆ ਸਰਟੀਫਿਕੇਸ਼ਨ ਅਤੇ ਮਾਨੀਟਰਿੰਗ ਕਮੇਟੀ (ਐਮਸੀਐਮਸੀ) ਕੀਤੀ ਗਈ ਗਠਨ

## ਸੂਚਨਾ, ਲੋਕ ਸੰਪਰਕ, ਭਾਸ਼ਾ ਤੇ ਸਭਿਆਚਾਰ ਵਿਭਾਗ ਦੇ ਮਹਾਨਿਦੇਸ਼ਕ ਹੋਣਗੇ ਕਮੇਟੀ ਦੇ ਮੈਂਬਰ ਮੀਡੀਆ ਸਰਟੀਫਿਕੇਸ਼ਨ ਦੇ ਲਈ ਵੀ ਹੋਣਵੇਗੀ ਵੱਖ ਤੋਂ ਕਮੇਟੀ

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਅਨੁਰਾਗ ਅਗਰਵਾਲ ਨੇ ਕਿਹਾ ਕਿ ਲੋਕਸਭਾ ਆਮ ਚੋਣ 2024 ਦੇ ਮੱਦੇਨਜਰ ਚੋਣ ਪ੍ਰਕ੍ਰਿਆ ਦੌਰਾਨ ਚੋਣ ਜਾਬਤਾ ਦਾ ਸਹੀ ਮਾਇਨੇ ਵਿਚ ਪਾਲਣਾ ਹੋਵੇ, ਇਸ ਦੇ ਲਈ ਰਾਜਨੀਤਿਕ ਪਾਰਟੀਆਂ ਤੇ ਚੋਣ ਲੜ੍ਹ ਰਹੇ ਉਮੀਦਵਾਰਾਂ ਦੇ ਰਾਜਨੀਤਿਕ ਇਸ਼ਤਿਹਾਰਾਂ, ਪੇਡ ਨਿਊਜ ਤੇ ਫੇਕ ਨਿਊਜ ’ਤੇ ਪੈਨੀ ਨਜਰ ਰੱਖਣ ਤੇ ਇੰਨ੍ਹਾਂ ਦੇ ਸਰਟੀਫਿਕੇਸ਼ਨ ਮੰਜੂਰੀ ਪ੍ਰਦਾਨ ਕਰਨ ਲਈ ਰਾਜ ਪੱਧਰ ’ਤੇ ਤੇ ਜਿਲ੍ਹਾ ਪੱਧਰ ’ਤੇ ਮੀਡੀਆ ਸਰਟੀਫਿਕੇਸ਼ਨ ਅਤੇ ਮਾਨੀਟਰਿੰਗ ਕਮੇਟੀ (ਐਮਸੀਐਮਸੀ) ਗਠਨ ਕੀਤੀ ਗਈ ਹੈ। ਮੁੱਖ ਚੋਣ ਅਧਿਕਾਰੀ ਰਾਜ ਪੱਧਰੀ ਮੀਡੀਆ ਸਰਟੀਫਿਕੇਸ਼ਨ ਅਤੇ ਮਾਨੀਟਰਿੰਗ ਕਮੇਟੀ ਦੇ ਚੇਅਰਮੈਨ ਹੋਣਗੇ ਜਦੋਂ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਨਿਯੁਕਤ ਇਕ ਓਬਜਰਵਰ, ਸੂਚਨਾ, ਲੋਕ ਸੰਪਰਕ, ਭਾਸ਼ਾ ਅਤੇ ਸਭਿਆਚਾਰਕ ਵਿਭਾਗ ਦੇ ਮਹਾਨਿਦੇਸ਼ਕ ਸ੍ਰੀ ਮਨਦੀਪ ਸਿੰਘ ਬਰਾੜ, ਪੀਆਈਬੀ/ਬੀਓਸੀ, ਚੰਡੀਗੜ੍ਹ ਦੀ ਸੰਯੁਕਤ ਨਿਦੇਸ਼ਕ ਸੁਸ੍ਰੀ ਸੰਗੀਤਾ ਜੋਸ਼ੀ, ਭਾਰਤੀ ਪ੍ਰੈਸ ਪਰਿਸ਼ਦ ਦੇ ਸ੍ਰੀ ਗੁਰਿੰਦਰ ਸਿੰਘ, ਸੂਚਨਾ, ਲੋਕ ਸੰਪਰਕ, ਭਾਸ਼ਾ ਅਤੇ ਸਭਿਆਚਾਰਕ ਵਿਭਾਗ ਦੇ ਵਧੀਕ ਨਿਦੇਸ਼ਕ (ਪ੍ਰਸਾਸ਼ਨ) ਸ੍ਰੀ ਵਿਵੇਕ ਕਾਲੀਆ ਅਤੇ ਸੰਯੁਕਤ ਚੋਣ ਅਧਿਕਾਰੀ, ਹਰਿਆਣਾ ਸ੍ਰੀ ਰਾਜਕੁਮਾਰ ਇਸ ਕਮੇਟੀ ਦੇ ਮੈਂਬਰ ਨਾਮਜਦ ਕੀਤੇ ਗਏ ਹਨ।

ਇਹ ਕਮੇਟੀ ਕਿਸੇ ਵੀ ਰਾਜਨੀਤਿਕ ਪਾਰਟੀ, ਉਮੀਦਵਾਰ ਜਾਂ ਕਿਸੇ ਹੋਰ ਵਿਅਕਤੀ ਨੂੰ ਇਸ਼ਤਿਹਾਰਾਂ ਦੇ ਸਬੰਧ ਵਿਚ ਸਰਟੀਫਿਕੇਸ਼ਨ ਪ੍ਰਦਾਨ ਕਰਨ ਜਾਂ ਨਾਮੰਜ਼ੂਰ ਕਰਨ ਦੇ ਸਬੰਧ ਵਿਚ ਕੀਤੀ ਗਈ ਅਪੀਲ ’ਤੇ ਫੈਸਲਾ ਲਵੇਗੀ। ਅਜਿਹੀ ਅਪੀਲਾਂ ’ਤੇ ਫੈਸਲਾ ਸਿਰਫ ਮੁੱਖ ਚੋਣ ਅਧਿਕਾਰੀ ਦੀ ਅਗਵਾਈ ਹੇਠ ਗਠਨ ਕਮੇਟੀ ਵੱਲੋਂ ਕੀਤਾ ਕੀਤਾ ਜਾਵੇਗਾ।,ਇਸ ਸਬੰਧ ਵਿਚ ਚੋਣ ਕਮਿਸ਼ਨ ਨੂੰ ਸੰਦਰਭ ਦੇਣ ਦੀ ਜਰੂਰੀ ਨਹੀਂ ਹੋਵੇਗੀ। ਇਸੀ ਤਰ੍ਹਾ ਪੇਡ ਨਿਊਜ਼ ਦੀ ਵਿਰੁੱਧ ਕੀਤੀ ਗਈ ਅਪੀਲ ਦੇ ਸਬੰਧ ਵਿਚ ਜਿਲ੍ਹਾ ਪੱਧਰ ’ਤੇ ਗਠਨ ਮੀਡੀਆ ਸਰਟੀਫਿਕੇਸ਼ਨ ਅਤੇ ਮਾਨੀਟਰਿੰਗ ਕਮੇਟੀ (ਐਮਸੀਐਮਸੀ) ਖੁਦ ਫੈਸਲਾ ਲਵੇਗੀ ਅਤੇ ਉਮ੍ਹੀਂਦਵਾਰ ਨੂੰ ਨੋਟਿਸ ਜਾਰੀ ਕਰਨ ਲਈ ਸਬੰਧਿਤ ਰਿਟਰਨਿੰਗ ਅਧਿਕਾਰੀ ਨੂੰ ਨਿਰਦੇਸ਼ ਜਾਰੀ ਕਰੇਗੀ। ਇਸ ਤਬ੍ਹਾ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ ਰਾਜ ਪੱਧਰ ’ਤੇ ਸਰਟੀਫਿਕੇਸ਼ਨ ਕਮੇਟੀ ਵੀ ਗਠਨ ਕੀਤੀ ਗਈ ਹੈ ਜਿਸ ਵਿਚ ਵਧੀਕ ਮੁੱਖ ਚੋਣ ਅਧਿਕਾਰੀ, ਹਰਿਆਣਾ ਸ੍ਰੀਮਤੀ ਹੇਮਾ ਸ਼ਰਮਾ ਨੂੰ ਚੇਅਰਮੈਨ, ਹਾਰਟਰੋਨ ਦੇ ਨਿਦੇਸ਼ਕ ਸ੍ਰੀ ਯੱਸ਼ ਗਰਗ, ਹਾਰਟਰੋਨਦੇ ਉੱਪ ਮਹਾਪ੍ਰਬੰਧਕ (ਪੀਐਂਡ ਏ) ਸ੍ਰੀ ਨਿਰਮਲ ਪ੍ਰਕਾਸ਼ ਅਤੇ ਪੀਆਈਬੀ, ਚੰਡੀਗੜ੍ਹ ਦੇ ਉੱਪ ਨਿਦੇਸ਼ਕ ਸ੍ਰੀ ਹਰਸ਼ਿਤ ਨਾਰੰਗ ਨੂੰ ਕਮੇਟੀ ਦਾ ਮੈਂਬਰ ਨਾਂਮਜਦ ਕੀਤਾ ਗਿਆ ਹੈ। ਇਹ ਕਮੇਟੀ ਸਾਰੇ ਰਜਿਸਟਰਡ ਰਾਜਨੀਤਿਕ ਪਾਰਟੀਆਂ ਜਿਨ੍ਹਾਂ ਦਾ ਮੁੱਖ ਦਫਤਰ ਰਾਜ ਵਿਚ ਸਥਿਤ ਹੈ, ਸਾਰੇ ਸੰਗਠਨਾਂ , ਵਿਅਕਤੀਆਂ ਦੇ ਸਮੂਹ ਜਾਂ ਏਸੋਸਇਏਸ਼ਨ ਜੋ ਰਾਜ ਵਿਚ ਰਜਿਸਟਰਡ ਹੈ, ਨੂੰ ਪ੍ਰੀ-ਸਰਟੀਫਿਕੇਸ਼ਨ ਦੇ ਲਈ ਦਿੱਤੇ ਗਏ ਬਿਨਿਆਂ ’ਤੇ ਫੈਸਲਾ ਕਰੇਗੀ।

# ਪੰਜਾਬ ਸਰਕਾਰ ਵੱਲੋਂ ਪ੍ਰਮੁੱਖ ਸਕੱਤਰ ਅਜੋਏ ਸ਼ਰਮਾ ਨੂੰ ‘ਕਾਰਨ ਦੱਸੋ ਨੋਟਿਸ’

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਮਾਪਿਆਂ ਦੇ ਆਈਵੀਐੱਫ ਇਲਾਜ ਬਾਰੇ ਪੁੱਛ-ਪੜਤਾਲ ਕਰਨ ਦੇ ਮਾਮਲੇ ’ਚ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਅਜੋਏ ਕੁਮਾਰ ਸ਼ਰਮਾ ਨੂੰ ‘ਕਾਰਨ ਦੱਸੋ ਨੋਟਿਸ’ ਜਾਰੀ ਕਰ ਕੇ ਦੋ ਹਫ਼ਤਿਆਂ ’ਚ ਜਵਾਬ ਮੰਗਿਆ ਹੈ। ਭਾਵੇਂ ਕੇਂਦਰੀ ਸਿਹਤ ਮੰਤਰਾਲੇ ਨੇ ਮੂਸੇਵਾਲਾ ਦੇ ਮਾਪਿਆਂ ਦੇ ਇਲਾਜ ਬਾਰੇ ਸੂਬਾ ਸਰਕਾਰ ਤੋਂ ਰਿਪੋਰਟ ਤਲਬ ਕੀਤੀ ਸੀ ਪਰ ਪ੍ਰਮੁੱਖ ਸਕੱਤਰ ਅਜੋਏ ਸ਼ਰਮਾ ਵੱਲੋਂ ਇਹ ਮਾਮਲਾ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੇ ਧਿਆਨ ’ਚ ਲਿਆਂਦੇ ਬਿਨਾਂ ਮਾਮਲੇ ’ਚ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਸੀ।

ਕੇਂਦਰੀ ਪੱਤਰ ਮਗਰੋਂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਸਿੱਧੇ ਤੌਰ ’ਤੇ ਪੰਜਾਬ ਸਰਕਾਰ ਨੂੰ ਕਟਹਿਰੇ ’ਚ ਖੜ੍ਹਾ ਕਰ ਦਿੱਤਾ ਅਤੇ ਉਸ ਮਗਰੋਂ ਇਹ ਗੱਲ ਸਪੱਸ਼ਟ ਹੋਈ ਕਿ ਕੇਂਦਰ ਸਰਕਾਰ ਨੇ ਮੂਸੇਵਾਲਾ ਦੇ ਮਾਪਿਆਂ ਖ਼ਿਲਾਫ਼ ਕਾਰਵਾਈ ਵਿੱਢੀ ਹੈ। ਪੰਜਾਬ ਸਰਕਾਰ ਇਸ ਗੱਲੋਂ ਖ਼ਫ਼ਾ ਹੈ ਕਿ ਪ੍ਰਮੁੱਖ ਸਕੱਤਰ ਨੇ ਮਾਮਲਾ ਧਿਆਨ ’ਚ ਲਿਆਂਦੇ ਬਿਨਾਂ ਹੀ ਕੇਂਦਰੀ ਪੱਤਰ ਦੇ ਆਧਾਰ ’ਤੇ ਅਗਲੇਰੀ



ਕਾਰਵਾਈ ਸ਼ੁਰੂ ਕਰ ਦਿੱਤੀ।

ਸੂਬਾ ਸਰਕਾਰ ਨੇ ਅਜੋਏ ਸ਼ਰਮਾ ਨੂੰ ਦੋ ਹਫ਼ਤਿਆਂ ਵਿੱਚ ਪੱਤਰ ਦਾ ਜੁਆਬ ਦੇਣ ਲਈ ਆਖਦਿਆਂ ਕਿਹਾ ਹੈ ਕਿਉਂ ਨਾ ਉਨ੍ਹਾਂ ਖ਼ਿਲਾਫ਼ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇ। ਅਜੋਏ ਸ਼ਰਮਾ ਪਹਿਲਾਂ ਵੀ ‘ਆਪ’ ਸਰਕਾਰ ਦੇ ਨਿਸ਼ਾਨੇ ’ਤੇ ਆਏ ਸਨ ਜਦੋਂ ਉਨ੍ਹਾਂ ਨੇ ਸਿਹਤ ਵਿਭਾਗ ਦੇ ਬਜਟ ’ਚੋਂ ਇਸ਼ਤਿਹਾਰੀ ਬਜਟ ਨੂੰ ਪ੍ਰਵਾਨਗੀ ਦੇਣ ਤੋਂ ਇਨਕਾਰ ਕਰ ਦਿੱਤਾ ਸੀ ਤੇ ਕੁੱਝ ਮਹੀਨੇ ਉਨ੍ਹਾਂ ਦੀ ਪੋਸਟਿੰਗ ਹਵਾ ’ਚ ਹੀ ਲਟਕਦੀ ਰਹੀ ਹੈ।

ਨੋਟਿਸ ਵਿੱਚ ਰੂਲਜ਼ ਆਫ਼ ਬਿਜ਼ਨਸ, 1992 ਦੇ ਉਪਬੰਧਾਂ ਦਾ ਹਵਾਲਾ ਦਿੱਤਾ ਗਿਆ ਹੈ। ਇਨ੍ਹਾਂ ਉਪਬੰਧਾਂ ਤਹਿਤ ਉਕਤ ਮਾਮਲੇ ਨੂੰ ਮੁੱਖ ਮੰਤਰੀ ਜਾਂ ਸਬੰਧਤ ਮੰਤਰੀ ਦੇ ਧਿਆਨ ’ਚ ਲਿਆਉਣਾ ਬਣਦਾ ਸੀ ਤਾਂ ਜੋ ਅਗਲੇਰੇ ਆਦੇਸ਼ ਪ੍ਰਾਪਤ ਕੀਤੇ ਜਾ ਸਕਦੇ।

ਪੱਤਰ ਅਨੁਸਾਰ ਅਜੋਏ ਸ਼ਰਮਾ ਖ਼ਿਲਾਫ਼ ਆਲ ਇੰਡੀਆ ਸਰਵਿਸਿਜ਼ (ਅਨੁਸ਼ਾਸਨ ਅਤੇ ਅਪੀਲ) ਨਿਯਮ, 1969 ਦੇ ਤਹਿਤ ਕਾਰਵਾਈ ਹੋ ਸਕਦੀ ਹੈ। ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰਾਲੇ ਨੇ 14 ਮਾਰਚ ਨੂੰ ਮੂਸੇਵਾਲਾ ਦੀ ਮਾਤਾ ਚਰਨ ਕੌਰ ਦੇ ਇਨ ਵਿਟਰੋ ਫਰਟੀਲਾਈਜੇਸ਼ਨ (ਆਈਵੀਐੱਫ) ਇਲਾਜ ਸਬੰਧੀ ਪੰਜਾਬ ਸਰਕਾਰ ਤੋਂ ਰਿਪੋਰਟ ਤਲਬ ਕੀਤੀ ਸੀ। ਆਈਵੀਐੱਫ ਤਕਨੀਕ ਨਾਲ ਇਲਾਜ ਲਈ ਉਮਰ ਹੱਦ 21-50 ਸਾਲ ਨਿਰਧਾਰਿਤ ਹੈ ਪਰ ਮਾਤਾ ਚਰਨ ਕੌਰ ਦੀ ਉਮਰ 58 ਸਾਲ ਹੈ, ਜਿਨ੍ਹਾਂ ਦੇ ਘਰ ਲੰਘੇ ਦਿਨੀਂ ਦੂਜੇ ਬੱਚੇ ਨੇ ਜਨਮ ਲਿਆ ਹੈ।

ਬਲਕੌਰ ਸਿੰਘ ਨੇ ਵੀਡੀਓ ਸੁਨੇਹੇ ’ਚ ਕਿਹਾ ਸੀ ਪੰਜਾਬ ਸਰਕਾਰ ਨਵਜੰਮੇ ਬੱਚੇ ਨੂੰ ਲੈ ਕੇ ਪ੍ਰੇਸ਼ਾਨ ਕਰ ਰਹੀ ਹੈ ਜਦਕਿ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਇਸ ਵਿੱਚ ਪੰਜਾਬ ਸਰਕਾਰ ਦੀ ਕੋਈ ਭੂਮਿਕਾ ਹੋਣ ਤੋਂ ਇਨਕਾਰ ਕੀਤਾ ਸੀ। ਪੰਜਾਬ ਸਰਕਾਰ ਨੇ ਹੁਣ ਪ੍ਰਮੁੱਖ ਸਕੱਤਰ ਖ਼ਿਲਾਫ਼ ਫ਼ੌਰੀ ਕਾਰਵਾਈ ਵਿੱਢ ਕੇ ਮੂਸੇਵਾਲਾ ਦੇ ਮਾਪਿਆਂ ਨੂੰ ਸੁਨੇਹਾ ਦੇਣ ਦੀ ਕੋਸ਼ਿਸ਼ ਕੀਤੀ ਹੈ ਕਿ ਸੂਬਾ ਸਰਕਾਰ ਦੀ ਮਨਸ਼ਾ ਗ਼ਲਤ ਨਹੀਂ ਸੀ।

# ਮਾਨ ਨੇ ਕੇਜਰੀਵਾਲ ਨੂੰ ਗ੍ਰਿਫ਼ਤਾਰ ਕਰਨ ਦੀ ਨਿੰਦਾ ਕੀਤੀ, ਦਿੱਲੀ ਰਵਾਨਾ

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਮ ਆਦਮੀ ਪਾਰਟੀ (ਆਪ) ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦੀ ਨਿਖੇਧੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦਿੱਲੀ ਦੇ ਮੁੱਖ ਮੰਤਰੀ ਨੂੰ ਗ੍ਰਿਫ਼ਤਾਰ ਕਰ ਸਕਦੀ ਹੈ ਪਰ ਉਨ੍ਹਾਂ ਦੀ ਸੋਚ ਨੂੰ ਕੈਦ ਨਹੀਂ ਕਰ ਸਕਦੀ। ਸ੍ਰੀ ਮਾਨ ਨੇ ਕਿਹਾ ਕਿ ‘ਆਪ’ ਕੇਜਰੀਵਾਲ ਦੇ ਪਿੱਛੇ ਡੱਟ ਕੇ ਖੜ੍ਹੀ ਰਹੇਗੀ। ਸੂਤਰਾਂ ਨੇ ਦੱਸਿਆ ਕਿ ਸ੍ਰੀ ਮਾਨ ਅੱਜ ਦਿੱਲੀ ਰਵਾਨਾ ਹੋ ਗਏ, ਜਿਥੇ ਉਹ ‘ਆਪ’ ਦੇ



ਸੀਨੀਅਰ ਆਗੂਆਂ ਨਾਲ ਮੁਲਾਕਾਤ ਕਰਨਗੇ। ਉਹ ਕੇਜਰੀਵਾਲ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਮਿਲ ਸਕਦੇ ਹਨ।

# ‘ਆਪ’ ਵੱਲੋਂ ਜਲਦੀ ਹੀ ਕੀਤਾ ਜਾਵੇਗਾ ਬਾਕੀ ਉਮੀਦਵਾਰਾਂ ਦਾ ਐਲਾਨ

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ’ਚ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ (ਆਪ) ਵੱਲੋਂ ਲੋਕ ਸਭਾ ਚੋਣਾਂ ਲਈ ਰਹਿੰਦੇ 5 ਉਮੀਦਵਾਰਾਂ ਦਾ ਐਲਾਨ ਅਗਲੇ 5 ਦਿਨਾਂ ਵਿੱਚ ਕਰ ਦਿੱਤਾ ਜਾਵੇਗਾ। ਇਹ ਜਾਣਕਾਰੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ‘ਐਕਸ’ ’ਤੇ ਸਾਂਝੀ ਕੀਤੀ ਹੈ।

‘ਆਪ’ ਵੱਲੋਂ ਲੋਕ ਸਭਾ ਹਲਕਾ ਗੁਰਦਾਸਪੁਰ, ਹੁਸ਼ਿਆਰਪੁਰ, ਆਨੰਦਪੁਰ ਸਾਹਿਬ, ਲੁਧਿਆਣਾ ਅਤੇ ਫਿਰੋਜ਼ਪੁਰ ਦੇ ਉਮੀਦਵਾਰਾਂ ਦਾ ਐਲਾਨ ਕੀਤਾ ਜਾਣਾ ਬਾਕੀ ਹੈ। ਇਨ੍ਹਾਂ ਪੰਜਾਂ ਉਮੀਦਵਾਰਾਂ ਦੀ ਚੋਣ ਲਈ ਲਗਾਤਾਰ ਮੰਥਨ ਕੀਤਾ ਜਾ ਰਿਹਾ ਹੈ। ਇਸ ਲਈ ‘ਆਪ’ ਦੀ ਦਿੱਲੀ ਤੇ ਪੰਜਾਬ ਦੀ ਲੀਡਰਸ਼ਿਪ ਸਾਂਝੇ ਤੌਰ ’ਤੇ ਉਮੀਦਵਾਰਾਂ ਦੀ ਭਾਲ ਵਿੱਚ ਜੁਟੀ ਹੋਈ ਹੈ।

ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ (ਆਪ) ਨੇ ਸਾਰੀਆਂ ਸਿਆਸੀ ਪਾਰਟੀਆਂ ਤੋਂ ਪਹਿਲਾਂ 14 ਮਾਰਚ ਨੂੰ 13 ਸੀਟਾਂ ਵਿੱਚੋਂ ਅੱਠ ਲੋਕ ਸਭਾ ਸੀਟਾਂ ਲਈ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਦਿੱਤੀ ਸੀ ਜਿਸ ਵਿੱਚ ਪੰਜ ਮੌਜੂਦਾ ਕੈਬਨਿਟ ਮੰਤਰੀਆਂ ਦੇ ਨਾਂ ਵੀ ਸ਼ਾਮਲ ਹਨ। ਕੁਝ ਦਿਨ ਪਹਿਲਾਂ ਹੀ ਪਾਰਟੀ ਵਿੱਚ ਸ਼ਾਮਲ ਹੋਏ ਗੁਰਪ੍ਰੀਤ ਸਿੰਘ ਜੀਪੀ ਤੇ ਪੰਜਾਬੀ ਅਦਾਕਾਰ ਕਰਮਜੀਤ ਅਨਮੋਲ ਨੂੰ ਵੀ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ।

‘ਆਪ’ ਨੇ ਪਹਿਲੀ ਸੂਚੀ ਵਿੱਚ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਖਡੂਰ ਸਾਹਿਬ ਤੋਂ ਲਾਲਜੀਤ ਸਿੰਘ ਭੁੱਲਰ, ਜਲੰਧਰ ਤੋਂ ਸੁਸ਼ੀਲ ਕੁਮਾਰ ਰਿੰਕੂ, ਫ਼ਤਹਿਗੜ੍ਹ ਸਾਹਿਬ ਤੋਂ ਗੁਰਪ੍ਰੀਤ ਸਿੰਘ ਜੀਪੀ, ਫਰੀਦਕੋਟ ਤੋਂ ਕਰਮਜੀਤ ਅਨਮੋਲ, ਬਠਿੰਡਾ ਤੋਂ ਗੁਰਮੀਤ ਸਿੰਘ ਖੁੱਡੀਆਂ, ਸੰਗਰੂਰ ਤੋਂ ਗੁਰਮੀਤ ਸਿੰਘ ਮੀਤ ਹੇਅਰ ਅਤੇ ਪਟਿਆਲਾ ਤੋਂ ਡਾ. ਬਲਬੀਰ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ।

ਦੂਜੇ ਪਾਸੇ ਆਮ ਆਦਮੀ ਪਾਰਟੀ ਵੱਲੋਂ ਲੋਕ ਸਭਾ ਚੋਣਾਂ ਲਈ 8 ਉਮੀਦਵਾਰਾਂ ਦਾ ਐਲਾਨ ਕੀਤੇ ਜਾਣ ਮਗਰੋਂ ਪਾਰਟੀ ਨੇ ਚੋਣ ਪ੍ਰਚਾਰ ਸ਼ੁਰੂ ਕਰ ਦਿੱਤਾ ਹੈ।

‘ਆਪ’ ਵੱਲੋਂ ਸੂਬਾ ਸਰਕਾਰ ਵੱਲੋਂ ਦੋ ਸਾਲਾਂ ’ਚ ਕੀਤੇ ਕੰਮਾਂ ਨੂੰ ਘਰ-ਘਰ ਪਹੁੰਚਾਉਣ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ।

ਕੁਝ ਦਿਨ ਪਹਿਲਾਂ ਹੀ ਕਾਂਗਰਸ ਨੂੰ ਅਲਵਿਦਾ ਕਹਿ ਕੇ ‘ਆਪ’ ਵਿੱਚ ਸ਼ਾਮਲ ਹੋਏ ਡਾ. ਰਾਜ ਕੁਮਾਰ ਚੱਬੇਵਾਲ ਨੂੰ ਵੀ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਟਿਕਟ ਮਿਲ ਸਕਦੀ ਹੈ। ਸੂਤਰਾਂ ਦਾ ਕਹਿਣਾ ਹੈ ਕਿ ‘ਆਪ’ ਨੇ ਕਾਂਗਰਸ ਛੱਡ ਕੇ ਆਏ ਗੁਰਪ੍ਰੀਤ ਸਿੰਘ ਜੀਪੀ ਨੂੰ ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਉਮੀਦਵਾਰ ਐਲਾਨਿਆ ਗਿਆ ਹੈ। ਇਸੇ ਤਰ੍ਹਾਂ ਡਾ. ਰਾਜ ਕੁਮਾਰ ਚੱਬੇਵਾਲ ਨੂੰ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਟਿਕਟ ਮਿਲ ਸਕਦੀ ਹੈ। ਦੂਜੇ ਪਾਸੇ ‘ਆਪ’ ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਵੱਲੋਂ ਵੀ ਲੋਕ ਸਭਾ ਹਲਕਾ ਆਨੰਦਪੁਰ ਸਾਹਿਬ ਵਿੱਚ ਸਰਗਰਮੀ ਨਾਲ ਕੰਮ ਕੀਤਾ ਜਾ ਰਿਹਾ ਹੈ।

# ਸ਼ਰਾਬ ਦੇ ਠੇਕਿਆਂ ਦੀ ਨਿਲਾਮੀ ਮੁਲਤਵੀ

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਚੋਣ ਕਮਿਸ਼ਨ ਵੱਲੋਂ ਹਰੀ ਝੰਡੀ ਨਾ ਮਿਲਣ ਕਰਕੇ ਪੰਜਾਬ ਵਿਚ ਸ਼ਰਾਬ ਦੇ ਠੇਕਿਆਂ ਦੀ ਨਿਲਾਮੀ ਮੁਲਤਵੀ ਹੋ ਗਈ ਹੈ। ਭਲਕੇ ਸ਼ੁੱਕਰਵਾਰ ਨੂੰ ਸੂਬੇ ਵਿਚ ਠੇਕਿਆਂ ਦੀ ਨਿਲਾਮੀ ਦਾ ਪ੍ਰੋਗਰਾਮ ਤੈਅ ਸੀ ਪਰ ਹਾਲੇ ਤੱਕ ਚੋਣ ਕਮਿਸ਼ਨ ਨੇ ਪ੍ਰਵਾਨਗੀ ਨਹੀਂ ਦਿੱਤੀ, ਜਿਸ ਕਰਕੇ ਇਸ ਪ੍ਰਕਿਰਿਆ ਨੂੰ ਮੁਲਤਵੀ ਕਰਨਾ ਪਿਆ ਹੈ। ਹੁਣ ਨਵੇਂ ਸਿਰਿਓਂ ਨਿਲਾਮੀ ਹੋਵੇਗੀ। ਅੱਜ ਦੁਪਹਿਰ ਵੇਲੇ ਹੀ ਸ਼ਰਾਬ




ਦੇ ਠੇਕੇਦਾਰਾਂ ਨੂੰ ਆਬਕਾਰੀ ਵਿਭਾਗ ਤੋਂ ਨਿਲਾਮੀ ਮੁਲਤਵੀ ਹੋਣ ਦਾ ਸੁਨੇਹਾ ਮਿਲਿਆ, ਜਿਸ ’ਚ ਕਿਹਾ ਗਿਆ ਹੈ ਕਿ ਚੋਣ ਕਮਿਸ਼ਨ ਤੋਂ ਹਾਲੇ ਪ੍ਰਵਾਨਗੀ ਪ੍ਰਾਪਤ ਨਹੀਂ ਹੋਈ ਹੈ। ਭਾਰਤੀ ਚੋਣ ਕਮਿਸ਼ਨ ਵੱਲੋਂ ਸਾਲ 2014 ਅਤੇ 2019 ਵਿੱਚ ਸ਼ਰਾਬ ਦੇ ਠੇਕਿਆਂ ਦੀ ਨਿਲਾਮੀ ਦੀ ਇਜਾਜ਼ਤ ਦਿੱਤੀ ਗਈ ਸੀ ਅਤੇ ਉਸ ਸਮੇਂ ਵੀ ਚੋਣ ਜ਼ਾਬਤਾ ਲਾਗੂ ਸੀ। ਪੰਜਾਬ ਭਰ ਵਿਚ ਕਰੀਬ ਛੇ ਹਜ਼ਾਰ ਸ਼ਰਾਬ ਦੇ ਠੇਕੇ ਹਨ ਜਿਨ੍ਹਾਂ ਤੋਂ ਕਰੀਬ ਦਸ ਹਜ਼ਾਰ ਕਰੋੜ ਤੋਂ ’ਤੇ ਦੀ ਕਮਾਈ ਦਾ ਟੀਚਾ ਮਿਥਿਆ ਗਿਆ ਹੈ। ਸੂਬਾ ਸਰਕਾਰ ਨੂੰ ਅਰਜ਼ੀ ਫ਼ੀਸ ਵਜੋਂ ਹੀ ਕਰੀਬ 260 ਕਰੋੜ ਰੁਪਏ ਦੀ ਆਮਦਨ ਹੋਈ ਹੈ।

ਆਬਕਾਰੀ ਮੰਤਰੀ ਹਰਪਾਲ ਚੀਮਾ ਨੇ ਦੱਸਿਆ ਕਿ ਚੋਣ ਕਮਿਸ਼ਨ ਦਾ ਪੋਰਟਲ ਖੁੱਲ੍ਹਣ ’ਤੇ ਹੀ ਸ਼ਰਾਬ ਦੇ ਠੇਕਿਆਂ ਦੀ ਨਿਲਾਮੀ ਦੀ ਪ੍ਰਵਾਨਗੀ ਲਈ ਅਪਲਾਈ ਕਰ ਦਿੱਤਾ ਸੀ ਪਰ ਹਾਲੇ ਨਿਲਾਮੀ ਦੀ ਪ੍ਰਵਾਨਗੀ ਆਈ ਨਹੀਂ ਹੈ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਤੋਂ ਮਨਜ਼ੂਰੀ ਮਿਲਣ ਮਗਰੋਂ ਨਿਲਾਮੀ ਦੀ ਨਵੀਂ ਤਰੀਕ ਦਾ ਐਲਾਨ ਕੀਤਾ ਜਾਵੇਗਾ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇੱਕ ਦੋ ਦਿਨਾਂ ਵਿੱਚ ਪ੍ਰਵਾਨਗੀ ਮਿਲ ਜਾਵੇਗੀ।ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸ਼ਰਾਬ ਦੇ ਠੇਕਿਆਂ ਦੀ ਨਿਲਾਮੀ ਲਈ ਲੰਘੇ ਕੱਲ੍ਹ ਹੀ ਇਜਾਜ਼ਤ ਮੰਗੀ ਸੀ। ਉਨ੍ਹਾਂ ਨੂੰ ਬੁੱਧਵਾਰ ਨੂੰ ਆਬਕਾਰੀ ਵਿਭਾਗ ਤੋਂ ਨਿਲਾਮੀ ਵਾਸਤੇ ਪ੍ਰਵਾਨਗੀ ਲੈਣ ਵਾਲਾ ਪੱਤਰ ਮਿਲਿਆ ਹੈ। ਉਨ੍ਹਾਂ ਨੇ ਭਾਰਤੀ ਚੋਣ ਕਮਿਸ਼ਨ ਨੂੰ ਪੰਜਾਬ ਸਰਕਾਰ ਦੀ ਲਿਖਤੀ ਬੇਨਤੀ ਭੇਜ ਦਿੱਤੀ ਹੈ। ਜ਼ਿਕਰਯੋਗ ਹੈ ਕਿ ਸਰਕਾਰ ਨੇ 2024-25 ਦੀ ਆਬਕਾਰੀ ਨੀਤੀ ਤਹਿਤ ਡਰਾਅ ਕੱਢਣ ਦੀ ਨੀਤੀ ਨੂੰ ਮੁੜ ਤੋਂ ਲਾਗੂ ਕੀਤਾ ਹੈ ਤਾਂ ਜੋ ਸ਼ਰਾਬ ਦੇ ਕਾਰੋਬਾਰ ਵਿਚ ਨਵੇਂ ਖਿਡਾਰੀਆਂ ਨੂੰ ਸ਼ਾਮਲ ਕੀਤਾ ਜਾ ਸਕੇ।

# ਪੰਜਾਬ ਵਿੱਚ 100 ਤੋਂ 119 ਸਾਲ ਦੀ ਉਮਰ ਦੇ 5004 ਵੋਟਰ: ਮੁੱਖ ਚੋਣ ਅਧਿਕਾਰੀ

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ 100 ਤੋਂ 119 ਸਾਲ ਦੀ ਉਮਰ ਤੱਕ ਦੇ 5004 ਵੋਟਰ ਹਨ ਜਦਕਿ 205 ਵੋਟਰਾਂ ਦੀ ਉਮਰ 120 ਸਾਲ ਤੋਂ ਜ਼ਿਆਦਾ ਹੈ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 85 ਸਾਲ ਤੋਂ ਜ਼ਿਆਦਾ ਦੀ ਉਮਰ ਵਾਲੇ ਸਾਰੇ ਵੋਟਰ ਆਪਣੇ ਘਰ ਤੋਂ ਹੀ ਵੋਟ ਪਾ ਸਕਦੇ ਹਨ ਅਤੇ ਇਸ ਮਕਸਦ ਲਈ ਪਹਿਲਾਂ ਹੀ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ-ਕਮ-ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ। ਸਿਬਿਨ ਸੀ ਨੇ ਦੱਸਿਆ ਕਿ 1 ਮਾਰਚ 2024 ਤੱਕ 100 ਤੋਂ 109 ਸਾਲ ਦੀ ਉਮਰ ਵਾਲੇ 1917 ਮਰਦ ਅਤੇ 2928 ਔਰਤ ਵੋਟਰ ਹਨ। ਇਸੇ ਤਰ੍ਹਾਂ 110 ਤੋਂ 119 ਸਾਲ ਤੱਕ ਦੇ 59 ਮਰਦ ਅਤੇ 100 ਔਰਤ ਵੋਟਰ ਹਨ। ਇਸ ਤਰ੍ਹਾਂ 100 ਤੋਂ 119 ਸਾਲ ਦੀ ਉਮਰ ਤੱਕ ਦੇ ਕੁੱਲ ਵੋਟਰਾਂ ਦੀ ਗਿਣਤੀ 5004 ਬਣਦੀ ਹੈ। ਇਸੇ ਤਰ੍ਹਾਂ 120 ਸਾਲ ਤੋਂ ਵੱਧ ਉਮਰ ਵਾਲੇ 205 ਵੋਟਰਾਂ ਵਿੱਚੋਂ 122 ਮਰਦ ਅਤੇ 83 ਔਰਤ ਵੋਟਰ ਹਨ। 120 ਸਾਲ ਤੋਂ ਵੱਧ ਉਮਰ ਵਾਲੇ ਸਭ ਤੋਂ ਜ਼ਿਆਦਾ 77 ਮਰਦ ਤੇ 34 ਔਰਤਾਂ ਲੁਧਿਆਣਾ ਜ਼ਿਲ੍ਹੇ ਵਿਚ ਅਤੇ ਇਸ ਤੋਂ ਬਾਅਦ 24 ਮਰਦ ਤੇ 25 ਔਰਤਾਂ ਫਿਰੋਜ਼ਪੁਰ ਜ਼ਿਲ੍ਹੇ ਵਿਚ ਹਨ।

ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਬਾਬਤ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ 1 ਮਾਰਚ, 2024 ਤੱਕ ਸੂਬੇ ਵਿਚ ਕੁੱਲ 4 ਲੱਖ 89 ਹਜ਼ਾਰ 631 ਵੋਟਰ 18-19 ਸਾਲ ਉਮਰ ਵਰਗ ਦੇ ਹਨ। ਇਨ੍ਹਾਂ ਵਿਚ 16 ਟਰਾਂਸਜੈਂਡਰ ਵੋਟਰ ਵੀ ਸ਼ਾਮਲ ਹਨ। ਜਦਕਿ 2 ਲੱਖ 93 ਹਜ਼ਾਰ 100 ਵੋਟਰ ਮੁੰਡੇ ਅਤੇ 1 ਲੱਖ 96 ਹਜ਼ਾਰ 515 ਵੋਟਰ ਕੁੜੀਆਂ ਹਨ। ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਕੁੱਲ 2 ਕਰੋੜ 12 ਲੱਖ 71 ਹਜ਼ਾਰ 246 ਵੋਟਰ ਹਨ। ਇਨ੍ਹਾਂ ਵਿਚ 1 ਕਰੋੜ 11 ਲੱਖ 92 ਹਜ਼ਾਰ 959 ਮਰਦ ਵੋਟਰ ਜਦਕਿ 1 ਕਰੋੜ 77 ਹਜ਼ਾਰ 543 ਔਰਤ ਵੋਟਰ ਹਨ। ਸਿਬਿਨ ਸੀ ਨੇ ਪੰਜਾਬ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੋਟ ਦੇ ਅਧਿਕਾਰ ਦੀ ਵੱਧ-ਚੜ੍ਹ ਕੇ ਵਰਤੋਂ ਕਰਨ ਅਤੇ ‘ਇਸ ਵਾਰ 70 ਪਾਰ’ ਦੇ ਨਾਅਰੇ ਨੂੰ ਅਮਲੀ ਜਾਮਾ ਪਹਿਨਾਉਣ।

# ਹੋਲਾ ਮਹੱਲਾ ਪੂਰੇ ਸਾਨੋ ਸ਼ੌਕਤ ਨਾਲ ਮਨਾਉਣ ਲਈ ਸਮੂਹ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਪੁੱਜਣ : ਜੱਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ

**ਸ੍ਰੀ ਅਨੰਦਪੁਰ ਸਾਹਿਬ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਬਾ ਬਲਬੀਰ ਸਿੰਘ ਨੇ ਕਿਹਾ ਗੁਰੂ ਪਾਤਸ਼ਾਹਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਲਈ ਗੁਰੂ ਸਾਹਿਬ ਵੇਲੇ ਤੋਂ ਚਲੀ ਆਉਂਦੀ ਪੁਰਾਤਨ ਰਵਾਇਤ ਅਨੁਸਾਰ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਹੋਲਾ ਮਹੱਲਾ ਦੇ ਤਿਉਹਾਰ ਨੂੰ ਪੂਰੇ ਖਾਲਸਾਹੀ ਜਾਹੋ ਜਲਾਲ ਨਾਲ ਮਨਾਉਣ ਲਈ ਵੱਧ ਚੜ੍ਹ ਕੇ ਸ੍ਰੀ ਅਨੰਦਪੁਰ ਸਾਹਿਬ ਪੁਜਣ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਕਿਹਾ ਕਿ ਨਿਹੰਗ ਸਿੰਘ ਦਲਾਂ ਤੇ ਸੰਗਤਾਂ ਦੇ ਸਹਿਯੋਗ ਨਾਲ 24, 25 ਤੇ 26 ਮਾਰਚ ਨੂੰ ਹੋਲਾ-ਮਹੱਲਾ ਪੂਰੇ ਖ਼ਾਲਸਾਈ ਜਲਾਲ ਤੇ ਸ਼ਾਨੋ-ਸ਼ੌਕਤ ਨਾਲ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਮਨਾਇਆ ਜਾਵੇਗਾ ਇਸ ਬਾਰੇ ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਵੱਲੋਂ ਵਰੋਸਾਏ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਹੋਲੇ- ਮਹੱਲੇ ਦਾ ਤਿਉਹਾਰ ਹਰ ਸਾਲ ਨਿਹੰਗ ਸਿੰਘ ਦਲਾਂ ਦੇ ਸਹਿਯੋਗ ਨਾਲ ਖਾਲਸਾਈ ਪ੍ਰੰਪਰਾਵਾਂ ਅਨੁਸਾਰ ਮਨਾਇਆ ਜਾਂਦਾ ਹੈ ਇਸ ਵਾਰ ਵੀ ਅੱਗੇ ਨਾਲੋਂ ਵੀ ਵੱਧ ਚੜ੍ਹ ਕੇ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਹੋਲੇ-ਮਹੱਲੇ



ਦੇ ਮੌਕੇ ਤੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ 96ਵੇਂ ਕਰੋੜੀ ਵੱਲੋਂ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ ਹਨ ਨਾਲ ਹੀ ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਕਿਹਾ ਕਿ ਲੱਖਾਂ ਦੀ ਗਿਣਤੀ ’ਚ ਪੁੱਜਣ ਵਾਲੀ ਸੰਗਤ ਦੇ ਰਹਿਣ ਸਹਿਣ ਤੇ ਸੁੱਖ-ਸਹੂਲਤ ਦਾ ਵਿਸ਼ੇਸ਼ ਪ੍ਰਬੰਧ ਕਰਦਿਆਂ ਪਿਛਲੇ ਸਾਲਾਂ ਵਾਂਗ ਦੁਰਘਟਨਾ ਬੀਮਾ ਯੋਜਨਾ ਦਾ ਵੀ ਅਗਾਊਂ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੀ ਸਥਾਨਕ ਛਾਉਣੀ ਗੁਰੂ ਕੇ ਬਾਗ ਤੋਂ ਪ੍ਰੈਸ ਨੋਟ ਜਾਰੀ ਕਰਦਿਆਂ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਸਿੰਘ ਸਾਹਿਬ ਜਥੇ: ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਨੇ ਸਮੂਹ ਸੰਗਤਾਂ ਨੂੰ ਵੱਧ ਚੜ੍ਹ ਕੇ ਹੋਲੇ ਮਹੱਲੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਲਈ ਸੱਦਾ ਦਿੱਤਾ ਹੈ ਉਨ੍ਹਾਂ ਕਿਹਾ ਹੋਲੇ ਮਹੱਲੇ ਨੂੰ ਸਮਰਪਿਤ 24, 26 ਮਾਰਚ ਨੂੰ ਛਾਉਣੀ ਨਿਹੰਗ ਸਿੰਘਾਂ, ਗੁਰੂ ਕਾ ਬਾਗ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੱਖ ਜੰਗਜੂ ਕਲਾ ਦਾ ਪ੍ਰਤੀਕ ਵਿਰਸਾ ਸੰਭਾਲ ਇੰਟਰਨੈਸ਼ਨਲ ਗਤਕਾ ਮੁਕਾਬਲੇ ਕਰਵਾਏ ਜਾਣਗੇ, ਜਿਸ ਵਿਚ ਪਹਿਲੇ, ਦੂਜੇ ਤੇ ਤੀਜੇ ਨੰਬਰ ਤੇ ਆਉਣ ਵਾਲੀਆਂ ਟੀਮਾਂ ਨੂੰ ਵਿਸ਼ੇਸ਼ ਇਨਾਮ ਤਕਸੀਮ ਕੀਤੇ ਜਾਣਗੇ ਵੱਖ-ਵੱਖ ਖੇਤਰਾਂ ਵਿਚ ਸਿੱਖ ਪੰਥ ਦੀਆਂ ਅਹਿਮ ਯੋਗਦਾਨ ਪਾਉਣ ਵਾਲੀਆ ਵਿਸ਼ੇਸ਼ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਐਵਾਰਡਾਂ ਨਾਲ ਸਨਮਾਨਤ ਕੀਤਾ ਜਾਵੇਗਾ ਸ. ਬੇਦੀ ਨੇ ਦਸਿਆ ਕਿ 26 ਮਾਰਚ ਨੂੰ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਪੁਰਾਤਨ ਪਰੰਪਰਾ ਅਨੁਸਾਰ ਹਰ ਸਾਲ ਦੀ ਤਰ੍ਹਾਂ ਨਿਹੰਗ ਸਿੰਘ ਦਲਾਂ ਦੇ ਸਹਿਯੋਗ ਨਾਲ ਛਾਉਣੀ ਗੁਰੂ ਕਾ ਬਾਗ਼ ਬੁੱਢਾ ਦਲ ਤੋਂ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਨਿਸ਼ਾਨ ਨਿਗਾਰਿਆ ਦੀ ਛਤਰ ਛਾਇਆ ਹੇਠ ਅਤੇ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿੱਚ ਮਹੱਲਾ ਕੱਢਿਆ ਜਾਵੇਗਾ।

# ਲਾਇਨਜ਼ ਕਲੱਬ ਸੁਨਾਮ (ਪ੍ਰਾਈਮ) ਨੂੰ ਰੀਜਨ ਕਾਨਫਰੰਸ ਵਿੱਚ ਖੂਨਦਾਨ ਕੈਂਪ ਲਾਉਣ ਲਈ ਮਿਲਿਆ ਬੈਸਟ ਅਵਾਰਡ

**ਸੁਨਾਮ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਲਾਇਨਜ਼ ਇੰਟਰਨੈਸ਼ਨਲ ਦੇ ਰੀਜਨ-9 ਜ਼ਿਲ੍ਹਾ 321-ਐਫ ਵੱਲੋਂ ਮੀਰਾ-2024 ਤਹਿਤ ਰੀਜਨ ਕਾਨਫਰੰਸ ਦਾ ਆਯੋਜਨ ਰੀਜਨ ਚੇਅਰਪਰਸਨ ਲਾਇਨ ਅਸ਼ੋਕ ਗਰਗ ਦੀ ਅਗਵਾਈ ਹੇਠ ਸਨਰਾਈਜ਼ ਰਿਸੋਰਟ ਵਿਖੇ ਕੀਤਾ ਗਿਆ ਜਿਸ ਦੌਰਾਨ ਜ਼ਿਲ੍ਹਾ ਗਵਰਨਰ ਐਮ.ਜੇ.ਐਫ. ਲਾਇਨ ਜੀ.ਐਸ. ਕਾਲੜਾ, ਗੈਸਟ ਆਫ ਆਨਰ ਐਮ.ਜੇ.ਐਫ. ਰਵਿੰਦਰ ਸਾਗਰ ਵੀਡੀਜੀ-1 ਅਤੇ ਪੀ.ਜੇ.ਐਮ.ਐਫ. ਲਾਇਨ ਅਮ੍ਰਿਤਪਾਲ ਸਿੰਘ ਜੰਡੂ ਵੀਡੀਜੀ-2 ਸ਼ਾਮਲ ਹੋਏ। ਇਸ ਪ੍ਰੋਗਰਾਮ ਵਿੱਚ ਰੀਜਨ ਦੇ ਲਗਭਗ ਇੱਕ ਦਰਜਨ ਤੋਂ ਵੱਧ ਕਲੱਬਾਂ ਦੇ ਆਹੁਦੇਦਾਰਾਂ ਅਤੇ ਮੈਂਬਰਾਂ ਨੇ ਹਿੱਸਾ ਲਿਆ।

ਇਸ ਮੌਕੇ ਲਾਇਨਜ਼ ਇੰਟਰਨੈਸ਼ਨਲ ਦੇ ਰੀਜਨ ਚੇਅਰਪਰਸਨ ਲਾਇਨ ਅਸ਼ੋਕ ਗਰਗ ਨੇ ਕਲੱਬ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ ਅਤੇ ਲਾਇਨਜ਼ ਅਧੀਨ ਰੀਜਨ ਵਿੱਚ ਸਮਾਜ ਸੇਵਾ ਦੇ ਖੇਤਰ ਵਿੱਚ ਕੰਮ ਕਰ ਰਹੇ ਕਲੱਬਾਂ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੀਆਂ ਗਈਆਂ ਸਮਾਜਿਕ ਗਤੀਵਿਧੀਆਂ ਦੀ ਜਾਣਕਾਰੀ ਲਈ ਅਤੇ ਵੱਖ-ਵੱਖ ਪ੍ਰੋਜੈਕਟਾਂ ਵਿੱਚ ਮੋਹਰੀ ਰਹੇ ਕਲੱਬਾਂ ਨੂੰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਅਤੇ ਸਮੂਹ ਕਲੱਬਾਂ ਨੂੰ ਸਮਾਜ ਸੇਵਾ ਦੇ ਖੇਤਰ ਵਿੱਚ ਹੋਰ ਵੀ ਵਧ-ਚੜ੍ਹ ਕੇ ਸਮਾਜ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਲਾਇਨਜ਼ ਇੰਟਰਨੈਸ਼ਨਲ ਦਾ ਟੀਚਾ ਪੂਰਾ ਹੋ ਸਕੇ। ਇਸ ਦੌਰਾਨ ਲਾਇਨਜ਼ ਕਲੱਬ ਸੁਨਾਮ (ਪ੍ਰਾਈਮ) ਵੱਲੋਂ ਪ੍ਰਧਾਨ ਡਾ. ਪੁਨੀਤ ਗੋਇਲ ਦੀ ਅਗਵਾਈ ਹੇਠ ਲਗਾਏ ਗਏ ਵੱਖ-ਵੱਖ ਸਮਾਜ ਸੇਵੀ ਪ੍ਰੋਜੈਕਟਾਂ ਦੀ ਪ੍ਰਸ਼ੰਸ਼ਾ ਕੀਤੀ ਅਤੇ ਕਲੱਬ ਨੂੰ ਖੂਨਦਾਨ ਕੈਂਪ ਲਈ ਬੈਸਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਕਲੱਬ ਪ੍ਰਧਾਨ ਡਾ. ਪੁਨੀਤ ਗੋਇਲ, ਰੀਜਨ ਵਾਈਸ ਚੇਅਰਪਰਸਨ ਅੰਕੁਰ ਜਖਮੀ, ਸਕੱਤਰ ਰੋਬਿਨ ਵਾਸਨ, ਖਜ਼ਾਨਚੀ ਉਮੇਸ਼ ਸਿੰਗਲਾ ਅਤੇ ਸਰਪ੍ਰਸਤ ਡਾ. ਅੰਸ਼ੁਮਨ ਫੁੱਲ ਨੇ ਕਲੱਬ ਨੂੰ ਖੂਨਦਾਨ ਕੈਂਪ ਲਈ ਮਿਲੇ ਅਵਾਰਡ ਪ੍ਰਤੀ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਅਵਾਰਡ ਦੀ ਪ੍ਰਾਪਤੀ ਸਮੂਹ ਕਲੱਬ ਟੀਮ ਦੇ ਦਿੱਤੇ ਗਏ ਸਹਿਯੋਗ ਨਾਲ ਸੰਭਵ ਹੋ ਸਕੀ ਹੈ। ਉਹਨਾਂ ਹਾਜ਼ਰੀਨ ਨੂੰ ਵਿਸ਼ਵਾਸ਼ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਲਾਇਨਜ਼ ਕਲੱਬ ਸੁਨਾਮ (ਪ੍ਰਾਈਮ) ਸਮਾਜ ਸੇਵਾ ਦੇ ਖੇਤਰ ਵਿੱਚ ਹੋਰ ਵੀ ਵਧ-ਚੜ੍ਹ ਕੇ ਆਪਣੀਆਂ ਸੇਵਾਵਾਂ ਪ੍ਰਦਾਨ ਕਰੇਗਾ। ਇਸ ਮੌਕੇ ਅੰਕਿਤ ਪਾਹੂਜਾ, ਭੁਪਿੰਦਰ ਭਾਰਦਵਾਜ, ਅਸ਼ੋਕ ਕੁਮਾਰ, ਰਮਣੀਕ ਬਹਿਣੀਪਾਲ, ਕੁਲਵਿੰਦਰ ਸਿੰਘ, ਸੰਦੀਪ ਸੋਨੀ, ਅਸ਼ੋਕ, ਨਿਖਿਲ, ਪੰਕਜ, ਅਨੀਸ਼ ਕੁਮਾਰ, ਰਜਨੀਸ਼, ਪਵਿੱਤਰ ਜੈਨ, ਰੁਪਿੰਦਰ ਰੰਮੀ ਆਦਿ ਮੌਜੂਦ ਸਨ।

# ਦਸ ਗਰਾਮ ਹੈਰੋਇਨ ਸਣੇ ਇੱਕ ਕਾਬੂ

**ਏਲਨਾਬਾਦ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਐਂਟੀ ਨਾਰਕੋਟਿਕਸ ਸੈੱਲ ਪੁਲੀਸ ਟੀਮ ਨੇ ਪਿੰਡ ਮੁਮੇਰਾ ਕਲਾਂ ਖੇਤਰ ਵਿੱਚ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਨੂੰ ਕਾਬੂ ਕਰਕੇ ਉਸ ਕੋਲੋਂ 10 ਗਰਾਮ ਹੈਰੋਇਨ ਬਰਾਮਦ ਕੀਤੀ ਹੈ। ਪੁਲੀਸ ਟੀਮ ਦੇ ਇੰਚਾਰਜ ਪਰਵੀਨ ਕੁਮਾਰ ਨੇ ਦੱਸਿਆ ਕਿ ਫੜੇ ਗਏ ਨੌਜਵਾਨ ਦੀ ਪਛਾਣ ਮੁਕੇਸ਼ ਵਾਸੀ ਮੁਮੇਰਾ ਕਲਾਂ ਦੇ ਰੂਪ ਵਿੱਚ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਰਿਮਾਂਡ ਦੌਰਾਨ ਨਸ਼ਾ ਤਸਕਰੀ ਦੇ ਇਸ ਨੈੱਟਵਰਕ ਨਾਲ ਜੁੜੇ ਹੋਰ ਲੋਕਾਂ ਬਾਰੇ ਜਾਣਕਾਰੀ ਹਾਸਲ ਕਰਕੇ ਉਨ੍ਹਾਂ ਖ਼ਿਲਾਫ਼ ਵੀ ਕਾਰਵਾਈ ਕੀਤੀ ਜਾਵੇਗੀ।

# ਵਿਰੋਧੀ ਧਿਰਾਂ ਕੋਲ ਨਾ ਉਮੀਦਵਾਰ, ਨਾ ਹਾਈ ਕਮਾਨ: ਤੰਵਰ




**ਏਲਨਾਬਾਦ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਿਕ ਭਾਜਪਾ ਦਫ਼ਤਰ ਵਿੱਚ ਪਾਰਟੀ ਵੱਲੋਂ ਵਰਕਰ ਸੰਮੇਲਨ ਕਰਵਾਇਆ ਗਿਆ ਜਿਸ ਵਿੱਚ ਭਾਜਪਾ ਦੇ ਸਿਰਸਾ ਲੋਕ ਸਭਾ ਹਲਕੇ ਤੋਂ ਉਮੀਦਵਾਰ ਡਾਕਟਰ ਅਸ਼ੋਕ ਤੰਵਰ ਪਹੁੰਚੇ। ਉਨ੍ਹਾਂ ਆਖਿਆ ਕਿ ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਹਾਈਕਮਾਨ ਅਤੇ ਵਰਕਰ ਪੂਰੀ ਤਰ੍ਹਾਂ ਤਿਆਰ ਹਨ। ਸੰਗਠਨ ਵਿੱਚ ਨਵੀਆਂ ਨਿਯੁਕਤੀਆਂ ਕਰਕੇ ਹੋਰ ਮਜ਼ਬੂਤ ਕੀਤਾ ਗਿਆ ਹੈ ਪਰ ਦੂਸਰੀਆਂ ਪਾਰਟੀਆਂ ਕੋਲ ਨਾ ਤਾਂ ਕੋਈ ਉਮੀਦਵਾਰ ਹੈ ਨਾ ਹੀ ਹਾਈਕਮਾਨ ਅਤੇ ਵਰਕਰ ਹਨ। ਲੋਕਾਂ ਦਾ ਹੋਰ ਪਾਰਟੀਆਂ ਤੇ ਵਿਸ਼ਵਾਸ ਨਹੀ ਰਿਹਾ। ਭਾਰਤ ਦੇ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ ਨੂੰ ਅੱਗੇ ਵਧਦਾ ਵੇਖਣਾ ਚਾਹੁੰਦੇ ਹਨ। ਇਸ ਲਈ ਭਾਜਪਾ ਦਾ ਸੰਗਠਨ ਹਰ ਦਿਨ ਮਜ਼ਬੂਤ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਆਪਣੇ ਵਰਕਰਾਂ ਨੂੰ ਮਾਣ-ਸਨਮਾਨ ਦੇਣ ਵਾਲੀ ਪਾਰਟੀ ਹੈ। ਸ੍ਰੀ ਤੰਵਰ ਨੇ ਕਿਹਾ ਕਿ ਸੂਬੇ ਦੀ ਭਾਜਪਾ ਸਰਕਾਰ ਵਲੋਂ ਕੇਵਲ ਸਿਰਸਾ ਜ਼ਿਲ੍ਹੇ ਵਿੱਚ ਹੀ ਫ਼ਸਲ ਬੀਮਾ ਯੋਜਨਾ ਦੇ ਤਹਿਤ ਢਾਈ ਹਜ਼ਾਰ ਕਰੋੜ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ। ਇਸ ਮੌਕੇ ਸਾਬਕਾ ਮੰਤਰੀ ਰਾਵ ਨਰਬੀਰ ਸਿੰਘ, ਆਦਿੱਤਿਆ ਚੌਟਾਲਾ, ਜਗਦੀਸ਼ ਚੋਪੜਾ, ਨਿਤਾਸ਼ਾ ਸਿਹਾਗ, ਅਮੀਰ ਚੰਦ ਮਹਿਤਾ, ਜਸਵੀਰ ਸਿੰਘ ਚਹਿਲ ਸਹਿਤ ਪਾਰਟੀ ਆਗੂ ਅਤੇ ਵਰਕਰ ਮੌਜੂਦ ਸਨ।

# ਜ਼ੀਰਕਪੁਰ ’ਚ 2 ਥਾਵਾਂ ’ਤੇ ਲੁਟੇਰਿਆਂ ਨੇ ਔਰਤਾਂ ਦੀਆਂ ਵਾਲੀਆਂ ਖੋਹੀਆਂ ਇਕ ਦਾ ਕੱਟਿਆ ਕੰਨ



**ਜ਼ੀਰਕਪੁਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ੀਰਕਪੁਰ ’ਚ ਬੀਤੀ ਸ਼ਾਮ ਨੂੰ 2 ਥਾਵਾਂ ’ਤੇ ਚੇਨ ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਗਿਆ। ਪਹਿਲੀ ਘਟਨਾ ਤੋਂ 20 ਮਿੰਟ ਬਾਅਦ 200 ਮੀਟਰ ਦੂਰ ਇੱਕ ਹੋਰ ਸਨੈਚਿੰਗ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਇਸ ਵਾਰ ਵੀ ਬਦਮਾਸ਼ਾਂ ਨੇ ਸੈਰ ਕਰ ਰਹੀਆਂ ਔਰਤਾਂ ਨੂੰ ਆਪਣਾ ਨਿਸ਼ਾਨਾ ਬਣਾਇਆ। ਇਹ ਵਾਰਦਾਤਾਂ ਯੁਮਨਾ ਇਨਕਲੇਵ ਅਤੇ ਅਮਰ ਐਨਕਲੇਵ ਦੇ ਬਾਹਰ ਇੱਕ ਬਹੁਤ ਹੀ ਵਿਅਸਤ ਸੜਕ ’ਤੇ ਸਥਿਤ ਹਨ। ਮੋਟਰਸਾਈਕਲ ’ਤੇ ਆਏ 2 ਲੁਟੇਰੇ ਕੰਨਾਂ ਦੀਆਂ ਵਾਲੀਆਂ ਅਤੇ ਚੇਨ ਖੋਹ ਕੇ ਮੋਟਰਸਾਈਕਲ ’ਤੇ ਫਰਾਰ ਹੋ ਗਏ। ਫੁਟੇਜ ’ਚ ਦੋ ਨੌਜਵਾਨ ਇਸ ਵਾਰਦਾਤ ਨੂੰ ਅੰਜਾਮ ਦਿੰਦੇ ਨਜ਼ਰ ਆ ਰਹੇ ਹਨ। ਦੋਵੇਂ ਵਾਰਦਾਤਾਂ ਨੂੰ ਇੱਕੋ ਗਿਰੋਹ ਨੇ ਅੰਜਾਮ ਦਿੱਤਾ ਹੈ। ਇੱਕ ਮਾਮਲੇ ਵਿੱਚ ਔਰਤ ਦਾ ਕੰਨ ਵੀ ਕੱਟਿਆ ਗਿਆ। ਘਟਨਾ ਤੋਂ ਬਾਅਦ ਸੀਸੀਟੀਵੀ ਕੈਮਰੇ ਵਿੱਚ ਬਦਮਾਸ਼ ਉੱਥੋਂ ਨਿਕਲਦੇ ਨਜ਼ਰ ਆ ਰਹੇ ਹਨ। ਪੁਲਿਸ ਨੇ ਬਦਮਾਸ਼ਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪਹਿਲੀ ਘਟਨਾ ਯਮੁਨਾ ਐਨਕਲੇਵ ਵਿੱਚ ਵਾਪਰੀ। ਘਰ ਜਾ ਰਹੀ ਰਾਮਾਮੂਰਤੀ ਨਾਂ ਦੀ ਔਰਤ ਨੂੰ ਬਦਮਾਸ਼ਾਂ ਨੇ ਨਿਸ਼ਾਨਾ ਬਣਾਇਆ। ਰਾਮਾਮੂਰਤੀ ਦੇ ਪੁੱਤਰ ਸੁਖਵਿੰਦਰ ਧੀਮਾਨ ਨੇ ਦੱਸਿਆ ਕਿ ਉਸ ਦਾ ਨਵਾਂ ਘਰ ਬਣ ਰਿਹਾ ਹੈ ਅਤੇ ਉਸ ਦੀ ਮਾਂ ਦੁਪਹਿਰ ਕਰੀਬ 15.15 ਵਜੇ ਯਮੁਨਾ ਐਨਕਲੇਵ ਸਥਿਤ ਆਪਣੇ ਦੂਜੇ ਮਕਾਨ ਵੱਲ ਨਵੇਂ ਬਣੇ ਘਰ ਤੋਂ ਜਾ ਰਹੀ ਸੀ। ਜਦੋਂ ਉਸ ਦੀ ਮਾਂ ਕਲੋਨੀ ਵਾਲੀ ਗਲੀ ਨੇੜੇ ਪਹੁੰਚੀ ਤਾਂ ਪਿੱਛੇ ਤੋਂ ਆਏ ਦੋ ਲੁਟੇਰਿਆਂ ਨੇ ਉਸ ਦੀ ਮਾਂ ਦੇ ਕੰਨਾਂ ਵਿਚ ਪਾਈਆਂ ਸੋਨੇ ਦੀਆਂ ਵਾਲੀਆਂ ਝਪਟ ਲਈਆਂ। ਇਸ ਸਨੈਚਿੰਗ ਵਿੱਚ ਰਾਮਾਮੂਰਤੀ ਦਾ ਕੰਨ ਕੱਟ ਦਿੱਤਾ ਗਿਆ। ਰਾਮਾਮੂਰਤੀ ਦੇ ਕੰਨ ’ਤੇ ਪੰਜ ਟਾਂਕੇ ਲੱਗੇ ਹਨ। ਇਨ੍ਹਾਂ ਝੁਮਕਿਆਂ ਦੀ ਕੀਮਤ ਦੋ ਤੋਲੇ ਦੇ ਕਰੀਬ ਦੱਸੀ ਜਾ ਰਹੀ ਹੈ।

ਦੂਜੀ ਘਟਨਾ 20 ਮਿੰਟ ਬਾਅਦ 200 ਮੀਟਰ ਦੂਰ ਅਮਰ ਐਨਕਲੇਵ ਵਿੱਚ ਵਾਪਰੀ। ਇੱਥੇ ਮੋਟਰਸਾਈਕਲ ਸਵਾਰ ਲੁਟੇਰੇ ਘਰ ਦੇ ਬਾਹਰ ਪੈਦਲ ਜਾ ਰਹੀ ਔਰਤ ਦੇ ਗਲੇ ’ਚੋਂ ਸੋਨੇ ਦੀ ਚੇਨ ਅਤੇ ਕੰਨਾਂ ਦੀਆਂ ਵਾਲੀਆਂ ਖੋਹ ਕੇ ਫਰਾਰ ਹੋ ਗਏ। ਜਾਣਕਾਰੀ ਅਨੁਸਾਰ ਲਾਜਪਤ ਨਗਰ ਦੇ ਮਕਾਨ ਨੰਬਰ 100 ਦੀ ਰਹਿਣ ਵਾਲੀ ਸੁਮੇਰ ਦੇਵੀ ਬੀਤੀ ਸ਼ਾਮ ਗੁਆਂਢ ਦੀਆਂ ਔਰਤਾਂ ਨਾਲ ਸੈਰ ਕਰ ਰਹੀ ਸੀ। ਸੈਰ ਕਰਦੇ ਹੋਏ ਜਦੋਂ ਉਹ ਅਮਰ ਇਨਕਲੇਵ ਕਲੋਨੀ ਨੇੜੇ ਪੁੱਜੀ ਤਾਂ ਮੋਟਰਸਾਈਕਲ ਸਵਾਰ ਦੋ ਲੁਟੇਰਿਆਂ ਨੇ ਆ ਕੇ ਉਸ ਦੀ ਕਰੀਬ ਦੋ ਤੋਲੇ ਕੀਮਤ ਦੀ ਸੋਨੇ ਦੀ ਚੇਨ ਅਤੇ ਟਾਪਸ ਖੋਹ ਲਏ। ਟਾਪਸ ਦੀ ਕੀਮਤ ਡੇਢ ਲੱਖ ਰੁਪਏ ਦੇ ਕਰੀਬ ਦੱਸੀ ਜਾ ਰਹੀ ਹੈ। ਇਹ ਸਾਰੀ ਘਟਨਾ ਸੀਸੀਟੀਵੀ ਵਿੱਚ ਕੈਦ ਹੋ ਗਈ ਹੈ। ਮਾਮਲੇ ਦੀ ਸੂਚਨਾ ਪੁਲਿਸ ਨੂੰ ਦੇ ਦਿੱਤੀ ਗਈ ਹੈ।

# ਹੋਲੇ ਮਹੱਲੇ ਦੇ ਸਬੰਧ ਵਿੱਚ ਸੰਗਤਾਂ ਲਈ ਲੰਗਰ ਲਗਾਇਆ ਗਿਆ



**ਗੁਰਦਾਸਪੁਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹੋਲੇ ਮਹੱਲੇ ਦੇ ਸਬੰਧ ਵਿੱਚ ਹਰ ਸਾਲ ਦੀ ਤਰ੍ਹਾਂ ਸਾਗਰ ਚੌਕ ਸ੍ਰੀ ਹਰਗੋਬਿੰਦਪੁਰ ਸਾਹਿਬ ਵਿੱਚ ਲੰਗਰ ਆਰੰਭ ਕੀਤਾ ਗਿਆ ਸਭ ਤੋ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ ਅੱਜ ਨਗਰ ਕੌਂਸਲ ਦੇ ਪ੍ਰਧਾਨ ਨਵਦੀਪ ਸਿੰਘ ਪੰਨੂ ਆਪਣੇ ਐਮ ਸੀ ਗੁਰਪ੍ਰੀਤ ਸਿੰਘ ਸੈਣੀ,ਐਮ ਸੀ ਗੁਰਮੁੱਖ ਸਿੰਘ,ਐਮ ਸੀ ਰਤਨ ਸਿੰਘ ਐਮ ਸੀ ਤਰਸੇਮ ਸਿੰਘ ਲੰਗਰ ਵਿੱਚ ਪਹੁੰਚੇ ਅਤੇ ਸੰਗਤਾਂ ਨੂੰ ਵਧਾਈ ਦਿੱਤੀ ਇਹ ਲੰਗਰ ਲਗਾਤਾਰ ਪੰਜ ਦਿਨ ਰਾਤ ਚਲਦਾ ਹੈ ਇਸ ਮੌਕੇ ਡਾਕਟਰ ਸੁਖਵਿੰਦਰ ਸਿੰਘ ਪਨੇਸਰ, ਹਰਜਿੰਦਰ ਸਿੰਘ ਸੈਣੀ,ਨਰਿੰਦਰਪਾਲ ਸਿੰਘ,ਕਿ ?ਪਾਲ ਸਿੰਘ ਗੁਰਵਿੰਦਰ ਸਿੰਘ ਸੋਨੂ, ਬਿਕਰਮ ਸਿੰਘ ਸੈਣੀ,ਲੱਡੂ ਕਰਿਆਣਾ ਸਟੋਰ, ਗੁਰਪ੍ਰੀਤ ਸਿੰਘ, ਬਲਬੀਰ ਸਿੰਘ, ਰਣਜੀਤ ਸਿੰਘ, ਮਨਜੀਤ ਸਿੰਘ ਰਾਜਾ, ਹਾਜ਼ਰ ਸਨ

# ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ’ਚ ਵਿਕਾਸ ਦੀ ਨਵੀਂ ਲਹਿਰ ਆਰੰਭੀ: ਅਸ਼ੋਕ ਤੰਵਰ

**ਟੋਹਾਣਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਹਲਕਾ ਸਿਰਸਾ ਤੋਂ ਭਾਜਪਾ ਦੇ ਉਮੀਦਵਾਰ ਅਸ਼ੋਕ ਤੰਵਰ ਨੇ ਅੱਜ ਟੋਹਾਣਾ ਦੇ ਦੌਰੇ ਦੌਰਾਨ ਕਿਹਾ ਕਿ ਭਾਰਤੀ ਦੀ ਮਜ਼ਬੂਤ ਇਮਾਰਤ ਖੜ੍ਹੀ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਅਰੇ 400 ਪਾਰ ਨੂੰ ਸਫ਼ਲ ਬਣਾਉਣ ਲਈ ਸਿਰਸਾ ਦੀ ਸੀਟ ਭਾਜਪਾ ਦੀ ਝੋਲੀ ਵਿੱਚ ਪਾ ਕੇ ਇਹ ਸੁਪਨਾ ਪੂਰਾ ਹੋ ਸਕੇਗਾ। ਉਹ ਅੱਜ ਇਥੇ ਭਾਜਪਾ ਵਰਕਰਾਂ ਨਾਲ ਮੀਟਿੰਗ ਕਰ ਰਹੇ ਸਨ। ਅਸ਼ੋਕ ਤੰਵਰ ਨੇ ਨਾਂਅ ਲਏ ਬਗੈਰ ਆਪਣੇ ਕਰੀਅਰ ਨਾਲ ਜੁੜੀਆਂ ਪਾਰਟੀਆਂ ਬਾਰੇ ਟਿੱਪਣੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਪਾਰਟੀਆਂ ਸ਼ਹੀਦ ਭਗਤ ਸਿੰਘ ਤੇ ਬਾਬਾ ਅੰਬੇਡਕਰ ਦੀ ਫੋਟੋ ਤਾਂ ਲਾ ਰਹੀਆਂ ਹਨ ਪਰ ਉਨ੍ਹਾਂ ਦੇ ਆਚਰਨ ਤੋ ਕੋਹਾਂ ਦੂਰ ਹਨ। ਉਨ੍ਹਾਂ ਕਿਹਾ ਕਿ 15 ਸਾਲਾਂ ਤੋਂ ਦੇਖ ਰਿਹਾ ਹਾਂ ਕਿ ਰਾਜਨੀਤਿਕ ਪਾਰਟੀਆਂ ਵਿੱਚ ਸੰਕਲਪ ਅਤੇ ਇੱਛਾ ਸ਼ਕਤੀ ਕੇਵਲ ਭਾਜਪਾ ਵਿੱਚ ਹੀ ਦਿਸ ਰਹੀ ਹੈ। ਪ੍ਰਧਾਨ ਮੰਤਰੀ ਨੇ ਦਲੇਰੀ ਨਾਲ ਰਾਮ ਮੰਦਰ, ਧਾਰਾ 370, ਤਿੰਨ ਤਲਾਕ ਵਰਗੇ ਮੁੱਦੇ ਹੱਲ ਕੀਤੇ ਹਨ। ਵਿਕਾਸ ਦੀ ਨਵੀਂ ਲਹਿਰ ਆਰੰਭ ਕਰਨ ਵਾਲੇ ਪ੍ਰਧਾਨ ਮੰਤਰੀ ਵਿੱਚ ਦੇਸ਼ ਨੂੰ ਅੱਗੇ ਲੈ ਜਾਣ ਵਾਲੇ ਲੱਖਾਂ ਗੁਣ ਮੌਜੂਦ ਹਨ। ਉਨ੍ਹਾਂ ਕਾਂਗਰਸ ਵੱਲ ਇਸ਼ਾਰਾ ਕਰਦੇ ਹੋਏ ਕਿਹਾ ਕਿ ਉਹ ਦੇਸ਼ ਦੀ ਵੱਡੀ ਪਾਰਟੀ ਸੀ, ਸੁੰਗੜ ਕੇ ਛੋਟੀ ਹੋ ਗਈ ਹੈ, ਉਥੇ ਹੀ ਦੂਜੇ ਪਾਸੇ ਭਾਜਪਾ ਵਿਸ਼ਾਲ ਰੂਪ ਧਾਰ ਚੁੱਕੀ ਹੈ।



# ਖੰਨਾ ਅਨਾਜ ਮੰਡੀ ਦੀ ਆੜ੍ਹਤੀ ਐਸੋਸੀਏਸ਼ਨ ਵੱਲੋਂ ਮਾਛੀਵਾੜਾ ਮੰਡੀ ਦੇ ਪ੍ਰਧਾਨ ਮੋਹਿਤ ਕੁੰਦਰਾ ਦਾ ਸਨਮਾਨ



**ਮਾਛੀਵਾੜਾ ਸਾਹਿਬ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਖੰਨਾ ਦੀ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਹੋਰ ਮੈਂਬਰਾਂ ਵੱਲੋਂ ਮੋਹਿਤ ਕੁੰਦਰਾ ਦਾ ਮਾਛੀਵਾੜਾ ਆੜ੍ਹਤੀ ਐਸੋਸੀਏਸ਼ਨ ਦਾ ਪ੍ਰਧਾਨ ਬਣਨ ਤੇ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਅੱਜ ਪ੍ਰਧਾਨ ਮੋਹਿਤ ਕੁੰਦਰਾ ਨੂੰ ਸਨਮਾਨਿਤ ਕਰਦਿਆਂ ਖੰਨਾ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਤੇ ਅਹੁਦੇਦਾਰਾਂ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਇੱਕ ਨੌਜਵਾਨ ਕਾਰੋਬਾਰੀ ਨੂੰ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਦਾ ਪ੍ਰਧਾਨ ਚੁਣਿਆ ਗਿਆ ਹੈ ਤੇ ਉਹ ਵਿਸ਼ਵਾਸ਼ ਦਿਵਾਉਂਦੇ ਹਨ ਕਿ ਆਉਣ ਵਾਲੇ ਮੰਡੀ ਦੇ ਹਰੇਕ ਸੀਜਨ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਆੜ੍ਹਤੀ ਭਾਈਚਾਰੇ ਅਤੇ ਕਿਸਾਨਾਂ ਨੂੰ ਆਉਂਦੀ ਹੈ ਤਾਂ ਖੰਨਾ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਆੜ੍ਹਤੀ ਐਸੋਸੀਏਸ਼ਨ ਦਾ ਡੱਟ ਕੇ ਸਾਥ ਦੇਵੇਗੀ। ਇਸ ਮੌਕੇ ਮਾਛੀਵਾੜਾ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਖੰਨਾ ਦੇ ਆੜ੍ਹਤੀ ਭਾਈਚਾਰੇ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਹ ਵੀ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਨਗੇ ਅਤੇ ਆੜ੍ਹਤੀਆਂ ਅਤੇ ਕਿਸਾਨਾਂ ਦੀ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨਗੇ।

# ਸਰਕਾਰੀ ਕਾਲਜ ਵਿਖੇ 10 ਰੋਜ਼ਾ ਕੰਪਿਊਟਰ ਵਿਭਾਗ ਵੱਲੋਂ ਵਰਕਸ਼ਾਪ ਲਗਾਈ

**ਮਾਛੀਵਾੜਾ ਸਾਹਿਬ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਸਰਕਾਰੀ ਕਾਲਜ ਮਾਛੀਵਾੜਾ ਵਿਖੇ ਪ੍ਰਿੰ. ਡਾ. ਪਰਮਿੰਦਰ ਗਿੱਲ ਦੀ ਅਗਵਾਈ ਹੇਠ ਅਤੇ ਸਹਾਇਕ ਪ੍ਰੋ. ਰਾਜ ਕੁਮਾਰ ਦੇ ਦਿਸ਼ਾ-ਨਿਰਦੇਸ਼ ਅਧੀਨ ਕੰਪਿਊਟਰ ਵਿਭਾਗ ਵਲੋ ਦਸ ਰੋਜ਼ਾ ਵਰਕਸ਼ਾਪ ਲਗਾਈ ਗਈ। ਰਿਸੋਰਸ ਪਰਸਨ ਵਰਿੰਦਰ ਸਿੰਘ ਨੇ ਇਸ ਵਰਕਸ਼ਾਪ ਵਿਚ ਬਤੌਰ ਵਿਸ਼ਾ ਮਾਹਿਰ ਸ਼ਿਰਕਤ ਕੀਤੀ। ਮੀਡੀਆ ਇੰਚਾਰਜ ਕਮਲਜੀਤ ਕੌਰ ਬਾਂਗਾ ਜੀ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਵਰਕਸ਼ਾਪ ਵਿਚ ਵਰਿੰਦਰ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਉਹਨਾਂ ਦੇ ਸਿਲੇਬਸ ਅਤੇ ਸਿਲੇਬਸ ਤੋਂ ਬਾਹਰ ਦੀਆ ਕੰਪਿਊਟਰ ਦੀਆ ਵੱਖ ਵੱਖ ਤਕਨੀਕਾਂ ਅਤੇ ਇਸ ਖੇਤਰ ਵਿਚ ਰੁਜ਼ਗਾਰ ਦੀਆ ਸੰਭਾਵਨਾਵਾਂ ਬਾਰੇ ਜਾਗਰੂਕ ਕੀਤਾ। ਇਸ ਤੋਂ ਇਲਾਵਾ ਆਫਿਸ ਆਟੋਮੇਸ਼ਨ ਐਂਡ ਵੈਬ ਡਿਵੈਲਪਮੈਂਟ ਵਰਕਸ਼ਾਪ ਵਿੱਚ ਵਿਦਿਆਰਥੀਆਂ ਨੂੰ ਐਮ.ਐਸ ਵਰਡ, ਐਮ.ਐਸ ਐਕਸਲ ਸੋਫਟਵੇਅਰ ਜੋ ਕਿ ਦਫਤਰਾਂ ਵਿੱਚ ਆਮ ਵਰਤੋਂ ਵਿੱਚ ਲਿਆਏ ਜਾਂਦੇ ਹਨ ਉਹਨਾਂ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ ਇਸ ਦੇ ਨਾਲ ਵਿਦਿਆਰਥੀਆਂ ਨੂੰ ਵੈੱਬਸਾਈਟ ਡਿਜਾਇਨਿੰਗ ਅਤੇ ਆਰਟੀਫਿਸ਼ਲ ਇੰਟੈਲੀਜੈਂਟ ਟੂਲਸ ਬਾਰੇ ਵੀ ਜਾਣਕਾਰੀ ਦਿੱਤੀ ਗਈ।ਪ੍ਰਿੰ. ਪਰਮਿੰਦਰ ਗਿੱਲ ਨੇ ਇਸ ਵਰਕਸ਼ਾਪ ਦਾ ਭਵਿੱਖ ਵਿਚ ਵਿਦਿਆਰਥੀਆਂ ਨੂੰ ਲਾਭ ਦਸਿਆ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਸਹਾਇਕ ਪ੍ਰੋ. ਰਾਜ ਕੁਮਾਰ ਜੀ ਨੂੰ ਇਸ ਵਰਕਸ਼ਾਪ ਦੇ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਵਧਾਈ ਦਿੱਤੀ ।




# ਬਿਜੀ ਬੀ ਲਰਨਿੰਗ ਸੈਂਟਰ ਦੇ ਬੱਚਿਆਂ ਨੇ ਮਨਾਇਆ ਹੋਲੀ ਦਾ ਤਿਉਹਾਰ



**ਸਾਹਨੇਵਾਲ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬਿਜੀ ਬੀ ਲਰਨਿੰਗ ਸੈਂਟਰ ਮਾਡਲ ਟਾਊਨ ਸਾਹਨੇਵਾਲ ਦੇ ਡਾਇਰੈਕਟਰ ਗੁਰਪ੍ਰੀਤ ਕੌਰ ਦੀ ਦੇਖਰੇਖ ਹੇਠ ਰੰਗਾ ਦੇ ਪਵਿੱਤਰ ਤਿਉਹਾਰ ਹੋਲੀ ਨੂੰ ਬੱਚਿਆਂ ਵੱਲੋਂ ਬਹੁਤ ਹੀ ਵਧੀਆ ਤਰੀਕੇ ਨਾਲ ਮਨਾਇਆ ਗਿਆ।ਇਸ ਮੌਕੇ ਬੱਚਿਆਂ ਨੂੰ ਹੋਲੀ ਦੀ ਮਹੱਤਤਾ ਵਾਰੇ ਵੀ ਵਿਸਥਾਰਪੂਰਵਕ ਵਿੱਚ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾਇਰੈਕਟਰ ਗੁਰਪ੍ਰੀਤ ਕੌਰ ਨੇ ਹੋਲੀ ਦੇ ਪਵਿੱਤਰ ਤਿਉਹਾਰ ਵਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਤਿਉਹਾਰ ਬਸੰਤ ਦਾ ਸਵਾਗਤ ਕਰਨ ਵਾਲਾ ਤਿਉਹਾਰ ਹੈ ਅਤੇ ਲੋਕ ਇਸ ਦਿਨ ਨੂੰ ਇੱਕ ਦੂਜੇ ਦੇ ਰੰਗ ਲਗਾਕੇ ਅਤੇ ਆਪਣੇ ਘਰਾਂ ਵਿੱਚ ਵੱਖ -ਵੱਖ ਪ੍ਰਕਾਰਾਂ ਦੇ ਪਕਵਾਨ ਬਣਾਕੇ ਮਨਾਉਂਦੇ ਹਨ ਅਤੇ ਇਸ ਤਿਉਹਾਰ ਨੂੰ ਇੱਕ ਯਾਦਗਾਰੀ ਤਿਉਹਾਰ ਬਣਾਉਣ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡਦੇ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੇ ਹੋਰ ਤਿਉਹਾਰਾਂ ਵਾਂਗ, ਹੋਲੀ ਦਾ ਤਿਉਹਾਰ ਵੀ ਪ੍ਰਸਿੱਧ ਕਥਾਵਾਂ ਨਾਲ ਜੁੜਿਆ ਹੋਇਆ ਹੈ। ਡਾਇਰੈਕਟਰ ਗੁਰਪ੍ਰੀਤ ਕੌਰ ਨੇ ਅੱਗੇ ਦੱਸਿਆ ਕਿ ਇਹ ਤਿਉਹਾਰ ਭਗਵਾਨ ਪ੍ਰਲਾਦ ਅਤੇ ਭਗਵਾਨ ਕ੍ਰਿਸ਼ਨ ਤੇ ਰਾਧਾ ਰਾਣੀ ਦੇ ਜੀਵਨ ਨਾਲ ਸਬੰਧਤ ਇਸ ਤਿਉਹਾਰ ਨੂੰ ਹੋਲੀ ਦੇ ਇੱਕ ਵੱਡੇ ਤਿਉਹਾਰ ਵਜੋਂ ਵੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ।ਧਾਰਮਿਕ ਮਾਨਤਾਵਾਂ ਦੇ ਨਾਲ-ਨਾਲ ਇਸ ਮਹਾਨ ਤਿਉਹਾਰ ਨੂੰ ਬੁਰਾਈ 'ਤੇ ਚੰਗਿਆਈ ਦੀ ਜਿੱਤ ਵਜੋਂ ਮਨਾਇਆ ਜਾਂਦਾ ਹੈ। ਧਾਰਮਿਕ ਗ੍ਰੰਥਾਂ ਵਿੱਚ ਦੱਸਿਆ ਗਿਆ ਹੈ ਕਿ ਹੋਲੀ ਦਾ ਤਿਉਹਾਰ ਭਗਵਾਨ ਸ੍ਰੀ ਕ੍ਰਿਸ਼ਨ ਨੂੰ ਸਭ ਤੋਂ ਪਿਆਰਾ ਸੀ।ਇਸ ਮੌਕੇ ਉਨ੍ਹਾਂ ਨਾਲ ਹੋਰਨਾਂ ਤੋਂ ਇਲਾਵਾ ਜਰਨੈਲ ਸਿੰਘ, ਪਰਮਜੀਤ ਕੌਰ, ਮਨਦੀਪ ਕੌਰ ਆਦਿ ਹਾਜ਼ਰ ਸਨ।

# ਜ਼ੀਰਕਪੁਰ ਸਬ ਤਹਿਸੀਲ 'ਚ ਹੰਗਾਮਾ, ਰਜਿਸਟਰੀ ਕਲਰਕ 'ਤੇ ਲੱਗੇ ਰਿਸ਼ਵਤ ਮੰਗਣ ਦੇ ਦੋਸ਼

**ਜ਼ੀਰਕਪੁਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ੀਰਕਪੁਰ ਵਿਖੇ ਸਬ ਤਹਿਸੀਲ 'ਚ ਹੰਗਾਮਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ, ਇਥੇ ਇਕ ਕਲਰਕ 'ਤੇ ਰਜਿਸਟਰੀ ਲਈ 50 ਹਜ਼ਾਰ ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਲਗਾਏ ਗਏ ਹਨ ਅਤੇ ਐਨ.ਓ.ਸੀ. ਲਈ ਪਰੇਸ਼ਾਨ ਕਰਨ ਦੀ ਗੱਲ ਕਹੀ ਜਾ ਰਹੀ ਹੈ। ਜਿਸਦੀ ਲਿਖਤੀ ਸ਼ਿਕਾਇਤ ਡੀਸੀ ਮੋਹਾਲੀ ਨੂੰ ਵੀ ਕੀਤੀ ਗਈ ਹੈ, ਜਦਕਿ ਰੋਸ਼ ਵੱਜੋਂ ਅਰਜ਼ੀ/ਵਸਿਕਾ ਨਵਿਸਾ ਨੇ ਅੱਜ ਕੰਮ ਬੰਦ ਰੱਖਿਆ।

ਦਰਅਸਲ ਸਬ-ਰਜਿਸਟਰਾਰ ਦਫਤਰ ਜ਼ੀਰਕਪੁਰ ਵਿਚ ਬੀਤੇ ਦਿਨੀ ਉਸ ਸਮੇਂ ਜੰਮ ਕੇ ਹੰਗਾਮਾ ਹੋਇਆ, ਜਦੋਂ ਵਸੀਕਾ ਨਵੀਸ ਐਡਵੋਕੇਟ ਗੁਰਦਰਸ਼ਨ ਸਿੰਘ ਅਤੇ ਰਾਜਸਟਰੀ ਕਲਰਕ ਵਿਜੈ ਸਿੰਘ ਵਿਚਕਾਰ ਹੋਈ ਬਹਿਸਬਾਜ਼ੀ ਦੋਸ਼-ਪ੍ਰਤੀ ਦੋਸ਼ ਲਾਉਣ ਤੱਕ ਜਾ ਪੁੱਜੀ, ਜਿਸ ਨਾਲ ਸਬ-ਰਜਿਸਟਰਾਰ ਦਫ਼ਤਰ ਦਾ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ। ਗੁਰਦਰਸ਼ਨ ਸਿੰਘ ਵੱਲੋਂ ਦੋਸ਼ ਲਾਇਆ ਗਿਆ ਕਿ ਦਫ਼ਤਰ ਵਿਚ ਬਿਨਾਂ ਐਨ. ਓ. ਸੀ. ਦੇ ਰਿਸ਼ਵਤ ਲੈ ਕੇ ਰਜਿਸਟਰੀਆਂ ਕੀਤੀਆਂ ਜਾ ਰਹੀਆਂ ਹਨ ਪਰ ਆਮ ਜਨਤਾ ਰਜਿਸਟਰੀ ਕਰਵਾਉਣ ਆਵੇ ਤਾਂ ਉਸ ਨੂੰ ਰਜਿਸਟਰੀ ਕਲਰਕ ਵਿਜੈ ਸਿੰਘ ਵੱਲੋਂ ਬਿਨਾਂ ਐਨ.ਓ.ਸੀ. ਦੇ ਰਜਿਸਟਰੀ ਕਰਨ ਤੋਂ ਨਾਂਹ ਕਰ ਦਿੱਤੀ ਜਾਂਦੀ ਹੈ ਅਤੇ ਉਸ ਕੋਲੋਂ 50-50 ਹਜ਼ਾਰ ਰੁਪਏ ਰਿਸ਼ਵਤ ਦੀ ਡਿਮਾਂਡ ਕਰ ਕੇ ਪ੍ਰੇਸ਼ਾਨ ਕੀਤਾ ਜਾਂਦਾ ਹੈ। ਗੁਰਦਰਸ਼ਨ ਸਿੰਘ ਨੇ ਕਿਹਾ ਕਿ ਅਧਿਕਾਰੀ ਤੇ ਕਰਮਚਾਰੀ ਜਾਂ ਤਾਂ ਸਾਰਿਆਂ ਦੀਆਂ ਬਿਨਾਂ ਐਨ.ਓ.ਸੀ. ਦੇ ਰਜਿਸਟਰੀ ਕਰਨ ਜਾਂ ਫਿਰ ਸਭ ਦੇ ਲਈ ਬਿਨਾਂ ਐਨ.ਓ.ਸੀ. ਪੱਕੇ ਤੌਰ 'ਤੇ ਰਜਿਸਟਰੀਆਂ ਬੰਦ ਹੋਣ। ਐਡਵੋਕੇਟ ਗੁਰਦਰਸ਼ਨ ਸਿੰਘ ਵੱਲੋਂ ਇਹ ਵੀ ਦੋਸ਼ ਲਗਾਇਆ ਕਿ ਬਹਿਸਬਾਜ਼ੀ ਦੌਰਾਨ ਰਜਿਸਟਰੀ ਕਲਰਕ ਵੱਲੋਂ ਆਪਣੇ ਕਰਿੰਦਿਆਂ ਨੂੰ ਕਮਰੀ ਦੀ ਕੁੰਡੀ ਲਗਾ ਹੱਥੋਪਾਈ ਕਰਨ ਤੱਕ ਦੀ ਕੋਸ਼ਿਸ਼ ਕੀਤੀ ਗਈ ਜਿਸਦੀ ਉਸਦੇ ਕੋਲ ਵੀਡੀਓ ਵੀ ਮੌਜੂਦ ਹੈ। ਦੂਜੇ ਪਾਸੇ ਆਰ.ਸੀ. ਵਿਜੈ ਕੁਮਾਰ ਨੇ ਸਾਰੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਕਤ ਐਡਵੋਕੇਟ ਬੀਤੇ ਦਿਨੀ ਅਧੂਰੇ ਦਸਤਾਵੇਜ਼ਾਂ ਨਾਲ ਰਜਿਸਟਰੀ ਕਰਵਾਉਣ ਆਏ ਸਨ ਅਤੇ ਉਨ੍ਹਾਂ ਨੂੰ ਦਸਤਾਵੇਜ਼ ਪੂਰੇ ਕਰਕੇ ਲਿਆਉਣ ਨੂੰ ਕਿਹਾ ਗਿਆ ਸੀ, ਜਿਸ ਤੋਂ ਉਹ ਗੁੱਸੇ ਹੋ ਗਏ ਤੇ ਅੱਜ ਹੋਰ ਵਸੀਕਾ ਨਵੀਸਾਂ ਨੂੰ ਨਾਲ ਲੈ ਕੇ ਉਸ 'ਤੇ ਝੂਠੇ ਅਤੇ ਬੇਬੁਨਿਆਦ ਦੋਸ਼ ਲਾਉਣ ਲੱਗ ਗਏ।



# ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਵੱਲੋਂ ਭੁੱਖ ਹੜਤਾਲ ਖਤਮ



**ਅੰਮ੍ਰਿਤਸਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਤੇ ਉਸ ਦੇ ਸਾਥੀਆਂ ਨੇ ਅੱਜ ਸ਼ਾਮ ਆਪਣੀ ਭੁੱਖ ਹੜਤਾਲ ਖਤਮ ਕਰ ਦਿੱਤੀ। ਇਹ ਭੁੱਖ ਹੜਤਾਲ ਸ੍ਰੀ ਅਕਾਲ ਤਖਤ ਵੱਲੋਂ ਭੇਜੇ ਗਏ ਪੰਜ ਗੁਰਸਿੱਖਾਂ ਵੱਲੋਂ ਉਨ੍ਹਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਕੜਾਹ ਪ੍ਰਸ਼ਾਦ ਖੁਆ ਕੇ ਅਤੇ ਸਰੋਵਰ ਦਾ ਜਲ ਪਿਲਾ ਕੇ ਖਤਮ ਕਰਵਾਈ ਗਈ।

ਇਹ ਖੁਲਾਸਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਅਤੇ ਅੰਮ੍ਰਿਤਪਾਲ ਸਿੰਘ ਤੇ ਉਸ ਦੇ ਸਾਥੀਆਂ ਦੇ ਕੇਸ ਦੀ ਸ਼੍ਰੋਮਣੀ ਕਮੇਟੀ ਵੱਲੋਂ ਪੈਰਵਾਈ ਕਰ ਰਹੇ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਕੀਤਾ। ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ ਨੂੰ ਮਿਲਣ ਗਏ ਸੱਤ ਮੈਂਬਰੀ ਵਫਦ ਵਿੱਚ ਐਡਵੋਕੇਟ ਸਿਆਲਕਾ ਵੀ ਸ਼ਾਮਿਲ ਸਨ। ਉਹ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ ਦੀ ਭੁੱਖ ਹੜਤਾਲ ਨੂੰ ਖਤਮ ਕਰਵਾਉਣ ਲਈ ਸ੍ਰੀ ਹਰਿਮੰਦਰ ਸਾਹਿਬ ਦਾ ਪ੍ਰਸ਼ਾਦ ਅਤੇ ਸਰੋਵਰ ਦਾ ਜਲ ਲੈ ਕੇ ਗਏ ਸਨ।

ਉਨ੍ਹਾਂ ਦੱਸਿਆ ਕਿ ਲੰਮੀ ਚੱਲੀ ਭੁੱਖ ਹੜਤਾਲ ਕਾਰਨ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਬਾਕੀ ਸਾਥੀਆਂ ਦਾ ਵਜ਼ਨ ਕਾਫੀ ਘਟਿਆ ਹੈ ਪਰ ਸਾਰੇ ਠੀਕ ਹਨ। ਉਨ੍ਹਾਂ ਦੱਸਿਆ ਕਿ ਉਹ ਅੱਜ ਬਾਅਦ ਦੁਪਹਿਰ ਜੇਲ੍ਹ ਪੁੱਜੇ ਸਨ ਅਤੇ ਜੇਲ੍ਹ ਪ੍ਰਸ਼ਾਸਨ ਵੱਲੋਂ ਪ੍ਰਵਾਨਗੀ ਮਿਲਣ ਤੋਂ ਬਾਅਦ ਜੇਲ੍ਹ ਅੰਦਰ ਜਾ ਕੇ ਬੰਦੀ ਸਿੰਘਾਂ ਦੀ ਭੁੱਖ ਹੜਤਾਲ ਖਤਮ ਕਰਵਾਈ ਹੈ। ਉਹ ਲਗਭਗ ਇੱਕ ਘੰਟਾ ਜੇਲ੍ਹ ਵਿੱਚ ਰਹੇ ਅਤੇ ਬੰਦੀ ਸਿੰਘਾਂ ਨਾਲ ਹੋਰ ਵੀ ਗੱਲਬਾਤ ਹੋਈ ਹੈ। ਦੱਸਣਯੋਗ ਹੈ ਕਿ ਇਨ੍ਹਾਂ ਸਿੱਖ ਬੰਦੀਆਂ ਵੱਲੋਂ 16 ਫਰਵਰੀ ਤੋਂ ਭੁੱਖ ਹੜਤਾਲ ਸ਼ੁਰੂ ਕੀਤੀ ਗਈ ਸੀ। ਉਨ੍ਹਾਂ ਜੇਲ੍ਹ ਪ੍ਰਸ਼ਾਸਨ 'ਤੇ ਦੋਸ਼ ਲਾਇਆ ਸੀ ਕਿ ਜੇਲ੍ਹ ਪ੍ਰਸ਼ਾਸਨ ਵੱਲੋਂ ਜੇਲ੍ਹ ਵਿੱਚ ਉਨ੍ਹਾਂ ਦੀਆਂ ਬੈਰਕਾਂ ਅਤੇ ਪਖਾਨਿਆਂ ਆਦਿ ਵਿੱਚ ਸੀਸੀਟੀਵੀ ਕੈਮਰੇ ਲਾ ਕੇ ਉਨ੍ਹਾਂ ਦੀ ਨਿੱਜਤਾ ਦੇ ਹੱਕ ਨੂੰ ਭੰਗ ਕੀਤਾ ਗਿਆ ਹੈ।

# ਹਰਸਿਮਰਤ ਖ਼ਿਲਾਫ਼ 'ਆਪ' ਵਿਧਾਇਕਾਂ ਨੇ ਚੋਣ ਮੁਹਿੰਮ ਭਖਾਈ

**ਮਾਨਸਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬਠਿੰਡਾ ਲੋਕ ਸਭਾ ਹਲਕੇ ਤੋਂ ਲਗਾਤਾਰ ਤਿੰਨ ਵਾਰ ਸੰਸਦ ਮੈਂਬਰ ਬਣਦੇ ਆ ਰਹੇ ਹਰਸਿਮਰਤ ਕੌਰ ਬਾਦਲ ਖਿਲਾਫ਼ ਮਾਨਸਾ ਜ਼ਿਲ੍ਹੇ 'ਚੋਂ ਆਮ ਆਦਮੀ ਪਾਰਟੀ ਦੇ ਤਿੰਨੇ ਵਿਧਾਇਕ ਚੋਣ ਮੁਹਿੰਮ ਲਈ ਪੱਬਾਂ ਭਾਰ ਹੋ ਗਏ ਹਨ। ਭਾਵੇਂ ਆਮ ਆਦਮੀ ਪਾਰਟੀ ਦੇ ਬਠਿੰਡਾ ਤੋਂ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਮੱਥਾ ਟੇਕ ਕੇ ਆਪਣੀ ਚੋਣ ਮੁਹਿੰਮ ਨੂੰ ਆਰੰਭਿਆ ਜਾ ਰਿਹਾ ਹੈ ਪਰ ਇਸ ਜ਼ਿਲ੍ਹੇ ਦੇ ਤਿੰਨੇ ਵਿਧਾਇਕਾਂ ਨੇ ਬਕਾਇਦਾ ਪਿੰਡਾਂ ਵਿੱਚ ਰਾਜਨੀਤਕ ਜਲਸਿਆਂ ਅਤੇ ਵਰਕਰਾਂ ਨਾਲ ਮੀਟਿੰਗਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ।

ਮਾਨਸਾ ਤੋਂ ਵਿਧਾਇਕ ਡਾ. ਵਿਜੈ ਸਿੰਗਲਾ ਨੇ ਪੰਜਾਬ ਭਰ ਵਿਚੋਂ ਸਭ ਤੋਂ ਵੱਧ ਇੱਕ ਲੱਖ ਤੋਂ ਵਧ ਵੋਟਾਂ ਹਾਸਲ ਕੀਤੀਆਂ ਸਨ ਅਤੇ ਉਸ ਵੇਲੇ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ (ਕਾਂਗਰਸੀ ਉਮੀਦਵਾਰ) ਨੂੰ 63323 ਵੋਟਾਂ ਦੇ ਫ਼ਰਕ ਨਾਲ ਹਰਾਇਆ ਸੀ, ਜਦੋਂ ਕਿ ਸਰਦੂਲਗੜ੍ਹ ਵਿਧਾਨ ਸਭਾ ਹਲਕੇ ਤੋਂ ਐਡਵੋਕੇਟ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਦੋ ਵੱਡੇ ਸਿਆਸੀ ਪਰਿਵਾਰਾਂ ਮੋਫ਼ਰ ਅਤੇ ਭੂੰਦੜ ਨੂੰ ਵੱਡੀ ਲੀਡ ਨਾਲ ਮਾਤ ਦਿੱਤੀ ਸੀ। ਇਸੇ ਤਰ੍ਹਾਂ ਬੁਢਲਾਡਾ (ਰਿਜ਼ਰਵ) ਤੋਂ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਨੇ ਲਗਾਤਾਰ ਦੂਜੀ ਵਾਰ ਚੋਣ ਜਿੱਤੀ ਸੀ। ਹੁਣ ਜਦੋਂ ਬੀਬੀ ਹਰਸਿਮਰਤ ਕੌਰ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵਜੋਂ ਆਪਣੀ ਚੋਣ ਮੁਹਿੰਮ ਆਰੰਭ ਦਿੱਤੀ ਹੈ ਤਾਂ ਰਾਜ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੇ ਨੁੱਕੜ ਮੀਟਿੰਗਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ।

ਵਿਧਾਇਕ ਐਡਵੋਕੇਟ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਦੱਸਿਆ ਕਿ ਮਾਨਸਾ ਜ਼ਿਲ੍ਹੇ ਵਿੱਚ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ 26 ਮਾਰਚ ਨੂੰ ਜ਼ਿਲ੍ਹੇ ਦੇ ਤਿੰਨੋਂ ਹਲਕਿਆਂ ਵਿੱਚ ਵਰਕਰ ਮੀਟਿੰਗਾਂ ਕਰਨ ਲਈ ਪੁੱਜ ਰਹੇ ਹਨ।

ਪ੍ਰਿੰਸੀਪਲ ਬੁੱਧਰਾਮ ਨੇ ਦੱਸਿਆ ਕਿ 'ਆਪ' ਵਰਕਰ ਪੂਰੇ ਹੌਸਲੇ ਵਿਚ ਹਨ। ਮਾਨਸਾ ਦੇ ਵਿਧਾਇਕ ਡਾ.ਵਿਜੈ ਸਿੰਗਲਾ ਦਾ ਕਹਿਣਾ ਹੈ ਕਿ ਹਲਕੇ ਦੇ 63 ਪਿੰਡਾਂ ਅਤੇ ਮਾਨਸਾ ਸਮੇਤ ਤਿੰਨ ਵੱਡੇ ਕਸਬਿਆਂ ਭੀਖੀ, ਜੋਗਾ ਵਿੱਚ ਚੋਣ ਮੁਹਿੰਮ ਦੀ ਰੂਪ-ਰੇਖਾ ਤਿਆਰ ਕੀਤੀ ਗਈ ਹੈ।



# ਕੀਰਤਪੁਰ ਸਾਹਿਬ 'ਚ ਨਗਾਰਿਆਂ ਨਾਲ ਹੋਲਾ ਮਹੱਲਾ ਸ਼ੁਰੂ



**ਸ੍ਰੀ ਅਨੰਦਪੁਰ ਸਾਹਿਬ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਖਾਲਸਾਹੀ ਜਾਹੋ ਜਲਾਲ ਦਾ ਪ੍ਰਤੀਕ ਛੇ ਰੋਜ਼ਾ ਕੌਮੀ ਤਿਓਹਾਰ ਹੋਲਾ-ਮਹੱਲਾ ਬੁੱਧਵਾਰ ਦੇਰ ਰਾਤ ਕਿਲ੍ਹਾ ਆਨੰਦਗੜ੍ਹ ਸਾਹਿਬ ਵਿਖੇ ਪੁਰਾਤਨ ਨਗਾਰਿਆਂ ਨਾਲ ਸ਼ੁਰੂ ਹੋਇਆ।

ਹੋਲੇ ਮਹੱਲੇ ਦੀ ਆਰੰਭਤਾ ਦੀ ਅਰਦਾਸ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਵੱਲੋਂ ਕੀਤੀ ਗਈ। ਇਸ ਤੋਂ ਪਹਿਲਾਂ ਕਿਲਾ ਆਨੰਦਗੜ੍ਹ ਦੇ ਦੀਵਾਨ ਹਾਲ ਵਿੱਚ ਧਾਰਮਿਕ ਸਮਾਗਮ ਕਰਾਇਆ ਗਿਆ।

ਹੋਲੇ ਮਹੱਲੇ ਦੇ ਪਹਿਲੇ ਪੜਾਅ ਦੀ ਸ਼ੁਰੂਆਤ ਮੌਕੇ ਬੁੱਧਵਾਰ ਸਵੇਰੇ ਕੀਰਤਪੁਰ ਸਾਹਿਬ ਦੇ ਗੁਰਦੁਆਰਾ ਪਤਾਲਪੁਰੀ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਦੇ ਪਾਠ ਆਰੰਭ ਕੀਤੇ ਗਏ ਜਿਨ੍ਹਾਂ ਦੇ ਭੋਗ 23 ਮਾਰਚ ਨੂੰ ਪਾਏ ਜਾਣਗੇ ਜਿਸ ਨਾਲ ਹੋਲੇ ਮਹੱਲੇ ਦੇ ਪਹਿਲੇ ਪੜਾਅ ਦੀ ਸਮਾਪਤੀ ਹੋਵੇਗੀ ਜਿਸ ਉਪਰੰਤ ਹੋਲੇ ਮਹੱਲੇ ਦਾ ਦੂਜਾ ਅਤੇ ਅਹਿਮ ਪੜਾਅ ਸ੍ਰੀ ਆਨੰਦਪੁਰ ਸਾਹਿਬ ਵਿਖੇ 24 ਤੋਂ 26 ਮਾਰਚ ਤੱਕ ਹੋਵੇਗਾ। 24 ਤਰੀਕ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਦੇ ਪਾਠ ਆਰੰਭ ਕੀਤੇ ਜਾਣਗੇ ਜਿਨ੍ਹਾਂ ਦੇ ਭੋਗ 26 ਮਾਰਚ ਨੂੰ ਪਾਏ ਜਾਣਗੇ। ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਅਲੌਕਿਕ ਮਹੱਲਾ ਸਜਾਇਆ ਜਾਵੇਗਾ।

ਦੋ ਰੋਜ਼ਾ ਹੋਲਾ ਮਹੱਲਾ ਵਿਰਾਸਤੀ ਓਲੰਪਿਕਸ ਸ੍ਰੀ ਆਨੰਦਪੁਰ ਸਾਹਿਬ-2024 ਇੱਥੋਂ ਦੇ ਇਤਿਹਾਸਕ ਚਰਨ ਗੰਗਾ ਸਟੇਡੀਅਮ ਵਿਚ ਅੱਜ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵਲੋਂ ਸ਼ੁਰੂ ਕਰਵਾਇਆ ਗਿਆ।

ਇਸ ਸਮਾਗਮ ਵਿਚ ਪੰਜਾਬ ਦੇ ਅਮੀਰ ਵਿਰਸੇ ਤੇ ਸੱਭਿਆਚਾਰ ਨੂੰ ਦਰਸਾਉਂਦੀਆਂ ਪ੍ਰਦਰਸ਼ਨੀਆਂ ਦੇ ਸਟਾਲ ਲਾਏ ਗਏ। ਇਸ ਮੌਕੇ ਨੌਜਵਾਨਾਂ ਦੇ ਦਸਤਾਰਬੰਦੀ ਮੁਕਾਬਲੇ ਵੀ ਕਰਵਾਏ ਗਏ। ਇਸ ਤੋਂ ਇਲਾਵਾ ਕਿੱਲਾ ਪੁੱਟਣਾ, ਗੱਤਕਾ, ਤੀਰਅੰਦਾਜ਼ੀ ਦੇ ਮੁਕਾਬਲੇ ਵੀ ਕਰਵਾਏ ਗਏ।

ਨਿਹੰਗ ਸਿੰਘਾਂ ਦੇ ਸਿਰਮੌਰ ਜਥੇਬੰਦੀ ਬੁੱਢਾ ਦਲ ਦੇ ਮੌਜੂਦਾ ਮੁਖੀ ਬਾਬਾ ਬਲਵੀਰ ਸਿੰਘ 96ਵੇਂ ਕਰੋੜੀ ਨੇ ਹੋਲਾ ਮਹੱਲਾ ਦੀ ਆਰੰਭਤਾ ਦੀਆਂ ਸਮੂਹ ਸੰਗਤਾਂ ਨੂੰ ਮੁਬਾਰਕਾਂ ਦਿੱਤੀਆਂ। ਉਨ੍ਹਾਂ ਦੱਸਿਆ ਕਿ 24 ਅਤੇ 26 ਮਾਰਚ ਨੂੰ ਛਾਉਣੀ ਨਿਹੰਗ ਸਿੰਘਾਂ ਸ੍ਰੀ ਆਨੰਦਪੁਰ ਸਾਹਿਬ ਵਿਖੇ ਬੁੱਢਾ ਦਲ ਵੱਲੋਂ ਅੰਤਰਰਾਸ਼ਟਰੀ ਗੱਤਕਾ ਮੁਕਾਬਲੇ ਕਰਵਾਏ ਜਾਣਗੇ। 26 ਮਾਰਚ ਨੂੰ ਬੁੱਢਾ ਦਲ ਦੀ ਅਗਵਾਈ ਹੇਠ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਖਾਲਸਾਈ ਪਰੰਪਰਾਵਾਂ ਅਨੁਸਾਰ ਨਿਹੰਗ ਸਿੰਘਾਂ ਵੱਲੋਂ ਅਲੌਕਿਕ ਮਹੱਲਾ ਸਜਾਇਆ ਜਾਵੇਗਾ।

ਹੋਲਾ ਮਹੱਲਾ ਦੌਰਾਨ ਆਵਾਜਾਈ ਨੂੰ ਨਿਰਵਿਘਨ ਜਾਰੀ ਰੱਖਣ ਲਈ ਪੁਲੀਸ ਨੇ ਰੂਪਨਗਰ ਤੇ ਊਨਾ, ਰੂਪਨਗਰ ਤੇ ਮਨਾਲੀ ਆਉਣ ਜਾਣ ਵਾਲੀ ਟ੍ਰੈਫਿਕ ਲਈ ਬਦਲਵਾਂ ਰੂਟ ਤਿਆਰ ਕੀਤਾ ਹੈ। ਰੂਪਨਗਰ ਤੋਂ ਊਨਾ ਹਿਮਾਚਲ ਪ੍ਰਦੇਸ਼ ਜਾਣ ਵਾਲੇ ਵਾਇਆ ਰੂਪਨਗਰ-ਨੂਰਪੁਰ ਬੇਦੀ ਰੋਡ- ਝੱਜ ਚੌਂਕ-ਕਲਮਾ ਮੋੜ-ਨੰਗਲ ਤੋਂ ਹੁੰਦੇ ਹੋਏ ਊਨਾ ਜਾਣਗੇ।

ਰੂਪਨਗਰ- ਬੁੰਗਾ ਸਾਹਿਬ ਰੋਡ ਨੂਰਪੁਰਬੇਦੀ- ਝੱਜ ਚੌਂਕ- ਕਲਮਾ ਮੋੜ-ਨੰਗਲ ਤੋ ਊਨਾ ਜਾਣਗੇ। ਰੂਪਨਗਰ ਤੋਂ ਮਨਾਲੀ ਜਾਣ ਵਾਲੇ ਰੂਪਨਗਰ ਵਾਇਆ ਘਨੌਲੀ-ਨਾਲਾਗੜ੍ਹ-ਬਿਲਾਸਪੁਰ ਰਾਹੀਂ ਲੰਘਣਗੇ।

# ਗੁਰਦਾਸਪੁਰ ਤੋਂ ਚੋਣ ਲੜ ਸਕਦੇ ਨੇ ਫ਼ਤਿਹਜੰਗ ਬਾਜਵਾ



**ਕਾਦੀਆਂ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰਦਾਸਪੁਰ ਲੋਕ ਸਭਾ ਸੀਟ ਲਈ ਭਾਜਪਾ ਦੀ ਟਿਕਟ 'ਤੇ ਹਲਕਾ ਕਾਦੀਆਂ ਦੇ ਸਾਬਕਾ ਵਿਧਾਇਕ ਫ਼ਤਿਹ ਜੰਗ ਸਿੰਘ ਬਾਜਵਾ ਦਾ ਚੋਣ ਲੜਨਾ ਲਗਪਗ ਤੈਅ ਹੋ ਗਿਆ ਹੈ। ਇਸ ਸਬੰਧ ਵਿੱਚ ਅੱਜ ਉਨ੍ਹਾਂ ਨਵੀਂ ਦਿੱਲੀ ਵਿੱਚ ਆਪਣੇ ਪੁੱਤਰ ਅਰਜੁਨ ਪ੍ਰਤਾਪ ਸਿੰਘ ਬਾਜਵਾ ਨਾਲ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ। ਜਾਣਕਾਰੀ ਅਨੁਸਾਰ ਉਨ੍ਹਾਂ ਨੂੰ ਇਸ ਸੀਟ ਤੋਂ ਚੋਣ ਲੜਨ ਲਈ ਹਰੀ ਝੰਡੀ ਵੀ ਮਿਲ ਗਈ ਹੈ।

ਜਦੋਂ ਇਸ ਸਬੰਧੀ ਫ਼ਤਿਹਜੰਗ ਬਾਜਵਾ ਨਾਲ ਸੰਪਰਕ ਕੀਤਾ ਤਾਂ ਉਹ ਕਾਫ਼ੀ ਮਸਰੂਫ਼ ਸਨ ਅਤੇ ਉਨ੍ਹਾਂ ਬਾਅਦ ਵਿੱਚ ਆਪ ਸੰਪਰਕ ਕਰਨ ਦੀ ਗੱਲ ਕਹੀ। ਸੂਤਰਾਂ ਅਨੁਸਾਰ ਉਨ੍ਹਾਂ ਦਾ ਚੋਣ ਲੜਨਾ ਲਗਪਗ ਤੈਅ ਹੈ। 10 ਜੁਲਾਈ 1987 ਨੂੰ ਉਨ੍ਹਾਂ ਨੂੰ ਅਤਿਵਾਦੀਆਂ ਨੇ ਗੋਲੀਆਂ ਮਾਰ ਦਿੱਤੀਆਂ ਸਨ। ਉਨ੍ਹਾਂ ਦਾ ਵੱਡਾ ਪੁੱਤਰ ਪ੍ਰਤਾਪ ਸਿੰਘ ਬਾਜਵਾ, ਪੰਜਾਬ ਦੀ ਬੇਅੰਤ ਸਿੰਘ, ਰਾਜਿੰਦਰ ਕੌਰ ਭੱਠਲ ਅਤੇ ਕੈਪਟਨ ਅਮਰਿੰਦਰ ਸਿੰਘ ਸਰਕਾਰ ਵਿੱਚ ਕੈਬਨਿਟ ਮੰਤਰੀ ਬਣੇ। ਉਹ 2016 ਵਿੱਚ ਲੋਕ ਸਭਾ ਮੈਂਬਰ ਬਣੇ। ਉਹ ਹੁਣ ਕਾਦੀਆਂ ਵਿਧਾਨ ਸਭਾ ਤੋਂ ਵਿਧਾਇਕ ਅਤੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਹਨ। ਫ਼ਤਿਹਜੰਗ ਸਿੰਘ ਬਾਜਵਾ ਪਹਿਲਾਂ ਕਾਂਗਰਸ ਨਾਲ ਜੁੜੇ ਰਹੇ। ਇੱਕ ਵਾਰ ਉਨ੍ਹਾਂ ਨੂੰ ਕਾਂਗਰਸ ਪਾਰਟੀ ਨੇ ਟਿਕਟ ਨਾ ਦਿੱਤੀ ਤਾਂ ਉਹ ਸ੍ਰੀ ਹਰਗੋਬਿੰਦਪੁਰ ਵਿਧਾਨ ਸਭਾ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਰੇ।

ਮਗਰੋਂ ਕਾਂਗਰਸ ਪਾਰਟੀ ਨੇ ਉਨ੍ਹਾਂ ਨੂੰ 2017 ਵਿੱਚ ਹਲਕਾ ਕਾਦੀਆਂ ਤੋਂ ਉਮੀਦਵਾਰ ਐਲਾਨਿਆ ਅਤੇ ਉਨ੍ਹਾਂ ਅਕਾਲੀ ਦਲ (ਬਾਦਲ) ਦੇ ਜਥੇਦਾਰ ਸੇਵਾ ਸਿੰਘ ਸੇਖਵਾਂ ਨੂੰ ਹਰਾਇਆ। 2022 ਵਿੱਚ ਫ਼ਤਿਹਜੰਗ ਸਿੰਘ ਬਾਜਵਾ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਭਾਜਪਾ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਨੂੰ ਭਾਜਪਾ ਨੇ ਬਟਾਲਾ ਵਿਧਾਨ ਸਭਾ ਸੀਟ ਤੋਂ ਆਪਣਾ ਉਮੀਦਵਾਰ ਬਣਾਇਆ। ਇਸ ਚੋਣ ਵਿੱਚ ਉਹ ਕਾਮਯਾਬ ਨਾ ਹੋ ਸਕੇ।

# ਐਸੋਸੀਏਸ਼ਨ ਆਫ ਸਰਜਨਜ਼ ਵੱਲੋਂ ਡਾ. ਪਰਮਾਰ ਦਾ ਸਨਮਾਨ



**ਰੂਪਨਗਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਸ਼ਹਿਰ ਦੇ ਸਰਜਨ ਡਾ. ਆਰ.ਐਸ. ਪਰਮਾਰ ਨੂੰ ਸਰਜਰੀ ਦੇ ਖੇਤਰ ਵਿੱਚ ਪਾਏ ਜਾ ਰਹੇ ਵਧੀਆ ਯੋਗਦਾਨ ਲਈ ਐਸੋਸੀਏਸ਼ਨ ਆਫ ਸਰਜਨਜ਼ ਆਫ ਇੰਡੀਆ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਐਸੋਸੀਏਸ਼ਨ ਦੀ ਅੰਮ੍ਰਿਤਸਰ ਸਾਹਿਬ ਵਿਖੇ ਹੋਈ ਸਾਲਾਨਾ ਜਨਰਲ ਬਾਡੀ ਦੀ ਮੀਟਿੰਗ ਦੌਰਾਨ ਕੀਤਾ ਗਿਆ। ਇਸ ਜਥੇਬੰਦੀ ਦੀ ਸਥਾਪਨਾ ਸੰਨ 1938 ਵਿੱਚ ਇੱਕ-ਦੂਜੇ ਦੇ ਤਜਰਬਿਆਂ ਨੂੰ ਸਾਂਝਾ ਕਰਨ ਅਤੇ ਉਨ੍ਹਾਂ ਦੇ ਸਰਜੀਕਲ ਹੁਨਰ ਵਿੱਚ ਵਾਧਾ ਕਰਨ ਲਈ ਗਠਿਤ ਕੀਤੀ ਗਈ ਸੀ। ਇਹ ਜਥੇਬੰਦੀ ਦੇਸ਼ ਭਰ ਦੇ ਸਰਜਨਾਂ ਦੀ ਸਭ ਤੋਂ ਵੱਡੀ ਮਾਨਤਾ ਪ੍ਰਾਪਤ ਸੰਸਥਾ ਹੈ।

ਡਾ. ਪਰਮਾਰ ਨੇ 1973 ਵਿੱਚ ਪੀਜੀਆਈ ਚੰਡੀਗੜ੍ਹ ਤੋਂ ਸਰਜਰੀ ਦੀ ਪੜ੍ਹਾਈ ਪੂਰੀ ਕਰਨ ਉਪਰੰਤ ਪ੍ਰੈਕਟਿਸ ਸ਼ੁਰੂ ਕੀਤੀ ਸੀ। ਉਨ੍ਹਾਂ ਕੋਲ ਸਰਜਨ ਵਜੋਂ ਲਗਪਗ 50 ਸਾਲਾਂ ਦਾ ਤਜਰਬਾ ਹੈ। ਉਹ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਵੀ ਰਹਿ ਚੁੱਕੇ ਹਨ।

# ਰਾਜਾ ਵੜਿੰਗ ਵੱਲੋਂ ਵਰਕਰਾਂ ਨੂੰ ਇਕਜੁੱਟ ਹੋਣ ਦਾ ਸੱਦਾ



**ਮਾਨਸਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਦੀਆਂ ਸਾਰੀਆਂ ਲੋਕ ਸਭਾ ਸੀਟਾਂ 'ਤੇ ਕਾਂਗਰਸ ਪਾਰਟੀ ਵੱਡੀ ਜਿੱਤ ਹਾਸਲ ਕਰੇਗੀ।

ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਪੰਜਾਬ ਤੋਂ ਲੋਕ ਸਭਾ ਚੋਣਾਂ ਲਈ ਉਮੀਦਵਾਰਾਂ ਦਾ ਐਲਾਨ ਇੱਕ-ਦੋ ਦਿਨਾਂ ਵਿੱਚ ਹੀ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਦੋ ਸਾਲਾਂ ਦਾ ਰਾਜ ਦੇਖ ਚੁੱਕੇ ਹਨ ਅਤੇ ਭਾਜਪਾ-ਅਕਾਲੀ ਦਲ ਦਾ ਗਰਾਫ ਪਹਿਲਾਂ ਨਾਲੋਂ ਬਹੁਤ ਹੇਠਾਂ ਜਾ ਚੁੱਕਿਆ ਹੈ।

ਮਾਨਸਾ ਵਿਚ ਵਰਕਰਾਂ ਨਾਲ ਮਿਲਣੀ ਤੋਂ ਬਾਅਦ ਰਾਜਾ ਵੜਿੰਗ ਨੇ ਕਿਹਾ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਸੂਬੇ ਸਿਰ ਕਰਜ਼ਾ, ਲੁੱਟ-ਖਸੁੱਟ ਅਤੇ ਅਪਰਾਧ ਵਧਿਆ ਹੈ ਅਤੇ ਖੁਦ ਨੂੰ ਆਮ ਆਦਮੀ ਦੱਸਣ ਵਾਲੇ ਖਾਸ ਬਣੇ ਬੈਠੇ ਹਨ ਜਿਸ ਕਰਕੇ ਪੰਜਾਬ ਦੇ ਲੋਕਾਂ ਦਾ ਉਨ੍ਹਾਂ ਤੋਂ ਮੋਹ ਭੰਗ ਹੋ ਗਿਆ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਕਾਲੀ-ਭਾਜਪਾ ਗੱਠਜੋੜ ਨਾਲ ਕਾਂਗਰਸ ਪਾਰਟੀ ਨੂੰ ਕੋਈ ਫ਼ਰਕ ਨਹੀਂ ਪਵੇਗਾ ।

ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਬੋਹਾ ਖੇਤਰ ਦੇ ਕਾਂਗਰਸ ਸਮਰਥਕ ਸਰਪੰਚਾਂ, ਪੰਚਾਂ ਤੇ ਮੁੱਖ ਆਗੂਆਂ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਨੂੰ ਸਾਰੇ ਗਿਲੇ ਸ਼ਿਕਵੇ ਭੁਲਾ ਕੇ ਇਕਜੁੱਟ ਹੋ ਕੇ ਚੋਣਾਂ ਲੜਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਲੋਕ ਸਭਾ ਖੇਤਰ ਬਠਿੰਡਾ ਤੋਂ ਪਾਰਟੀ ਜਿਸ ਆਗੂ ਨੂੰ ਚੋਣ ਮੈਦਾਨ ਵਿੱਚ ਉਤਾਰੇ, ਪਾਰਟੀ ਵਰਕਰ ਉਸ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਦਿਨ-ਰਾਤ ਇਕ ਕਰ ਦੇਣ।

# ਭਾਜਪਾ ਨਾਲ ਗੱਠਜੋੜ ਬਾਰੇ ਸਥਿਤੀ ਕੋਰ ਕਮੇਟੀ ਦੀ ਮੀਟਿੰਗ ਵਿੱਚ ਸਪਸ਼ਟ ਹੋਵੇਗੀ: ਢੀਂਡਸਾ

**ਅੰਮ੍ਰਿਤਸਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਆਗੂ ਸੁਖਦੇਵ ਸਿੰਘ ਢੀਂਡਸਾ ਨੇ ਕਿਹਾ ਕਿ ਅਕਾਲੀ ਭਾਜਪਾ ਵਿਚਾਲੇ ਗਠਜੋੜ ਸਬੰਧੀ ਸਮੁੱਚੀ ਸਥਿਤੀ ਭਲਕੇ ਸ਼੍ਰੋਮਣੀ ਅਕਾਲੀ ਦਲ ਦੀ ਹੋਣ ਵਾਲੀ ਕੋਰ ਕਮੇਟੀ ਦੀ ਮੀਟਿੰਗ ਵਿੱਚ ਸਪਸ਼ਟ ਹੋਵੇਗੀ।

ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕਰਨ ਤੋਂ ਬਾਅਦ ਉਹ ਅੱਜ ਇੱਥੇ ਗੁਰੂ ਘਰ ਵਿੱਚ ਨਤਮਸਤਕ ਹੋਏ।

ਇਸ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਦੌਰਾਨ ਅਕਾਲੀ ਭਾਜਪਾ ਗਠਜੋੜ ਸਬੰਧੀ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਆਖਿਆ ਕਿ ਫਿਲਹਾਲ ਉਨ੍ਹਾਂ ਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ।



26 ਮਾਰਚ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੀ ਮੀਟਿੰਗ ਹੋ ਰਹੀ ਹੈ, ਜਿਸ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਇਸ ਬਾਰੇ ਦੱਸਿਆ ਜਾਵੇਗਾ।

# 'ਆਪ' ਉਮੀਦਵਾਰ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨਤਮਸਤਕ

**ਫ਼ਤਹਿਗੜ੍ਹ ਸਾਹਿਬ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ 'ਆਪ' ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਨੇ ਆਪਣੀ ਚੋਣ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਆਪਣੇ ਵੱਡੀ ਗਿਣਤੀ ਸਮਰਥਕਾਂ ਸਮੇਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ।

ਇਸ ਤੋਂ ਪਹਿਲਾਂ ਸਰਹਿੰਦ ਦੀ ਨਵੀਂ ਅਨਾਜ ਮੰਡੀ ਵਿੱਚ ਇਕ ਇਕੱਠ ਨੂੰ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ, ਬਸੀ ਪਠਾਣਾਂ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਅਤੇ ਸਾਹਨੇਵਾਲ ਦੇ ਵਿਧਾਇਕ ਗੁਰਮੀਤ ਸਿੰਘ ਮੁੰਡੀਆਂ ਨੇ ਸੰਬੋਧਨ ਕਰਦੇ ਹੋਏ ਸ੍ਰੀ ਜੀਪੀ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦਾ ਸੱਦਾ ਦਿਤਾ। ਉਨ੍ਹਾਂ ਕਿਹਾ, "ਪਾਰਟੀ ਨੇ ਇਸ ਹਲਕੇ ਵਿੱਚ ਨੇਕ ਅਤੇ ਇਮਾਨਦਾਰ ਸ਼ਖ਼ਸੀਅਤ ਨੂੰ ਟਿਕਟ ਦਿੱਤਾ ਹੈ, ਇਸ ਵਾਸਤੇ ਸਾਡਾ ਫ਼ਰਜ਼ ਬਣਦਾ ਹੈ ਕਿ ਉਸ ਨੂੰ ਭਾਰੀ ਬਹੁਮੱਤ ਨਾਲ ਸਫ਼ਲ ਬਣਾਈਏ।" ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਜੈ ਲਿਬੜਾ, ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋ, ਚੇਅਰਮੈਨ ਰਸਪਿੰਦਰ ਰਾਜਾ, ਕੰਵਰਵੀਰ ਰਾਏ, ਮਨੀ ਚੋਪੜਾ, ਜਗਜੀਤ ਸਿੰਘ ਰਿਊਣਾ, ਗੱਜਣ ਸਿੰਘ ਜਲਵੇੜਾ, ਗੁਰਸਤਿੰਦਰ ਸਿੰਘ ਜੱਲਾ, ਪ੍ਰਦੀਪ ਮਲਹੋਤਰਾ ਆਦਿ ਵੀ ਹਾਜ਼ਰ ਸਨ।



# ਅਧਿਆਪਕਾਂ ਨੂੰ ਫ਼ਸਟ ਏਡ ਸੇਫਟੀ ਬਚਾਓ ਮਦਦ ਦੇ ਗਿਆਨ ਦੀ ਵੱਧ ਜ਼ਰੂਰਤ: ਡਾਕਟਰ ਮਨਜੀਤ ਕੌਰ




**ਪਟਿਆਲਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰੇਕ ਅਧਿਆਪਕ ਅਤੇ ਮਾਪਿਆਂ ਨੂੰ ਬੱਚਿਆਂ ਅਤੇ ਵਿਦਿਆਰਥੀਆਂ ਨੂੰ ਸਿਹਤ ਤਦੰਰੁਸਤੀ ਸੁਰੱਖਿਆ ਬਚਾਉ ਮਦਦ ਹਾਦਸਿਆਂ ਘਟਨਾਵਾਂ ਤੋਂ ਬਚਣ ਅਤੇ ਸੰਕਟ ਸਮੇਂ ਪੀੜਤਾਂ ਦੇ ਮਦਦਗਾਰ ਦੋਸਤ ਬਣਕੇ ਕੀਮਤੀ ਜਾਨਾਂ ਬਚਾਉਣ ਦੀ ਟ੍ਰੇਨਿੰਗ ਜ਼ਰੂਰ ਲੈਣੀ ਚਾਹੀਦੀ ਹੈ ਤਾਂ ਜੋ ਵਿਦਿਆਰਥੀਆਂ ਅਤੇ ਉਨ੍ਹਾਂ ਰਾਹੀਂ ਮਾਪਿਆਂ ਨੂੰ ਜਾਗਰੂਕ ਕੀਤਾ ਜਾਵੇ ਇਹ ਵਿਚਾਰ ਸੈਂਟ ਕਬੀਰ ਸਿੱਖਿਆ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾਕਟਰ ਮਨਪ੍ਰੀਤ ਕੌਰ ਨੇ ਕਾਲਜ ਵਿਖੇ ਚਲ ਰਹੇ ਐਨ ਐਸ ਐਸ ਕੈਂਪ ਵਿਖੇ ਪ੍ਰਗਟ ਕੀਤੇ। ਉਨ੍ਹਾਂ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਸ਼੍ਰੀ ਕਾਕਾ ਰਾਮ ਵਰਮਾ ਜੀ ਬਹੁਤ ਲੰਮੇ ਸਮੇਂ ਤੋਂ ਵਿਦਿਆਰਥੀਆਂ ਅਧਿਆਪਕਾਂ ਪੁਲਿਸ ਫੈਕਟਰੀ ਕਰਮਚਾਰੀਆਂ ਐਨ ਐਸ ਐਸ ਵਲੰਟੀਅਰਾਂ ਐਨ ਸੀ ਸੀ ਕੈਡਿਟਸ ਨੂੰ ਫ਼ਸਟ ਏਡ ਆਫ਼ਤ ਪ੍ਰਬੰਧਨ ਸਿਵਲ ਡਿਫੈਂਸ ਫਾਇਰ ਸੇਫਟੀ ਸੀ ਪੀ ਆਰ ਜ਼ਖਮੀਆਂ ਦੀ ਸੇਵਾ ਸੰਭਾਲ ਦੀ ਟ੍ਰੇਨਿੰਗ ਦੇਕੇ ਬਹੁਤ ਪੁੰਨ ਦੇ ਕਾਰਜ ਕਰ ਰਹੇ ਹਨ। ਏ ਐਸ ਆਈ ਸ਼੍ਰੀ ਰਾਮ ਸ਼ਰਨ ਇੰਚਾਰਜ ਟਰੈਫਿਕ ਪੁਲਿਸ ਸਿੱਖਿਆ ਸੈਲ ਪਟਿਆਲਾ ਨੇ ਅਧਿਆਪਕਾਂ ਨੂੰ ਆਵਾਜਾਈ ਨਿਯਮਾਂ ਕਾਨੂੰਨਾਂ ਅਸੂਲਾਂ ਮਰਿਆਦਾਵਾਂ ਫਰਜ਼ਾਂ, ਹੈਲਮਟ ਸੀਟ ਬੈਲਟ ਲਾਇਸੰਸ ਪ੍ਰਦੂਸ਼ਣ ਬੀਮਾ ਆਰ ਸੀ ਦੀ ਜਾਣਕਾਰੀ ਦਿੱਤੀ ਅਤੇ ਅਤੇ ਸੜਕਾਂ ਗਲੀਆਂ ਵਿਖੇ ਚਲਦੇ ਸਮੇਂ ਆਪਣੇ ਬਚਾਅ ਅਤੇ ਦੂਸਰਿਆਂ ਦੀ ਸੁਰੱਖਿਆ ਲਈ ਯਤਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਨਸ਼ਿਆਂ ਅਪਰਾਧਾਂ ਮਾੜੀਆ ਆਦਤਾਂ ਭਾਵਨਾਵਾਂ ਵਿਚਾਰਾਂ ਤੋਂ ਬਚਣ ਅਤੇ ਬੱਚਿਆਂ ਨੂੰ ਬਚਾਉਣ ਲਈ ਬੇਨਤੀ ਕੀਤੀ। ਸਾਈਬਰ ਸੁਰੱਖਿਆ ਦੀ ਜਾਣਕਾਰੀ ਦਿੱਤੀ ਅਤੇ ਪੁਲਿਸ ਹੈਲਪ ਲਾਈਨ ਨੰਬਰਾਂ ਬਾਰੇ ਦੱਸਿਆ। ਸ਼੍ਰੀ ਕਾਕਾ ਰਾਮ ਵਰਮਾ ਚੀਫ਼ ਟ੍ਰੇਨਰ ਫ਼ਸਟ ਏਡ ਸਿਹਤ ਸੇਫਟੀ ਜਾਗਰੂਕਤਾ ਮਿਸ਼ਨ ? ਨੇ ਆਫਤਾਵਾਂ ਦੁਰਘਟਨਾਵਾਂ ਐਮਰਜੈਂਸੀ ਸਮੇਂ ਬਚਾਓ ਅਤੇ ਪੀੜਤਾਂ ਦੀ ਸਹਾਇਤਾ ਕਰਨ, ਜ਼ਖਮੀਆਂ ਨੂੰ ਫ਼ਸਟ ਏਡ ਸੀ ਪੀ ਆਰ ਰਿਕਵਰੀ ਪੁਜੀਸ਼ਨ ਵੈਂਟੀਲੇਟਰ ਬਣਾਉਟੀ ਸਾਹ ਕਿਰਿਆ ਅਤੇ ਏ ਬੀ ਸੀ ਡੀ ਦੀ ਟ੍ਰੇਨਿੰਗ ਦਿੱਤੀ।

ਉਨ੍ਹਾਂ ਨੇ ਘਰਾਂ ਮੁਹੱਲਿਆਂ ਦੁਕਾਨਾਂ ਸੜਕਾਂ ਖੇਡ ਮੈਦਾਨਾਂ ਅਤੇ ਸੰਸਥਾਵਾਂ ਵਿਖੇ ਹੋ ਘਟਨਾਵਾਂ ਰੋਕਣ ਲਈ ਸੂਚੇਤ ਰਹਿਣ ਅਤੇ ਜਾਨੀ ਅਤੇ ਮਾਲੀ ਨੁਕਸਾਨ ਰੋਕਣ ਲਈ ਆਫ਼ਤ ਪ੍ਰਬੰਧਨ ਸਿਵਲ ਡਿਫੈਂਸ ਫਸਟ ਏਡ ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ ਬਾਰੇ ਜਾਗਰੂਕ ਕੀਤਾ ਉਨ੍ਹਾਂ ਨੇ ਅਪੀਲ ਕੀਤੀ ਕਿ ਆਪਣੇ ਘਰ ਪਰਿਵਾਰ ਮਹੱਲੇ ਸੰਸਥਾਵਾਂ ਵਿਖੇ ਸੱਭ ਨੂੰ ਜਾਗਰੂਕ ਕਰਨ ਲਈ ਸਾਨੂੰ ਸਾਰਿਆਂ ਨੂੰ ਯਤਨ ਕਰਨੇ ਚਾਹੀਦੇ ਹਨ। ਜਿਸ ਹਿੱਤ ਫ਼ਸਟ ਏਡ ਸਿਹਤ ਸੇਫਟੀ ਜਾਗਰੂਕਤਾ ਮਿਸ਼ਨ ਵਲੋਂ ਮਹਲਿਆ ਕਾਲੋਨੀਆਂ ਅਤੇ ਸਿੱਖਿਅਕ ਸੰਸਥਾਵਾਂ ਵਿਖੇ ਵੀ ਇਸ ਤਰ੍ਹਾਂ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਪ੍ਰੋਫੈਸਰ ਜਸਜੋਤ ਕੌਰ, ਹਰਪ੍ਰੀਤ ਕੌਰ, ਗਗਨਦੀਪ ਕੌਰ, ਡਾਕਟਰ ਨਵਨੀਤ ਕੌਰ, ਦੂਸਰੇ ਅਧਿਆਪਕਾਂ ਅਤੇ ਬੀ ਐਡ ਅਤੇ ਐਨ ਟੀ ਟੀ ਵਿਦਿਆਰਥੀਆਂ ਨੇ ਧੰਨਵਾਦ ਕੀਤਾ ਅਤੇ ਪ੍ਰਣ ਕੀਤਾ ਕਿ ਉਹ ਆਪਣੇ ਘਰ ਪਰਿਵਾਰਾਂ ਸੰਸਥਾਵਾਂ ਵਿਖੇ ਵਿਦਿਆਰਥੀਆਂ ਨੌਜਵਾਨਾਂ ਨੂੰ ਜਾਗਰੂਕ ਕਰਦੇ ਰਹਿਣ।

## ਜਯੋਤੀ ਥਰੈਡਜ਼ (ਇੰਡੀਆ) ਪ੍ਰਾਈਵੇਟ ਲਿਮਟਿਡ ਨੇ ਰੈੱਡ ਕਰਾਸ ਸੁਸਾਇਟੀ ਲਈ ਪੰਜ ਲੱਖ ਰੁਪਏ ਦਾ ਚੈਕ ਡਿਪਟੀ ਕਮਿਸ਼ਨਰ ਨੂੰ ਸੌਂਪਿਆ

**ਪਟਿਆਲਾ, 26 ਮਾਰਚ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਜਯੋਤੀ ਥਰੈਡਜ਼ (ਇੰਡੀਆ) ਪ੍ਰਾਈਵੇਟ ਲਿਮਟਿਡ ਦੇ ਐਮ.ਡੀ. ਮਨੀਸ਼ ਸਿੰਗਲਾ ਨੇ ਆਪਣੇ ਸੀ.ਆਰ.ਐਸ. ਫੰਡਾਂ ਵਿੱਚੋਂ ਪੰਜ ਲੱਖ ਰੁਪਏ ਦੀ ਰਾਸ਼ੀ ਦਾ ਚੈਕ ਇੰਡੀਅਨ ਰੈੱਡ ਕਰਾਸ ਸੁਸਾਇਟੀ ਪਟਿਆਲਾ ਨੂੰ ਭੇਂਟ ਕੀਤਾ ਹੈ।ਇਹ ਉਨ੍ਹਾਂ ਨੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੂੰ ਸੌਂਪਿਆ।



**ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੂੰ ਰੈਡ ਕਰਾਸ ਸੁਸਾਇਟੀ ਪਟਿਆਲਾ ਲਈ 50 ਲੱਖ ਰੁਪਏ ਦਾ ਚੈਕ ਸੌਂਪਦੇ ਹੋਏ ਜਯੋਤੀ ਥਰੈਡਜ਼ (ਇੰਡੀਆ) ਪ੍ਰਾਈਵੇਟ ਲਿਮਟਿਡ ਦੇ ਐਮ.ਡੀ. ਮਨੀਸ਼ ਸਿੰਗਲਾ।**

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਮਨੀਸ਼ ਸਿੰਗਲਾ ਵੱਲੋਂ ਆਪਣੇ ਪਿਤਾ ਮਦਨ ਲਾਲ ਸਿੰਗਲਾ ਦੀ ਪ੍ਰੇਰਨਾ ਸਦਕਾ ਜਯੋਤੀ ਥਰੈਡਜ਼ (ਇੰਡੀਆ) ਪ੍ਰਾਈਵੇਟ ਲਿਮਟਿਡ ਦੇ ਸੀ.ਆਰ.ਐਸ. ਫੰਡਾਂ ਵਿੱਚੋਂ ਸਮਾਜ ਭਲਾਈ ਲਈ ਦਿੱਤੇ ਜਾ ਰਹੇ ਯੋਗਦਾਨ ਦੀ ਭਰਵੀਂ ਸ਼ਲਾਘਾ ਕੀਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਜਿਹੇ ਦਾਨੀਆਂ ਵੱਲੋਂ ਦਿੱਤੇ ਦਾਨ ਸਦਕਾ ਰੈਡ ਕਰਾਸ ਵੱਲੋਂ ਲੋੜਵੰਦਾਂ ਦੀ ਮਦਦ ਕੀਤੀ ਜਾਂਦੀ ਹੈ, ਇਸ ਲਈ ਹੋਰ ਅਦਾਰੇ ਤੇ ਸੰਸਥਾਵਾਂ ਵੀ ਇਸੇ ਤਰ੍ਹਾਂ ਸਮਾਜ ਭਲਾਈ ਲਈ ਆਪਣਾ ਯੋਗਦਾਨ ਪਾਉਣ ਲਈ ਅੱਗੇ ਆਉਣ।ਇਸ ਮੌਕੇ ਅਸ਼ਵਨੀ ਗਰਗ ਅਤੇ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਡਾ. ਪ੍ਰਿਤਪਾਲ ਸਿੰਘ ਸਿੱਧੂ ਵੀ ਮੌਜੂਦ ਸਨ।

## ਬਰਨਾਲਾ ਕ੍ਰਿਕਟ ਟੀਮ ਨੇ ਅੰਡਰ 23 ਪੰਜਾਬ ਰਾਜ ਜ਼ਿਲ੍ਹਾ ਕ੍ਰਿਕਟ ਟੂਰਨਾਮੈਂਟ ਦੇ ਆਪਣੇ ਪਹਿਲੇ ਮੈਚ ਵਿੱਚ ਫ਼ਤਹਿਗੜ੍ਹ ਸਾਹਿਬ ਵਿਰੁੱਧ ਜਿੱਤ ਦਰਜ ਕੀਤੀ



**ਬਰਨਾਲਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬਰਨਾਲਾ ਟੀਮ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜੀ ਕਰਨ ਦਾ ਫੈਸਲਾ ਕੀਤਾ ਤੇ ਪਹਿਲੀ ਪਾਰੀ ਵਿੱਚ 197 ਦੌੜਾ ਬਣਾ ਕੇ ਆਲ ਆਊਟ ਹੋ ਗਈ, ਆਪਣੀ ਪਹਿਲੀ ਪਾਰੀ ਵਿੱਚ ਫਤਿਹਗੜ੍ਹ ਸਾਹਿਬ ਦੀ ਟੀਮ ਜਦੋਂ ਬੱਲੇਬਾਜ਼ੀ ਕਰਨ ਆਈ ਤਾਂ ਬਰਨਾਲਾ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਫਤਿਹਗੜ੍ਹ ਸਾਹਿਬ ਦੀ ਪੂਰੀ ਟੀਮ ਨੂੰ 50 ਦੌੜਾਂ ਤੇ ਹੀ ਆਊਟ ਕਰ ਲਿਆ, ਜਿਸ ਵਿੱਚ ਹਵਨੀਤ ਸਿੰਘ ਨੇ ਛੇ ਮਹੱਤਵਪੂਰਨ ਵਿਕਟਾਂ ਲਈਆਂ, ਜਿਸ ਦਾ ਸਮਰਥਨ ਦੀਪਮ ਸ਼ਰਮਾ ਨੇ ਕੀਤਾ ਤੇ ਜਿਸ ਨੇ ਤਿੰਨ ਵਿਕਟਾਂ ਹਾਸਿਲ ਕੀਤੀਆਂ। ਪਹਿਲੀ ਪਾਰੀ ਦੀ ਬੜਤ ਤੋਂ ਬਾਅਦ ਬਰਨਾਲਾ ਟੀਮ ਨੇ ਫੋਲੋ-ਆਨ ਲਾਗੂ ਕੀਤਾ। ਜਿਸ ਨਾਲ ਫਤਿਹਗੜ੍ਹ ਸਾਹਿਬ ਨੂੰ ਬੱਲੇਬਾਜ਼ੀ ਦਾ ਇੱਕ ਹੋਰ ਮੌਕਾ ਮਿਲਿਆ ਫਤਿਹਗੜ੍ਹ ਸਾਹਿਬ ਦੀ ਟੀਮ ਦੂਜੀ ਪਾਰੀ ਵਿੱਚ ਵੀ ਕੁਝ ਖਾਸ ਨਹੀਂ ਕਰ ਪਾਈ ਤੇ 162 ਦੌੜਾ ਬਣਾ ਕੇ ਹੀ ਆਲ ਆਊਟ ਹੋ ਗਈ। ਹਵਨੀਤ ਸਿੰਘ ਨੇ ਇੱਥੇ ਵੀ ਵਧੀਆ ਗੇਂਦਬਾਜ਼ੀ ਕਰਦੇ ਹੋਏ 4 ਵਿਕਟਾਂ ਲਈਆਂ ਤੇ ਦੀਪਮ ਸ਼ਰਮਾ ਨੇ ਫਿਰ ਤੋਂ ਤਿੰਨ ਵਿਕਟਾਂ ਹਾਸਿਲ ਕੀਤੀਆਂ, ਫਤਿਹਗੜ੍ਹ ਦੀ ਟੀਮ ਨੇ ਬਰਨਾਲਾ ਨੂੰ ਜਿੱਤਣ ਲਈ 18 ਦੌੜਾਂ ਦਾ ਟੀਚਾ ਦਿੱਤਾ, ਜਿਸ ਨੂੰ ਬਰਨਾਲਾ ਦੀ ਟੀਮ ਨੇ ਸਿਰਫ 3 ਓਵਰਾਂ ਵਿੱਚ ਹੀ ਪੂਰਾ ਕਰਕੇ ਸ਼ਾਨਦਾਰ ਜਿੱਤ ਹਾਸਿਲ ਕੀਤੀ।

ਬਰਨਾਲਾ ਟੀਮ ਦੀ ਦੂਜੇ ਮੈਚ ਵਿੱਚ ਅਗਲੀ ਚੁਣੌਤੀ ਪਟਿਆਲਾ ਦੀ ਮਜਬੂਤ ਟੀਮ ਨਾਲ ਹੈ ਜਿੱਥੇ ਉਹ 23 ਤੇ 26 ਮਾਰਚ ਨੂੰ ਬਰਨਾਲਾ ਵਿਖੇ ਟ੍ਰਾਈਡੈਂਟ ਗਰਾਊਂਡ ਵਿੱਚ ਮੈਚ ਖੇਡਣਗੇ ਕ੍ਰਿਕਟ ਪ੍ਰੇਮੀ ਇਸ ਰੋਮਾਂਚਕ ਮੈਚ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ। ਕਿਉਂਕਿ ਬਰਨਾਲਾ ਦਾ ਟੀਚਾ ਆਪਣੀ ਜਿੱਤ ਦਾ ਸਿਲਸਿਲਾ ਜਾਰੀ ਰੱਖਣਾ ਹੈ। ਇਸ ਸ਼ਾਨਦਾਰ ਜਿੱਤ ਤੋਂ ਬਾਅਦ ਬਰਨਾਲਾ ਦੀ ਜਿਲ੍ਹਾ ਕ੍ਰਿਕਟ ਐਸੋਸੀਏਸ਼ਨ ਬਰਨਾਲਾ ਦੇ ਸੈਕਟਰੀ ਸ਼੍ਰੀ ਰੁਪਿੰਦਰ ਗੁਪਤਾ ਜੀ ਨੇ ਪੂਰੀ ਟੀਮ ਅਤੇ ਕੋਚ ਸਾਹਿਬਾਨ ਨੂੰ ਇਸ ਜਿੱਤ ਦੀ ਵਧਾਈ ਦਿੱਤੀ ਤੇ ਅਤੇ ਅਗਲੇ ਮੈਚ ਲਈ ਸ਼ੁਭਕਾਮਨਾਵਾਂ ਦਿੱਤੀਆਂ

## ਥਾਣਾ ਸਿਟੀ ਪੁਲਸ ਨੇ ਚੋਰੀਸ਼ੁਦਾ ਦੋ ਮੋਟਰਸਾਇਕਲ ਸਣੇ 3 ਦੋਸ਼ੀਆਂ ਨੂੰ ਕੀਤਾ ਗ੍ਰਿਫ਼ਤਾਰ



**ਜਲਾਲਾਬਾਦ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਸ ਪ੍ਰਸ਼ਾਸਨ ਵੱਲੋਂ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਗਈ ਮੁਹਿੰਮ ਦੇ ਤਹਿਤ ਥਾਣਾ ਸਿਟੀ ਪੁਲਸ ਨੇ ਮੋਟਰਸਾਇਕਲ ਚੋਰ ਗਿਰੋਹ ਦੇ ਤਿੰਨ ਮੈਂਬਰਾਂ ਵਿਰੁੱਧ ਮੁਕੱਦਮਾ ਦਰਜ਼ ਕੀਤਾ ਹੈ। ਆਪਣੇ ਦਫਤਰ ਵਿੱਚ ਪੱਤਰਕਾਰਾਂ ਨਾਲ ਜਾਣਕਾਰੀ ਸਾਝਾ ਕਰਦੇ ਹੋਏ ਪੁਲਸ ਉਪ ਕਪਤਾਨ ਅਛਰੂ ਰਾਮ ਸ਼ਰਮਾ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਦੋਸ਼ੀ ਸਾਜਨ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਜਾਫਰਾ ਥਾਣਾ ਵੈਰੋ ਕਾ ਮੋਟਰਸਾਇਕਲ ਚੋਰੀ ਕਰਕੇ ਵੇਚਣ ਦਾ ਆਦੀ ਹੈ। ਪੁਲਸ ਪਾਰਟੀ ਨੇ ਦੋਸ਼ੀ ਨੂੰ ਗਿਰਫਤਾਰ ਕਰਕੇ ਉਸ ਪਾਸੋਂ ਸਪਲੈਂਡਰ ਮੋਟਰਸਾਇਕਲ ਬਰਾਮਦ ਕੀਤਾ ਹੈ। ਫੜੇ ਗਏ ਦੋਸ਼ੀ ਦੀ ਨਿਸ਼ਾਨਦੇਹੀ ਦੇ ਆਧਾਰ ਤੇ ਰਮੇਸ਼ ਸਿੰਘ ਪੁੱਛਰ ਗੁਰਮੀਤ ਸਿੰਘ ਅਤੇ ਗੁਰਦੇਵ ਸਿੰਘ ਦੇਬੀ ਪੁੱਤਰ ਹਰਨਾਮ ਸਿੰਘ ਵਾਸੀ ਸੁਖੇਰਾ ਨੂੰ ਮੁਕੱਦਮੇ ਵਿੱਚ ਨਾਮਜ਼ਦ ਕੀਤਾ ਗਿਆ ਹੈ। ਦੋਸ਼ੀਆਂ ਪਾਸੋਂ ਪੁਲਸ ਵੱਲੋਂ ਚੋਰੀ ਦੇ 2 ਮੋਟਰਸਾਇਕਲ ਬਰਾਮਦ ਕੀਤੇ ਹਨ।

ਫੜੇ ਗਏ ਦੋਸ਼ੀਆਂ ਵਿਰੁੱਧ ਮੁਕੱਦਮਾ ਦਰਜ਼ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ, ਜਿੱਥੇ ਪੁਲਸ ਵੱਲੋਂ ਦੋਸ਼ੀਆਂ ਦੇ ਪੁਲਸ ਰਿਮਾਂਡ ਦੀ ਮੰਗ ਕੀਤੀ ਜਾਵੇਗੀ ਤਾਕਿ ਇੰਨਾਂ ਪਾਸੋਂ ਚੋਰੀ ਦੀਆਂ ਹੋਰ ਘਟਨਾਵਾਂ ਦਾ ਖੁਲਾਸਾ ਕੀਤਾ ਜਾ ਸਕੇ।

## ਐਚਡੀਐਫਸੀ ਬੈਂਕ ਅਤੇ ਟੀਡੀ ਬੈਂਕ ਸਮੂਹ ਨੇ ਇੱਕ ਸਮਝੌਤੇ 'ਤੇ ਹਸਤਾਖਰ ਕੀਤੇ

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਐਚਡੀਐਫਸੀ ਬੈਂਕ ਅਤੇ ਟੀਡੀ ਬੈਂਕ ਗਰੁੱਪ (ਟੀਡੀ) ਨੇ ਅੱਜ ਕੈਨੇਡਾ ਵਿੱਚ ਪੜ੍ਹਨ ਦੀ ਯੋਜਨਾ ਬਣਾ ਰਹੇ ਭਾਰਤੀ ਵਿਦਿਆਰਥੀਆਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਵਿਸਤ੍ਰਿਤ ਸਬੰਧਾਂ ਦਾ ਐਲਾਨ ਕੀਤਾ ਹੈ। ਇਸ ਸਮਝੌਤੇ ਦੇ ਨਾਲ, ਟੀਡੀ ਅਤੇ ਐਚਡੀਐਫਸੀ ਬੈਂਕ ਇੱਕ ਨਵੇਂ ਰੈਫਰਲ ਪ੍ਰੋਗਰਾਮ ਦੀ ਘੋਸ਼ਣਾ ਕਰ ਰਹੇ ਹਨ। ਐਚਡੀਐਫਸੀ ਬੈਂਕ ਕੈਨੇਡਾ ਵਿੱਚ ਪੜ੍ਹਨ ਦੀ ਯੋਜਨਾ ਬਣਾ ਰਹੇ ਵਿਦਿਆਰਥੀਆਂ ਨੂੰ ਟੀਡੀ ਅੰਤਰਰਾਸ਼ਟਰੀ ਵਿਦਿਆਰਥੀ 793 ਪ੍ਰੋਗਰਾਮ ਵਿੱਚ ਭੇਜੇਗਾ।

## ਟਾਟਾ ਏਆਈਏ ਲਾਈਫ ਨੇ ਟਾਟਾ ਏਆਈਏ ਰਾਈਜ਼ਿੰਗ ਇੰਡੀਆ ਫੰਡ ਪੇਸ਼ ਕੀਤਾ

**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਟਾਟਾ ਏਆਈਏ ਲਾਈਫ ਇੰਸ਼ੋਰੈਂਸ (ਟਾਟਾ ਏਆਈਏ), ਭਾਰਤ ਦੀਆਂ ਪ੍ਰਮੁੱਖ ਜੀਵਨ ਬੀਮਾ ਕੰਪਨੀਆਂ ਵਿੱਚੋਂ ਇੱਕ ਨੇ ਟਾਟਾ ਏਆਈਏ ਰਾਈਜ਼ਿੰਗ ਇੰਡੀਆ ਫੰਡ ਲਾਂਚ ਕੀਤਾ ਹੈ। ਇਹ ਫੰਡ ਉਪਭੋਗਤਾਵਾਂ ਲਈ ਭਾਰਤ ਦੀ ਵਿਕਾਸ ਯਾਤਰਾ ਵਿੱਚ ਸ਼ਾਮਲ ਹੋਣ ਦਾ ਇੱਕ ਵਿਲੱਖਣ ਮੌਕਾ ਖੋਲ੍ਹਦਾ ਹੈ। ਨਵੀਂ ਫੰਡ ਪੇਸ਼ਕਸ਼ (NFO) 31 ਮਾਰਚ, 2024 ਤੱਕ ਖੁੱਲ੍ਹੀ ਰਹੇਗੀ। ©6® ਮਿਆਦ ਦੇ ਦੌਰਾਨ ਯੂਨਿਟਾਂ ਨੂੰ 10 ਰੁਪਏ ਪ੍ਰਤੀ ਯੂਨਿਟ ਦੀ NAV 'ਤੇ ਪੇਸ਼ ਕੀਤਾ ਜਾਵੇਗਾ। ਰਾਈਜ਼ਿੰਗ ਇੰਡੀਆ ਫੰਡ ਉਨ੍ਹਾਂ ਪ੍ਰਮੁੱਖ ਖੇਤਰਾਂ ਅਤੇ ਕੰਪਨੀਆਂ ਵਿੱਚ ਨਿਵੇਸ਼ ਕਰੇਗਾ ਜੋ ਸਵੈ-ਨਿਰਭਰ ਭਾਰਤ ਦੀ ਯਾਤਰਾ ਨੂੰ ਅੱਗੇ ਵਧਾ ਰਹੇ ਹਨ। ਇਨ੍ਹਾਂ ਵਿੱਚ ਬੁਨਿਆਦੀ ਢਾਂਚਾ, ਨਿਰਮਾਣ, ਬੈਂਕਿੰਗ, ਡਿਜੀਟਲ, ਰੱਖਿਆ ਆਦਿ ਸ਼ਾਮਲ ਹਨ। ਫੰਡ ਵੱਖ-ਵੱਖ ਮਾਰਕੀਟ ਕੈਪਾਂ ਦੀਆਂ ਕੰਪਨੀਆਂ ਵਿੱਚ ਨਿਵੇਸ਼ ਕਰੇਗਾ ਅਤੇ ਸੈਕਟਰ ਅਗਿਆਸਟਿਕ ਹੋਵੇਗਾ, ਜਿਸ ਨਾਲ ਫੰਡ ਮੈਨੇਜਰ ਭਾਰਤ ਦੇ ਵਿਕਾਸ ਇੰਜਣ ਨੂੰ ਚਲਾਉਣ ਵਾਲੇ ਵਿਭਿੰਨ ਮੌਕਿਆਂ ਦਾ ਫਾਇਦਾ ਉਠਾਉਣ ਦੇ ਯੋਗ ਬਣਾਉਂਦਾ ਹੈ। NFO ਲਾਂਚ 'ਤੇ, ਸ਼੍ਰੀ ਹਰਸ਼ਦ ਪਾਟਿਲ, ਕਾਰਜਕਾਰੀ ਉਪ ਪ੍ਰਧਾਨ ਅਤੇ ਮੁੱਖ ਨਿਵੇਸ਼ ਅਧਿਕਾਰੀ (ਸੀਆਈਓ), ਟਾਟਾ ਏਆਈਏ, ਨੇ ਕਿਹਾ, ਹਾਲ ਹੀ ਦੇ ਸਾਲਾਂ ਵਿੱਚ, ਭਾਰਤ ਨੇ ਸਭ ਤੋਂ ਤੇਜ਼ੀ ਨਾਲ ਵਧ ਰਹੀ ਮੁੱਖ ਅਰਥਵਿਵਸਥਾ ਬਣ ਕੇ ਦੁਨੀਆ ਭਰ ਵਿੱਚ ਆਪਣਾ ਪ੍ਰਭਾਵ ਦਿਖਾਇਆ ਹੈ। ਸਾਡਾ ਨਵਾਂ ਫੰਡ ਉਪਭੋਗਤਾਵਾਂ ਨੂੰ ਭਾਰਤ ਦੀ ਸ਼ਾਨਦਾਰ ਵਿਕਾਸ ਯਾਤਰਾ ਵਿੱਚ ਹਿੱਸਾ ਲੈਣ ਅਤੇ ਲਾਭ ਲੈਣ ਦਾ ਮੌਕਾ ਪ੍ਰਦਾਨ ਕਰਨਾ ਚਾਹੁੰਦਾ ਹੈ। ਸ਼੍ਰੀ ਸਮਿਤ ਉਪਾਧਿਆਏ, ਪ੍ਰਧਾਨ - CFO ਅਤੇ ਉਤਪਾਦਾਂ ਅਤੇ ਪ੍ਰਸਤਾਵਾਂ ਦੇ ਮੁਖੀ, Tata AIA ਨੇ ਕਿਹਾ, "Tata AIA ਵਿਖੇ, ਅਸੀਂ ਨਵੀਨਤਾਕਾਰੀ ਬੀਮਾ ਹੱਲ ਤਿਆਰ ਕਰਦੇ ਹਾਂ ਜੋ ਵਿੱਤੀ ਸੁਰੱਖਿਆ ਪ੍ਰਦਾਨ ਕਰਦੇ ਹਨ, ਦੌਲਤ ਸਿਰਜਣ ਦੇ ਨਾਲ-ਨਾਲ ਸਿਹਤ, ਤੰਦਰੁਸਤੀ ਅਤੇ ਤੰਦਰੁਸਤੀ ਨੂੰ ਵਧਾਉਂਦੇ ਹਨ।

## ਸੈਂਕੜੇ ਕਿਸਾਨਾਂ ਮਜ਼ਦੂਰਾ ਬੀਬੀਆਂ ਵੱਲੋਂ ਵਿਸ਼ਾਲ ਇਕੱਠ ਕਰਕੇ ਭਾਜਪਾ ਆਗੂਆਂ ਨੂੰ ਕਾਲੇ ਝੰਡੇ ਦਿਖਾਉਣ ਦਾ ਕੀਤਾ ਐਲਾਨ



**ਗੁਰਦਾਸਪੁਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਹੀ ਹੇਠ ਅੱਜ ਜਿਲਾ ਗੁਰਦਾਸਪੁਰ ਦੇ ਕਸਬਾ ਸ੍ਰੀ ਹਰਗੋਬਿੰਦਪੁਰ ਦੀ ਦਾਣਾ ਮੰਡੀ ਵਿੱਚ ਲਗਾਤਾਰ ਦੂਜਾ ਇਕੱਠ ਕੀਤਾ ਜਿਸ ਵਿਚ ਹਾਜਰਾ ਕਿਸਾਨਾਂ ਮਜ਼ਦੂਰਾ ਵਲੋ ਸ਼ਮੂਲੀਅਤ ਕੀਤੀ ਗਈ।ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਤਨਾਮ ਸਿੰਘ ਪੰਨੂ,ਸਵਿੰਦਰ ਸਿੰਘ ਚੁਤਾਲਾ,ਹਰਵਿੰਦਰ ਸਿੰਘ ਮਸਾਣੀਆਂ ਅਤੇ ਗੁਰਪ੍ਰੀਤ ਸਿੰਘ ਖਾਨਪੁਰ ਨੇ ਕਿਹਾ ਕਿ ਸਾਮਰਾਜੀ ਸੰਸਥਾਵਾਂ ਤੇ ਕਾਰਪੋਰੇਟ ਜਗਤ ਦੇ ਦਬਾਅ ਹੇਠ ਕੰਮ ਰਹੀ ਸਰਕਾਰ ਵੱਲੋਂ ਅਪਣਾਇਆ ਗਈਆ ਨੀਤੀਆਂ ਨਾਲ ਦੇਸ਼ ਵਿਚ ਗ਼ਰੀਬ ਅਮੀਰ ਵਿੱਚ ਆਰਥਿਕ ਪਾੜਾ ਹੱਦ ਬੰਨੇ ਟੱਪ ਚੁੱਕਾ ਹੈ।

ਇਸ ਸਮੇ ਦੇਸ਼ ਵਿਚ 1ਫੀਸਦੀ ਅਮੀਰ ਪਾਸ ਦੇਸ਼ ਦਾ 40 ਪ੍ਰਤੀਸ਼ਤ ਧੰਨ ਜਮਾ ਹੋ ਚੁੱਕਾ ਹੈ ਤੇ ਦੇਸ਼ ਨੂੰ 163 ਅਰਬਪਤੀ ਚਲਾ ਰਹੇ ਹਨ ਜਿਹਨਾਂ ਪਾਸ ਇਕ ਅਰਬ ਡਾਲਰ ਤੋ ਜਿਆਦਾ ਦੀ ਜਾਇਦਾਦ ਹੈ।ਦੂਜੇ ਪਾਸੇ 99 ਪ੍ਰਤੀਸ਼ਤ ਭਾਈ ਲਾਲੋ 27 ਰੁਪਏ ਤੋ ਘੱਟ ਉਤੇ ਗੁਜਾਰਾ ਕਰ ਰਹੇ ਹਨ।ਇਹਨਾ ਬੁਰੇ ਹਾਲਾਤਾਂ ਵਿਚ ਲੋਕਾ ਨੂੰ ਜਿਉਣ ਲਈ ਮਜਬੂਰ ਕਰਨ , ਧਰਮਾ ਵਿਚ ਵੰਡਣ,ਘੱਟ ਗਿਣਤੀਆਂ ਦੀ ਹੋਂਦ ਖਤਮ ਕਰਕੇ ਕੇਂਦਰੀਕਰਨ ਕਰਕੇ ਹਿੰਦੂ ਰਾਸ਼ਟਰ ਵੱਲ ਕਦਮ ਵਧਾਉਣ ਵਾਲੀ ਭਾਰਤੀ ਜਨਤਾ ਪਾਰਟੀ ਤੇ ਕੇਂਦਰ ਸਰਕਾਰ ਖ਼ਿਲਾਫ਼ ਦੇਸ਼ ਵਿਆਪੀ ਕਿਸਾਨ ਮਜ਼ਦੂਰ ਅੰਦੋਲਨ 38 ਵੀ ਦਿਨ ਵਿਚ ਸ਼ਾਮਿਲ ਹੋ ਗਿਆ।ਕਿਸਾਨਾਂ ਮਜ਼ਦੂਰਾ ਦੀਆ ਹੱਕੀ ਮੰਗਾ ਮੰਨਣ ਤੋ ਇਨਕਾਰੀ ਭਾਰਤੀ ਜਨਤਾ ਪਾਰਟੀ ਅਤੇ ਉਸਦੀ ਗੱਠਜੋੜ ਆਗੂਆਂ ਨੂੰ ਪੰਜਾਬ ਭਰ ਦੇ ਪਿੰਡਾ ਵਿਚ ਕਾਲੇ ਝੰਡੇ ਵਿਖਾਉਣ ਅਤੇ ਸਵਾਲ ਪੁੱਛਣ ਦਾ ਐਲਾਨ ਕਿਸਾਨ ਆਗੂਆਂ ਨੇ ਵੱਡੇ ਇੱਕਠ ਵਿਚ ਕੀਤਾ।ਕਿਸਾਨ ਆਗੂਆਂ ਸ਼ਹੀਦ ਭਗਤ ਸਿੰਘ ,ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਨ ਪਿੰਡ ਪੱਧਰੀ ਵੱਡੇ ਇਕੱਠ ਕਰਕੇ ਮਨਾਉਣ ਅਤੇ ਚਲ ਰਹੇ ਕਿਸਾਨ ਮਜ਼ਦੂਰ ਮੋਰਚੇ ਨੂੰ ਲੋਕ ਲਹਿਰ ਵਿਚ ਤਬਦੀਲ ਕਰਕੇ ਵੱਡੇ ਪੱਧਰ ਉੱਤੇ ਮੋਰਚੇ ਵਿਚ ਸ਼ਾਮਿਲ ਹੋ ਦਾ ਸੱਦਾ ਦਿੱਤਾਕਿਸਾਨ ਆਗੂਆਂ ਨੇ 23 ਫਸਲਾਂ ਦੀ ਐਮ ਐਸ ਪੀ ਦਾ ਕਾਨੂੰਨ, ਡਾ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ 32 ਫ਼ਾਰਮੂਲੇ ਅਨੁਸਾਰ ਫਸਲਾਂ ਦੇ ਭਾਅ ਲੈਣ,ਕਿਸਾਨਾਂ ਮਜ਼ਦੂਰਾ ਦਾ ਸਮੁੱਚਾ ਕਰਜਾ ਖਤਮ ਕਰਨ,ਦੇਸ਼ ਭਰ ਵਿਚ ਕਰੋੜਾਂ ਏਕੜ ਸਰਪਲਸ਼ ਬੰਜਰ ਜਮੀਨ ਬੇ ਜ਼ਮੀਨੇ ਤੇ ਥੁੜ ਜ਼ਮੀਨੇ ਕਿਸਾਨਾਂ ਵਿਚ ਵੰਡੀ ਜਾਵੇ।ਇਸ ਮੌਕੇ ਬੀਬੀ ਮਨਜੀਤ ਕੌਰ,ਰਣਜੀਤ ਕੌਰ ਚੀਮਾ ਖੁੱਡੀ,ਰਸ਼ਪਾਲ ਸਿੰਘ ਭਰਥ ਜੌਨ ਬਾਬਾ ਰਾਮ ਥੰਮਨ ਜੀ,ਸਤਨਾਮ ਸਿੰਘ ਮੱਧਰਾ,ਗੁਰਮੁਖ ਸਿੰਘ ਖਾਣਮਲਕ ਜੌਨ ਸਠਿਆਲੀ,ਹਜੂਰ ਸਿੰਘ,ਮੇਜਰ ਸਿੰਘ ਜੌਨ ਅੱਚਲ ਸਾਹਿਬ,ਸਰਬਣ ਸਿੰਘ ਜੌਨ ਦਮਦਮਾ ਸਾਹਿਬ,ਬਲਬੀਰ ਸਿੰਘ ਜੌਨ ਬਾਬਾ ਮੱਕਾ ਜੀ,ਕੈਪਟਨ ਦਲਜੀਤ ਸਿੰਘ ਜੌਨ ਬਟਾਲਾ,ਜਿਲਾ ਪ੍ਰੈਸ ਸਕੱਤਰ ਗੁਰਪ੍ਰੀਤ ਨਾਨੋਵਾਲ ਅਤੇ ਹੋਰ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਕਨਵੈਨਸ਼ਨ ਵਿਚ ਸ਼ਾਮਿਲ ਹੋਏ।

## ਚੋਣਾਂ ਨੂੰ ਸਭ ਦੀ ਪਹੁੰਚ 'ਚ ਬਣਾਉਣ ਲਈ ਜ਼ਿਲ੍ਹਾ ਪੱਧਰੀ ਮੋਨੀਟਰਿੰਗ ਕਮੇਟੀ ਦੀ ਮੀਟਿੰਗ

# ਜ਼ਿਲ੍ਹੇ ਦੇ ਸਮੁੱਚੇ ਪੋਲਿੰਗ ਸਟੇਸ਼ਨਾਂ 'ਤੇ ਪੀ.ਡਬਲਿਊ.ਡੀ. ਵੋਟਰਾਂ ਲਈ ਲੋੜੀਂਦੀਆਂ ਸਹੂਲਤਾਂ ਮੌਜੂਦ ਹੋਣਗੀਆਂ : ਵਧੀਕ ਜ਼ਿਲ੍ਹਾ ਚੋਣ ਅਫ਼ਸਰ




**ਪਟਿਆਲਾ, 26 ਮਾਰਚ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਵਿੱਚ ਦਿਵਿਆਂਗਜਨ ਅਤੇ ਬਜ਼ੁਰਗ ਵੋਟਰਾਂ ਦੀ ਲੋਕ ਸਭਾ ਚੋਣਾਂ-2024 ਵਿੱਚ ਸਰਗਰਮ ਅਤੇ ਉਸਾਰੂ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਅੱਜ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਮੈਡਮ ਕੰਚਨ ਦੀ ਅਗਵਾਈ ਵਿੱਚ ਡਿਸਟ੍ਰਿਕਟ ਮੋਨੀਟਰਿੰਗ ਕਮੇਟੀ ਆਨ ਐਕਸੈਸਿਬਲ ਇਲੈਕਸ਼ਨਜ਼ (ਡੀ.ਐਮ.ਸੀ.ਏ.ਈ) ਦੀ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ।

ਮੀਟਿੰਗ ਦੌਰਾਨ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ 85 ਸਾਲ ਤੋਂ ਵਧੇਰੇ ਉਮਰ ਅਤੇ 40 ਫ਼ੀਸਦੀ ਤੋਂ ਵੱਧ ਦਿਵਿਆਂਗਜਨ ਨੂੰ ਘਰ ਬੈਠੇ ਪੋਸਟਲ ਬੈਲਟ ਰਾਹੀਂ ਵੀ ਵੋਟ ਪਾਉਣ ਦੀ ਸਹੂਲਤ ਦਿੱਤੀ ਜਾਵੇਗੀ। ਇਸ ਲਈ ਉਨ੍ਹਾਂ ਤੋਂ ਪਹਿਲਾਂ ਫਾਰਮ 20 ਭਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ 'ਚ 11915 ਦਿਵਿਆਂਗਜਨ ਵੋਟਰ ਹਨ, ਜਿਨ੍ਹਾਂ ਨੂੰ ਸ਼ਕਸਮ ਐਪ ਸਬੰਧੀ ਜਾਗਰੂਕ ਕੀਤਾ ਜਾਵੇ ਤਾਂ ਜੋ ਉਹ ਆਪਣੇ ਆਪ ਨੂੰ ਰਜਿਸਟਰ ਕਰ ਸਕਣ।

ਮੈਡਮ ਕੰਚਨ ਨੇ ਕਿਹਾ ਕਿ ਜ਼ਿਲ੍ਹੇ ਦੇ ਸਮੁੱਚੇ ਪੋਲਿੰਗ ਸਟੇਸ਼ਨਾਂ 'ਤੇ ਪੀ.ਡਬਲਿਊ.ਡੀ. ਵੋਟਰਾਂ ਨੂੰ ਵੀਲ੍ਹ ਚੇਅਰ, ਸਾਰੇ ਪੋਲਿੰਗ ਸਟੇਸ਼ਨਾਂ 'ਤੇ ਰੈਂਪ, ਬਰੇਲ ਬੈਲਟ ਸ਼ੀਟ ਦੀ ਸਹੂਲਤ, ਵੱਖਰੀ ਵੋਟ ਪਾਉਣ ਲਈ ਕਤਾਰ, ਬੂਥ ਵਲੰਟੀਅਰ ਅਤੇ ਪਿਕ ਐਂਡ ਡਰਾਪ ਟਰਾਂਸਪੋਰਟ ਸਹੂਲਤ ਵੀ ਉਪਲਬੱਧ ਕਰਵਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਪੀ.ਡਬਲਿਊ.ਡੀ. ਵੋਟਰਾਂ ਸਬੰਧੀ ਜਾਗਰੂਕ ਕਰਨ ਲਈ ਕਮੇਟੀ ਵੱਲੋਂ ਬੀ.ਐਲ.ਓਜ਼, ਪੋਲਿੰਗ ਅਫ਼ਸਰਾਂ, ਬੂਥ ਵਲੰਟੀਅਰਾਂ, ਰਾਜਨੀਤਿਕ ਪਾਰਟੀਆਂ ਦੇ ਏਜੰਟਾਂ ਅਤੇ ਪੁਲਿਸ ਫੋਰਸ ਨਾਲ ਸਿਖਲਾਈ ਸੈਸ਼ਨ ਵੀ ਕਰਵਾਇਆ ਜਾਵੇਗਾ। ਜ਼ਿਲ੍ਹੇ ਵਿੱਚ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਦੀ ਬਿਹਤਰੀ ਲਈ ਕੰਮ ਕਰ ਰਹੀਆਂ ਸੰਸਥਾਵਾਂ ਦੇ ਸਹਿਯੋਗ ਨਾਲ ਦਿਵਿਆਂਗ ਵਿਅਕਤੀਆਂ ਨੂੰ ਜਾਗਰੂਕ ਕਰਨ ਲਈ ਵੱਖ-ਵੱਖ ਮੰਚਾਂ 'ਤੇ ਵਿਸ਼ੇਸ਼ ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਡੀ.ਐਮ.ਸੀ.ਏ.ਈ ਕਮੇਟੀ ਵੱਲੋਂ ਇਸ ਸਬੰਧੀ ਹਰ ਪੰਦਰਵਾੜੇ ਮੀਟਿੰਗ ਕੀਤੀ ਜਾਇਆ ਕਰੇਗੀ।

ਮੀਟਿੰਗ 'ਚ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ -ਕਮ- ਜ਼ਿਲ੍ਹਾ ਨੋਡਲ ਅਫ਼ਸਰ (ਪੀ.ਡਬਲਿਊ.ਡੀ. ਵੋਟਰ) ਵਰਿੰਦਰ ਸਿੰਘ ਬੈਂਸ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਡਾ. ਦਿਲਬਰ ਸਿੰਘ, ਚੋਣ ਤਹਿਸੀਲਦਾਰ ਵਿਜੈ ਕੁਮਾਰ ਚੌਧਰੀ, ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰੋ. ਸਵਿੰਦਰ ਰੇਖੀ, ਡੀ.ਡੀ.ਐਫ ਨਿਧੀ ਮਲਹੋਤਰਾ, ਜ਼ਿਲ੍ਹਾ ਆਈਕਨ ਜਗਦੀਪ ਸਿੰਘ ਤੇ ਜਗਵਿੰਦਰ ਸਿੰਘ ਸਮੇਤ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਅਤੇ ਵੱਖ ਵੱਖ ਵਿਭਾਗਾਂ ਦੇ ਮੁਖੀ ਇਸ ਮੌਕੇ ਮੌਜੂਦ ਸਨ।

## ਵਿਕਾਸ ਦੇ ਨਾਮ ਤੇ ਜਨਤਾ ਦੀ ਕਚਿਹਰੀ ਵਿੱਚ ਜਾਵੇਗੀ ਆਪ : ਕਾਲਾ ਬਰਾੜ

**ਜਲਾਲਾਬਾਦ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਨੇੜਲੇ ਭਵਿੱਖ ਅੰਦਰ ਹੋਣ ਵਾਲੀਆਂ ਲੋਕਸਭਾ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਵੱਲੋਂ ਆਪਣੀ ਚੋਣ ਮੁਹਿੰਮ ਨੂੰ ਮਜ਼ਬੂਤ ਕਰਨ ਦੇ ਲਈ ਆਪ ਆਗੂਆਂ ਵੱਲੋਂ ਮੀਟਿੰਗਾਂ ਦਾ ਦੌਰ ਜਾਰੀ ਹੈ। ਆਪ ਦੇ ਸੀਨੀਅਰ ਆਗੂ ਕਾਲਾ ਬਰਾੜ ਸਿੱਧੂ ਨੇ ਅੱਜ ਦੀਪਕ ਸ਼ਰਮਾ ਦੇ ਗ੍ਰਹਿ ਨਿਵਾਸ ਤੇ ਜਾ ਕੇ ਮੀਟਿੰਗ ਕੀਤੀ ਅਤੇ ਪਾਰਟੀ ਵੱਲੋਂ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਕਾਲਾ ਬਰਾੜ ਨੇ ਕਿਹਾ ਕਿ ਪਾਰਟੀ ਵੱਲੋਂ ਬੂਥ ਪੱਧਰ ਦੀ ਮਜ਼ਬੂਤੀ ਲਈ ਉਹ ਵਰਕਰਾਂ ਨਾਲ ਤਾਲਮੇਲ ਕਰ ਰਹੇ ਹਨ ਅਤੇ ਆਮ ਵੋਟਰਾਂ ਨੂੰ ਮੁੱਖਮੰਤਰੀ ਭਗਵੰਤ ਮਾਨ ਦੀ ਦੋ ਸਾਲ ਦੀ ਕਾਰਗੁਜ਼ਾਰੀ ਪ੍ਰਤੀ ਜਾਣਕਾਰੀ ਦੇ ਕੇ ਵੋਟਰਾਂ ਨੂੰ ਪਾਰਟੀ ਦੇ ਹੱਕ ਵਿੱਚ ਫਤਵਾ ਦੇਣ ਦੀ ਅਪੀਲ ਕਰ ਰਹੇ ਹਨ। ਕਾਲਾ ਬਰਾੜ ਸਿੱਧੂ ਨੇ ਕਿਹਾ ਕਿ ਵਿਕਾਸ ਦੇ ਨਾਮ ਤੇ ਵੋਟ ਮੰਗਣ ਲਈ ਉਹ ਜਨਤਾ ਦੀ ਕਚਿਹਰੀ ਵਿੱਚ ਜਾ ਰਹੇ ਹਨ। ਕਾਲਾ ਬਰਾੜ ਨੇ ਭਰੋਸਾ ਜਤਾਇਆ ਕਿ ਆਮ ਆਦਮੀ ਪਾਰਟੀ ਫਿਰੋਜ਼ਪੁਰ ਸੰਸਦੀ ਸੀਟ ਤੇ ਸ਼ਾਨਦਾਰ ਜਿੱਤ ਹਾਸਲ ਕਰੇਗੀ ਅਤੇ ਸਮੁੱਚੇ 9 ਹਲਕਿਆਂ ਵਿੱਚ ਪਾਰਟੀ ਆਪਣਾ ਬਿਹਤਰੀਨ ਪ੍ਰਦਸ਼ਨ ਕਰੇਗੀ।

## ਅੰਮ੍ਰਿਤਸਰ 'ਚ ਸਵੇਰ ਸਾਰ ਵਾਪਰਿਆ ਵੱਡਾ ਹਾਦਸਾ ਦਿਹਾੜੀਦਾਰ ਮਜ਼ਦੂਰ ਨੂੰ ਟਰੱਕ ਨੇ ਕੁਚਲਿਆ ਡਰਾਈਵਰ ਮੌਕੇ ਤੋਂ ਫਰਾਰ

**ਅੰਮ੍ਰਿਤਸਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਮੰਗਲਵਾਰ ਸਵੇਰੇ ਕਰੀਬ 10 ਵਜੇ ਮਜੀਠਾ ਰੋਡ ਬਾਈਪਾਸ 'ਤੇ ਇੱਕ ਟਰੱਕ ਮੋੜ ਲੈ ਰਿਹਾ ਸੀ, ਜਦੋਂ ਉਸ ਦੀ ਸਾਈਕਲ ਸਵਾਰ ਵਿਅਕਤੀ ਨਾਲ ਟੱਕਰ ਹੋ ਗਈ। ਜਿਸ ਕਾਰਨ ਉਹ ਸੜਕ 'ਤੇ ਡਿੱਗ ਗਿਆ ਅਤੇ ਉਸ ਦੇ ਸਿਰ 'ਤੇ ਸੱਟ ਲੱਗ ਗਈ। ਜਿਸ ਤੋਂ ਬਾਅਦ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਹ ਹਾਦਸਾ ਖੰਨਾ ਪੇਪਰ ਮਿੱਲ ਨੇੜੇ ਵਾਪਰਿਆ ਜਿਸ ਤੋਂ ਬਾਅਦ ਸੜਕ 'ਤੇ ਜਾਮ ਲੱਗ ਗਿਆ। ਚਸ਼ਮਦੀਦ ਅਜੇ ਕੁਮਾਰ ਅਨੁਸਾਰ ਮਜੀਠਾ ਰੋਡ ਬਾਈਪਾਸ 'ਤੇ ਰੇਤ ਨਾਲ ਭਰਿਆ ਟਰੱਕ ਆ ਰਿਹਾ ਸੀ। ਪਾਮ ਗਾਰਡਨ ਦੇ ਬਾਹਰੋਂ ਇੱਕ ਮਜ਼ਦੂਰ ਸਾਈਕਲ 'ਤੇ ਕੰਮ ਕਰਨ ਜਾ ਰਿਹਾ ਸੀ। ਟਰੱਕ ਡਰਾਈਵਰ ਨੇ ਨਹੀਂ ਦੇਖਿਆ ਅਤੇ ਮਜ਼ਦੂਰ ਨੂੰ ਲਤਾੜਦੇ ਹੋਏ ਫ਼ਰਾਰ ਹੋ ਗਿਆ। ਜਿਸ ਤੋਂ ਬਾਅਦ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਟਰੱਕ ਚਾਲਕ ਟਰੱਕ ਛੱਡ ਕੇ ਫਰਾਰ ਹੋ ਗਿਆ। ਅਜੈ ਅਨੁਸਾਰ ਇਸ ਵਿੱਚ ਸਾਈਕਲ ਸਵਾਰ ਦਾ ਕੋਈ ਕਸੂਰ ਨਹੀਂ ਸੀ ਬਲਕਿ ਟਰੱਕ ਡਰਾਈਵਰ ਬਿਨਾਂ ਦੇਖੇ ਉਸ ਨੂੰ ਲਤਾੜ ਕੇ ਲੰਘ ਗਿਆ। ਮਜ਼ਦੂਰ ਦੀ ਉਮਰ 40 ਸਾਲ ਦੇ ਕਰੀਬ ਹੈ। ਟਰੱਕ ਵੱਲੋਂ ਸਾਈਕਲ ਸਵਾਰ ਨੂੰ ਕੁਚਲਣ ਦੀ ਘਟਨਾ ਸੀਸੀਟੀਵੀ ਵਿੱਚ ਕੈਦ ਹੋ ਗਈ ਹੈ।

ਪਾਮ ਗਾਰਡਨ ਕਲੋਨੀ ਦੇ ਬਾਹਰ ਲੱਗੇ ਕੈਮਰੇ ਵਿੱਚ ਇੱਕ ਟਰੱਕ ਇਸ ਨੂੰ ਲਤਾੜਦਾ ਨਜ਼ਰ ਆ ਰਿਹਾ ਹੈ। ਲੋਕਾਂ ਨੇ ਲਾਸ਼ ਨੂੰ ਕੱਪੜੇ ਨਾਲ ਢੱਕ ਲਿਆ ਅਤੇ ਕਰੀਬ ਅੱਧਾ ਘੰਟਾ ਲਾਸ਼ ਉੱਥੇ ਹੀ ਪਈ ਰਹੀ।

ਇਸ ਤੋਂ ਬਾਅਦ ਖੂਨ ਨਾਲ ਲੱਥਪੱਥ ਲਾਸ਼ ਸੜਕ 'ਤੇ ਪਈ ਰਹੀ ਅਤੇ ਲੋਕਾਂ ਨੇ ਪੁਲਸ ਨੂੰ ਸੂਚਨਾ ਦਿੱਤੀ। ਜਿਸ ਤੋਂ ਬਾਅਦ ਥਾਣਾ ਸਦਰ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ 'ਚ ਲੈ ਲਿਆ। ਲਾਸ਼ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ। ਫਿਲਹਾਲ ਪੁਲਸ ਨੇ ਟਰੱਕ ਨੂੰ ਵੀ ਆਪਣੇ ਕਬਜ਼ੇ ਵਿਚ ਲੈ ਲਿਆ ਹੈ।

## ਪੁਲਿਸ ਵੱਲੋਂ ਨਸ਼ਿਆਂ ਦੇ ਖ਼ਿਲਾਫ ਮੁਹਿੰਮ ਜਾਰੀ; ਸ਼ਹਿਰ ਵਿੱਚ 100 ਗ੍ਰਾਮ ਹੈਰੋਇਨ ਸਮੇਤ ਇੱਕ ਕਾਬੂ



**ਜਲੰਧਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਿਸ ਕਮਿਸ਼ਨਰ ਸ੍ਰੀ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਿਸ ਨੇ 100 ਗ੍ਰਾਮ ਹੈਰੋਇਨ ਸਮੇਤ ਇੱਕ ਅਪਰਾਧੀ ਨੂੰ ਕਾਬੂ ਕਰਕੇ ਨਸ਼ਿਆਂ ਦੀ ਤਸਕਰੀ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁਲਿਸ ਕਮਿਸ਼ਨਰੇਟ ਪੁਲਿਸ ਵੱਲੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਦੀ ਆਪਣੀ ਵਚਨਬੱਧਤਾ ਤਹਿਤ ਸ਼ਹਿਰ ਅੰਦਰ ਸੁਰੱਖਿਆ ਵਧਾ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਟਰਾਂਸਪੋਰਟ ਨਗਰ ਨੇੜੇ ਪੁਲਿਸ ਪਾਰਟੀ ਤਾਇਨਾਤ ਸੀ ਤਾਂ ਉਨ੍ਹਾਂ ਨੇ ਇੱਕ ਵਿਅਕਤੀ ਨੂੰ ਉਨ੍ਹਾਂ ਕੋਲ ਆਉਂਦੇ ਦੇਖਿਆ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲੀਸ ਦੀ ਮੌਜੂਦਗੀ ਨੂੰ ਦੇਖ ਕੇ ਉਕਤ ਵਿਅਕਤੀ ਨੇ ਆਪਣੀ ਜੇਬ ਵਿੱਚੋਂ ਪੋਲੀਥੀਨ ਸੁੱਟ ਕੇ ਭੱਜਣ ਦੀ ਕੋਸ਼ਿਸ਼ ਕੀਤੀ।

ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁਲਿਸ ਨੇ ਉਸ ਦੀਆਂ ਕਾਰਵਾਈਆਂ 'ਤੇ ਸ਼ੱਕ ਕਰਦੇ ਹੋਏ ਕੁਲਦੀਪ ਪੁੱਤਰ ਬਲਵਿੰਦਰ ਕੁਮਾਰ ਵਾਸੀ ਗਲੀ ਨੰਬਰ 1 ਨੇੜੇ ਅਜੀਤਪਾਲ ਫੈਕਟਰੀ, ਪਿੰਡ ਰੇਰੂ ਜਲੰਧਰ ਨੂੰ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਪੁਲੀਸ ਨੇ ਪੋਲੀਥੀਨ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ 100 ਗ੍ਰਾਮ ਹੈਰੋਇਨ ਬਰਾਮਦ ਕੀਤੀ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਉਸਦੇ ਖਿਲਾਫ ਥਾਣਾ ਡਿਵੀਜ਼ਨ 8 ਜਲੰਧਰ ਵਿਖੇ ਐਫ.ਆਈ.ਆਰ ਨੰਬਰ 59 ਮਿਤੀ 18-03-2024 ਅਧੀਨ 21-61-85 ਐਨ.ਡੀ.ਪੀ.ਐਸ ਐਕਟ ਦਰਜ ਕੀਤਾ ਗਿਆ ਹੈ।

ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਮੁਲਜ਼ਮਾਂ ਖਿਲਾਫ਼ ਥਾਣਾ ਡਿਵੀਜ਼ਨ ਨੰਬਰ 8 ਵਿੱਚ ਪਹਿਲਾਂ ਹੀ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਹੈ।ਉਨ੍ਹਾਂ ਕਿਹਾ ਕਿ ਕਮਿਸ਼ਨਰੇਟ ਪੁਲਿਸ ਸ਼ਹਿਰ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

## ਅਬਰੌਡ ਕਨਸਲਟੈਂਟਸ ਐਸੋਸੀਏਸ਼ਨ (ਮਾਕਾ) ਵੱਲੋਂ ਮਾਲੇਰਕੋਟਲਾ ਕਲੱਬ ਵਿਖੇ ਕੀਤੀ ਇੱਕ ਪ੍ਰੈੱਸ ਕਾਨਫਰੰਸ

**ਮਾਲੇਰਕੋਟਲਾ 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਲੇਰਕੋਟਲਾ ਅਬਰੌਡ ਕਨਸਲਟੈਂਟਸ ਐਸੋਸੀਏਸ਼ਨ (ਮਾਕਾ) ਵੱਲੋਂ ਮਾਲੇਰਕੋਟਲਾ ਕਲੱਬ ਵਿਖੇ ਇੱਕ ਪ੍ਰੈੱਸ ਕਾਨਫਰੰਸ ਕੀਤੀ ਗਈ। ਇਸ ਵਿੱਚ ਸ਼ਹਿਰ ਦੇ ਸਾਰੇ ਪੱਤਰਕਾਰਾਂ ਦੇ ਨਾਲ ਨਾਲ ਮਾਕਾ ਐਸੋਸੀਏਸ਼ਨ ਦੇ ਸਾਰੇ ਮੈਂਬਰ ਸ਼ਾਮਿਲ ਹੋਏ। ਇਸ ਕਾਨਫਰੰਸ ਵਿਚ ਮਾਕਾ ਦੇ ਪ੍ਰਧਾਨ ਸ਼੍ਰੀ ਅਚਿੰਤ ਗੋਇਲ ਜੀ ਨੇ ਇੰਮੀਗ੍ਰੇਸ਼ਨ ਸੰਸਥਾਵਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਜਾਣੂ ਕਰਵਾਉਣ ਦੇ ਨਾਲ ਨਾਲ ਪੰਜਾਬ ਪ੍ਰਦੇਸ਼ ਵਿਚ ਚੱਲ ਰਹੀਆਂ ਕੁੱਝ ਨਾਮਵਰ ਕਿਸਾਨ ਜਥੇਬੰਦੀਆਂ ਦੇ ਨਾਮ ਉੱਤੇ ਕੁੱਝ ਕੂ ਬੰਦਿਆਂ ਵੱਲੋਂ ਇੰਮੀਗ੍ਰੇਸ਼ਨ ਸੈਂਟਰਾਂ ਨੂੰ ਧਮਕਾਉਣ ਵਾਲੀਆਂ ਰੋਜ਼ ਦੀਆਂ ਘਟਨਾਵਾਂ ਉੱਪਰ ਚਾਨਣਾ ਵੀ ਪਾਇਆ। ਸ਼੍ਰੀ ਅਚਿੰਤ ਗੋਇਲ ਜੀ ਨੇ ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਬੇਨਤੀ ਕਰਦੇ ਹੋਏ ਕਿਹਾ ਕੇ ਅਜਿਹੇ ਅਨਸਰ ਜੋ ਜਥੇਬੰਦੀ ਦਾ ਨਾਮ ਖਰਾਬ ਕਰਦੇ ਹੋਏ ਖੁਦ ਨੂੰ ਹੀ ਮੁੱਖ ਆਗੂ ਸਮਝਦੇ ਹਨ ਅਤੇ ਸਮਾਜ ਵਿੱਚ ਗੈਰ ਕਾਨੂੰਨੀ ਤਰੀਕੇ ਨਾਲ ਵਿਚਰ ਰਹੇ ਹਨ ਉਹਨਾਂ ਉੱਪਰ ਕਾਬੂ ਪਾਇਆ ਜਾਵੇ ਅਤੇ ਅਗਰ ਸਾਡੇ ਕਿਸੇ ਇੰਮੀਗ੍ਰੇਸ਼ਨ ਏਜੰਟ ਵਗੈਰਾ ਦੀ ਕੋਈ ਗ਼ਲਤੀ ਪਾਈ ਜਾਂਦੀ ਹੈ ਤਾਂ ਉਸ ਉੱਪਰ ਬਣਦੀ ਕਾਰਵਾਈ ਪ੍ਰਸ਼ਾਸ਼ਨ ਤੋਂ ਕਰਵਾਈ ਜਾਵੇ। ਪ੍ਰੈੱਸ ਕਾਨਫਰੰਸ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਮਾਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ਼੍ਰੀ ਮੁੰਹਮਦ ਸਲੀਮ ਅਖ਼ਤਰ ਜੀ ਨੇ ਕਿਹਾ ਕੇ ਅਸੀਂ ਇੱਕ ਇੱਕ ਇੰਸਟੀਚਿਊਟ ਵਿੱਚ ਦਸ ਦਸ ਲੋਕਾਂ ਨੂੰ ਰੋਜ਼ਗਾਰ ਦੇ ਰੱਖਿਆ ਹੈ ਅਤੇ ਬੱਚਿਆਂ ਦੇ ਵਧੀਆ ਭਵਿੱਖ ਨੂੰ ਦੇਖਦੇ ਹੋਏ ਉਹਨਾਂ ਨੂੰ ਵਿਦੇਸ਼ ਵਿੱਚ ਜਾ ਕੇ ਸੈੱਟ ਹੋਣ ਦੇ ਤਰੀਕਿਆਂ ਦੀ ਜਾਣਕਾਰੀ ਪ੍ਰਦਾਨ ਕਰਦੇ ਹਾਂ ਅਤੇ ਅਜਿਹਾ ਕਰਨ ਲਈ ਸਾਨੂੰ ਪੰਜਾਬ ਸਰਕਾਰ ਵੱਲੋਂ ਲਾਇਸੰਸ ਮਿਲੇ ਹੋਏ ਹਨ ਫਿਰ ਸਾਡੇ ਕੰਮ ਵਿੱਚ ਕਿਸੇ ਜਥੇਬੰਦੀ ਦੀ ਗ਼ੈਰ ਕਾਨੂੰਨੀ ਅਤੇ ਗੈਰ ਜਰੂਰੀ ਦਖਲ ਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮਾਕਾ ਐਸੋਸੀਏਸ਼ਨ ਦੇ ਸੀਨੀਅਰ ਮੈਂਬਰ ਸ਼੍ਰੀ ਰਾਜੇਸ਼ ਕੁਮਾਰ ਸ਼ਾਰਦਾ ਜੀ ਨੇ ਉਹਨਾਂ ਨਾਲ ਹੋਈ ਇੱਕ ਤਾਜ਼ਾ ਘਟਨਾ ਦੀ ਜਾਣਕਾਰੀ ਵੀ ਪ੍ਰੈੱਸ ਨਾਲ ਸਾਂਝੀ ਕੀਤੀ। ਸ਼੍ਰੀ ਸ਼ਾਰਦਾ ਜੀ ਨੇ ਦੱਸਿਆ ਕੇ ਉਹਨਾਂ ਨੂੰ ਫੋਨ ਉੱਪਰ ਅਤੇ ਇੱਕ ਵਾਰ ਉਹਨਾਂ ਦੇ ਦਫਤਰ ਆ ਕੇ ਵੀ ਖੁਦ ਨੂੰ ਇੱਕ ਨਾਮਵਰ ਕਿਸਾਨ ਜਥੇਬੰਦੀ ਦਾ ਪ੍ਰਧਾਨ ਦੱਸਦੇ ਹੋਏ ਇੱਕ ਵਿਅਕਤੀ ਨੇ ਉਹਨਾਂ ਦੀ ਸੰਸਥਾ ਨੂੰ ਬੰਦ ਕਰਵਾਉਣ ਤੱਕ ਦੀ ਧਮਕੀ ਦਿੱਤੀ। ਸ਼ਾਰਦਾ ਜੀ ਨੇ ਕਿਹਾ ਕੇ ਮਾਕਾ ਐਸੋਸੀਏਸ਼ਨ ਵੱਲੋਂ ਹਰ ਤਰੀਕੇ ਨਾਲ ਕਿਸਾਨ ਜਥੇਬੰਦੀਆਂ ਦਾ ਸਾਥ ਦਿੱਤਾ ਜਾਂਦਾ ਹੈ ਪਰ ਜਦੋਂ ਕੁੱਝ ਜਥੇਬੰਦੀਆਂ ਦੇ ਆਗੂ ਅਪਣਾ ਹੀ ਨਾਮ ਖਰਾਬ ਕਰਨ ਵਾਲਿਆਂ ਪ੍ਰਤੀ ਕਾਰਵਾਈ ਨਹੀਂ ਕਰਦੇ ਤਾਂ ਅਫ਼ਸੋਸ ਹੁੰਦਾ ਹੈ।

## ਮੁਸਲਿਮ ਭਾਈਚਾਰੇ ਨੇ ਸੁਸ਼ੀਲ ਰਿੰਕੂ ਨੂੰ ਭਾਰੀ ਵੋਟਾਂ ਨਾਲ ਜਿਤਾਉਣ ਦਾ ਅਹਿਦ ਲਿਆ



**ਜਲੰਧਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਸਲਿਮ ਭਾਈਚਾਰੇ ਦੇ ਨੁਮਾਇੰਦਿਆਂ ਨੇ ਜਲੰਧਰ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਭਾਰੀ ਵੋਟਾਂ ਨਾਲ ਜਿਤਾਉਣ ਦਾ ਅਹਿਦ ਲਿਆ ਅਤੇ ਸਮੂਹ ਮੈਂਬਰਾਂ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲੈਣ ਅਤੇ ਸੁਸ਼ੀਲ ਰਿੰਕੂ ਦੀ ਜਿੱਤ ਯਕੀਨੀ ਬਣਾਉਣ ਦਾ ਸੱਦਾ ਦਿੱਤਾ।

ਹਲਕਾ ਆਦਮਪੁਰ ਦੇ ਪਿੰਡ ਕਿਸ਼ਨਗੜ੍ਹ ਵਿੱਚ ਆਯੋਜਿਤ ਰੋਜ਼ਾ ਇਫਤਾਰ ਪਾਰਟੀ ਵਿੱਚ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਪੰਜਾਬ ਸਰਕਾਰ ਮੁਸਲਿਮ ਭਾਈਚਾਰੇ ਦੀ ਬਿਹਤਰੀ ਲਈ ਵਚਨਬੱਧ ਹੈ ਅਤੇ ਇਸੇ ਤਹਿਤ ਪਿਛਲੇ 2 ਸਾਲਾਂ ਵਿੱਚ ਸਰਕਾਰ ਵੱਲੋਂ ਕਈ ਵੱਡੇ ਕਦਮ ਚੁੱਕੇ ਗਏ ਹਨ। ਕਾਰਜਕਾਲ ਇਸ ਦੌਰਾਨ ਉਨ੍ਹਾਂ ਨੇ ਮਸਜਿਦ ਦੇ ਨਿਰਮਾਣ ਕਾਰਜ ਦਾ ਜਾਇਜ਼ਾ ਵੀ ਲਿਆ।

ਰਿੰਕੂ ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡ ਵਿੱਚ ਮਸਜਿਦ ਅਤੇ ਕਬਰਿਸਤਾਨ ਦੀ ਉਸਾਰੀ ਲਈ ਵੀ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ ਅਤੇ ਭਾਈਚਾਰੇ ਦੀਆਂ ਲਟਕਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਠੋਸ ਕਦਮ ਚੁੱਕੇ ਗਏ ਹਨ। ਉਨ੍ਹਾਂ ਪਿਛਲੀਆਂ ਲੋਕ ਸਭਾ ਚੋਣਾਂ ਵਿੱਚ ਮੁਸਲਿਮ ਭਾਈਚਾਰੇ ਦੇ ਸਮਰਥਨ ਲਈ ਧੰਨਵਾਦ ਪ੍ਰਗਟਾਇਆ।

ਇਸ ਮੌਕੇ ਹਲਕਾ ਇੰਚਾਰਜ ਜੀਤ ਲਾਲ ਭੱਟੀ, ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਮੈਂਬਰ ਨਾਸਿਰ ਸਲਮਾਨੀ, ਡਾਕਟਰ ਸਲਮਾਨ ਲਿਆਕਤ ਅਲੀ, ਪ੍ਰਧਾਨ ਗੁਰਜਰ ਏਕਤਾ ਪੰਜਾਬ ਹਾਜੀ ਆਲਮਗੀਰ ਕਮਾਲੂਦੀਨ ਸ਼ਰਾਫਤ, ਅਲੀ ਮੁਰਾਦ ਅਲੀ ਸਮੇਤ ਕਈ ਪਤਵੰਤੇ ਹਾਜ਼ਰ ਸਨ।

**ਪ੍ਰੋ. ਨਵ ਸੰਗੀਤ ਸਿੰਘ**

**ਅਮੀਰ ਤੋਂ ਅਮੀਰ ਅਤੇ ਸਧਾਰਨ ਤੋਂ ਸਧਾਰਨ ਬੰਦਾ ਵਿਖਾਵੇ ਦੀ ਲਪੇਟ ਵਿਚ ਆ ਰਿਹਾ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ ਇਸ ਨੂੰ ਖ਼ਰੀਦਣ ਲਈ ਬੇਸ਼ੱਕ ਇਹ ਪੈਸਾ ਤੁਸੀਂ ਕਰਜ਼ ਹੀ ਕਿਉਂ ਨਾ ਲਿਆ ਹੋਵੇ।**

# ਵਿਖਾਵੇ ਦੀ ਹੋੜ 'ਚ ਪਿਆ ਮਨੁੱਖ



ਆਧੁਨਿਕ ਯੁੱਗ ਪ੍ਰਤੀਯੋਗਤਾ ਦਾ ਯੁੱਗ ਹੈ। ਪ੍ਰਤੀਯੋਗਤਾ ਦੇ ਇਸ ਦੌਰ ਵਿਚ ਹਰ ਕੋਈ ਇਕ ਦੂਜੇ ਤੋਂ ਵੱਧ ਕੇ ਵਿਖਾਵਾ ਕਰਨਾ ਲੋਚਦਾ ਹੈ, ਚਾਹੇ ਇਸ ਦੇ ਲਈ ਉਹ ਨੂੰ ਕਰਜ਼ਾ ਵੀ ਕਿਉਂ ਨਾ ਚੁੱਕਣਾ ਪਵੇ। ਅਮੀਰ ਤੋਂ ਅਮੀਰ ਤੇ ਸਧਾਰਨ ਤੋਂ ਸਧਾਰਨ ਬੰਦਾ ਵੀ ਇਸ ਵਿਖਾਵੇ ਦੀ ਲਪੇਟ ਵਿਚ ਆ ਗਿਆ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ। ਇਸ ਲੇਖ ਵਿਚ ਅਸੀਂ ਸਿਰਫ਼ ਵਿਆਹਾਂ 'ਤੇ ਹੁੰਦੀਆਂ ਫ਼ਜ਼ੂਲ-ਖ਼ਰਚੀਆਂ ਬਾਰੇ ਗੱਲ ਕਰਾਂਗੇ। ਮੈਂ ਆਪਣੇ ਵਿਆਹ ਦੀ ਗੱਲ ਦੱਸਦਾ ਹਾਂ। ਮੈਂ ਵਿਆਹ ਤੇ ਵਿਖਾਵੇ ਦੀ ਕੋਈ ਚੀਜ਼ ਨਹੀਂ ਸੀ ਕੀਤੀ। ਨਾ ਬੈਂਡ-ਵਾਜਾ ਲੈ ਕੇ ਗਿਆ ਤੇ ਨਾ ਹੀ ਵੀਡੀਓ ਜਾਂ ਫੋਟੋਗ੍ਰਾਫਰ। ਮੇਰੇ ਵੱਲੋਂ ਆਪਣੇ ਵਿਆਹ ਵਿਚ ਸਧਾਰਨਤਾ ਨੂੰ ਪਹਿਲ ਦਿੱਤੀ ਗਈ ਤੇ ਅਸੀਂ ਸਿਰਫ਼ ਇੱਕੀ ਮੈਂਬਰ ਵਿਆਹ ਵਿਚ ਸ਼ਾਮਲ ਹੋਏ। ਇਸ ਸਧਾਰਨਤਾ ਕਰਕੇ ਮੇਰੇ ਸਹੁਰੇ-ਪਰਿਵਾਰ ਵਾਲੇ ਬਹੁਤ ਸਾਰੀਆਂ ਵਿਖਾਵੇ ਦੀਆਂ ਰਸਮਾਂ ਕਰਨ ਤੋਂ ਵੀ ਵਾਂਝੇ ਰਹਿ ਗਏ। ਮੈਨੂੰ ਸ਼ਹਿਰੀ ਸਮਝ ਕੇ ਲੜਕੀ ਵਾਲਿਆਂ ਵੱਲੋਂ ਮੇਰਾ ਵਿਆਹ ਹੋਟਲ ਵਿਚ ਰੱਖਿਆ ਗਿਆ, ਜਦਕਿ ਪਿੰਡ ਵਿਚ ਮੇਰੇ ਸਹੁਰੇ-ਪਰਿਵਾਰ ਦਾ ਕਾਫ਼ੀ ਖੁੱਲ੍ਹਾ- ਡੁੱਲ੍ਹਾ ਘਰ ਸੀ ਜਿੱਥੇ ਬੜੇ ਆਰਾਮ ਨਾਲ ਬਰਾਤ ਤੇ ਮੈਂਬਰਾਂ ਦੀ ਆਓ-ਭਗਤ ਕੀਤੀ ਜਾ ਸਕਦੀ ਸੀ।

ਇਹੋ ਜਿਹੀ ਹੀ ਇਕ ਹੋਰ ਝਾਕੀ ਬੀਤੇ ਦਿਨੀਂ ਮੈਨੂੰ ਵੇਖਣ ਨੂੰ ਮਿਲੀ। ਮੇਰੀ ਇਕ ਵਿਦਿਆਰਥਣ ਦੀ ਸ਼ਾਦੀ ਸੀ। ਉਹਨੇ ਮੈਨੂੰ ਸ਼ਾਦੀ ਦਾ ਕਾਰਡ ਦਿੱਤਾ ਤੇ ਸ਼ਾਦੀ 'ਤੇ ਪਹੁੰਚਣ ਦੀ ਤਾਕੀਦ ਕੀਤੀ ਸੀ। ਉਂਝ ਤਾਂ ਮੈਂ ਵਿਆਹਾਂ-ਸ਼ਾਦੀਆਂ ਦੇ ਸਮਾਗਮਾਂ ਵਿਚ ਘੱਟ ਹੀ ਜਾਂਦਾ ਹਾਂ ਪਰ ਲੜਕੀ ਦੇ ਵਾਰ-ਵਾਰ ਕਹਿਣ ਤੇ ਮਜਬੂਰਨ ਮੈਨੂੰ ਜਾਣਾ ਪਿਆ। ਹਾਲਾਂਕਿ ਮੇਰੇ ਵਰਗੇ ਬੰਦੇ ਲਈ ਉੱਥੇ ਕੁਝ ਨਹੀਂ ਹੁੰਦ, ਖੈਰ...।

ਲੜਕੀ ਵਾਲਿਆਂ ਵੱਲੋਂ ਘਰ ਵਿਚ ਹੀ ਬਰਾਤ ਦਾ ਸਵਾਗਤ ਕੀਤਾ ਜਾਣਾ ਸੀ, ਜਿਸ ਦਾ ਜ਼ਿਕਰ ਕਾਰਡ ਵਿਚ ਵੀ ਕੀਤਾ ਹੋਇਆ ਸੀ ਪਰ ਐਨ ਮੌਕੇ 'ਤੇ ਮੌਸਮ ਖ਼ਰਾਬ ਹੋਣ ਕਰਕੇ (ਮੀਂਹ ਪੈਣ ਕਰਕੇ) ਲੜਕੀ ਵਾਲਿਆਂ ਨੇ ਨੇੜੇ ਦਾ ਇਕ ਮੈਰਿਜ ਪੈਲੇਸ ਖੜ੍ਹੇ ਪੈਰ ਮਹਿੰਗੇ ਮੁੱਲ 'ਤੇ ਬੁੱਕ ਕਰਵਾ ਲਿਆ। ਹਾਲਾਂਕਿ ਇਹਦੀ ਕੋਈ ਲੋੜ ਨਹੀਂ ਸੀ। ਵਿਆਹ ਵਾਲੀ ਲੜਕੀ ਦੀਆਂ ਕੁਝ ਸਹੇਲੀਆਂ (ਮੇਰੀਆਂ ਹੋਰ ਵਿਦਿਆਰਥਣਾਂ) ਵੀ ਵਿਆਹ ਵਿਚ ਪੂਰਾ ਸਜ-ਧੱਜ ਕੇ ਪੁੱਜੀਆਂ ਹੋਈਆਂ ਸਨ। ਠੰਢ ਬਹੁਤ ਪੈ ਰਹੀ ਸੀ ਤੇ ਉੱਤੋਂ ਮੀਂਹ ਵੀ ਪੈਣ ਲੱਗਾ ਪਰ ਮੈਂ ਇਹ ਵੇਖ ਕੇ ਹੈਰਾਨ ਰਹਿ ਗਿਆ ਕਿ ਵਿਆਹ ਵਾਲੀ ਲੜਕੀ, ਜੋ ਉਂਜ ਵੀ ਨਾਜ਼ਕ/ ਪਤਲੀ ਜਿਹੀ ਸੀ, ਨੇ ਲਹਿੰਗਾ ਪਹਿਨਿਆ ਹੋਇਆ ਸੀ ਤੇ ਉੱਤੋਂ ਟਾਪ, ਬਿਨਾਂ ਬਾਹਵਾਂ ਦਾ। ਉਹਦੀਆਂ ਹੋਰ ਸਹੇਲੀਆਂ ਨੇ ਵੀ ਕਢਾਈ ਵਾਲੇ ਸੂਟ ਪਹਿਨੇ ਹੋਏ ਸਨ ਤੇ ਹੇਠਾਂ ਪੈਨਸਲ-ਹੀਲ ਦੇ ਸੈਂਡਲ। ਮੀਂਹ ਤੇ ਠੰਢ ਕਾਰਨ ਲੋਕ ਕੰਬਦੇ ਜਾ ਰਹੇ ਸਨ ਪਰ ਇਨ੍ਹਾਂ ਕੁੜੀਆਂ ਵੱਲ ਵੇਖ ਕੇ ਮੈਨੂੰ ਹੈਰਾਨੀ ਹੋ ਰਹੀ ਸੀ ਕਿ ਉਨ੍ਹਾਂ ਨੇ ਦਿਖਾਵੇ ਦੀ ਖ਼ਾਤਰ ਕਿੰਨਾ ਹਾਰ-ਸ਼ਿੰਗਾਰ ਕੀਤਾ ਹੋਇਆ ਸੀ ਤੇ ਸੂਟਾਂ ਦੀ ਕਢਾਈ ਵਿਖਾਉਣ ਲਈ ਕੋਈ ਵੀ ਜੈਕਿਟ ਵਗੈਰਾ ਨਹੀਂ ਸੀ ਪਹਿਨੀ। ਮੈਂ ਬਾਅਦ ਵਿਚ ਉਨ੍ਹਾਂ ਵਿਦਿਆਰਥਣਾਂ ਤੋਂ ਇਹੋ-ਜਿਹੀ ਸ਼ਾਨੋ- ਸ਼ੌਕਤ ਕਰਨ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਨੇ ਬਿਨਾਂ ਝਿਜਕ ਤੋਂ ਜਵਾਬ ਦਿੱਤਾ ਸਰ, ਇਹੋ ਤਾਂ ਮੌਕੇ ਹੁੰਦੇ ਨੇ ਸੱਜਣ-ਸੰਵਰਨ ਦੇ। ਕਦੇ-ਕਦਾਈਂ ਤਾਂ ਵਿਆਹਾਂ 'ਤੇ ਜਾਈਦੈ। ਜੇ ਬੰਦਾ ਸਧਾਰਨ ਜਿਹਾ ਬਣ ਕੇ ਜਾਵੇ ਤਾਂ ਉਹਨੂੰ ਕੋਈ ਵਿੰਹਦਾ ਹੀ ਨਹੀਂ। ਮੈਂ ਸੋਚਣ ਲੱਗਿਆ ਕੀ ਇਹੋ ਸਾਡਾ ਵਿਰਸਾ ਹੈ? ਸਾਡਾ ਵਿਰਸਾ ਇੰਨਾ ਸਮਰੱਥ ਹੈ ਕਿ ਅਸੀਂ ਪੰਜਾਬੀ ਪਹਿਰਾਵਾ (ਸਲਵਾਰ-ਕਮੀਜ਼, ਬਾਗ਼, ਫੁਲਕਾਰੀ) ਪਹਿਨ ਕੇ ਵੀ ਆਪਣਾ ਹਾਰ-ਸ਼ਿੰਗਾਰ ਪ੍ਰਗਟਾ ਸਕਦੇ ਹਾਂ। ਇਹੋ ਜਿਹੇ ਹੀ ਇਕ ਹੋਰ ਵਿਆਹ ਦੀ ਮੈਨੂੰ ਯਾਦ ਆ ਰਹੀ ਹੈ, ਜਿਸ ਵਿਚ ਕੁੜੀ ਵਾਲਿਆਂ ਨੇ 65 ਪ੍ਰਕਾਰ ਦੀਆਂ ਚੀਜ਼ਾਂ ਤਿਆਰ ਕੀਤੀਆਂ ਹੋਈਆਂ ਸਨ। ਕੁੜੀ ਵਾਲੇ ਤੇ ਕੁੜੀ ਵੀ ਮੇਰੀ ਜਾਣਕਾਰ ਸੀ ਤੇ ਇਹ ਗੱਲ ਕੁੜੀ ਨੇ ਮੈਨੂੰ ਖ਼ਾਸ ਤੌਰ 'ਤੇ ਦੱਸੀ ਸੀ ਕਿ ਉਹਦੇ ਵਿਆਹ ਵਿਚ ਕਿੰਨੀਆਂ ਖਾਣ-ਪੀਣ ਦੀਆਂ ਚੀਜ਼ਾਂ ਹਨ। ਜਦ ਮੈਂ ਉਹਨੂੰ ਪੁੱਛਿਆ ਕਿ ਤੂੰ ਕਿੰਨੀਆਂ ਚੀਜ਼ਾਂ ਦਾ ਸੁਆਦ ਵੇਖਿਆ ਤਾਂ ਉਹਨੇ ਦੱਸਿਆ ਕਿ ਇਕ ਦਾ ਵੀ ਨਹੀਂ। ਫਿਰ ਮੈਂ ਜਾਣਨਾ ਚਾਹਿਆ ਕਿ ਜੇ ਤੂੰ ਇਕ ਵੀ ਚੀਜ਼ ਨਹੀਂ ਖਾਧੀ ਤਾਂ ਫਿਰ ਇੰਨੀਆਂ ਚੀਜ਼ਾਂ ਬਣਾਉਣ ਦਾ ਕੀ ਫਾਇਦਾ। ਉਹਨੇ ਮਾਣ ਨਾਲ ਕਿਹਾ ਸੀ, 'ਬਰਾਤੀਆਂ ਨੂੰ ਤਾਂ ਦੱਸਣਾ ਸੀ, ਵਿਖਾਉਣਾ ਸੀ ਕਿ ਅਸੀਂ ਵੀ ਕੋਈ ਚੀਜ਼ ਹਾਂ।'

ਇਵੇਂ ਹੀ ਇਕ ਹੋਰ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਅੱਜ ਕੱਲ੍ਹ ਦੇ ਵਿਆਹਾਂ ਦੀ ਤਾਂ ਗੱਲ ਛੱਡੋ, ਭੋਗਾਂ, ਮਰਨਿਆਂ-ਪਰਨਿਆਂ ਦੇ ਸਮਾਗਮਾਂ ਵਿਚ ਵੀ ਪੂਰਾ ਵਿਖਾਵਾ ਹੁੰਦਾ ਹੈ। ਮੌਤ ਦੇ ਭੋਗ ਤੇ ਲੱਡੂ, ਜਲੇਬੀਆਂ, ਪਕੌੜੇ ਪਰੋਸੇ ਜਾਂਦੇ ਹਨ। ਪਤਾ ਨਹੀਂ ਉਹ ਮੌਤ ਦੀ ਖ਼ੁਸ਼ੀ ਪ੍ਰਗਟ ਕਰ ਰਹੇ ਹੁੰਦੇ ਨੇ ਜਾਂ ਗ਼ਮੀ। ਜਦਕਿ ਮਰਗ ਦੇ ਭੋਗ ਤਾਂ ਬਹੁਤ ਹੀ ਸਧਾਰਨ ਹੋਣੇ ਚਾਹੀਦੇ ਹਨ, ਜਿੱਥੇ ਸਿਰਫ਼ ਬਾਹਰੋਂ ਆਏ ਮਹਿਮਾਨਾਂ ਲਈ ਹੀ ਰੋਟੀ-ਦਾਲ ਪਰੋਸੀ ਜਾਵੇ। ਵਿਆਹਾਂ ਉੱਤੇ ਮਹਿੰਗੇ ਮੈਰਿਜ ਪੈਲੇਸ, ਮਹਿੰਗੀਆਂ ਗੱਡੀਆਂ ਦੇ ਤੋਹਫ਼ੇ, ਸ਼ਰਾਬਾਂ, ਫਾਲਤੂ ਭੋਜਨ, ਖਾਣੇ ਦੀਆਂ ਸਟਾਲਾਂ, ਡੀਜੇ, ਲਾਈਟਾਂ ਦੀ ਚਕਾਚੌਂਧ, ਬੰਦੂਕਾਂ ਦੇ ਫਾਇਰ ਆਦਿ ਸਾਡੀ ਆਪ ਸਹੇੜੀ ਬਰਬਾਦੀ ਦੇ ਕਾਰਨ ਹਨ ਜਿਹਨੂੰ ਆਮ ਸ਼ਬਦਾਂ ਵਿਚ 'ਅੱਡੀਆਂ ਚੁੱਕ ਕੇ ਫਾਹਾ ਲੈਣਾ' ਕਿਹਾ ਜਾਂਦਾ ਹੈ। ਅਜੇ ਵੀ ਡੁੱਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ। ਸਾਨੂੰ ਸੁਚੇਤ ਹੋਣ ਦੀ ਲੋੜ ਹੈ। ਇਹੋ ਜਿਹੇ ਸਮਾਗਮਾਂ ਵਿਚ ਕੀਤੀ ਫ਼ਜ਼ੂਲ ਖ਼ਰਚੀ ਅਤੇ ਲੋੜ ਤੋਂ ਵੱਧ ਵਿਖਾਵਾ ਸਾਡੀ ਬਰਬਾਦੀ ਦਾ ਕਾਰਨ ਬਣ ਸਕਦੀ ਹੈ। •

94176-92015

### ਦਾਜ ਲੈਣ ਤੋਂ ਇਨਕਾਰ

*ਇਕ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਦੱਸੋ ਭਲਾ ਇਹ ਕੀ ਗੱਲ ਹੋਈ। ਜੇ ਅਸਲੀਅਤ ਵਿਚ ਤੁਸੀਂ ਚਾਹੁੰਦੇ ਹੋ ਕਿ ਵਿਖਾਵਾ ਨਾ ਕੀਤਾ ਜਾਵੇ ਤਾਂ ਸੱਚ ਮੁੱਚ ਹੀ ਅਜਿਹੀਆਂ ਰਸਮਾਂ ਤੋਂ ਪ੍ਰਹੇਜ਼ ਕਰੋ ਜੋ ਖ਼ਰਚੀਲੀਆਂ ਹਨ।*

**ਜੀਤ ਹਰਜੀਤ**

# ਇਨਸਾਨ ਜੋ ਬੀਜਦਾ ਓਹੀ ਵੱਢਦੈ



ਸਮੇਂ ਅਤੇ ਜ਼ਿੰਦਗੀ ਵਿਚਕਾਰ ਇਕ ਸਮਾਨਤਾ ਜੋ ਮੈਨੂੰ ਨਜ਼ਰ ਆਉਂਦੀ ਹੈ ਉਹ ਇਹ ਹੈ ਕਿ ਇਹ ਦੋਨੋਂ ਕਦੇ ਕਿਸੇ ਲਈ ਰੁਕਦੇ ਨਹੀਂ ਜਾਂ ਇਹ ਕਹਿ ਲਓ ਕਿ ਰੁਕਣਾ ਇਨ੍ਹਾਂ ਦੇ ਸਭਾਅ ਵਿਚ ਹੀ ਨਹੀਂ। ਸਮੇਂ ਨੂੰ ਬੇਸ਼ੱਕ ਤਕਨੀਕੀ ਮਾਹਿਰਾਂ ਨੇ ਘੜੀਆਂ ਵਿਚ ਬੰਨ੍ਹਣ ਦੀ ਵੀ ਕੋਸ਼ਿਸ਼ ਕੀਤੀ ਪਰ ਇਸ ਨੇ ਆਪਣਾ ਸਭਾਅ ਨਹੀਂ ਬਦਲਿਆ। ਤਕਨੀਕ ਨਾਲ ਬਣੀਆਂ ਘੜੀਆਂ ਭਾਵੇਂ ਰੁੱਕ ਗਈਆਂ ਪਰ ਸਮਾਂ ਨਹੀਂ ਰੁਕਿਆ। ਇਸ ਤਰ੍ਹਾਂ ਹੀ ਜ਼ਿੰਦਗੀ ਹੈ। ਇਹ ਸਦਾ ਹੀ ਚਲਦੀ ਰਹਿੰਦੀ ਹੈ। ਕਿਸੇ ਦੇ ਜਾਣ-ਆਉਣ, ਹੋਣ ਨਾ ਹੋਣ ਦਾ ਇਸ 'ਤੇ ਕੋਈ ਅਸਰ ਨਹੀਂ ਹੁੰਦਾ। ਮਹੌਲ ਕੋਈ ਵੀ ਹੋਵੇ ਦੁੱਖ ਹੋਣ ਜਾਂ ਫਿਰ ਖ਼ੁਸ਼ੀਆਂ ਨਾਲ ਪੱਲੇ ਲੱਦੇ ਹੋਣ ਜ਼ਿੰਦਗੀ ਸਦਾ ਚਲਦੀ ਰਹਿੰਦੀ ਹੈ। ਸ਼ਾਇਦ ਇਸ ਲਈ ਹੀ ਬੁਰੇ ਵਕਤ ਵਿਚ ਹੌਸਲਾ ਦਿੰਦੇ ਹੋਏ ਸਿਆਣੇ ਕਹਿੰਦੇ ਹਨ, 'ਕੋਈ ਨਾ ਭਾਈ ਜੇ ਦਿਨ ਉਹ ਨ੍ਹੀਂ ਰਹੇ ਤਾਂ ਰਹਿਣੇ ਇਹ ਵੀ ਨਹੀਂ ਹੌਸਲਾ ਰੱਖ, ਇਹ ਸਮਾਂ ਵੀ ਲੰਘ ਜਾਏਗਾ।' ਉਨ੍ਹਾਂ ਦਾ ਇਹ ਕਥਨ ਸਦਾ ਚਲਦੇ ਰਹਿਣ ਵਾਲੇ ਸਮੇਂ ਦੇ ਸੁਭਾਅ ਦੀ ਬਾਤ ਪਾਉਂਦਾ ਹੈ। ਮੈਂ 'ਬਾਲ ਦਿਵਸ' 'ਤੇ ਛਪੀ ਇਕ ਰਿਪੋਰਟ ਵਿਚ ਪੜ੍ਹਿਆ ਕਿ ਜਿਨਾਂ ਨਵ-ਜੰਮਿਆਂ ਬੱਚਿਆਂ ਨੂੰ ਜੰਮਣ ਵਾਲੇ ਰੂੜੀਆਂ, ਗਲੀਆਂ, ਨਾਲੀਆਂ 'ਚ ਸੁੱਟ ਗਏ ਸੀ ਉਨ੍ਹਾਂ ਦੀ ਜ਼ਿੰਦਗੀ ਨੇ ਵੀ ਉਨ੍ਹਾਂ ਨੂੰ ਵਿਦੇਸ਼ਾਂ ਤੱਕ ਦੀਆਂ ਉਡਾਣਾਂ ਭਰਾਈਆਂ ਹਨ। ਉਨ੍ਹਾਂ ਵਿੱਚੋਂ ਕਈ ਅਜਿਹੇ ਵੀ ਸਨ ਜਿਨ੍ਹਾਂ ਦਾ ਪਾਲਣ-ਪੋਸ਼ਣ ਕਰਨ ਤੋਂ ਉਨ੍ਹਾਂ ਦੇ ਮਾਪਿਆਂ ਨੇ ਆਰਥਿਕ ਮੰਦੀ ਕਾਰਨ ਹੱਥ ਖੜ੍ਹੇ ਕਰ ਦਿੱਤੇ ਸਨ ਤੇ ਕੁਝ ਬੱਚੇ ਅਜਿਹੇ ਵੀ ਸਨ ਜੋ ਨਜ਼ਾਇਜ ਤਰੀਕਿਆਂ ਨਾਲ ਪੈਦਾ ਹੋਏ ਸਨ। ਇਸ ਰਿਪੋਰਟ ਨੇ ਮੈਨੂੰ ਬਹੁਤ ਪ੍ਰਭਾਵਿਤ ਕੀਤਾ।

ਇਕੱਲੇ ਪੰਜਾਬ ਦੀ ਗੱਲ ਕਰੀਏ ਤਾਂ ਪਿਛਲੇ ਪੰਜ ਸਾਲਾਂ ਵਿਚ ਅਜਿਹੇ ਕੇਸਾਂ ਵਿੱਚੋਂ ਚਾਰ ਸੌ ਦੇ ਕਰੀਬ ਬੱਚੇ ਆਪਣੇ ਮੁਕੱਦਰ ਕਾਰਨ ਸਿਕੰਦਰ ਬਣਨ ਵਿਚ ਕਾਮਯਾਬ ਰਹੇ। ਇਨ੍ਹਾਂ ਸਾਰਿਆਂ ਨੇ ਆਪਣੇ-ਆਪਣੇ ਲੇਖਾਂ ਦੀਆਂ ਲਿਖੀਆਂ ਮੁਤਾਬਿਕ ਕਿੱਥੋਂ ਵਿਛੜ ਕੇ ਕਿੱਥੇ ਜਾਣਾ ਸੀ ਉਸ ਬਾਰੇ ਕਿਸੇ ਨੂੰ ਨਹੀਂ ਪਤਾ ਸੀ। ਇਨ੍ਹਾਂ ਵਿੱਚੋਂ ਇਕ ਬੱਚੇ ਦੇ ਲੇਖ ਤਾਂ ਦੇਖੋ ਜਿਸ ਨੂੰ ਇਕ ਨਾਬਾਲਗ ਮਾਂ ਨੇ ਜਨਮ ਦਿੱਤਾ, ਇਸ ਤੋਂ ਪਹਿਲਾਂ ਕਿ ਉਸ ਦੇ ਮੱਥੇ 'ਤੇ ਗ਼ੈਰਕਾਨੂੰਨੀ ਹੋਣ ਦਾ ਦਾਗ਼ ਲੱਗਦਾ ਉਸ ਨੂੰ ਹਾਈਕੋਰਟ ਦੇ ਜੱਜ ਨੇ ਗੋਦ ਲੈ ਲਿਆ। ਲੁਧਿਆਣਾ ਦੇ ਰੇਲਵੇ ਸਟੇਸ਼ਨ ਲਾਗੇ ਕੂੜੇ ਦੇ ਢੇਰ ਵਿੱਚੋਂ ਜਦੋਂ ਕਿਸੇ ਬੱਚੇ ਦੇ ਰੋਣ ਦੀ ਆਵਾਜ਼ ਇਕ ਰਾਹਗੀਰ ਦੇ ਕੰਨੀ ਪਈ ਤਾਂ ਉਸ ਨੇ ਉੱਥੋਂ ਦੇ ਲੋਕਾਂ ਦੀ ਮੱਦਦ ਉਸ ਨੂੰ ਫੌਰੀ ਹਸਪਤਾਲ ਪਹੁੰਚਾਇਆ, ਜੋ ਸਿਰਫ਼ 600 ਕਿੱਲੋਗਰਾਮ ਦਾ ਸੀ ਤੇ ਅੱਜ ਕੱਲ੍ਹ ਉਹ ਪੂਰੀ ਤਰ੍ਹਾਂ ਤੰਦਰੁਸਤ ਕਰੀਬ 10 ਕਿੱਲੋ ਦਾ ਹੋ ਗਿਆ ਹੈ ਤੇ ਉਸ ਨੂੰ ਅਮਰੀਕਾ ਦੇ ਇਕ ਗੋਰੇ ਨੇ ਗੋਦ ਲੈ ਲਿਆ ਹੈ। ਅਜਿਹੇ ਹੀ ਹੋਰ ਅਨੇਕਾਂ ਕੇਸ ਸਾਹਮਣੇ ਆਏ ਹਨ ਜਿਨ੍ਹਾਂ ਨੂੰ ਜਨਮ ਦੇਣ ਵਾਲਿਆਂ ਨੇ ਨਕਾਰਿਆ ਪਰ ਉਹ ਹੁਣ ਖ਼ੁਸ਼ੀਆਂ ਭਰਿਆ ਬਚਪਨ ਬਤੀਤ ਕਰ ਰਹੇ ਹਨ। ਇਨ੍ਹਾਂ ਸਾਰਿਆਂ ਬੱਚਿਆਂ ਦਾ ਜੀਵਨ ਸਾਡੇ ਸਭ ਲਈ ਪ੍ਰੇਰਨਾ ਸਰੋਤ ਹੈ ਕਿ ਸਾਡੇ ਹੱਥਾਂ ਵਿਚ ਸਿਰਫ਼ 'ਅੱਜ' ਹੈ, ਜਿਸ ਨੂੰ ਵਧੀਆ ਕਰ ਕੇ ਗੁਜ਼ਾਰਾ ਸਾਡੇ ਅਸਲੀ ਫ਼ਰਜ਼ ਅਤੇ ਇਨਸਾਨੀਅਤ ਦਾ ਮੁੱਢਲਾ ਧਰਮ ਹੈ

ਪਰ ਅਫ਼ਸੋਸ ਇਸ ਗੱਲ ਦਾ ਹੈ ਕਿ ਇਸ ਸਭ ਦੇ ਉਲਟ ਦੂਸਰੇ ਪਾਸੇ ਉਹ ਲੋਕ ਹਨ ਜੋ ਸਮੱਸਿਆਵਾਂ ਕਾਰਨ ਖ਼ੂਬਸੂਰਤ ਜ਼ਿੰਦਗੀ ਤੋਂ ਨਿਰਾਸ਼ ਹੋ ਕੇ ਬੈਠ ਜਾਂਦੇ ਹਨ। ਜ਼ਿੰਦਗੀ ਦੀ ਜੰਗ ਜਿੱਤਣ ਵਾਲੇ ਇਨ੍ਹਾਂ ਬੱਚਿਆਂ ਦਾ ਜੀਵਨ ਉਨ੍ਹਾਂ ਲੋਕਾਂ ਲਈ ਖ਼ਾਸ ਤੌਰ 'ਤੇ ਪ੍ਰੇਰਨਾਦਾਇਕ ਹੈ ਜੋ ਸਭ ਕੁਝ ਹੋਣ ਦੇ ਬਾਵਜੂਦ ਵੀ ਨਿਰਾਸ਼ਾ ਭਰਿਆ ਜੀਵਨ ਬਿਤਾ ਰਹੇ ਹਨ। ਜਿਸ ਤਰ੍ਹਾਂ ਮੈਂ ਪਹਿਲਾਂ ਕਹਿ ਚੁੱਕਾ ਹਾਂ ਕਿ ਜ਼ਿੰਦਗੀ ਕਦੇ ਨਹੀਂ ਰੁਕਦੀ। ਹਾਂ ਕਈ ਵਾਰ ਇਹ ਜ਼ਰੂਰ ਹੁੰਦਾ ਹੈ ਕਿ ਕੁਝ ਤੁਹਾਡੀ ਸੋਚ ਤੋਂ ਉਲਟ ਵਾਪਰ ਜਾਂਦਾ ਹੈ ਜਿਸ ਨੂੰ ਆਪਾਂ ਮਾੜਾ ਵਕਤ ਆਖ ਲੈਂਦੇ ਹਾਂ ਪਰ ਲੰਘ ਇਹ ਮਾੜਾ ਵਕਤ ਵੀ ਜਾਂਦਾ ਹੈ ਕਿਉਂਕਿ ਜਦੋਂ ਚੰਗੇ ਸਮੇਂ ਨੂੰ ਕੋਈ ਰੋਕ ਨਹੀਂ ਸਕਿਆ ਤਾਂ ਨਹੀਂ ਰੁਕਣਾ ਮਾੜੇ ਨੇ ਵੀ ਨਹੀਂ, ਜ਼ਰੂਰਤ ਹੈ ਉਸ ਵਕਤ ਆਪਣੇ ਹੌਸਲੇ ਨੂੰ ਬਣਾ ਕੇ ਰੱਖਣ ਦੀ। ਸਾਨੂੰ ਆਪਣੇ ਮਨ ਨੂੰ ਇਸ ਕਦਰ ਕੋਮਲ ਰੱਖਣਾ ਚਾਹੀਦਾ ਹੈ ਕਿ ਜਦੋਂ ਕਦੇ ਪ੍ਰਸਥਿਤੀਆਂ ਸਾਡੀ ਸੋਚ ਦੇ ਵਿਰੁੱਧ ਬਣਨ ਅਸੀਂ ਉਨ੍ਹਾਂ ਨੂੰ ਸਹਿਣ ਕਰ ਸਕੀਏ। ਇਹ ਹੋ ਸਕਦਾ ਹੈ ਕਿ 'ਅੱਜ' ਤੁਹਾਡੀ ਸੋਚ ਦੇ ਹਾਣ ਦਾ ਨਾ ਹੋਵੇ ਪਰ ਇਹ ਨਹੀਂ ਹੋ ਸਕਦਾ ਕਿ ਆਉਣ ਵਾਲਾ ਸਮਾਂ ਤੁਹਾਡੀ ਸੋਚ ਮੁਤਾਬਕ ਨਹੀਂ ਹੋਵੇਗਾ। ਆਪਣੀ ਮਿੱਥੀ ਮੰਜ਼ਿਲ ਲਈ ਸਦਾ ਮਿਹਨਤ ਕਰਦੇ ਰਹੋ। ਸੱਚੀ ਲਗਨ ਇਕ ਨਾ ਇਕ ਦਿਨ ਜ਼ਰੂਰ ਤੁਹਾਨੂੰ ਤੁਹਾਡੀ ਮੰਜ਼ਿਲ 'ਤੇ ਲੈ ਪਹੁੰਚੇਗੀ।

ਨਿਰਾਸ਼ ਹੋਣਾ, ਥੱਕ ਹਾਰ ਕੇ ਬੈਠਣਾ ਇਨਸਾਨ ਹਿੱਸੇ ਨਹੀਂ ਆਉਂਦਾ। ਇਨਸਾਨ ਦਾ ਧਰਮ ਹੈ ਸਦਾ ਚਲਦੇ ਰਹਿਣਾ। ਮਾਨਸ ਜਨਮ ਬਹੁਤ ਕੀਮਤੀ ਹੈ ਇਸ ਨੂੰ ਜਾਇਆ ਨਾ ਗਵਾਓ। ਤੁਹਾਡਾ ਆਉਣ ਵਾਲਾ ਕੱਲ੍ਹ ਤੁਹਾਡੇ ਹੱਥ ਵਿਚ ਨਹੀਂ, ਅੱਜ ਜ਼ਰੂਰ ਤੁਹਾਡੇ ਕੋਲ ਹੈ। ਕਿਸੇ ਵਿਦਵਾਨ ਦਾ ਕਹਿਣਾ ਹੈ ਕਿ ਜੇ ਤੁਸੀਂ ਆਉਣ ਵਾਲਾ ਸਮਾਂ ਸੋਹਣਾ ਦੇਖਣਾ ਚਾਹੁੰਦੇ ਹੋ ਤਾਂ ਆਪਣੇ ਅੱਜ ਨੂੰ ਸੋਹਣਾ ਕਰਕੇ ਗੁਜ਼ਾਰੋ। ਹਰ ਇਨਸਾਨ ਨੂੰ ਹਰ ਰੋਜ਼ ਇਕ ਜ਼ਿੰਦਗੀ ਰੂਪੀ ਸਾਫ਼ ਕਾਗ਼ਜ਼ ਮਿਲਦਾ ਹੈ ਇਹ ਉਸ ਇਨਸਾਨ ਦੇ ਹਿੱਸੇ ਹੈ ਉਸ ਨੇ ਇਸ ਕਾਗ਼ਜ਼ ਉੱਤੇ ਕਿਹੋ ਜਿਹੀਆਂ ਲੀਕਾਂ ਵਾਹੁਣੀਆਂ ਹਨ। ਇਨਸਾਨ ਉਸ ਕਾਗ਼ਜ਼ ਉੱਤੇ ਜਿਹੋ ਜਿਹਾ ਲਿਖਦਾ ਹੈ ਓਵੇਂ ਦਾ ਹੀ ਫ਼ਲ ਉਸ ਨੂੰ ਜੀਵਨ ਦੇ ਰੂਪ ਵਿਚ ਮਿਲਦਾ ਹੈ ਜਾਂ ਇੰਝ ਵੀ ਕਹਿ ਸਕਦੇ ਹਾਂ ਕਿਇਨਸਾਨ ਜੋ ਬੀਜਦਾ ਓਹੀ ਵੱਢਦੈ। •

97816-77772



**ਰਾਜਿੰਦਰ ਕੌਰ ਚੌਹਕਾ**

# ਔਰਤ ਲਈ ਮਾਣ ਵਾਲੀ ਗੱਲ ਹੈ ਸਿਰ ਕੱਜਣਾ



ਇਸਤਰੀਆਂ ਲਈ ਪਰਦਾ, ਬੁਰਕਾ, ਘੁੰਡ, ਹਿਜ਼ਾਬ ਰਾਹੀਂ ਆਪਣਾ ਚਿਹਰਾ ਛੁਪਾਉਣ ਨੇ ? ਮੌਜੂਦਾ ਉਸਾਰੂ ਸੋਚ, ਤਰਕਸ਼ੀਲਤਾ ਅਤੇ ਇਸਤਰੀ ਦੀ ਮਾਣ-ਮਰਿਆਦਾ ਜਿਹੇ ਸਵਾਲਾਂ ਪ੍ਰਤੀ ਸਮਾਜ ਅੰਦਰ ਅੱਜ ! 'ਇਸਤਰੀ ਅਧਿਕਾਰਾਂ' ਲਈ ਇਕ ਨਵੀ ਚੁਣੌਤੀ ਦੇ ਪ੍ਰਤੀ ਇਕ ਨਵੀ ਬਹਿਸ ਛੇੜ ਦਿੱਤੀ ਹੈ ? ਸ੍ਰੀਲੰਕਾ ਵਿਚ ਦਹਿਸ਼ਤਗਰਦੀ ਦੀ ਘਟਨਾ ਤੋਂ ਬਾਅਦ ਬੁਰਕੇ 'ਤੇ ਲੱਗੀ ਪਾਬੰਦੀ ਨੇ ਭਾਰਤ ਵਿਚ 'ਬੁਰਕਾ ਬਨਾਮ ਘੁੰਡ' ਨੂੰ ਇਕ ਨਵੇਂ ਵਾਦ-ਵਿਵਾਦ ਨੂੰ ਜਨਮ ਦਿੱਤਾ ਹੈ ਪ੍ਰੰਤੂ ! ਬੁਰਕੇ 'ਤੇ ਪਾਬੰਦੀ ਦੇ 'ਹੱਕ ਤੇ ਵਿਰੋਧ' ਵਿਚ ਉੱਠੀ ਬਹਿਸ ਦੇ ਨਾਲ 'ਆਸਕਰ-ਪੁਰਸਕਾਰ' ਜਿਤਣ ਵਾਲੇ ਸੰਗੀਤਕਾਰ ਏਆਰਰਹਿਮਾਨ ਦੀ ਲੜਕੀ 'ਖ਼ਦੀਜ਼ਾ' ਦੇ ਨਕਾਬ ਪਾਏ ਜਾਣ ਤੇ ਉਸ ਦੀ ਇਹ ਵਾਇਰਲ ਹੋਈ ਤਸਵੀਰ ਨੇ ਬਹਿਸ ਦਾ ਰੁੱਖ ਹੀ ਬਦਲ ਦਿੱਤਾ ਹੈ ! ਇਹ ਸਵਾਲ ਵੀ ਉਭਰ ਕੇ ਸਾਹਮਣੇ ਆਇਆ ਕਿ ਕੀ ਪਰਦੇ ਦੇ ਰਿਵਾਜ ਤੇ ਪਾਬੰਦੀ ਉੱਪਰ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਤਾਂ ਨਹੀ ਹੋ ਰਹੀ ਹੈ ? ਜਿਸ ਤਰ੍ਹਾਂ ਕਿ ਪਿੱਛਲੇ ਸਾਲ 'ਸੰਯੁਕਤ ਰਾਸ਼ਟਰ' ਦੀ ਮਨੁੱਖੀ ਅਧਿਕਾਰ ਸੰਮਤੀ ਨੇ ਬੁਰਕੇ ਉੱਪਰ ਲਾਈ ਪਾਬੰਦੀ ਨੂੰ ਨਾ-ਬਾਜਵ ਦੱਸਦਿਆਂ ਕਿਹਾ ਸੀ ਕਿ 'ਇਹ ਨਾ ਸਿਰਫ਼ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਹੈ ਬਲਕਿ ਉਨ੍ਹਾਂ ਦੇ ਧਾਰਮਿਕ-ਵਿਸ਼ਵਾਸ ਨੂੰ ਵੀ ਧੱਕਾ ਲੱਗਦਾ ਹੈ ? 'ਉੱਥੇ ਹੀ 'ਅਮੈਨੇਸਟੀ-ਇੰਟਰਨੈਸ਼ਨਲ' ਵੀ ਬੁਰਕੇ ਦੇ ਰੋਕ ਦੇ ਵਿਰੋਧ ਵਿਚ ਹੈ! ਇਸ ਜਥੇਬੰਦੀ ਦਾ ਇਹ ਵੀ ਮੰਨਣਾ ਹੈ ਕਿ, 'ਇਸਤਰੀਆਂ ਲਈ ਸਸ਼ਕਤੀਕਰਨ ਦਾ ਉਦੇਸ਼, ਉਨ੍ਹਾਂ ਲਈ ਮੌਜੂਦਾ ਮੌਕਿਆਂ ਨੂੰ ਵਧਾਉਣਾ ਹੈ, ਨਾ ਕਿ ਮੌਜੂਦਾ ਮੌਕਿਆਂ ਨੂੰ ਹੋਰ ਵੀ ਸੀਮਤ ਕਰ ਦੇਣਾ ਹੈ ?'

### ਔਰਤ ਦੀ ਮਰਜ਼ੀ

ਕੇਰਲ ਦੀ ਬਾਡੀ ਬਿਲਡਰ 'ਮਜੀਜ਼ੀਆ ਭਾਨੂੰ ਦੇ ਮੁਤਾਬਿਕ' ਜੇਕਰ ਕੋਈ ਇਸਤਰੀ ਆਪਣੇ ਸਰੀਰ ਨੂੰ ਦਿਖਾਉਣ ਲਈ ਆਜ਼ਾਦ ਹੈ ਤਾਂ ਉਸ ਨੂੰ ਆਪਣੇ ਸਰੀਰ ਨੂੰ ਢੱਕਣ ਲਈ ਵੀ ਆਜ਼ਾਦੀ ਚਾਹੀਦੀ ਹੈ ?' ਇਸ ਤਰ੍ਹਾਂ ਪਰਦੇ ਦਾ ਅਧਿਕਾਰ ਸਿਰਫ਼ ਔਰਤ ਦੀ ਮਰਜ਼ੀ ਤੇ ਹੀ ਛੱਡ ਦੇਣਾ ਮੁਨਾਸਿਬ ਨਹੀ ਹੋਵੇਗਾ? ਅੱਜ ਦੇ ਇਸ ਪ੍ਰਗਤੀਸ਼ੀਲ ਸਮਾਜ ਦਾ ਭਾਵੇਂ! ਇਕ ਵਰਗ ਇਸ ਨੂੰ ਪੁਰਾਣੀ ਪਰੰਪਰਾਵਾਂ ਦੇ ਨਾਲ ਜੋੜ ਕੇ ਦੇਖ ਰਿਹਾ ਹੈ ਪਰ ਵਿਕਾਸਸ਼ੀਲ-ਭਾਰਤ ਤੇ ਅਮਰੀਕਾ ਸਮੇਤ ਕਈ ਵਿਕਸਤ ਦੇਸ਼ਾਂ ਵਿਚ ਵੀ ਉਨ੍ਹਾਂ ਇਸਤਰੀਆਂ ਦੀਆਂ ਉਦਾਹਰਣਾਂ ਸਾਡੇ ਸਾਹਮਣੇ ਹਨ, ਜਿਨ੍ਹਾਂ ਨੇ ਇਸ ਪਰੰਪਰਾ ਨੂੰ ਸਦਾ ਹੀ ਆਪਣੇ ਅਧਿਕਾਰਾਂ ਤਹਿਤ ਨਿਭਾਉਂਦੇ ਹੋਏ ਹਿਜ਼ਾਬ ਪਾ ਕੇ ਸਿਰਫ਼ ਮਾਡਲਿੰਗ ਹੀ ਨਹੀਂ ਕੀਤੀ ਸੀ ? ਬਲਕਿ, ਵਾਕਾਰੀ 'ਬਾਡੀ ਬਿਲਡਰ ਚੈਂਪੀਅਨ ਪ੍ਰਤੀਯੋਗਤਾ' ਵਿਚ ਵੀ ਆਪਣੀ ਬੁਲੰਦੀ ਦਾ ਝੰਡਾ ਵੀ ਗੱਡਿਆ। ਕੁਝ ਸਮੇਂ ਪਹਿਲਾਂ ਫਿਲਮ 'ਦੰਗਲ' ਵਿਚ ਆਪਣੀ ਭੂਮਿਕਾ ਨਿਭਾ ਚੁੱਕੀ 'ਜਾਇਰਾ-ਵਸੀਮ' ਨੇ ਇਹ ਕਹਿ ਕੇ, ਹਿਜ਼ਾਬ ਪਾ ਕੇ ਇਸਤਰੀਆਂ, ਖ਼ੂਬਸੂਰਤ ਅਤੇ ਸੁਤੰਤਰ ਹੁੰਦੀਆਂ ਹਨ।

ਲੋਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਬੁਰਕਾ, ਘੁੰਡ ਜਾਂ ਹਿਜ਼ਾਬ ਇਸਤਰੀਆਂ ਦੀ ਆਜ਼ਾਦੀ ਵਿਚ ਸ਼ਾਮਲ ਹੋਣਾ ਚਾਹੀਦਾ ਹੈ ਜਾਂ ਪਰਦੇ ਨੂੰ ਇਸਤਰੀਆਂ ਦੀ ਆਜ਼ਾਦੀ ਦੇ ਰਾਹ ਵਿਚ ਪਈਆਂ ਬੇੜੀਆਂ ਵਾਂਗ ਦੇਖਣਾ ਚਾਹੀਦਾ ਹੈ ? ਸਮੇਂ ਦੀ ਮੰਗ ਇਹ ਹੈ, 'ਕਿ ਇਸ ਲਈ ਫ਼ੈਸਲਾ ਲੈਣ ਦਾ ਅਧਿਕਾਰ ਇਸਤਰੀ ਉੱਪਰ ਛੱਡ ਦੇਣਾ ਚਾਹੀਦਾ ਹੈ। ਆਪਣੇ ਹਾਲਾਤ ਮੁਤਾਬਿਕ ਸੋਚ ਕੇ ਉਹ ਸਭ ਕੁਝ ਤੈਅ ਕਰੇ ਕਿ, ਕੀ ਪਰਦਾ ਉਸ ਦੀ ਪੁਰਾਤਨ ਹੋ ਰਹੀ ਸੰਸਕ੍ਰਿਤੀ ਦਾ ਇਕ ਹਿੱਸਾ ਹੈ? ਜਾਂ ਉਸ ਦੀ ਆਜ਼ਾਦੀ ਜਾਂ ਉਸ ਦੇ ਵਿਅਕਤੀਤਵ ਦੇ ਰਸਤੇ ਵਿਚ ਰੋੜਾ ਹੈ ?' ਕਿਉਂਕਿ ਭਾਰਤ ਵਿਚ ਘੁੰਡ ਜਿੱਥੇ ਇਕ ਸੰਸਕ੍ਰਿਤੀ ਨਾਲ ਜੁੜੀ ਹੋਈ ਪਰੰਪਰਾਂ ਹੀ ਨਹੀਂ? ਸਗੋਂ ਇਹ ਇਕ ਗ਼ੁਲਾਮੀ ਦਾ ਵੀ ਪ੍ਰਤੀਕ ਹੈ ?'

### ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ ਗ਼ੁਲਾਮੀ

ਪਰਦਾ ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ 'ਗ਼ੁਲਾਮੀ' ਦੀ ਇਕ ਲਕੀਰ ਵੀ ਹੈ, ਜੋ ਅੱਗੋਂ ਇਹੋ ਜਿਹੀ ਪਰੰਪਰਾ ਰੂਪ ਧਾਰ ਗਈ, 'ਜਿੱਥੇ ਆਪਣੇ ਤੋਂ ਵੱਡਿਆਂ ਦਾ ਆਦਰ ਕਰਨ ਦੇ ਰੂਪ ਵਿਚ ਦੇਖਿਆ ਜਾਂਦਾ ਸੀ ਅਤੇ ਸਿਰ ਢੱਕ ਕੇ ਰੱਖਣ ਦੀ ਪਰੰਪਰਾ ਚਲਦੀ ਹੀ ਰਹੀ। ਸਾਮੰਤਵਾਦੀ ਅਤੇ ਗ਼ੁਲਾਮਦਾਰੀ ਦੌਰ ਅੰਦਰ ਕੁਝ ਇਸਤਰੀਆਂ ਦੀਆਂ ਉਦਾਹਰਣਾਂ ਵੀ ਮਿਲਦੀਆਂ ਹਨ, ਜਿੱਥੇ ਅਮੀਰ ਘਰਾਂ ਦੀਆਂ ਇਸਤਰੀਆਂ ਆਪਣੀ 'ਸੁੰਦਰਤਾ ਨੂੰ ਛੁਪਾਉਣ ਤੇ ਆਬਰੂ (ਇੱਜ਼ਤ) ਬਣਾਈ ਰੱਖਣ ਲਈ ਪਰਦੇ ਦਾ ਸਹਾਰਾ ਲੈਂਦੀਆਂ ਸਨ। ਅਰਬ ਦੇਸ਼ਾਂ ਵਿਚ ਵੀ ਰੇਤਾ, ਧੂੜ ਤੇ ਧੁੱਪ ਤੋਂ ਆਪਣੇ ਵਾਲਾਂ (ਸਿਰ) ਤੇ ਚਮੜੀ ਨੂੰ ਬਚਾਉਣ ਲਈ ਇਸਤਰੀਆਂ ਸਿਰ ਤੇ ਚਿਹਰੇ ਨੂੰ ਕੱਪੜੇ ਨਾਲ ਬੰਨ੍ਹ ਕੇ ਰੱਖਦੀਆਂ ਸਨ। ਅੱਜ ਇਸ ਦਾ ਬਦਲਿਆ ਹੋਇਆ ਰੂਪ ਸਾਡੇ ਸਾਹਮਣੇ ਹੈ। ਹੱਥਾਂ ਤੇ ਚਿਹਰੇ ਦੀ ਸੁਰੱਖਿਆ ਦੇ ਤੌਰ 'ਤੇ ਹਿਜ਼ਾਬ, ਸਕਾਰਫ਼, ਚੁੰਨੀ ਜਿਹੇ ਕਪੜੇ ਪਹਿਨੇ ਦੇਖਣ ਨੂੰ ਮਿਲਦੇ ਹਨ।

### ਦਾਰਸ਼ਨਿਕ ਅਤੇ ਇਤਿਹਾਸਕਾਰ

ਗਰੀਕ ਦਾਰਸ਼ਨਿਕ ਅਤੇ ਇਤਿਹਾਸਕਾਰ ਸਤਾਬੋ ਨੇ ਵੀ ਪਹਿਲੀ ਸਦੀ ਵਿਚ ਮੱਧ ਦੁਨੀਆ ਦੇ ਦੇਸ਼ਾਂ ਵਿਚ ਇਸਤਰੀਆਂ ਵੱਲੋਂ ਆਪਣਾ ਚਿਹਰਾ ਢੱਕਣ ਦਾ ਜ਼ਿਕਰ ਕੀਤਾ ਹੈ। ਉੱਥੇ ਹੀ ਉੱਚ ਵਰਗ ਦੇ ਅਮੀਰ ਲੋਕਾਂ ਵਿਚ ਇਸਤਰੀਆਂ ਨੇ ਪਰਦੇ ਦੀ ਰੀਤ ਇੱਜ਼ਤ ਦੇ ਤੌਰ 'ਤੇ ਵੀ ਕੀਤੀ। ਕੁਝ ਵਰਗਾਂ ਵਿਚ ਚਿਹਰੇ ਨੂੰ ਠੀਕ ਤਰ੍ਹਾਂ ਬਣਾਈ ਰੱਖਣ ਲਈ ਬੜੀ ਹੀ ਸਖ਼ਤਾਈ ਨਾਲ ਮੂੰਹ ਢੱਕਣ ਦੀ ਪਾਲਣਾ ਕੀਤੀ ਗਈ। ਆਚਾਰੀਆ ਨਰਾਇਣ ਦੱਤ ਤਿਵਾਰੀ, ਸ਼ਾਸਤਰੀ, ਰਾਮ ਚਰਿਤ੍ਰਮਾਨਸ ਨੇ ਇਕ ਅਧਿਆਏ ਦਾ ਜ਼ਿਕਰ ਕਰਦਿਆਂ ਕਹਿੰਦੇ ਹਨ ਕਿ ਇਸ ਤਰ੍ਹਾਂ ਦੇ ਸਿਰ ਢੱਕਣ ਦਾ ਰਿਵਾਜ ਪੁਰਾਣਾ ਹੈ ? ਰਮਾਇਣ ਵਿਚ ਜਦੋਂ ਰਾਮ ਚੰਦਰ ਤੇ ਸੀਤਾ ਬਨਵਾਸ ਜਾ ਰਹੇ ਸੀ ਤਾਂ ਰਸਤੇ ਵਿਚ ਇਸਤਰੀਆਂ ਨੇ ਸੀਤਾ ਤੋਂ ਰਾਮਚੰਦਰ ਵਾਰੇ ਪੁੱਛਿਆ ਤਾਂ ਪਹਿਲਾਂ ਸੀਤਾ ਨੇ ਆਪਣੀ ਚੁੰਨੀ ਨੂੰ ਮੱਥੇ ਤੋਂ ਥੱਲੇ ਸਰਕਾ ਕੇ ਘੁੰਡ ਕੱਢਿਆ ਅਤੇ ਸਿਰ ਨੂੰ ਨੀਵਾਂ ਕਰ ਕੇ ਇਸ਼ਾਰਾ ਕਰ ਕੇ ਉਸ ਦਾ ਪਤੀ ਹੋਣ ਦਾ ਸਬੂਤ ਦਿੱਤਾ। ਉੱਥੇ ਤਾਂ ਉਸ ਸਮੇਂ ਕੋਈ ਵੀ ਸਿਆਣਾ ਬਜ਼ੁਰਗ ਨਹੀਂ ਸੀ ? ਲੇਕਿਨ ਆਦਰ ਕਰਦਿਆਂ ਆਪਣੇ ਰਿਸ਼ਤੇ ਵਾਰੇ ਦੱਸਣ ਲਈ ਸੀਤਾ ਨੇ ਆਪਣਾ ਸਿਰ ਢੱਕਿਆ। ਇਸ ਤਰ੍ਹਾਂ ਪਰਦਾ ਕਰਨਾ, ਇਕ ਘ੍ਰਿਣਾ ਕਰਕੇ ਨਹੀਂ ਕੀਤਾ। ਇਸ ਨੂੰ ਤਰਕ ਨਾਲ ਦੇਖਣਾ ਪਏਗਾ ਕਿ ਇਹ ਇਕ ਮਰਿਯਾਦਾ ਦੇ ਤੌਰ 'ਤੇ ਕੀਤਾ ਗਿਆ ਸੀ।

### ਸੁਆਣੀ ਦਾ ਰੁਤਬਾ

ਵਿਆਹ ਉਪਰੰਤ ਸੁਆਣੀ ਦਾ ਰੁਤਬਾ ਆਦਿਕਾਲ ਸਮੇਂ ਵਿਆਹ ਤੋਂ ਬਾਅਦ ਵੀ ਸੁਆਣੀ ਪਰਦੇ ਵਿਚ ਰਹਿਣਾ ਪਸੰਦ ਕਰਦੀ ਸੀ। ਭਵ ਭੂਤੇ ਅਤੇ ਮਾਘ ਦੀਆਂ ਰਚਨਾਵਾਂ ਵਿਚ ਵੀ ਪਰਦੇ 'ਚ ਰਹਿ ਕੇ ਚੱਲਣ ਦੇ ਰਿਵਾਜ ਬਾਰੇ ਪਤਾ ਚਲਦਾ ਹੈ। ਉੱਥੇ ਹੀ ਬਾਲਮੀਕ ਰਮਾਇਣ ਵਿਚ ਵੀ ਘੁੰਡ ਵਾਰੇ ਜਾਣਕਾਰੀ ਕਈ ਵਾਰੀ ਦਿੱਤੀ ਗਈ ਹੈ। ਇਸ ਤਰ੍ਹਾਂ ਇਕ ਜਗਾ ਕਿਹਾ ਗਿਆ ਹੈ ਕਿ ਹੇ ਪ੍ਰਭੂ ਮੇਰੇ ਮੂੰਹ ਤੇ ਘੁੰਡ ਨਹੀ ਹੈ। ਮੈਂ ਆਪਣੇ ਪਿੰਡ ਤੋਂ ਪੈਦਲ ਚੱਲ ਕੇ ਇੱਥੇਂ ਆਈ ਹਾਂ। ਇਹੋ ਜਿਹੀ ਅਵਸਥਾ ਵਿਚ ਦੇਖ ਕੇ ਤੁਸੀਂ ਮੈਨੂੰ ਕ੍ਰੋਧਿਤ ਕਿਉਂ ਨਹੀਂ ਹੁੰਦੇ? ਘੁੰਡ ਇਕ ਆਪਣੀ ਮਰਜ਼ੀ ਨਾਲ ਕੱਢਿਆ ਜਾਂਦਾ ਹੈ, ਨਾ ਕਿ ਘੁੰਡ ਕੱਢਣ ਲਈ ਮਜਬੂਰ ਕੀਤਾ ਗਿਆ ? ਇਹ ਪ੍ਰਾਚੀਨ ਕਾਲ ਤੋਂ ਹੀ ਰੀਤ ਚਲਦੀ ਆਈ ਹੈ। ਜੇਕਰ ਪੁਰਾਣੀਆਂ ਕਥਾਵਾਂ ਨੂੰ ਖੋਜਿਆ ਜਾਵੇ ਤਾਂ ਇਸਤਰੀ ਪੁਰਸ਼ ਦੋਵੇਂ ਹੀ ਸਿਰ ਢੱਕਣ ਲਈ ਮੁਕਟ ਪਾਉਂਦੇ ਸਨ।

ਦਰਅਸਲ ਇਸ ਤਰ੍ਹਾਂ ਸਿਰ ਢੱਕਣ ਦੇ ਪਿੱਛੇ ਇਕ ਵਿਗਿਆਨਕ ਤਰਕ ਇਹ ਵੀ ਦਿੱਤਾ ਜਾਂਦਾ ਹੈ ਕਿ ਇਸ ਨਾਲ ਮਸਤਿਕ ਨੂੰ ਇਕਾਗਰਤਾ ਨਾਲ ਰੱਖਣ 'ਚ ਮਦਦ ਮਿਲਦੀ ਹੈ। ਉੱਤਰੀ ਭਾਰਤ ਅੰਦਰ ਘੁੰਡ ਇਕ ਪਰਦਾ ਅਤੇ ਸਰੀਰ ਨੂੰ ਕੱਜਣਾ (ਢੱਕ ਕੇ ਰੱਖਣਾ) ਇਕ ਰੀਤ ਸੀ। ਬਾਅਦ 'ਚ ਮਗ਼ਲਾਂ ਦੇ ਆਉਣ ਨਾਲ ਇਕ ਰਵਾਇਤੀ, ਧਾਰਮਿਕ ਰਸਮ ਵਜੋਂ ਇਸਤਰੀ ਲਈ ਇਕ ਬੇੜੀ, ਬੰਦਸ਼ ਬਣ ਗਈ ? ਜੋ ਅੱਜ ਤਕ ਜਾਰੀ ਹੈ।

### ਇਨਕਲਾਬ ਦੀ ਗੱਲ

ਕਵੀਆਂ ਤੇ ਸ਼ਾਇਰਾਂ ਨੇ ਵੀ ਘੁੰਡ ਬਨਾਮ ਪਰਦੇ ਨੂੰ ਔਰਤਾਂ ਦੀ ਸੁੰਦਰਤਾ ਨਾਲ ਜੋੜਿਆ ਹੈ। ਭਗਤ ਕਬੀਰ ਜੀ ਨੇ ਇਸ ਨੂੰ ਰੂਹਾਨੀਅਤ ਨਾਲ ਜੋੜ ਕੇ ਦੇਖਿਆ ਹੈ। ਇਨਕਲਾਬ ਦੀ ਗੱਲ ਕਰਦੇ ਹੋਏ ਮਜਾਜ਼ ਨੇ ਇਸ ਰਾਹੀਂ ਬਗ਼ਾਵਤ ਦੀ ਗੱਲ ਕੀਤੀ ਹੈ, 'ਤੇਰੇ ਮਾਥੇ ਪੇ ਯਹ ਆਂਚਲ ਸੇ ਇਕ ਪਰਚਮ ਬਨਾ ਲੇਤੀ ਤੋ ਅੱਛਾ ਥਾ?' ਸਿੱਖ ਧਰਮ ਅੰਦਰ ਘੁੰਡ ਨੂੰ ਕੋਈ ਮਾਨਤਾ ਨਹੀ ਦਿੱਤੀ ਗਈ ਹੈ। ਮੁਗ਼ਲ ਕਾਲ ਵੇਲੇ, ਮੁਗ਼ਲ ਵਧੀਕੀਆਂ ਕਰਕੇ ਲੜਕੀਆਂ ਦੇ ਕੰਨ, ਨੱਕ ਵਿੰਨਣੇ ਅਤੇ ਘੁੰਡ ਕੱਢਣਾ ਇਸਤਰੀਆਂ ਲਈ ਇਕ ਬਚਾਅ ਦਾ ਢੰਗ-ਤਰੀਕਾ ਸੀ। ਜੋ ਹੌਲੀ-ਹੌਲੀ ਖ਼ਤਮ ਹੋ ਗਿਆ। ਸਿੱਖ ਇਤਿਹਾਸ ਅੰਦਰ ਕਈ ਜੁਝਾਰੂ ਇਸਤਰੀਆਂ ਸਾਹਮਣੇ ਆਈਆਂ ਹਨ, ਜਿਨ੍ਹਾਂ ਨੇ ਹਾਕਮਾਂ ਦੇ ਜ਼ੁਲਮਾਂ ਵਿਰੁੱਧ 'ਮਰਦਾਨਾ' ਭੇਸ ਧਾਰ ਕੇ ਲੜਾਈ ਲੜੀ ! ਬਰਤਾਨਵੀ ਸਾਮਰਾਜ ਵਿਰੁੱਧ ਕਈ ਇਸਤਰੀਆਂ ਆਜ਼ਾਦੀ ਦੀ ਜੰਗ ਅੰਦਰ ਵੀ ਘੁੰਡ ਕੱਢ ਕੇ ਮੈਦਾਨੇ ਜੰਗ ਵਿਚ ਨਿੱਤਰੀਆਂ। ਕਿਹਾ ਇਹ ਵੀ ਜਾਂਦਾ ਹੈ ਕਿ ਇਸਤਰੀਆਂ ਘੁੰਡ ਆਪਣੀ ਸੁੰਦਰਤਾ ਨੂੰ ਛੁਪਾਣ ਲਈ ਵੀ ਕੱਢਦੀਆਂ ਸਨ? ਇਹੀ ਕਾਰਨ ਹੈ ਕਿ ਰੂਪ-ਸੁੰਦਰਤਾ ਦੇ ਵਾਰੇ ਘੁੰਡ ਦਾ ਜ਼ਿਕਰ ਵਾਰ-ਵਾਰ ਕਵੀਆਂ ਵੱਲੋਂ ਕੀਤਾ ਗਿਆ ਹੈ।

ਚਾਹੇ ਕਵੀ ਹਰੀ ਰਾਮ ਵਿਆਸ ਹੋਵੇ, ਜਾਂ ਕਾਲੀਦਾਸ ਹੋਵੇ। ਇਹੀ ਕਾਰਨ ਹੈ ਕਿ ਇਨ੍ਹਾਂ ਕਵੀਆਂ ਨੇ ਘੁੰਡ ਨੂੰ ਇਕ ਸੁੰਦਰਤਾ ਦੇ ਪ੍ਰਤੀਕ ਵਜੋਂ ਪੇਸ਼ ਕੀਤਾ ਹੈ।

### ਅਗਾਂਹ-ਵਧੂ ਸਮਾਜ

ਅਗਾਂਹ-ਵਧੂ ਆਧੁਨਿਕ ਸਮਾਜ ਅੰਦਰ, ਇਸਤਰੀਆਂ ਨੇ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋ ਕੇ ਆਪਣੇ ਹੱਕਾਂ ਪ੍ਰਤੀ ਸੰਘਰਸ਼ ਕੀਤੇ ਹਨ। ਭੂਤ ਤੇ ਵਰਤਮਾਨ ਸਮੇਂ ਦੀਆਂ, ਦਮ ਘੁੱਟਣ ਵਾਲੀਆਂ, ਇਸਤਰੀ ਵਰਗ-ਵਿਰੋਧੀ ਪਰੰਪਰਾਵਾਂ ਤੋਂ ਛੁਟਕਾਰਾ ਪਾਉਣ ਲਈ ਅਤੇ ਨਵੀਆਂ ਪਰੰਪਰਾਵਾਂ ਨੂੰ ਬਣਾਉਣ ਤੇ ਅਪਨਾਉਣ ਲਈ ਵੀ ਅੱਜ ਸਾਡੇ ਸਾਹਮਣੇ ਅਗਾਂਹ-ਵਧੂ ਇਸਤਰੀਆਂ ਦੀਆਂ ਮਿਸਾਲਾਂ ਹਨ ? ਜਿਨ੍ਹਾਂ ਨੇ ਆਪਣੀਆਂ ਇਨਕਲਾਬੀ ਪਰੰਪਰਾਵਾਂ ਰਾਹੀਂ ਸਮਾਜ ਅੰਦਰ ਇਸਤਰੀ ਵਰਗ ਨੂੰ ਬਰਬਰਤਾ ਦੇਣ ਲਈ ਉਹ, ਉਨ੍ਹਾਂ ਸਥਾਨਾਂ ਤੇ ਪਹੁੰਚੀਆਂ, ਜਿੱਥੇ ਬਹੁਤ ਹੀ ਘੱਟ ਉਮੀਦ ਰੱਖੀ ਜਾਂਦੀ ਸੀ। ਇਸ ਦੀ ਮਿਸਾਲ ਸਾਡੇ ਸਾਹਮਣੇ ਪੇਸ਼ ਹੈ।

### ਅਨੋਖੀ ਮਿਸਾਲ

ਇਕ ਖ਼ਬਰ ਮੁਤਾਬਿਕ ਪਿਛਲੇ ਸਾਲ ਕੇਰਲ ਦੀ ਹਿਜ਼ਾਬ ਪਾਉਣ ਵਾਲੀ, ਬਹਾਦਰ ਤੇ ਦਲੇਰਾਨਾ ਇਸਤਰੀ 'ਬਾਡੀ-ਬਿਲਡਰ ਮਜ਼ੀਜ਼ੀਆ-ਭਾਨੂੰ ਨਾਂ ਸਿਰਫ਼ ਹਿਜ਼ਾਬ ਪਾ ਕੇ ਰਿੰਗ ਵਿਚ ਉੱਤਰੀ, ਬਲਕਿ ਬਾਡੀ ਬਿਲਡਰ ਚੈਂਪੀਅਨ ਪ੍ਰਤਿਯੋਗਤਾ ਵਿਚ ਹਿੱਸਾ ਲਿਆ ਅਤੇ ਜਿੱਤ ਵੀ ਪ੍ਰਾਪਤ ਕੀਤੀ। ਇੱਥੇ ਹੀ ਬਸ ਨਹੀ ? ਬ੍ਰਿਟਿਸ਼ ਦੀ ਸੁੰਦਰਤਾ ਦੀ ਬਲਾਗਰ ਅਤੇ ਮਾਡਲ ਅਮੀਨਾ ਖਾਨ ਨੇ ਵੀ ਅਪਾਣੀਆਂ ਪਰੰਪਰਾਵਾਂ ਨੂੰ ਕਾਇਮ ਰੱਖਦਿਆਂ ਇਕ ਅਨੋਖੀ ਮਿਸਾਲ ਪੇਸ਼ ਕੀਤੀ। 2018 'ਚ ਉਸ ਨੇ ਫਰਾਂਸੀਸੀ ਸੁੰਦਰਤਾ ਪ੍ਰਸਥਾਨ ਕੰਪਨੀ ਲਾਰਿਆਲ ਦੇ ਵਿਗਿਆਪਨ ਦੇ ਲਈ ਹਿਜ਼ਾਬ ਪਾਉਣ ਵਾਲੀ ਪਹਿਲੀ ਇਸਤਰੀ ਮਾਡਲ ਦੇ ਤੌਰ 'ਤੇ ਚੁਣੀ ਗਈ ? ਇਹੋ ਜਿਹੀ ਹੀ ਇਕ ਹੋਰ ਮਿਸਾਲ ਅਮਰੀਕੀ ਮਾਡਲ ਹਲੀਮਾਅਡੇਨ ਨੇ ਅਮਰੀਕਾ ਪੱਤਿਰਕਾ ਸਪੋਰਟਸ ਇਲੈਸਟਰਡ ਦੇ ਲਈ ਹਿਜ਼ਾਬ, ਬੁਕਰੀਨੀ ਪਾਉਣ ਵਾਲੀ ਮਾਡਲ ਬਣ ਕੇ ਇਕ ਇਤਿਹਾਸ ਸਿਰਜ ਦਿੱਤਾ ? ਇਸੇ ਤਰ੍ਹਾਂ ਪਿਛਲੇ ਸਾਲ ਅਮਰੀਕਾ ਵਿਚ ਹੋਈਆਂ ਮੱਧਕਾਲੀ ਚੋਣਾਂ ਵਿਚ ਜਿੱਤਣ ਵਾਲੀ ਇਲਹਾਨ ਨੇ ਹਿਜ਼ਾਬ ਪਾ ਕੇ ਸੌਂਹ ਚੁੱਕਣ ਵਾਲੀ ਪਹਿਲੀ ਮੁਸਲਿਮ ਇਸਤਰੀ ਬਣ ਕੇ ਇਤਿਹਾਸ ਰਚਿਆ। ਜਿਸ ਦੀ ਚਰਚਾ ਅੱਜ ਤੱਕ ਹੁੰਦੀ ਹੈ।

ਬੁੰਦੇਲਖੰਡ ਦੇ ਮੁਸਕਰਾ ਇਲਾਕੇ ਦੇ ਲੋਦੀਪੁਰ ਨਿਵਾਦਾ ਪਿੰਡ ਘੁੰਡ ਵਾਲੀਆਂ ਔਰਤਾਂ ਦੀ ਕੁਸ਼ਤੀ ਲਈ ਹੀ ਪ੍ਰਸਿੱਧ ਹੈ। ਰੱਖੜੀ ਤੋਂ ਇਕ ਦਿਨ ਬਾਅਦ ਹੋਣ ਵਾਲੀ ਕੁਸ਼ਤੀ ਦੇ ਆਯੋਜਨ ਵਿਚ ਸੈਂਕੜਿਆਂ ਦੀ ਗਿਣਤੀ ਵਿਚ ਇਸਤਰੀਆਂ ਘੁੰਡ ਕੱਢ ਕੇ ਅਖਾੜੇ ਵਿਚ ਉਤਰਦੀਆਂ ਹਨ। ਸਾਨੂੰ ਇਸ ਦਾ ਇਤਿਹਾਸਕ ਪਿਛੋਕੜ ਵੀ ਦੇਖਣਾ ਪਏਗਾ ? ਦਰ-ਅਸਲ ਅਗਰੇਜ਼ੀ ਰਾਜ ਸਮੇਂ, ਇਸ ਰਸਮ ਘੁੰਡ, ਬੁਰਕਾ ਹਿਜ਼ਾਬ ਦੀ ਸ਼ੁਰੂਆਤ ਅੰਗਰੇਜ਼ ਫ਼ੌਜ ਦੇ ਖਿਲਾਫ਼ ਇਸਤਰੀਆਂ ਨੂੰ ਲੜਨ ਦੇ ਲਈ ਤਿਆਰ ਕਰਨ ਲਈ ਹੀ ਕੀਤੀ ਗਈ ਸੀ ! ਪ੍ਰੰਤੂ ਇਹ ਰਸਮ ਅੱਜ ਵੀ 21ਵੀਂ ਸਦੀ ਵਿਚ ਵੀ, ਇਸਤਰੀ ਦੇ ਸਸ਼ਤਰੀਕਰਨ ਦੇ ਲਈ ਇਕ ਲਾ-ਮਿਸਾਲ, ਅਹਿਮ ਉਦਾਹਰਣ ਦੇ ਤੌਰ 'ਤੇ ਜਾਰੀ ਹੈ। ਇਹੋ ਜਿਹੀ ਹੀ ਇਕ ਬਹਾਦਰੀ ਦੀ ਮਿਸਾਲ ਸਾਡੇ ਸਾਹਮਣੇ ਹੈ ਭੁਪਾਲ ਵਿਚ ਬੁਰਕੇ ਤੇ ਹਿਜ਼ਾਬ ਦੇ ਵਿਚ ਹੀ ਇਸਤਰੀਆਂ ਵੱਲੋਂ ਜਿੰਮ ਵਿਚ ਜਾ ਕੇ ਕਸਰਤ ਕਰਨ ਦੀ ਹੈ। ਮੁਸਲਿਮ ਸਮਾਜ ਦੀਆਂ ਇਹੋ ਜਿਹੀਆਂ ਪ੍ਰਗਤੀਸ਼ੀਲ, ਅਗਾਂਹ-ਵਧੂ ਇਸਤਰੀਆਂ ਨੂੰ ਆਪਣੇ-ਆਪ ਨੂੰ ਫਿੱਟ ਰੱਖਣ ਲਈ ਪਰਦਾ ਉਨ੍ਹਾਂ ਲਈ ਕੋਈ ਬੰਦਿਸ਼ ਨਹੀਂ ਹੈ?

### ਅਧਿਕਾਰਾਂ ਦਾ ਹਨਨ

ਪਰਦਾ, ਹਿਜ਼ਾਬ, ਬੁਰਕਾ, ਘੁੰਡ ਆਦਿ ਕਿਸੇ ਧਰਮ, ਆਸਥਾ ਅਧੀਨ ਇਕ ਬੰਦਿਸ਼ ਵਜੋਂ ਜੋ ਗ਼ੁਲਾਮੀ, ਔਰਤਾਂ ਦੇ ਦੂਸਰੇ ਦਰਜੇ ਦੀ ਨਾਗਰਿਕ ਲਈ ਅਤੇ ਹੀਨ ਬਣਾਉਣ ਲਈ ਇਕ ਚਿੰਨ੍ਹ ਬਣੇ ? ਉਹ ਔਰਤਾਂ ਦੇ ਅਧਿਕਾਰਾਂ ਦਾ ਹਨਨ ਹੈ ? ਇਸਤਰੀ ਦੀ ਆਪਣੀ ਸ਼ਖ਼ਸੀ-ਅਜ਼ਾਦੀ, ਉਸ ਨੂੰ ਮਰਦ ਦੇ ਬਰਾਬਰਤਾ ਦੇ ਅਧਿਕਾਰਾਂ ਅਤੇ ਸਮਾਜ ਅੰਦਰ ਇਕ ਮੁਕੰਮਲ ਨਾਗਰਿਕ ਵੱਲੋਂ ਉਸ ਦੇ ਹੱਕਾਂ ਤੇ ਕੋਈ ਰੋਕ ਨਾ ਲਾਵੇ ? ਉਹੀ ਰਿਵਾਜ, ਪਰੰਪਰਤਾ ਅਤੇ ਪ੍ਰਥਾ, ਰਿਵਾਜ ਨੂੰ ਹੰਢਣਸਾਰ ਕਿਹਾ ਜਾ ਸਕਦਾ ਹੈ। ਪਰ ਜੋ ਰੀਤੀ-ਰਿਵਾਜ ਉਸ ਦੇ ਹੱਕਾਂ, ਅਜ਼ਾਦੀ ਅਤੇ ਵਿਚਰਨ 'ਚ ਰੋਕਾਂ ਪੈਦਾ ਕਰੇ, ਇਸਤਰੀ ਨੂੰ ਹੀਣ ਭਾਵਨਾ ਦੇ ਪ੍ਰਭਾਵ ਹੇਠ ਲਿਆਵੇ, ਉਹ ਰੀਤੀ-ਰਿਵਾਜ ਕਦੀ ਵੀ ਮੰਨਣਯੋਗ ਨਹੀ ਹਨ। ਸਮਾਜ ਅੰਦਰ ਇਸਤਰੀ ਦੀ ਬਰਾਬਰਤਾ ਲਈ ਬਹੁਤ ਸਾਰੀਆਂ ਉਹ ਰੋਕਾਂ ਜੋ ਸਾਮੰਤਵਾਦ ਤੋਂ ਚੱਲ ਕੇ ਪੂੰਜੀਵਾਦ ਨੇ ਆਪਣੇ ਹਿੱਤ ਲਈ ਖੜ੍ਹੀਆਂ ਕੀਤੀਆਂ ਹਨ ਉਹ ਜ਼ਰ-ਜ਼ਰ ਕਰ ਕੇ ਹੌਲੀ-ਹੌਲੀ ਖ਼ਤਮ ਤਾਂ ਹੋਣਗੀਆਂ ।

### ਬਰਾਬਰੀ ਦੇ ਸਿਧਾਂਤ

ਲਿੰਗਕ ਬਰਾਬਰੀ ਦੇ ਸਿਧਾਂਤ ਅਤੇ ਸਮਾਜਿਕ ਨਿਆਂ ਅਧੀਨ ਇਸਤਰੀ-ਵਰਗ ਨੂੰ ਮਰਦ ਦੇ ਬਰਾਬਰ, ਹਰ ਤਰ੍ਹਾਂ ਦੇ ਅਧਿਕਾਰ ਦੇਣ, ਪਿਛਾਂਹ-ਖਿਚੂ, ਫਿਰਕੂ ਅਤੇ ਹਨੇਰ ਬਿਰਤੀ-ਵਾਦੀ ਪ੍ਰਭਾਵਾਂ ਨੂੰ ਰੋਕਣ ਤੇ ਲੋਕ ਕਲਾਵਾਂ ਅਤੇ ਪਰੰਪਰਾਵਾਂ ਨੂੰ ਪ੍ਰਫੁਲਤ ਕਰਨਾ ਚਾਹੀਦਾ ਹੈ।

ਧਾਰਮਿਕ-ਵਿਸ਼ਵਾਸਾਂ ਅਤੇ ਪ੍ਰੰਪਰਾਵਾਂ ਦੇ ਕਿਸੇ ਵੀ ਪਰਦੇ ਅੰਦਰ ਇਸਤਰੀਆਂ ਦੇ ਜਨ ਸਮੂਹਾ ਵਿਚ ਘੱਸੇ-ਪਿੱਟੇ ਜਾਗੀਰੂ ਸੰਸਕਰਣਾਂ ਰਾਹੀ ਇਸਤਰੀਆਂ ਦੀ ਬਰਾਬਰਤਾ ਦਾ ਦਰਜਾ ਘਟਾਉਣ ਅਤੇ ਉਸ ਦੇ ਨਾਗਰਿਕ ਅਧਿਕਾਰਾਂ ਨੂੰ ਦੋਹਾਂ ਪਾਸਿਆਂ ਤੋਂ ਨਿਸ਼ਾਨਾ ਬਣਾਉਣ ਦੀ ਕਿਸੇ ਤਰ੍ਹਾਂ ਦੀ ਕੋਸ਼ਿਸ਼ ਕਦੀ ਵੀ ਨਾ ਪ੍ਰਵਾਨ ਅਤੇ ਨਾ ਹੀ ਲਾਗੂ ਕਰਨ ਦੀ ਆਗਿਆ ਦਿੱਤੀ ਜਾਵੇਗੀ। ਉਹ ਕੋਈ ਵੀ ਕਾਰਵਾਈ, ਸੋਚ ਅਤੇ ਆਡੰਬਰ, ਜਿਹੜਾ ਵੀ ਇਸਤਰੀ ਦੀ ਮਾਣ-ਮਰਿਆਦਾ, ਰੁਤਬੇ ਅਤੇ ਉਸ ਦੇ ਹੱਕਾਂ ਨੂੰ ਆਂਚ ਪਹੁੰਚਾਵੇ, ਸਮਾਜਿਕ ਤੌਰ 'ਤੇ ਪ੍ਰਵਾਨ ਨਹੀ ਹੋਣੇ ਚਾਹੀਦੇ। •

### ਚੁੰਨੀ ਲੈਣਾ ਜਾਂ ਪਰਦਾ ਕਰਨਾ

*ਪਾਕਿਸਤਾਨ ਦੀ ਸਾਬਕਾ ਵਿਦੇਸ਼-ਮੰਤਰੀ ਹਿਨਾ-ਰਬਾਨੀ-ਖਾਰ ਹੋਵੇ ਜਾਂ ਫਿਲਮਾਂ 'ਚ ਕੰਮ ਕਰਨ ਵਾਲੀਆਂ ਹਸਤੀਆਂ ਹੋਣ, ਇਸਾਈ, ਸਿੱਖ, ਹਿੰਦੂ ਧਰਮ ਦੀਆਂ ਲੜਕੀਆਂ ਵੀ ਵਿਆਹਾਂ ਤੇ ਹੋਰ ਖ਼ਾਸ ਸਮਿਆਂ ਉੱਪਰ ਸਿਰ 'ਤੇ ਚੁੰਨੀ ਲੈ ਕੇ ਸਮਾਜ ਵਿਚ ਇਕ ਇੱਜ਼ਤਵਾਨ ਵਾਲੀ ਨਜ਼ਰ ਆਉਣ ਵਾਲੀ ਦੇ ਰੂਪ ਵਿਚ ਪਰਦੇ ਦੇ ਰੂਪ ਵਿਚ ਉਹ ਵਿਚਰੀਆਂ ਤੇ 21ਵੀਂ ਸਦੀ ਵਿਚ ਵੀ ਵਿਚਰ ਰਹੀਆਂ ਹਨ। ਭਾਵੇਂ ਇਸ ਤਰ੍ਹਾਂ ਕਰਨਾ, ਇਸ ਪ੍ਰਥਾ ਨੂੰ ਪੂਰੀ ਤਰ੍ਹਾਂ ਇਕ ਦਬਾਓ, ਜਾਂ ਪੱਛੜੇਪਨ ਨਾਲ ਜੋੜ ਕੇ ਨਹੀਂ ਦੇਖਿਆ ਜਾ ਸਕਦਾ ਹੈ ? ਕਿਉਂਕਿ, ਪੂਰੀ ਤਰ੍ਹਾਂ ਇਸ ਪਰੰਪਰਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ। ਅੱਜ ਵੀ ਮੱਧ-ਵਰਗੀ ਤੇ ਛੋਟੇ ਤਬਕੇ ਵਿਚ ਰਹਿ ਰਹੀਆਂ ਇਸਤਰੀਆਂ ਅੰਦਰ ਪਰਦੇ ਦਾ ਰਿਵਾਜ, ਇਸਤਰੀਆਂ ਉੱਪਰ ਜ਼ਬਰਦਸਤੀ ਨਾਲ ਪਾਲਣ ਕਰਨ ਦਾ ਹੁਕਮ ਬਣਿਆ ਹੋਇਆ ਹੈ। ਜੋ ਬਹੁਤ ਵਾਰੀ, ਅਗਿਆਨਤਾ ਅਤੇ ਪੱਛੜੇਪਨ ਕਰਕੇ ਹੁੰਦਾ ਹੈ। ਪੜਦੇ ਦੇ ਹੱਕ ਤੇ ਵਿਰੋਧ ਦੀ ਬਹਿਸ ਵਿਚ ਇਹ ਸਵਾਲ ਜ਼ਰੂਰ ਉੱਠਦਾ ਹੈ ਕਿ ਕੀ ਇਸਤਰੀਆਂ ਨੂੰ ਇਸ ਮਾਮਲੇ ਵਿਚ ਆਪਣੀ ਮਰਜ਼ੀ ਕਰਨ ਜਾਂ ਜਾਨਣ ਦਾ ਫ਼ੈਸਲਾ ਨਹੀਂ ਦਿੱਤਾ ਜਾਣਾ ਚਾਹੀਦਾ ਹੈ ? ਇਸਤਰੀਆਂ ਲਈ ਚਿਹਰਾ ਢੱਕਣ ਦਾ ਰਿਵਾਜ ਪੁਰਾਣਾ ਹੈ ? ਇਹ ਧਾਰਨਾ ਬਿਲਕੁਲ ਗ਼ਲਤ ਹੈ ਕਿ ਪਰਦੇ ਦਾ ਰਿਵਾਜ (ਪਰੰਪਰਾ) ਮੁਗ਼ਲਾਂ ਦੇ ਰਾਜ ਸਮੇਂ ਤੋਂ ਸ਼ੁਰੂ ਹੋਇਆ ਸੀ। ਇਸ ਗੱਲ ਨੂੰ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ ਕਿ ਕੁਝ ਰਾਜਿਆਂ ਤੇ ਹਾਕਮਾਂ ਨੇ ਇਸ ਰਿਵਾਜ ਨੂੰ ਸਖ਼ਤੀ ਨਾਲ ਲਾਗੂ ਕਰਵਾਇਆ ਅਤੇ ਇਸਲਾਮ ਅਤੇ ਸੰਸਕ੍ਰਿਤੀ ਦੇ ਪ੍ਰਭਾਵ ਸਵਰੂਪ ਸ਼ਿਰਾਇਤ ਪਰਦੇ ਦੀ ਪ੍ਰਥਾ ਨੂੰ ਹੋਰ ਵੀ ਹਲਾਸ਼ੇਰੀ ਦਿੱਤੀ ਜਦ ਕਿ ਰਜ਼ੀਆ ਸੁਲਤਾਨਾ ਜਿਹੀ ਇਸਤਰੀ ਨੇ ਬਿਨਾਂ ਪਰਦਾ ਸ਼ਾਸ਼ਨ ਚਲਾਇਆ ਤੇ ਇਕ ਚੁਣੌਤੀ ਵੀ ਪੇਸ਼ ਕੀਤੀ। ਉੱਥੇ ਹੀ ਨੂਰ-ਜਹਾਂ ਨੇ ਵੀ ਪਰਦੇ ਤੋਂ ਬਿਨ੍ਹਾਂ ਆਪਣੇ ਪਤੀ ਦੇ ਨਾਲ, ਬਿਨ੍ਹਾਂ ਪਰਦੇ ਤੋਂ ਖੁੱਲ੍ਹੇ ਦਰਬਾਰ ਵਿਚ ਹਾਜ਼ਰ ਹੁੰਦੀ ਸੀ। ਪਹਿਲੀ ਸਦੀ ਤੋਂ ਪਹਿਲਾਂ ਵੇਜ਼ਾਟਾਈਨ ਸਾਮਰਾਜ (ਜਿਸ ਨੂੰ ਪੂਰਵ ਰੋਮਨ ਸਾਮਰਾਜ) ਵੀ ਕਿਹਾ ਜਾਂਦਾ ਸੀ। ਉਸ ਸਮੇਂ ਵੀ ਇਸਤਰੀਆਂ ਆਪਣੇ ਸਿਰ ਨੂੰ ਢੱਕ ਦੇ ਰੱਖਦੀਆਂ ਸਨ।*

# ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

## ➢ ਆਦਰਸ਼ ਚੋਣ ਜ਼ਾਬਤੇ ਦੀ ਇੰਨ-ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇਗਾ
## ➢ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਵੀ ਦਿੱਤਾ ਭਰੋਸਾ

**ਜਲੰਧਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਹਿਮਾਂਸ਼ੂ ਅਗਰਵਾਲ (ਆਈ.ਏ.ਐਸ.) ਨੇ ਸ਼ੁੱਕਰਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜਲੰਧਰ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ।
ਸ੍ਰੀ ਅਗਰਵਾਲ, ਜੋ ਕਿ 2014 ਬੈਚ ਦੇ ਆਈ.ਏ.ਐਸ. ਅਧਿਕਾਰੀ ਹਨ, ਜਲੰਧਰ ਵਿੱਚ ਚਾਰਜ ਸੰਭਾਲਣ ਤੋਂ ਪਹਿਲਾਂ ਫਾਜ਼ਿਲਕਾ ਅਤੇ ਗੁਰਦਾਸਪੁਰ ਵਿਖੇ ਡਿਪਟੀ ਕਮਿਸ਼ਨਰ ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ।

ਇਸ ਉਪਰੰਤ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਭੂਗੋਲਿਕ ਅਤੇ ਜਨਸੰਖਿਆ ਦੇ ਮਾਪਦੰਡਾਂ ਬਾਰੇ ਜਾਣਕਾਰੀ ਹਾਸਲ ਕਰਨ ਤੋਂ ਇਲਾਵਾ ਲੋਕ ਸਭਾ ਚੋਣਾਂ-2024 ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।ਜਲੰਧਰ ਲੋਕ ਸਭਾ ਹਲਕੇ ਲਈ ਆਜ਼ਾਦ ਅਤੇ ਨਿਰਪੱਖ ਲੋਕ ਸਭਾ ਚੋਣਾਂ ਨੂੰ ਮੁੱਖ ਤਰਜੀਹ ਕਰਾਰ ਦਿੰਦਿਆਂ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚੋਣਾਂ ਨੂੰ ਨਿਰਵਿਘਨ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣਗੇ।


ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਜਲੰਧਰ ਵਿਖੇ ਅਹੁਦਾ ਸੰਭਾਲਦੇ ਹੋਏ।

ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਦਾ ਭਰੋਸਾ ਦਿੰਦਿਆਂ ਸ੍ਰੀ ਅਗਰਵਾਲ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ 70 ਫੀਸਦੀ ਤੋਂ ਵੱਧ ਪੋਲਿੰਗ ਦੇ ਟੀਚੇ ਨੂੰ ਹਾਸਲ ਕਰਨ ਲਈ ਵੋਟਰਾਂ ਦੀ ਸਹੂਲਤ ਲਈ ਸੁਹਿਰਦ ਉਪਰਾਲੇ ਕੀਤੇ ਜਾਣਗੇ।

ਉਨ੍ਹਾਂ ਇਹ ਵੀ ਕਿਹਾ ਕਿ ਪਿਛਲੀਆਂ ਤਿੰਨ ਚੋਣਾਂ ਵਿੱਚ ਘੱਟ ਮਤਦਾਨ ਵਾਲੇ ਬੂਥਾਂ ਦੀ ਸ਼ਨਾਖਤ ਕੀਤੀ ਗਈ ਹੈ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਦੀ ਅਪੀਲ ਕੀਤੀ ਜਾਵੇਗੀ।

ਇਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚੋਣ ਜ਼ਾਬਤੇ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਾਲ-ਨਾਲ ਮੈਨਪਾਵਰ ਮੈਨੇਜਮੈਂਟ, ਸੁਰੱਖਿਆ ਦੇ ਪੁਖ਼ਤਾ ਪ੍ਰਬੰਧਾਂ, ਸਵੀਪ ਜਾਗਰੂਕਤਾ ਗਤੀਵਿਧੀਆਂ ਨੂੰ ਵੀ ਪ੍ਰਮੁੱਖ ਤਰਜੀਹ ਦਿੱਤੀ ਜਾਵੇਗੀ।

ਉਨ੍ਹਾਂ ਇਹ ਵੀ ਕਿਹਾ ਕਿ ਕਣਕ ਦੇ ਆਉਣ ਵਾਲੇ ਖ਼ਰੀਦ ਸੀਜ਼ਨ ਦੇ ਮੱਦੇਨਜ਼ਰ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਨਿਰਵਿਘਨ ਖ਼ਰੀਦ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਹੜ੍ਹਾਂ ਦੇ ਸੀਜ਼ਨ ਲਈ ਵਿਸਥਾਰਤ ਯੋਜਨਾ ਤਿਆਰ ਕੀਤੀ ਜਾਵੇਗੀ।

ਉਨ੍ਹਾਂ ਇਸ ਮੌਕੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਵੀ ਦਿਵਾਇਆ। ਇਸ ਤੋਂ ਪਹਿਲਾਂ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਡਿਪਟੀ ਕਮਿਸ਼ਨਰ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ।

ਡਿਪਟੀ ਕਮਿਸ਼ਨਰ (ਜ) ਅਮਿਤ ਮਹਾਜਨ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਲਖਵਿੰਦਰ ਸਿੰਘ ਅਤੇ ਸਮੂਹ ਵਿਭਾਗਾਂ ਦੇ ਮੁਖੀਆਂ ਵੱਲੋਂ ਡਿਪਟੀ ਕਮਿਸ਼ਨਰ ਦਾ ਸਵਾਗਤ ਕੀਤਾ ਗਿਆ।

# ਰਵੀਦਾਸਪੁਰਾ ਟਿੱਬੀ ਵਿਖੇ ਹੋਈਆਂ ਮੌਤਾਂ ਨਾਲ ਹਾਹਾਕਾਰ; ਲੋਕਾਂ ਵੱਲੋਂ ਜ਼ਹਿਰੀਲੀ ਸ਼ਰਾਬ ਪੀਣ ਦੇ ਕਾਰਨ ਮੌਤਾ ਦਾ ਲਗਾਇਆ ਦੋਸ਼



**ਸੁਨਾਮ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਰਵਿਦਾਸ ਪੂਰਾ ਟਿੱਬੀ ਵਿਖੇ ਲਗਾਤਾਰ ਤਿੰਨ ਮੌਤਾਂ ਹੋਣ ਨਾਲ ਹੜਕੰਪ ਮੱਚ ਗਿਆ ਜਿਸ ਦੇ ਵਿੱਚ ਇੱਕ ਵਿਅਕਤੀ ਦਾ ਤਾਂ ਪਹਿਲਾਂ ਹੀ ਸੰਸਕਾਰ ਕੀਤਾ ਗਿਆ ਅਤੇ ਦੋ ਵਿਅਕਤੀਆਂ ਦਾ ਸਥਾਨਕ ਸਿਵਲ ਹਸਪਤਾਲ ਦੇ ਵਿੱਚ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਹਰਜਸ ਸਿੰਘ ਰਵੀਦਾਸਪੁਰਾ ਟਿੱਬੀ ਵਾਸੀ ਸਰਪੰਚ ਨੇ ਦੱਸਿਆ ਕਿ ਇਹ ਮੌਤਾਂ ਦਾਰੂ ਪੀਣ ਦੇ ਨਾਲ ਹੋਈਆਂਹਨ ਉਹਨਾਂ ਨੇ ਦੱਸਿਆ ਕਿ ਉਨਾਂ ਵੱਲੋਂ ਐਂਬੂਲੈਂਸ ਰਾਹੀ ਕਈ ਵਿਅਕਤੀ ਸਿਵਿਲ ਹਸਪਤਾਲ ਦੇ ਵਿੱਚ ਇਲਾਜ ਲਈ ਭੇਜੇ ਗਏ ਹਨ। ਉਹਨਾਂ ਨੇ ਦੱਸਿਆ ਕਿ ਗੁਰਮੀਤ ਸਿੰਘ ਦਾ ਪਹਿਲਾਂ ਹੀ ਸੰਸਕਾਰ ਹੋ ਚੁੱਕਿਆ ਜਦਕਿ ਅੱਜ ਦੋ ਵਿਅਕਤੀਆਂ ਦੀ ਹੋਰ ਮੌਤ ਹੋ ਗਈ ਹੈ।

ਇਸ ਸਬੰਧੀ ਮੌਕੇ ਤੇ ਪੁੱਜੇ ਡੀਐਸਪੀ ਸੁਨਾਮ ਮਨਦੀਪ ਸਿੰਘ ਸੰਧੂ ਨਾਲ ਗੱਲਬਾਤ ਕਰਨ ਤੇ ਉਹਨਾਂ ਨੇ ਕਿਹਾ ਕਿ ਇਸ ਗੱਲ ਦੀ ਜਾਂਚ ਕੀਤੀ ਜਾ ਰਹੀ ਹੈ ਜੋ ਵੀ ਸਾਹਮਣੇ ਆਵੇਗਾ ਉਸ ਦੇ ਮੁਤਾਬਿਕ ਬਣਦੀ ਕਾਰਵਾਈ ਕੀਤੀ ਜਾਵੇਗੀ ਉਹਨਾਂ ਨੇ ਕਿਹਾ ਕਿ ਉਹਨਾਂ ਵੱਲੋਂ ਇਸ ਦੀ ਜਾਂਚ ਪੂਰੀ ਬਰੀਕੀ ਨਾਲ ਕੀਤੀ ਜਾਵੇਗੀ।
ਐਸਡੀਐਮ ਸੁਨਾਮ ਪ੍ਰਮੋਦ ਸਿੰਗਲਾ ਨੇ ਕਿਹਾ ਕਿ ਇਹ ਬਹੁਤ ਦੁਖਦਾਈ ਘਟਨਾ ਹੈ। ਇਸ ਮੌਕੇ ਨਾਰੀ ਏਕਤਾ ਜਬਰ ਵਿਰੋਧੀ ਫਰੰਟ ਮਜ਼ਦੂਰ ਜਥੇਬੰਦੀ ਦੀ ਸੂਬਾ ਪ੍ਰਧਾਨ ਹਰਪ੍ਰੀਤ ਕੌਰ ਧੂਰੀ ਨੇ ਕਿਹਾ ਕਿ ਸਰਕਾਰਾਂ ਦੇ ਇਸ਼ਾਰੇ ਤੇ ਨਸ਼ੇ ਵਿਕ ਰਹੇ ਹਨ ਉਹਨਾਂ ਨੇ ਕਿਹਾ ਕਿ ਚੋਣ ਜਾਬਤਾ ਸਾਡੇ ਲਈ ਲੱਗੀ ਹੋਈ ਹੈ,ਜਦਕਿ ਨਸ਼ਾ ਵੇਚਣ ਵਾਲਿਆਂ ਲਈ ਕੋਈ ਚੋਣ ਜਾਬਤਾ ਨਹੀਂ ਹੈ। ? ਜਦੋਂ ਕੋਈ ਨੌਜਵਾਨ ਪੀੜੀ ਉੱਠ ਕੇ ਰੋਕਦੀ ਹੈ ਤਾਂ ਉਹਨਾਂ ਤੇ ਹੀ ਪ੍ਰਸ਼ਾਸਨ ਵੱਲੋਂ ਕਾਰਵਾਈ ਕੀਤੀ ਜਾਂਦੀ ਹੈ।

# ਸਕਿੱਲ ਇੰਡੀਆ ਮਿਸ਼ਨ ਤਹਿਤ 1000 ਉਮੀਦਵਾਰਾਂ ਨੂੰ ਆਰਕੀਵਲ ਕੰਜ਼ਰਵੇਟਰ ਪ੍ਰੋਗਰਾਮ ਵਿਚ ਹੁਨਰਮੰਦ ਕੀਤਾ ਜਾਵੇਗਾ



**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਿਨਸਟਰੀ ਆਫ ਸਕਿੱਲ ਡੈਵਲੋਪਮੈਂਟ ਅਤੇ ਐਂਟਰਪ੍ਰਿਨਯੁਰਸ਼ਿਪ ਦੀ ਅਗਵਾਈ ਹੇਠ ਮੀਡਿਆ ਅਤੇ ਐਂਟਰਟੇਨਮੈਂਟ ਸਕਿੱਲਜ਼ ਕੌਂਸਿਲ ਨੇ ਯੰਗ ਵੋਮੈਨ ਕ੍ਰਿਸਚੀਅਨ ਐਸੋਸੀਏਸ਼ਨ (ਵਾਈਡਬਲਿਯੂਸੀਏ) ਨਵੀਂ ਦਿੱਲੀ ਵਿਖੇ ਮਿਨਸਟਰੀ ਆਫ ਕਲਚਰ ਤਹਿਤ ਨੈਸ਼ਨਲ ਆਕੀਵਜ਼ ਆਫ ਇੰਡੀਆ (ਐੱਨਏਆਈ) ਦੇ ਸਹਿਯੋਗ ਨਾਲ ਐੱਨਐੱਸਕਿਯੂਐੱਫ ਆਰਕੀਵਲ ਕੰਸਰਵੇਟਰ ਪ੍ਰੋਗਰਾਮ ਸ਼ੁਰੂ ਕੀਤਾ। ਇਹ ਪ੍ਰੋਗਰਾਮ 1000 ਉਮੀਦਵਾਰਾਂ ਨੂੰ ਜ਼ਰੂਰੀ ਗਿਆਨ, ਅਨੁਭਵ ਅਤੇ ਤਕਨੀਕੀ ਹੁਨਰਾਂ ਨਾਲ ਤਾਕਤਵਰ ਬਣਾਉਣਗੇ ਜਿਸ ਨਾਲ ਪੁਰਾਣੇ ਅਤੇ ਨਸ਼ਟ ਹੋਏ ਦਸਤਾਵੇਜ਼ਾਂ ਨੂੰ ਬਹਾਲ ਕਰਕੇ ਰਿਕਾਰਡਾਂ ਦਾ ਡਿਜ਼ੀਟਾਇਜ਼ੇਸ਼ਨ ਕੀਤਾ ਜਾਵੇ। ਮਿਨਸਟਰੀ ਆਫ ਸਕਿੱਲ ਡੈਵਲੋਪਮੈਂਟ ਅਤੇ ਐਂਟਰਪ੍ਰਿਨਯੁਰਸ਼ਿਪ ਦੇ ਸਚਿਵ ਸ਼੍ਰੀ ਅਤੁਲ ਕੁਮਾਰ ਤਿਵਾਰੀ ਨੇ ਮੁੱਖ ਮਹਿਮਾਨ ਦੇ ਤੌਰ ਤੇ ਮੌਕੇ ਵਿਚ ਆਪਣੀ ਹਾਜ਼ਰੀ ਭਰੀ।ਸ਼੍ਰੀ ਅਰੁਣ ਸਿੰਗਲ, ਡਾਰਿਕੈਟਰ ਜ਼ਨਰਲ ਐੱਨਏਆਈ; ਸ਼੍ਰੀ ਸੰਜੇ ਗਰਗ, ਡਿਪਟੀ ਡਾਰਿਕੈਟਰ ਐਨਏਆਈ ਅਤੇ ਸ਼੍ਰੀ ਮੋਹਿਤ ਸੋਨੀ, ਸੀਈਓ, ਐੱਮਈਐੱਸਸੀ ਵੀ ਇਸ ਸਮਾਗਮ ਵਿਚ ਪ੍ਰਮੁੱਖ ਸ਼ਖਸ਼ੀਅਤਾਂ ਸਨ।ਆਰਕੀਵਲ ਕੰਸਵਰੇਟਰ ਪ੍ਰੋਗਰਾਮ ਦਾ ਮੰਤਵ ਹੈ ਨੈਸ਼ਨਲ ਆਕੀਵਜ਼ ਆਫ ਇੰਡੀਆ ਦੀ ਅਗਵਾਈ ਵਿਚ ਡਿਜ਼ੀਟਾਈਜ਼ੇਸ਼ਨ ਯਤਨਾਂ ਸਦਕਾ ਅਮੀਰ ਰਾਸ਼ਟਰੀ ਦਸਤਾਵੇਜ਼ੀ ਵਿਰਾਸਤ ਨੂੰ ਦੇਸ਼ ਦੇ ਸਾਰੇ ਨਾਗਰਿਕਾਂ ਲਈ ਆਸਾਨੀ ਨਾਲ ਪਹੁੰਚਯੋਗ ਬਣਾਉਣਾ। 90 ਘੰਟਿਆਂ ਦੇ ਵਿਆਪਕ ਸਿਖਲਾਈ ਮੌਡਿਯੂਲ ਅਤੇ ਪ੍ਰੈਕਟੀਕਲ ਵਰਕਸ਼ਾਪਾਂ ਅਤੇ ਅਨੁਭਵੀ ਹੱਥਾਂ ਦੁਆਰਾ ਬਹਾਲੀ ਦੀਆਂ ਤਕਨੀਕਾਂ, ਪੁਰਾਲੇਖ ਦੇ ਸਰਵੋਤਮ ਅਭਿਆਸ, ਮੈਟਾਡੇਟਾ ਪ੍ਰਬੰਧਨ ਅਤੇ ਡਿਜ਼ਟਲ ਸੁਰੱਖਿਆ ਰਣਨੀਤੀਆਂ ਰਾਹੀਂ ਭਾਗੀਦਾਰ ਮੁਹਾਰਤ ਪ੍ਰਾਪਤ ਕਰਨਗੇ।ਇਹ ਐੱਨਏਆਈ ਵਿਖੇ 2.25 ਕਰੋੜ ਇਕੱਠੇ ਹੋਏ ਡਾਟਾ ਨੂੰ ਬਾਰੀਕੀ ਨਾਲ ਮੁਰੰਮਤ ਅਤੇ ਮੁੜ ਵਸੇਬੇ ਦੀ ਸਹੂਲਤ ਵਿਚ ਵੀ ਅਹਿਮ ਭੂਮਿਕਾ ਅਦਾ ਕਰਨਗੇ ਜਿਸ ਨਾਲ ਵਧੇਰੀ ਇਤਿਹਾਸਕ ਸਮਝ ਅਤੇ ਸ਼ਮੂਲੀਅਤ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਅੱਗੋਂ ਇਹ ਇਤਿਹਾਸਕ ਰਿਕਾਰਡਾਂ ਨੂੰ ਡਿਜ਼ਟਲ ਰੂਪਾਂ ਵਿਚ ਤਬਦੀਲ ਕਰਨਾ ਚਾਹੁੰਦਾ ਹੈ ਜਿਸ ਨਾਲ ਅਮੀਰ ਵਿਰਾਸਤ ਨੂੰ ਦੋ ਘੰਟਿਆਂ ਦੇ ਅੰਦਰ ਅੰਦਰ ਉਪਲੱਬਧ ਕਰਵਾਉਣਾ ਅਤੇ ਇਸਨੂੰ ਸੁਰੱਖਿਅਤ ਕਰਨਾ ਯਕੀਨੀ ਬਣਾਇਆ ਜਾਵੇਗਾ।

# ਉਮੀਦਵਾਰਾਂ ਨੂੰ 'ਸੁਵਿਧਾ ਐਪ' ਰਾਹੀਂ ਆਨਲਾਈਨ ਮਿਲੇਗੀ ਸਿਆਸੀ ਰੈਲੀਆਂ

**ਸੰਗਰੂਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਚੋਣ ਕਮਿਸ਼ਨ ਵੱਲੋਂ ਬਣਾਈ ਗਈ 'ਸੁਵਿਧਾ ਐਪ' ਰਾਹੀਂ ਲੋਕ ਸਭਾ ਚੋਣਾਂ ਲੜਨ ਵਾਲੇ ਉਮੀਦਵਾਰਾਂ ਤੇ ਸਿਆਸੀ ਪਾਰਟੀਆਂ ਨੂੰ ਆਨਲਾਈਨ ਪ੍ਰਵਾਨਗੀਆਂ ਦਿੱਤੀਆਂ ਜਾ ਰਹੀਆਂ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਬਿਨੈਕਾਰਾਂ ਨੂੰ ਸਮਾਂਬੱਧ ਤਰੀਕੇ ਨਾਲ ਪ੍ਰਵਾਨਗੀਆਂ ਦੇਣ ਲਈ ਲੋਕ ਸਭਾ ਹਲਕਾ 12- ਸੰਗਰੂਰ ਦੇ ਸਮੂਹ ਸਹਾਇਕ ਰਿਟਰਨਿੰਗ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸੁਵਿਧਾ ਐਪ ਰਾਹੀਂ ਚੋਣਾਂ ਸਬੰਧੀ ਵੱਖ ਵੱਖ ਤਰ੍ਹਾਂ ਦੀ ਆਗਿਆ ਲਈ ਆਨਲਾਈਨ ਬਿਨੈ ਕੀਤਾ ਜਾ ਸਕਦਾ ਹੈ।

ਉਨ੍ਹਾਂ ਸਿਆਸੀ ਪਾਰਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਚੋਣਾਂ ਦੌਰਾਨ ਇਕੱਠ ਕਰਨ, ਲਾਊਡ ਸਪੀਕਰ ਲਗਾਉਣ ਆਦਿ ਸਬੰਧੀ ਸਾਰੀਆਂ ਪ੍ਰਵਾਨਗੀਆਂ ਲੈਣ ਲਈ ਆਨਲਾਈਨ ਬਿਨੈ ਕਰਨ।

ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਦੀ ਤਰਫੋਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਸਿਆਸੀ ਪਾਰਟੀਆਂ ਦੇ ਲਈ ਸੁਵਿਧਾ ਐਪਲੀਕੇਸ਼ਨ ਜਾਰੀ ਕੀਤੀ ਗਈ ਹੈ ਜਿਸ ਦੇ ਚਲਦਿਆਂ ਹੁਣ ਕਿਸੇ ਵੀ ਸਿਆਸੀ ਰੈਲੀ, ਸਿਆਸੀ ਮੀਟਿੰਗ, ਆਰਜ਼ੀ ਤੌਰ 'ਤੇ ਪਾਰਟੀ ਦਾ ਦਫ਼ਤਰ ਖੋਲਣ ਲਈ, ਵਾਹਨਾਂ ਦਾ ਪਰਮਿਟ ਲੈਣ ਲਈ, ਨੁੱਕੜ ਮੀਟਿੰਗਾਂ ਆਦਿ ਕਰਨ ਲਈ ਆਨਲਾਈਨ ਤੌਰ 'ਤੇ ਪ੍ਰਵਾਨਗੀ ਲਈ ਜਾ ਸਕੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸੁਵਿਧਾ ਐਪ ਜੋ ਕਿ ਬਿਨੈਕਾਰਾਂ ਅਤੇ ਚੋਣ ਅਮਲੇ ਦੀ ਸੁਵਿਧਾ ਨੂੰ ਯਕੀਨੀ ਬਣਾਉਣ ਲਈ ਲਾਗੂ ਕੀਤੀ ਗਈ ਹੈ, ਨੂੰ ਲੋਕ ਸਭਾ ਹਲਕਾ 12- ਸੰਗਰੂਰ ਵਿੱਚ ਸਫ਼ਲਤਾ ਨਾਲ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਹ ਐਪਲੀਕੇਸ਼ਨ suvidha.eci. gov.in 'ਤੇ ਉਪਲਬਧ ਹੈ ਜਿਥੇ ਲੌਗ ਇਨ ਕਰਕੇ ਕੋਈ ਵੀ ਨਾਗਰਿਕ ਬਿਨੈ ਕਰ ਸਕਦਾ ਹੈ ਅਤੇ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਇਸ ਦੀ ਵਰਤੋਂ ਕਰ ਸਕਦਾ ਹੈ। ਉਨ੍ਹਾਂ ਨੇ ਦੱਸਿਆ ਕਿ ਜੇ ਕਿਸੇ ਬਿਨੈਕਾਰ ਨੇ ਆਨਲਾਈਨ ਪ੍ਰਵਾਨਗੀ ਲੈਣੀ ਹੈ ਤਾਂ ਉਸ ਲਈ ਮੀਟਿੰਗ, ਰੈਲੀ, ਲਾਊਡ ਸਪੀਕਰ ਆਦਿ ਦੀ ਵਰਤੋਂ ਲਈ 48 ਘੰਟੇ ਪਹਿਲਾਂ ਬਿਨੈ ਕਰਨਾ ਲਾਜ਼ਮੀ ਹੋਵੇਗਾ। ਉਨ੍ਹਾਂ ਦੱਸਿਆ ਕਿ ਸਬੰਧਤ ਸਹਾਇਕ ਰਿਟਰਨਿੰਗ ਅਧਿਕਾਰੀ ਦੀ ਤਰਫੋਂ ਬਿਨੈਕਾਰ ਨੂੰ 24 ਘੰਟਿਆਂ ਦੇ ਅੰਦਰ ਪ੍ਰਵਾਨਗੀ ਦਿੱਤੀ ਜਾਵੇਗੀ।
ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਨ੍ਹਾਂ ਵਿੱਚੋਂ ਵਧੇਰੇ ਪ੍ਰਵਾਨਗੀਆਂ ਸਬੰਧਤ ਸਹਾਇਕ ਰਿਟਰਨਿੰਗ ਅਧਿਕਾਰੀਆਂ ਦੀ ਤਰਫੋਂ ਹੀ ਦਿੱਤੀਆਂ ਜਾਣੀਆਂ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਪ੍ਰਵਾਨਗੀਆਂ ਲੈਣ ਅਤੇ ਕਾਰਜ ਪ੍ਰਕਿਰਿਆ ਨੂੰ ਮੁਕੰਮਲ ਕਰਨ ਲਈ ਵੀ ਚੋਣ ਕਮਿਸ਼ਨ ਦੀ ਤਰਫੋਂ ਵੱਖ-ਵੱਖ ਸੀਮਾ ਦਰ ਨਿਰਧਾਰਿਤ ਕੀਤੀ ਗਈ ਹੈ।

# ਦਰਸ਼ਨ ਸਿੰਘ ਚੌਹਾਨ ਪ੍ਰੈੱਸ ਕਲੱਬ ਸੁਨਾਮ ਦੇ ਸਰਪ੍ਰਸਤ ਬਣੇ; ਬੋਬੀ ਵਰਮਾ ਪ੍ਰੈੱਸ ਸੈਕਟਰੀ ਤੇ ਰਵਨੀਤ ਜੋਤ ਕਾਨੂੰਨੀ ਸਲਾਹਕਾਰ

**ਸੁਨਾਮ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰੈੱਸ ਕਲੱਬ ਰਾਜਿ ? ਸੁਨਾਮ ਦੀ ਇਕ ਵਿਸ਼ੇਸ ਮੀਟਿੰਗ ਕਲੱਬ ਦੇ ਪ੍ਰਧਾਨ ਸ੍ਰ ਰੁਪਿੰਦਰ ਸਿੰਘ ਸੱਗੂ ਦੀ ਪ੍ਰਧਾਨਗੀ ਵਿਚ ਹੋਈ। ਜਿਸ ਵਿਚ ਸੀਨੀਅਰ ਪੱਤਰਕਾਰ ਦਰਸ਼ਨ ਸਿੰਘ ਚੌਹਾਨ ਨੂੰ ਪ੍ਰੈਸ ਕਲੱਬ ਦਾ ਸਰਪ੍ਰਸਤ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਮੀਟਿੰਗ ਵਿੱਚ ਰਤਨ ਦੇਵ ਬੋਬੀ ਵਰਮਾ ਨੂੰ ਪੀ ਆਰ ਓ ਪ੍ਰੈੱਸ ਸੈਕਟਰੀ ਅਤੇ ਐਡਵੋਕੇਟ ਤੇ ਪੱਤਰਕਾਰ ਰਵਨੀਤ ਜੋਤ ਸਿੰਘ ਨੂੰ ਕਲੱਬ ਦਾ ਕਾਨੂੰਨੀ ਸਲਾਹਕਾਰ ਬਨਾਉਣ ਦਾ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਇਸ ਮੌਕੇ ਤੇ ਕਲੱਬ ਦੇ ਪ੍ਰਧਾਨ ਸ੍ਰ ਸੱਗੂ ਨੇ ਦੱਸਿਆ ਕਿ ਕਲੱਬ ਦੇ ਬਠਿੰਡਾ ਰੋੜ ਤੇ ਸਥਿਤ ਨਵੇਂ ਦਫਤਰ ਦਾ ਉਦਘਾਟਨ 31 ਮਾਰਚ ਦਿਨ ਐਤਵਾਰ ਨੂੰ ਕੀਤਾ ਜਾਵੇਗਾ। ਇਸ ਮੌਕੇ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਸੁਸ਼ੀਲ ਕਾਂਸਲ, ਜਨਰਲ ਸਕੱਤਰ ਅਵਿਨਾਸ਼ ਜੈਨ, ਗਗਨਦੀਪ ਸਿੰਘ ਲਿੱਲੀ, ਕਾਕਾ ਕੌਸ਼ਿਕ, ਪਵਨ ਸ਼ਰਮਾ, ਨਰਿੰਦਰ ਮੱਖਣ, ਸੁਮੇਰ ਗਰਗ,ਹਰੀਸ਼ ਗੱਖੜ ਆਦਿ ਮੈਬਰ ਹਾਜ਼ਰ ਸਨ।


ਸੁਨਾਮ ਵਿੱਚ ਪ੍ਰੈਸ ਕਲੱਬ ਦੇ ਪ੍ਰਧਾਨ ਰੁਪਿੰਦਰ ਸਿੰਘ ਸੱਗੂ ਜਾਣਕਾਰੀ ਦੇਣ ਮੌਕੇ

# ਲੋਕ ਸਭਾ ਚੋਣਾ 2024, ਸਵੀਪ ਗਤੀਵਿਧੀਆਂ ਰਾਹੀ ਵੋਟਰਾਂ ਨੂੰ ਕੀਤਾ ਜਾ ਰਿਹੇ ਜਾਗਰੂਕ : ਡਾ.ਪ੍ਰੀਤੀ ਯਾਦਵ



**ਸ੍ਰੀ ਅਨੰਦਪੁਰ ਸਾਹਿਬ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਤੇ ਟੂਰੀਜਮ ਵਿਭਾਗ ਦੇ ਸਹਿਯੋਗ ਨਾਲ ਦੋ ਰੋਜ਼ਾ ਹੋਲਾ ਮਹੱਲਾ ਨਿਹੰਗ ਓਲੰਪਿਕਸ ਸ੍ਰੀ ਅਨੰਦਪੁਰ ਸਾਹਿਬ-2024 ਇੱਥੇ ਇਤਿਹਾਸਿਕ ਚਰਨ ਗੰਗਾ ਸਟੇਡੀਅਮ ਵਿਚ ਅੱਜ ਸਫਲਤਾ ਪੂਰਵਕ ਸਪੰਨ ਹੋ ਗਈਆਂ ਹਨ। ਐਡਵੈਂਚਰ ਸਪੋਰਟਸ ਦੌਰਾਨ ਹੋਟ ਏਅਰ ਵੈਲੂਨ, ਮਨਮੋਹਕ ਵਾਟਰ ਬਾਡੀ ਤੇ ਪੈਡਲ ਵੋਟ ਸੈਲਾਨੀਆਂ ਦੀ ਵਿਸੇਸ਼ ਖਿੱਚ ਦਾ ਕੇਂਦਰ ਬਣੇ ਹੋਏ ਹਨ। ਨਿਹੰਗ ਓਲੰਪਿਕਸ ਵਿੱਚ ਕਿੱਲਾ ਪੁੱਟਣਾ (ਟੈਂਟ ਪੈਗਿੰਗ), ਗੱਤਕਾ, ਤੀਰ ਅੰਦਾਜ਼ੀ (ਆਰਚਰੀ), ਗੱਤਕਾ ਸੋਟੀ-ਫਰੀ, ਕਵੀਸ਼ਰੀ, ਢਾਡੀ ਵਾਰਾ, ਦਸਤਾਰ ਬੰਦੀ ਦੇ ਮੁਕਾਬਲੇ ਵਿਸੇਸ਼ ਆਕਰਸ਼ਣ ਬਣੇ ਰਹੇ, ਜਦੋਂ ਕਿ ਪੰਜਾਬ ਦੀ ਵਿਰਾਸਤ ਕਰਾਫਟ ਮੇਲਾ ਅਤੇ ਸਾਡੇ ਅਮੀਰ ਵਿਰਸੇ ਤੇ ਸੱਭਿਆਚਾਰ ਦੇ ਪ੍ਰਤੀਕ ਪੇਸ਼ਕਾਰੀਆਂ ਨੇ ਹਾਜ਼ਰ ਸ਼ਰਧਾਲੂਆਂ, ਸੈਲਾਨੀਆਂ ਤੇ ਸਰੋਤਿਆਂ ਨੂੰ ਦੋ ਦਿਨ ਤੱਕ ਕੀਲ ਕੇ ਰੱਖਿਆਂ। ਇਹ ਨਿਵੇਕਲਾ ਉਪਰਾਲਾ ਹੋਲਾ ਮਹੱਲਾ ਦੌਰਾਨ ਪਹਿਲਾ ਵਾਰ ਕੀਤਾ ਗਿਆ, ਜਿਸ ਦੇ ਲਈ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ ਅਤੇ ਸੈਰ ਸਪਾਟਾ ਵਿਭਾਗ ਦੇ ਨਿਗਰਾਨ ਇੰ. ਬੀ.ਐਸ.ਚਾਨਾ ਨੇ ਲਗਾਤਾਰ ਕਈ ਦਿਨ ਤੱਕ ਇਨ੍ਹਾਂ ਤਿਆਰੀਆਂ ਨੂੰ ਮੁਕੰਮਲ ਕਰਵਾਇਆ।
ਇਸ ਹੋਲਾ ਮਹੱਲਾ ਓਲੰਪਿਕਸ ਵਿਰਾਸਤੀ ਖੇਡਾਂ ਦੇ ਸਮਾਪਤੀ ਸਮਾਰੋਹ ਵਿੱਚ ਉਚੇਚੇ ਤੌਰ ਤੇ ਮਾਣਯੋਗ ਹਰਪ੍ਰੀਤ ਕੌਰ ਜਸਟਿਸ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵਿਸੇਸ਼ ਤੌਰ ਤੇ ਸ਼ਿਰਕਤ ਕੀਤੀ। ਪਹਿਲਾ ਹੋਲਾ ਮਹੱਲਾ ਨਿਹੰਗ ਓਲੰਪਿਕਸ ਦੀ ਸੁਰੂਆਤ 2 ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਵੱਲੋਂ ਮਸ਼ਾਲ ਜਲਾ ਕੇ ਕੀਤੀ ਗਈ, ਇਸ ਮਸ਼ਾਲ ਮਾਰਚ ਦੀ ਅਗਵਾਈ ਪ੍ਰਿਅੰਕਾ ਦੇਵੀ (ਕਬੱਡੀ ਖਿਡਾਰਨ), ਸਮਰਿਤੀ ਸ਼ਰਮਾ (ਹੈਡਵਾਲ ਖਿਡਾਰਨ) ਵੱਲੋਂ ਕੀਤੀ ਗਈ, ਜਿਸ ਦੇ ਨਾਲ ਦੋ ਘੋੜ ਸਵਾਰ ਵੀ ਚੱਲ ਰਹੇ ਸਨ। ਇਸ ਸਮਾਰੋਹ ਦੌਰਾਨ ਦੋ ਹਾਥੀ ਵੀ ਆਕਰਸ਼ਣ ਦਾ ਕੇਂਦਰ ਰਹੇ। ਨਿਹੰਗ ਓਲੰਪਿਕਸ ਦੌਰਾਨ ਕਿੱਲਾ ਪੁੱਟਣਾ, ਘੋੜ ਦੌੜ ਅਤੇ ਗੱਤਕੇ ਦੇ ਜੌਹਰ ਹਾਜ਼ਰ ਲੋਕਾਂ ਵੱਲੋਂ ਦਿਲ ਰੋਕ ਕੇ ਵੇਖੇ ਗਏ। ਸੈਰ ਸਪਾਟਾ ਵਿਭਾਗ ਵੱਲੋਂ ਦਸਤਾਰ ਬੰਦੀ ਤੇ ਫੁਲਕਾਰੀ ਵਿਸੇਸ਼ ਆਕਰਸ਼ਣ ਬਣੇ ਰਹੇ, ਪਹਿਲੀ ਵਾਰ ਹੋਲਾ ਮਹੱਲਾ ਮੌਕੇ ਹੋਏ ਵਿਰਾਸਤੀ ਖੇਡਾਂ ਦੇ ਮੁਕਾਬਲਿਆਂ ਨੇ ਸ਼ਰਧਾਲੂਆਂ/ ਸੈਲਾਨੀਆਂ ਵਿੱਚ ਨਵੀ ਖਿੱਚ ਪੈਦਾ ਕੀਤੀ।

# ਵੀਨਸ ਕਲੋਨੀ ਦੇ ਅੱਗੇ ਬਣਿਆ ਨਸ਼ੇੜੀਆਂ ਦਾ ਅੱਡਾ

**ਪਟਿਆਲਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਵੀਨਸ ਕਲੋਨੀ ਜੋ ਕਿ ਗੁਰਦਵਾਰਾ ਸ਼੍ਰੀ ਦੁਖਨਿਵਾਰਨ ਸਾਹਿਬ ਰੋਡ ਤੋਂ ਰੇਲਵੇ ਸਟੇਸ਼ਨ 'ਤੇ ਸਥਿਤ ਹੈ, ਇਸ ਕਲੌਨੀ ਦੇ ਆਲੇ ਦੁਆਲੇ ਨਸ਼ੇੜੀ ਅਤੇ ਚੋਰ ਆਮ ਕਰਕੇ ਵਾਰਦਾਤਾਂ ਕਰਦੇ ਹੀ ਰਹਿੰਦੇ ਹਨ ਕਿਉਕਿ ਇਸ ਕਲੌਨੀ ਦੇ ਮੇਨ ਗੇਟ ਦੇ ਨੇੜੇ ਹੀ ਇਕ ਸ਼ਰਾਬ ਦਾ ਠੇਕਾ ਅਤੇ ਮੀਟ ਦੀਆਂ ਕਈ ਰੇਹੜੀਆਂ ਅਤੇ ਖੋਖੇ ਹਨ। ਕਈ ਵਾਰੀ ਨਸ਼ੇੜੀ ਅਤੇ ਚੋਰ ਕਲੌਨੀ ਦੇ ਅੰਦਰ ਵੀ ਆ ਜਾਂਦੇ ਹਨ। ਇਹ ਕਲੌਨੀ ਚਾਰੋਂ ਪਾਸਿਆਂ ਤੋਂ ਬੰਦ ਹੈ ਜਿਸ ਕਾਰਨ ਨਸ਼ੇੜੀ ਕਲੌਨੀ ਅੰਦਰ ਆ ਕੇ ਕਲੌਨੀ ਨਿਵਾਸੀਆਂ ਨੂੰ ਅਕਸਰ ਬਹੁਤ ਦੁੱਖੀ ਕਰਦੇ ਹਨ। ਕਲੌਨੀ ਦੀ ਵੈਲਫ਼ੇਅਰ ਐਸੋਸਏਸ਼ਨ ਵਲੋਂ ਮੰਗ ਕੀਤੀ ਜਾਂਦੀ ਹੈ ਕਿ ਇਸ ਕਲੌਨੀ ਦੇ ਅੰਦਰ ਅਤੇ ਆਲੇ-ਦੁਆਲੇ ਪੁਲਿਸ ਦੀ ਗਸ਼ਤ ਕਰਵਾਈ ਜਾਵੇ ਤਾਂ ਜੋ ਕਲੌਨੀ ਨਿਵਾਸੀ ਸੁਰੱਖਿਅਤ ਜੀਵਨ ਬਤੀਤ ਕਰ ਸਕਣ।


ਨਗਨ ਹਾਲਤ 'ਚ ਡਿੱਗਿਆ ਪਿਆ ਨਸ਼ੇੜੀ


ਆਮ ਆਦਮੀ ਪਾਰਟੀ ਦੇ ਜੁਝਾਰੂ ਸਾਥੀ ਰਾਮ ਕੁਮਾਰ ਨੂੰ ਹਲਕਾ ਸੁਨਾਮ ਟਰੇਡ ਵਿੰਗ ਦਾ ਕੋਆਰਡੀਨੇਟਰ ਅਤੇ ਹਰਵਿੰਦਰ ਸਿੰਘ ਨਾਮਧਾਰੀ, ਕਿਸ਼ੋਰ ਕੁਮਾਰ ਬਿਟੂ ਤਲਵਾੜ, ਹਰਮੀਤ ਵਿਰਕ, ਸ਼ਿਵਜੀ, ਨਰਿੰਦਰ ਸਿੰਘ ਠੇਕੇਦਾਰ, ਹਰਿਦੇਵ ਗੋਇਲ ਅਮਰੀਕ ਸਿੰਘ ਨੂੰ ਡਿਸਟ੍ਰਿਕ ਜੋਇੰਟ ਸੈਕਟਰੀ ਲੱਗਣ ਤੇ ਬਹੁਤ ਬਹੁਤ ਮੁਬਾਰਕਬਾਦ

# ਸੀ-ਵਿਜਿਲ ਐਪ 'ਤੇ ਹੁਣ ਤੱਕ ਆਈਆਂ 32 ਸ਼ਿਕਾਇਤਾਂ 'ਚੋਂ 15 ਦਾ ਸਮਾਂ ਬੱਧ ਨਿਪਟਾਰਾ ਬਾਕੀ ਨਾਲ ਸਬੰਧਤ ਨਾ ਹੋਣ ਕਰਕੇ ਰੱਦ : ਜ਼ਿਲ੍ਹਾ ਚੋਣ ਅਫ਼ਸਰ

**ਪਟਿਆਲਾ, 26 ਮਾਰਚ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਅਨੁਸਾਰ ਜ਼ਿਲ੍ਹੇ ਵਿੱਚ ਆਦਰਸ਼ ਚੋਣ ਜ਼ਾਬਤੇ ਦੇ ਲਾਗੂ ਹੋਣ ਬਾਅਦ ਚੋਣ ਅਮਲ ਨਾਲ ਸਬੰਧਤ ਸ਼ਿਕਾਇਤਾਂ/ਮਾਮਲਿਆਂ ਲਈ ਪ੍ਰਤੀਬੱਧ ਪ੍ਰਣਾਲੀ ਕੰਮ ਕਰ ਰਹੀ ਹੈ ਤਾਂ ਜੋ ਚੋਣ ਅਮਲ ਨੂੰ ਨਿਰਪੱਖ, ਸੁਤੰਤਰ, ਸ਼ਾਂਤਮਈ ਤੇ ਨਿਰਵਿਘਨ ਬਣਾਇਆ ਜਾ ਸਕੇ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਪਟਿਆਲਾ ਵਿਖੇ ਜ਼ਿਲ੍ਹਾ ਪੱਧਰ 'ਤੇ ਨੋਡਲ ਅਫ਼ਸਰ ਸ਼ਿਕਾਇਤਾਂ ਵਜੋਂ ਤਾਇਨਾਤ ਪੀਡੀਏ ਦੇ ਮਿਲਖ ਅਫ਼ਸਰ ਤੇ ਸਕੱਤਰ ਆਰ.ਟੀ.ਏ. ਦੀਪਜੋਤ ਕੌਰ ਦੀ ਅਗਵਾਈ ਹੇਠ ਸ਼ਿਕਾਇਤ ਸੈਲ ਪੂਰੀ ਪ੍ਰਤੀਬੱਧਤਾ ਨਾਲ ਕੰਮ ਕਰ ਰਿਹਾ ਹੈ, ਇਸ ਸੈਲ ਵੱਲੋਂ ਸ਼ਿਕਾਇਤਾਂ ਦਾ ਨਿਪਟਾਰਾ ਨਿਰਧਾਰਤ ਸਮੇਂ ਦੇ ਅੰਦਰ ਕਰਨ ਲਈ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ ਸੀ-ਵਿਜਿਲ ਤੋਂ ਇਲਾਵਾ 1950 ਨੰਬਰ ਵੀ ਚੋਣ ਸਬੰਧੀ ਕਿਸੇ ਵੀ ਤਰ੍ਹਾਂ ਦੀ ਪੁੱਛ-ਗਿੱਛ ਦੇ ਨਾਲ-ਨਾਲ ਸ਼ਿਕਾਇਤ ਦਰਜ ਕਰਨ ਦਾ ਕੰਮ ਵੀ ਕਰ ਰਿਹਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸੀ-ਵਿਜਿਲ ਜੋ ਕਿ ਐਂਡਰਾਇਡ ਤੇ ਆਈ.ਓ.ਐਸ ਪਲੇਟਫ਼ਾਰਮ ਅਧਾਰਿਤ ਆਨਲਾਈਨ ਸ਼ਿਕਾਇਤ ਪ੍ਰਣਾਲੀ ਹੈ, ਰਾਹੀਂ 16 ਮਾਰਚ ਤੋਂ ਲੈਕੇ ਅੱਜ ਤੱਕ ਆਈਆਂ 32 ਸ਼ਿਕਾਇਤਾਂ ਵਿੱਚੋਂ ਚੋਣ ਪ੍ਰਕ੍ਰਿਆ ਨਾਲ ਸਬੰਧਤ ਨਾ ਹੋਣ ਕਰਕੇ 17 ਰੱਦ ਕਰ ਦਿਤੀਆਂ ਗਈਆਂ ਅਤੇ 15 ਦਾ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਕੀਤਾ ਗਿਆ ਹੈ।



ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸੀ-ਵਿਜਿਲ 'ਤੇ ਆਉਂਦੀ ਸ਼ਿਕਾਇਤ ਨੂੰ ਪ੍ਰਾਪਤ ਹੋਣ ਦੇ ਪੰਜ ਮਿੰਟ 'ਚ ਹੀ ਫਲਾਇੰਗ ਸਕੂਐਡ ਟੀਮ ਨੂੰ ਸੌਂਪ ਦਿੱਤਾ ਜਾਂਦਾ ਹੈ। ਟੀਮ 15 ਮਿੰਟ 'ਚ ਸਬੰਧਤ ਥਾਂ 'ਤੇ ਪਹੁੰਚਦੀ ਹੈ। ਉਸ ਤੋਂ ਬਾਅਦ 30 ਮਿੰਟ 'ਚ ਉਸ ਸ਼ਿਕਾਇਤ ਦੇ ਤੱਥ ਜਾਂਚ ਕੇ, ਉਸ ਦੇ ਸਹੀ ਜਾਂ ਗ਼ਲਤ ਹੋਣ ਬਾਰੇ ਸਬੰਧਤ ਵਿਧਾਨ ਸਭਾ ਹਲਕੇ ਦੇ ਸਹਾਇਕ ਰਿਟਰਨਿੰਗ ਅਫ਼ਸਰ ਨੂੰ ਅਗਲੇਰੀ ਕਾਰਵਾਈ ਲਈ ਭੇਜ ਦਿੱਤੀ ਜਾਂਦੀ ਹੈ। ਸਹਾਇਕ ਰਿਟਰਨਿੰਗ ਅਫ਼ਸਰ ਉਸ ਸ਼ਿਕਾਇਤ 'ਤੇ ਅਗਲੇ 50 ਮਿੰਟ 'ਚ ਆਪਣੇ ਵੱਲੋਂ ਕੀਤੀ ਜਾਣ ਵਾਲੀ ਕਾਰਵਾਈ ਕਰਕੇ ਇਸ ਦਾ ਨਿਪਟਾਰਾ ਕਰ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਕੇਵਲ 100 ਮਿੰਟ 'ਚ ਸ਼ਿਕਾਇਤ ਨੂੰ ਹੱਲ ਕਰਨਾ ਯਕੀਨੀ ਬਣਾਇਆ ਜਾਂਦਾ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਸ਼ਿਕਾਇਤਾਂ ਦੇ ਨਿਪਟਾਰੇ, ਸੁਝਾਓ ਤੇ ਫੀਡਬੈਕ ਪ੍ਰਾਪਤੀ ਲਈ ਬਣਾਏ ਸਿੰਗਲ ਵਿੰਡੋ (ਐਨ.ਜੀ.ਐਸ.ਪੀ.) ਨੈਸ਼ਨਲ ਗ੍ਰੀਵਾਂਸ ਸਰਵਿਸ ਪੋਰਟਲ 'ਤੇ 16 ਮਾਰਚ ਤੋਂ ਲੈਕੇ 26 ਮਾਰਚ ਤੱਕ ਕੁਲ 48 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਿਨ੍ਹਾਂ 'ਚੋਂ 43 ਦਾ ਨਿਪਟਾਰਾ ਕਰ ਦਿੱਤਾ ਗਿਆ ਤੇ 1 'ਤੇ ਮੁੜ ਵਿਚਾਰ ਕੀਤਾ ਜਾ ਰਿਹਾ ਹੈ ਅਤੇ 4 ਸ਼ਿਕਾਇਤਾਂ ਉਪਰ ਕਾਰਵਾਈ ਕੀਤੀ ਜਾ ਰਹੀ ਹੈ।

ਇਸੇ ਤਰ੍ਹਾਂ ਈਮੇਲ ਕੰਪਲੇਟਸੈਲਪੀਟੀਏ2024 ਐਟ ਦੀ ਰੇਟ ਜੀਮੇਲ ਉਪਰ 5 ਸ਼ਿਕਾਇਤਾ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 3 ਦਾ ਨਿਪਟਾਰਾ ਤੁਰੰਤ ਕੀਤਾ ਗਿਆ ਤੇ 2 ਸ਼ਿਕਾਇਤਾਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਜਦਕਿ ਸ਼ਿਕਾਇਤ ਸੈਲ ਦੇ ਫੋਨ ਨੰਬਰ 0175-2923084 'ਤੇ ਕੋਈ ਸ਼ਿਕਾਇਤ ਦਰਜ ਨਹੀਂ ਹੋਈ।

ਸ਼ੌਕਤ ਅਹਿਮਦ ਪਰੇ ਨੇ ਅੱਗੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਦਿੱਤੇ ਗਏ ਟੋਲ ਫਰੀ ਨੰਬਰ 1950 ਉਪਰ ਲੋਕ ਸਭਾ ਹਲਕੇ ਪਟਿਆਲਾ ਨਾਲ ਸਬੰਧਤ ਨਾਗਰਿਕਾਂ ਦੀਆਂ 79 ਕਾਲਾਂ ਪ੍ਰਾਪਤ ਹੋਈਆਂ।

# ਕਿਸਾਨ ਅੰਦੋਲਨ 2 ਧਰਨਾ ਸ਼ੰਭੂ ਬਾਡਰ ਤੇ ਖਨੌਰੀ ਬਾਡਰ 39ਵੇਂ ਦਿਨ ਵੀ ਚੜਦੀ ਕਲਾ ਨਾਲ ਜਾਰੀ : ਹਰਭਜਨ ਸਿੰਘ ਵੈਰੋਨੰਗਲ

**ਗੁਰਦਾਸਪੁਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ੰਭੂ ਬਾਰਡਰ ਅਤੇ ਖਨੌਰੀ ਬਾਰਡਰ ਤੇ ਕਿਸਾਨ ਅੰਦੋਲਨ 39 ਵੇ ਦਿਨ ਵੀ ਚੜ੍ਹਦੀਕਲਾ ਵਿੱਚ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਹਰਭਜਨ ਸਿੰਘ ਵੈਰੋਨੰਗਲ ਨੇ ਕਿਹਾ ਦਿਲੀ ਅੰਦੋਲਨ,2 ਵਿੱਚ ਲੋਕਾਂ ਦੀ ਆਮਦ ਲਗਾਤਾਰ ਵੱਧ ਰਹੀ ਹੈ। ਤੇ ਭਾਰਤ ਦੇ ਵੱਖ ਵੱਖ ਸਟੇਟਾਂ ਤੋਂ ਲੋਕ ਆ ਰਹੇ ਹਨ ਤੇ ਮੋਦੀ ਸਰਕਾਰ ਦੇ ਕੀਤੇ ਜਬਰ ਦਾ ਵਿਰੋਧ ਕਰ ਰਹੇ ਹਨ ਤੇ ਖਨੌਰੀ ਬਾਡਰ ਤੇ ਸ਼ਹੀਦ ਹੋਏ ਕਿਸਾਨ ਸੁਭਕਰਨ ਸਿੰਘ ਦੀ ਕਲਸ ਯਾਤਰਾ ਨੂੰ ਪੂਰੇ ਹਰਿਆਣੇ ਵਿੱਚ ਬਹੁਤ ਵੱਡਾ ਹੁੰਗਾਰਾ ਮਿਲ ਰਿਹਾ ਹੈ ਤੇ ਲੋਕਾਂ ਵਿਚ ਬਹੁਤ ਵੱਡਾ ਰੋਸ ਪਾਇਆ ਜਾ ਰਿਹਾ ਹੈ।

ਇਹ ਕਲਸ ਯਾਤਰਾ ਹਰਿਆਣੇ ਤੋਂ ਬਾਅਦ ਪੰਜਾਬ ਤੇ ਫੇਰ ਪੂਰੇ ਭਾਰਤ ਦੀਆਂ ਵੱਖ ਵੱਖ ਸਟੇਟਾਂ ਵਿਚ ਜਾਵੇਗੀ ਤੇ ਮੋਦੀ ਸਰਕਾਰ ਦੀਆਂ ਜੜਾਂ ਪੁੱਟ ਦੇਵੇਗੀ ਮੋਰਚੇ ਦੇ ਦੋਵਾਂ



ਫੋਰਮਾਂ ਨੇ ਐਲਾਨ ਕੀਤਾ ਹੈ, ਕਿ ਆਉਣ ਵਾਲੇ ਦਿਨਾਂ ਵਿਚ ਪਿੰਡਾਂ ਵਿੱਚ ਆਉਣ ਵਾਲੇ ਪੁਲੀਟੀਕਲੀ ਲੀਡਰਾਂ ਨੂੰ ਸਵਾਲ ਪੁਛੇ ਜਾਣਗੇ,ਤੇ ਜੇਕਰ ਇਹਨਾਂ ਸਾਡੇ ਸਵਾਲਾਂ ਦੇ ਜਵਾਬ ਨਾਂ ਦਿਤੇ ਤਾਂ ਫੇਰ ਕਾਲੇ ? ਝੰਡਿਆਂ ਨਾਲ ਵਿਰੋਧ ਕੀਤਾ ਜਾਵੇਗਾ,ਤੇ ਖਾਸ ਕਰਕੇ ਭਾਜਪਾ ਵਾਲਿਆਂ ਦਾ ਡੱਟਕੇ ਵਿਰੋਧ ਕੀਤਾ ਜਾਵੇਗਾ।

ਪ੍ਰਧਾਨ ਹਰਭਜਨ ਸਿੰਘ ਵੈਰੋਨੰਗਲ ਨੇ ਇਹ ਵੀ ਕਿਹਾ ਕਿ ਇਹ ਅੰਦੋਲਨ ਹੁਣ ਲੰਬਾ ਚੱਲੇਗਾ ਤੇ ਸਾਰੇ ਪੰਜਾਬ ਦੇ ਕਿਸਾਨ ਮਜ਼ਦੂਰ ਲਗਾਤਾਰ ਜੱਥਿਆਂ ਦੇ ਰੂਪ ਵਿੱਚ ਦੱਸ ਦੱਸ ਦਿਨਾਂ ਦੀਆਂ ਡਿਊਟੀਆਂ ਨਿਭਾਉਣ ਗਏ ਤੇ ਜ਼ਿਲਾ ਗੁਰਦਾਸਪੁਰ ਦਾ ਜੱਥਾ 23ਤਰੀਕ ਨੂੰ ਪਿੰਡਾਂ ਤੋਂ ਸਵੇਰੇ ਰਵਾਨਾ ਹੋਕੇ ਸਾਮ ਨੂੰ ਸ਼ੰਭੂ ਬਾਡਰ ਤੇ ਪਹੁੰਚੇਗਾ ਤੇ ਅਗਲਾ ਜੱਥਾ 1/4/24 ਨੂੰ ਆਵੇਗਾ। ਪ੍ਰਧਾਨ ਹਰਭਜਨ ਸਿੰਘ ਵੈਰੋਨੰਗਲ ਨੇ ਕਿਹਾ ਕਿ ਇਹ ਅੰਦੋਲਨ ਜਿੰਨਾ ਵੀ ਲੰਬਾ ਚੱਲੇ ਲੋਕਾਂ ਨੇ ਆਰ ਪਾਰ ਦੀ ਲੜਾਈ ਵਾਸਤੇ ਮਨ ਬਣਾ ਲਿਆ ਹੈ ਤੇ MSP ਗਰੰਟੀ ਕਨੂੰਨ ਤੇ ਹੋਰ ਮੰਗਾਂ ਮਨਵਾਕੇ ਹੀ ਦਮ ਲੈਣਗੇ। ਇਹਨਾਂ ਕਿਹਾ ਕਿ ਲੋਕਾਂ ਨੂੰ ਅਪੀਲ ਹੈ ਕਿ ਸਾਰੇ ਪਿੰਡਾਂ ਵਿੱਚ ਪੰਚਾਇਤਾਂ ਦੇ ਮਤੇ ਪਾਸ ਕੀਤੇ ਜਾਣ ਤੇ ਸਾਰੇ ਪਿੰਡਾਂ ਵਿਚੋਂ ਟਰਾਲੀਆਂ ਟਰੈਕਟਰ ਲੈਕੇ ਧਰਨੇ ਵਿੱਚ ਪਹੁੰਚੋ,ਤਾਂ ਜੋਂ ਆਪਣੀਆਂ ਨਸਲਾਂ ਤੇ ਫਸਲਾਂ ਬਚਾਈਆਂ ਜਾ ਸਕਣ।

# ਮਿਸ਼ਨ ਸ਼ਹੀਦਾਂ ਵਲੋਂ ਅੱਜ ਕੱਢਿਆ ਜਾਵੇਗਾ ਮਹੱਲਾ: ਬਾਬਾ ਚਤਰ ਸਿੰਘ



**ਸ੍ਰੀ ਅਨੰਦਪੁਰ ਸਾਹਿਬ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਦਲ ਖਾਲਸਾ ਪੰਥ ਮਾਤਾ ਭਾਗ ਕੌਰ ਮਿਸ਼ਨ ਸ਼ਹੀਦਾਂ ਬਾਬਾ ਸੁੱਖਾ ਸਿੰਘ ਜੀ ਸਚਖੰਡ ਵਾਸੀ ਮਾੜੀ ਕੁੰਬਕੇ ਬਾਬਾ ਸ਼ਹੀਦ ਢਾਲਸਰ ਵਾਲੇ ਦੀ ਮਿਠੀ ਯਾਦ ਵਿੱਚ ਕੌਮੀ ਤਿਉਹਾਰ ਹੌਲਾ - ਮੂਹਲਾ ਤੇ ਨਗਰ ਕੀਰਤਨ 26 ਮਾਰਚ ਨੂੰ ਕੱਢਿਆ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆ ਮੁੱਖ ਸੇਵਾਦਾਰ ਬਾਬਾ ਚਤਰ ਸਿੰਘ ਜੀ ਨੇ ਦੱਸਿਆ ਕੀ ਗੁ.ਅਗੰਮ (ਸਰਾਂ) ਲੋਦੀਪੁਰ ਵਿਖੇ 23 ਮਾਰਚ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਜਿਨਾਂ ਦੇ ਭੋਗ ਅੱਜ 26 ਮਾਰਚ ਸਵੇਰੇ ਪਾਏ ਗਏ ਉਪਰੰਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਥੇ ਸਮੂਹ ਸੰਗਤਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

ਇਸ ਮੌਕੇ ਮੀਤ ਜਥੇਦਾਰ ਬਾਬਾ ਮਾਨ ਸਿੰਘ,ਸੁਰਿੰਦਰ ਪਾਲ ਸ਼ਾਹ,ਰਾਜ ਕੁਮਾਰ ਖਰੈਤੀ,ਜਗਤਾਰ ਸਿੰਘ ਮਹੰਤ ,ਬੰਸੀ ਲਾਲ ,ਜਥੇਦਾਰ ਬਲਵਿੰਦਰ ਸਿੰਘ,ਮਨਦੀਪ ਸਿੰਘ,ਦਿਲਬਾਗ ਸਿੰਘ ਆਦਿ ਹਾਜ਼ਰ ਸਨ

# ਏ.ਆਰ.ਓ. ਭੋਆ ਨੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ ਕਰਕੇ ਆਦਰਸ਼ ਚੋਣ ਜਾਬਤਾ ਤੋਂ ਕਰਵਾਇਆ ਜਾਣੂ

**ਪਠਾਨਕੋਟ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਏ.ਆਰ.ਓ. ਭੋਆ ਸ਼੍ਰੀ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਲੋਕ ਸਭਾ ਚੋਣਾਂ-2024 ਦੇ ਅਧੀਨ ਸੈਗਮੈਂਟ ਭੋਆ ਵਿੱਚਲੀਆਂ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਦੇ ਨਾਲ ਆਦਰਸ ਚੋਣ ਜਾਬਤਾ ਦੀ ਪਾਲਣਾ ਕਰਨ ਹਿੱਤ ਵਿਸੇਸ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕਾਂਗਰਸ ਪਾਰਟੀ ਤੋਂ ਸਤੀਸ ਕੁਮਾਰ, ਆਮ ਆਦਮੀ ਪਾਰਟੀ ਤੋਂ ਪਵਨ ਕੁਮਾਰ, ਸੰਦੀਪ ਕੁਮਾਰ, ਭਾਜਪਾ ਤੋਂ ਰਮਿਤ ਮਹਾਜਨ ਅਤੇ ਸਿਰੋਮਣੀ ਅਕਾਲੀ ਦਲ ਤੋਂ ਹਰਪ੍ਰੀਤ ਸਿੰਘ ਅਤੇ ਸੈਗਮੈਂਟ ਭੋਆ ਨਾਲ ਸਬੰਧਤ ਅਧਿਕਾਰੀ ਵੀ ਹਾਜਰ ਸਨ। ਇਸ ਮੌਕੇ ਤੇ ਵੱਖ ਵੱਖ ਪਾਰਟੀ ਦੇ ਨੁਮਾਇੰਦਿਆਂ ਨੂੰ ਸੰਬੋਧਤ ਕਰਦਿਆਂ ਏ.ਆਰ.ਓ. ਭੋਆ ਸ਼੍ਰੀ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਕਿਹਾ ਕਿ ਹਰੇਕ ਪਾਰਟੀ ਨੂੰ ਕਿਸੇ ਵੀ ਤਰ੍ਹਾਂ ਦਾ ਸਮਾਗਮ ਜਾਂ ਰੈਲੀਆਂ ਆਦਿ ਕਰਨ ਤੋਂ ਪਹਿਲਾਂ ਏ.ਆਰ.ਓ. ਤੋਂ ਆਗਿਆ ਲੈਣੀ ਹੋਵੇਗੀ ਜੋ ਕਿ ਆਨ ਲਾਈਨ ਸੁਵਿਧਾ ਐਪ ਤੇ ਅਪਲਾਈ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਇਸ ਮੌਕੇ ਤੇ ਵੱਖ ਵੱਖ ਪਾਰਟੀਆਂ ਨੂੰ ਸੁਵਿਧਾ ਐਪ ਅਤੇ ਖਰਚੇ ਸਬੰਧੀ ਨਿਰਧਾਰਤ ਕੀਮਤਾਂ ਤੇ ਵੀ ਰੋਸਨੀ ਪਾਈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਦੇ ਘਰ ਚੋਂ ਬਿਨ੍ਹਾਂ ਉਸ ਵਿਅਕਤੀ ਦੀ ਸਹਿਮਤੀ ਤੋਂ ਪਾਰਟੀ ਦਾ ਝੰਡਾ ਨਾਂ ਲਗਾਇਆ ਜਾਵੇ, ਘਰ ਦੇ ਮਾਲਕ ਦੀ ਸਹਿਮਤੀ ਨਾਲ ਹੀ ਪਾਰਟੀ ਦੇ ਪਚਾਰ ਸਮੱਗਰੀ ਲਗਾਈ ਜਾਵੇ। ਇਸ ਤੋਂ ਇਲਾਵਾ ਅਗਰ ਕਿਸੇ ਹੋਟਲ, ਮੈਰਿਜ ਪੈਲੇਸ ਜਾਂ ਰੇਸਟੋਰੇਂਟ ਅੰਦਰ ਮੀਟਿੰਗ ਜਾਂ ਰੈਲੀ ਕੀਤੀ ਜਾਂਦੀ ਹੈ ਤਾਂ ਉਸ ਦੀ ਪਰਮਿਸਨ ਵੀ ਲੈ ਲਈ ਜਾਵੇ ਅਤੇ ਇਸ ਮੀਟਿੰਗ ਜਾਂ ਰੈਲੀ ਸਬੰਧੀ ਏ.ਆਰ.ਓ. ਭੋਆ ਨੂੰ ਜਾਣਕਾਰੀ ਦਿੱਤੀ ਜਾਵੈ।



# ਵਿਧਾਇਕਾ ਨੀਨਾ ਮਿੱਤਲ ਦੇ ਕੰਮਾਂ ਤੋ ਪ੍ਰਭਾਵਿਤ ਹੋ ਕੇ ਟਕਸਾਲੀ ਕਾਂਗਰਸੀ ਪਰਿਵਾਰ ਆਪ 'ਚ ਸ਼ਾਮਿਲ

## ਐਮ ਐਲ ਏ ਰਾਜਪੁਰਾ ਮੈਡਮ ਨੀਨਾ ਮਿੱਤਲ ਨੇ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨੂੰ ਪਾਰਟੀ ਚਿੰਨ ਨਾਲ ਕੀਤਾ ਸਨਮਾਨਿਤ

**ਰਾਜਪੁਰਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀਆਂ ਲੋਕ ਪੱਖੀ ਨੀਤੀਆਂ ਅਤੇ ਐਮ ਐਲ ਏ ਰਾਜਪੁਰਾ ਮੈਡਮ ਨੀਨਾ ਮਿੱਤਲ ਵੱਲੋਂ ਹਲਕੇ ਚ ਕਰਵਾਏ ਜਾ ਰਹੇ ਨਿਰਪੱਖ ਵਿਕਾਸ ਕਾਰਜਾਂ ਤੋ ਪ੍ਰਭਾਵਿਤ ਹੋ ਕੇ ਵਾਰਡ ਨੰਬਰ 16 ਤੋ ਟਕਸਾਲੀ ਕਾਂਗਰਸੀ ਪਰਿਵਾਰ ਪੰਡਿਤ ਸ਼ੁਭ ਕਰਣ,ਰੋਹਿਤ ਅਤੇ ,ਮੈਡਮ ਕਿਰਨਾ, ਅੰਗਰੇਜ਼ ਸਿੰਘ ਗੇਜੀ, ਗੁਰਮੇਲ ਸਿੰਘ ਗੇਲਾ,ਕਾਕਾ ਸਿੰਘ,ਜੀਏ ਲਾਲ,ਡਿੰਪਲ, ਗੁਰਸੇਵਕ ਸਿੰਘ, ਗਗਨਜੀਤ ਸਿੰਘ ਆਦਿ ਨੇ ਐਮ ਐਲ ਏ ਕੋਆਰਡੀਨੇਟਰ ਦਵਿੰਦਰ ਸਿੰਘ ਕੱਕੜ ਅਤੇ ਐਮ ਐਲ ਏ ਕੋਆਰਡੀਨੇਟਰ ਮੇਜਰ ਸਿੰਘ ਬਖਸ਼ੀਵਾਲਾ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ ਲਿਆ ਹੈ।ਇਸ ਮੌਕੇ ਹਲਕਾ ਰਾਜਪੁਰਾ ਵਿਧਾਇਕ ਮੈਡਮ ਨੀਨਾ ਮਿੱਤਲ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਨੌਜਵਾਨਾਂ ਅਤੇ ਕਾਂਗਰਸੀ ਟਕਸਾਲੀ ਪਰਿਵਾਰ ਨੂੰ ਪਾਰਟੀ ਚਿੰਨ ਨਾਲ ਸਨਮਾਨਿਤ ਕਰਦੇ ਹੋਏ ਵਿਸ਼ਵਾਸ ਦਵਾਇਆ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਹਰ ਵਿਅਕਤੀ ਦਾ ਪੂਰਾ ਮਾਨ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਪੰਡਤ ਸੁੱਭਕਰਣ ਨੇ ਕਿਹਾ ਕਿ ਪਿਛਲੇ 30 ਸਾਲਾ ਤੋ ਗੁਰੂ ਅਮਰਦਾਸ ਕਲੋਨੀ ਵਿੱਚ ਰਹਿ ਰਹੇ ਹਾ। ਪ੍ਰੰਤੂ ਸਾਡੀ ਕਿਸੇ ਨੇ ਵੀ ਸਾਰ ਨਹੀ ਲਈ ਜਦ ਕਿ ਲੰਮਾ ਸਮਾ ਕਾਗਰਸ ਨਾਲ ਜੁੜੇ ਰਹਿਣ ਦੇ ਬਾਵਜੂਦ ਸਾਡਾ ਇਲਾਕਾ ਬੁਨਿਆਦੀ ਸਹੂਲਤਾ ਤੋ ਵਾਝਾ ਰਿਹਾ ਹੈ।ਪੰਡਤ ਸੁੱਕਰਣ ਨੇ ਕਿਹਾ ਕਿ ਜਦੋ ਤੋ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਬਣੀ ਹੈ ਉਦੋ ਤੋ ਹਲਕਾ ਰਾਜਪੁਰਾ ਵਿਧਾਇਕਾ ਮੈਡਮ ਨੀਨਾ ਮਿੱਤਲ ਵੱਲੋਂ ਸਮੁੱਚੇ ਰਾਜਪੁਰਾ ਦੇ ਨਾਲ ਵਾਰਡ ਨੰਬਰ 16 ਅਤੇ ਵਾਰਡ ਨੰਬਰ 15 ਚ ਵਿਕਾਸ ਕਾਰਜਾਂ ਦੀਆ ਝੜੀਆ ਲਾਈਆ ਹੋਈਆ ਹਨ। ਜਿਨ੍ਹਾਂ ਤੋ ਪ੍ਰਭਾਵਿਤ ਹੋ ਕੇ ਅੱਜ ਅਸੀ ਐਮ ਐਲ ਏ ਰਾਜਪੁਰਾ ਮੈਡਮ ਨੀਨਾ ਮਿੱਤਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਚ ਮਾਣ ਮਹਿਸੂਸ ਕਰ ਰਹੇ ਹਾ।ਕਿਉਕਿ ਐਮ ਐਲ ਏ ਰਾਜਪੁਰਾ ਮੈਡਮ ਨੀਨਾ ਮਿੱਤਲ ਨੇ ਵਾਰਡ ਨੰਬਰ 15 ਅਤੇ 16 ਵਿਚ ਪਿਛਲੇ ਕੁਝ ਮਹੀਨਿਆਂ ਤੋ ਇੰਟਰਲਾਕ ਟਾਇਲਾਂ ਨਾਲ ਬਣਨ ਵਾਲੀਆ ਕਰੀਬ 20 ਸੜਕਾ ਬਣਵਾ ਕੇ ਇਨ੍ਹਾਂ ਵਾਰਡਾਂ ਵਾਸੀਆਂ ਦੀ ਜਿਥੇ ਬਾਹ ਫੜੀ ਹੈ,ਉਥੇ ਦੋਵਾ ਵਾਰਡਾ ਚ ਹੋਰ ਨਵੀਆ ਸੜਕਾ ਬਣਾਉਣ ਦੀ ਅਗਲੀ ਰੂਪ ਰੇਖਾ ਤਿਆਰ ਕੀਤੀ ਹੈ ਜਿਸ ਨਾਲ 30 ਸਾਲਾ ਤੋ ਵੱਧ ਸਮੇਂ ਤੋਂ ਨਰਕ ਵਰਗੀ ਜ਼ਿੰਦਗੀ ਜੀਅ ਰਹੇ ਵਾਰਡ ਨੰਬਰ 15 ਅਤੇ 16 ਨਿਵਾਸੀਆਂ ਨੂੰ ਪਹਿਲੀ ਵਾਰ ਸਹਿਰੀ ਜਿੰਦਗੀ ਜੀਉਣ ਦਾ ਸੁਨਿਹਰੀ ਮੌਕਾ ਮਿਲੇਗਾ।ਉਨ੍ਹਾ ਕਿਹਾ ਕਿ ਐਮ ਐਲ ਏ ਨੀਨਾ ਮਿੱਤਲ ਦੀ ਦੇਖ-ਰੇਖ ਹੇਠ ਸਾਡੇ ਵਾਰਡਾ ਦੀ ਵਿਕਾਸ ਕਾਰਜਾ ਨਾਲ ਕਾਇਆ ਕਲਪ ਕੀਤੀ ਜਾਵੇਗੀ।ਇਸ ਮੌਕੇ ਐਮ ਐਲ ਏ ਰਾਜਪੁਰਾ ਮੈਡਮ ਨੀਨਾ ਮਿੱਤਲ ਨੇ ਕਿਹਾ ਕਿ ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਨਵੇ ਸਾਥੀਆ ਦਾ ਜਿਥੇ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ,ਉਥੇ ਆਮ ਆਦਮੀ ਪਾਰਟੀ ਵਿੱਚ ਮਿਹਨਤਕਸ਼ ਵਲੰਟੀਅਰਜ਼ ਨੂੰ ਦਰਜਾ ਬਦਰਜਾ ਜ਼ਿੰਮੇਵਾਰੀਆ ਨਾਲ ਨਿਵਾਜਿਆ ਜਾਵੇਗਾ।

ਇਸ ਮੌਕੇ ਐਮ ਐਲ ਏ ਕੋਆਰਡੀਨੇਟਰ ਦਵਿੰਦਰ ਸਿੰਘ ਕੱਕੜ, ਗੁਰਸ਼ਰਨ ਸਿੰਘ ਵਿਰਕ,ਮਾਨ ਸਿੰਘ ਨੌਸ਼ਹਿਰਾ, ਐਡਵੋਕੇਟ ਸੰਦੀਪ ਬਾਵਾ, ਪ੍ਰਧਾਨ ਰਾਜੇਸ ਬੋਵਾ,ਡਾ ਲਖਵੀਰ ਸਿੰਘ, ਰੁਪਿੰਦਰ ਸਿੰਘ,ਰੋਮਾ ਗਿੱਲ ਸਮੇਤ ਹੋਰ ਵੀ ਮੌਜੂਦ ਸਨ।

# ਰਾਜਪੁਰਾ ਪੁਲਿਸ ਨੇ 31 ਕਿਲੋ ਭੁੱਕੀ ਚੂਰਾ ਪੋਸਤ ਸਮੇਤ ਦੋ ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ

**ਰਾਜਪੁਰਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਥਾਣਾ ਸੁਦਰ ਰਾਜਪੁਰਾ ਪੁਲਿਸ ਨੇ ਦੋ ਵਿਅਕਤੀਆਂ ਨੂੰ 31 ਕਿਲੋ ਭੁੱਕੀ ਚੂਰਾ ਪੋਸਤ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸ਼੍ਰੀ ਬਿਕਰਮਜੀਤ ਸਿੰਘ ਬਰਾੜ ਡੀਐਸਪੀ ਰਾਜਪੁਰਾ ਨੇ ਦੱਸਿਆ ਕਿ ਮਾਨਯੋਗ ਐਸਐਸਪੀ ਪਟਿਆਲਾ ਵਰੁਣ ਸ਼ਰਮਾ ਵੱਲੋਂ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਤਹਿਤ ਐਸ ਪੀ ਯੋਗੇਸ਼ ਕੁਮਾਰ ਪਟਿਆਲਾ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਚੱਲ ਰਹੇ ਨਸ਼ਾ ਵਿਰੋਧੀ ਮੁਹਿੰਮ ਤਹਿਤ ਇੰਸਪੈਕਟਰ ਸਰਬਜੀਤ ਸਿੰਘ ਮੁੱਖ ਅਫਸਰ ਸਦਰ ਰਾਜਪੁਰਾ ਦੀ ਟੀਮ ਨੇ ਉਦੋਂ ਕਾਮਯਾਬੀ ਮਿਲੀ ਜਦੋਂ ਪੁਲਿਸ ਪਾਰਟੀ ਨੂੰ ਮੇਨ ਸੜਕ ਸਾਹਮਣੇ 17$ ਰਿਜੋਰਟ ਦੇ ਹੱਦ ਪਿੰਡ ਬਸੰਤਪੁਰਾ ਨਾਕਾਬੰਦੀ ਕੀਤੀ ਹੋਈ ਸੀ ਨਾਕੇ ਤੇ ਆਉਣ ਜਾਣ ਵਾਲੇ ਵਾਇਕਲਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ ਇਸ ਦੌਰਾਨ ਰਾਜਪੁਰਾ ਸਾਈਡ ਤੋਂ ਇੱਕ ਕਾਰ ਨੰਬਰ ਪੀਬੀ 01 ਬੀ-3098 ਮਾਰਕਾ ETIOS ਜਿਸ ਨੂੰ ਇੱਕ ਮੋਨਾ ਵਿਅਕਤੀ ਚਲਾ ਰਿਹਾ ਸੀ ਜਿਸ ਦੇ ਨਾਲ ਵਾਲੇ ਸੀਟ ਤੇ ਇੱਕ ਹੋਰ ਵਿਅਕਤੀ ਬੈਠਾ ਸੀ ਕਾਰ ਚਾਲਕ ਨੇ ਬੈਰੀਗੇਟ ਲੱਗੇ ਹੋਣ ਕਾਰਨ ਪੁਲਿਸ ਪਾਰਟੀ ਨੂੰ ਦੇਖ ਆਪਣੀ ਕਾਰ ਨੂੰ ਭਜਾਉਣ ਦੀ ਕੋਸ਼ਿਸ਼ ਕੀਤੀ ਰਾਜਪੁਰਾ ਪੁਲਿਸ ਪਾਰਟੀ ਨੇ ਕਾਰ ਚਾਲਕ ਨੂੰ ਕਾਬੂ ਕਰਕੇ ਨਾ ਪਤਾ ਪੁੱਛਿਆ ਕਾਰ ਚਾਲਕ ਨੇ ਆਪਣਾ ਨਾਮ ਨੋਨੀ ਹਾਲ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਮਕਾਨ ਨੰਬਰ 453 ਵਾਰਡ ਨੰਬਰ 2 ਸਾਹਮਣੇ ਮੈਕਸ ਆਟੋ ਰਾਮ ਬਸਤੀ ਧੂਰੀ ਰੋਡ ਸੰਗਰੂਰ ਅਤੇ ਦੂਜਾ ਵਿਅਕਤੀ ਨੇ ਆਪਣਾ ਨਾਮ ਧੀਰਪਾਲ ਪੁੱਤਰ ਰਾਮਪਾਲ ਵਾਸੀ ਪਿੰਡ ਫਤਿਹਪੁਰ ਥਾਣਾ ਜਰੀਫ ਨਗਰ ਜਿਲਾ ਬਦਾਊ (ਉੱਤਰ ਪ੍ਰਦੇਸ਼) ਦੱਸਿਆ ਜਿਨਾਂ ਦੇ ਕਬਜ਼ੇ ਵਿੱਚ 31 ਕਿਲੋ ਭੁੱਕੀ ਚੂਰਾ ਪੋਸਤ ਬਰਾਮਦ ਹੋਈ ਪੁਲਿਸ ਨੇ ਮੁਕਦਮਾ ਨੰਬਰ 27 ਮਿਤੀ 21.3. 2024 NDPS ACT ਥਾਣਾ ਸਦਰ ਰਾਜਪੁਰਾ ਰਜਿਸਟਰ ਕੀਤਾ ਗਿਆ ਦੋਸ਼ੀਆਂ ਨਨਿਹਾਲ ਸਿੰਘ ਅਤੇ ਧੀਰਪਾਲ ਨੂੰ ਕੱਲ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਜਿਸ ਦੇ ਬੈਕਵਰਡ ਅਤੇ ਫਾਰਵਰਡ ਸਬੰਧਾਂ ਬਾਰੇ ਪਤਾ ਕੀਤਾ ਜਾ ਰਿਹਾ ਹੈ।

# ਘਰ ਵਿੱਚੋਂ ਗਹਿਣੇ ਤੇ ਨਕਦੀ ਚੋਰੀ

**ਪਾਤੜਾਂ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੇ ਵਾਰਡ ਨੰਬਰ 15 ਦੇ ਇੱਕ ਘਰ ਵਿੱਚੋ ਰਾਤ ਸਮੇਂ ਚੋਰਾਂ ਨੇ ਨਕਦੀ ਅਤੇ ਸੋਨਾ ਚੋਰੀ ਕਰ ਲਿਆ। ਸੂਚਨਾ ਮਿਲਣ 'ਤੇ ਪੁਲੀਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਣ ਮਗਰੋਂ ਕੇਸ ਦਰਜ ਕਰ ਲਿਆ ਹੈ। ਵਾਰਡ ਨੰਬਰ 15 ਦੇ ਵਸਨੀਕ ਬਲਵਿੰਦਰ ਸਿੰਘ ਨੇ ਦੱਸਿਆ ਹੈ ਕਿ ਉਹ ਕੱਪੜੇ ਦੀ ਦੁਕਾਨ 'ਤੇ ਨੌਕਰੀ ਕਰਦਾ ਹੈ, ਕੁਝ ਦਿਨਾਂ ਤੋਂ ਉਸ ਦੀ ਪਤਨੀ ਬੱਚਿਆਂ ਸਮੇਤ ਪੇਕੇ ਗਈ ਹੋਈ ਸੀ। ਉਹ ਵੀ ਉਨ੍ਹਾਂ ਨੂੰ ਲੈਣ ਲਈ ਸਹੁਰੇ ਪਿੰਡ ਹਰਿਆਉ ਚਲਾ ਗਿਆ ਜਦੋਂ ਉਹ ਸਵੇਰ ਸਮੇਂ ਵਾਪਸ ਆਇਆ ਤਾਂ ਘਰ ਦਾ ਦਰਵਾਜ਼ਾ ਖੁੱਲਾ ਤੇ ਕਮਰੇ ਅੰਦਰ ਸਾਮਾਨ ਖਿੱਲਰਿਆ ਪਿਆ ਸੀ। ਉਨ੍ਹਾਂ ਦੱਸਿਆ ਕਿ ਮਕਾਨ ਲੈਣ ਲਈ ਤਿੰਨ ਲੱਖ 70 ਹਜ਼ਾਰ ਰੁਪਏ ਲਿਆਂਦੇ ਸਨ ਉਨ੍ਹਾਂ ਦੇ ਨਾਲ ਕਰੀਬ 7 ਤੋਲੇ ਸੋਨੇ ਦੇ ਗਹਿਣੇ ਚੋਰ ਚੋਰੀ ਕਰਕੇ ਲੈ ਗਏ ਹਨ।

ਸਹਾਇਕ ਥਾਣੇਦਾਰ ਤੇਜਾ ਸਿੰਘ ਨੇ ਦੱਸਿਆ ਕਿ ਇਸ ਘਟਨਾ ਦੀਆਂ ਤਸਵੀਰਾਂ ਗਲੀ 'ਚ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋਈਆਂ ਹਨ ਜਿਸ ਵਿੱਚ ਸਾਈਕਲ 'ਤੇ ਆਏ ਵਿਅਕਤੀ ਵੱਲੋਂ ਇਸ ਘਟਨਾ ਨੂੰ ਅੰਜ਼ਾਮ ਦਿੱਤਾ ਗਿਆ ਹੈ। ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਖੰਗਾਲਿਆ ਜਾ ਰਿਹਾ ਹੈ। ਛੇਤੀ ਹੀ ਚੋਰ ਦੀ ਪਛਾਣ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਬਾਰਡਰ 'ਤੇ ਬਿਜਲੀ-ਪਾਣੀ ਦੇ ਅਢੁਕਵੇਂ ਪ੍ਰਬੰਧਾਂ ਖ਼ਿਲਾਫ਼ ਰੇਲਵੇ ਟਰੈਕ ਜਾਮ ਕਰਨ ਦੀ ਧਮਕੀ

**ਪਟਿਆਲਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਕਿਸਾਨ ਅੰਦੋਲਨ-2 ਦੇ ਤਹਿਤ 37 ਦਿਨਾਂ ਤੋਂ ਸ਼ੰਭੂ ਬਾਰਡਰ 'ਤੇ ਪੱਕਾ ਮੋਰਚਾ ਲਾ ਕੇ ਬੈਠੇ ਕਿਸਾਨ ਗਰਮੀ ਸ਼ੁਰੂ ਹੋ ਜਾਣ ਕਰਕੇ ਬਿਜਲੀ ਸਮੱਸਿਆ ਨਾਲ਼ ਜੂਝ ਰਹੇ ਹਨ। ਉਨ੍ਹਾਂ ਦਾ ਤਰਕ ਸੀ ਕਿ ਪਿਛਲੇ ਕਿਸਾਨ ਅੰਦੋਲਨ ਦੌਰਾਨ ਉਨ੍ਹਾਂ ਨੂੰ ਦਿੱਲੀ ਦੀ ਕੇਜਰੀਵਾਲ ਸਰਕਾਰ ਨੇ ਬਿਜਲੀ ਅਤੇ ਪਾਣੀ ਦੀ ਸਮੱਸਿਆ ਨਹੀਂ ਸੀ ਆਉਣ ਦਿੱਤੀ, ਬਲਕਿ ਵਾਈਫਾਈ ਦੀ ਸੁਵਿਧਾ ਵੀ ਪ੍ਰਦਾਨ ਕੀਤੀ ਗਈ ਸੀ, ਪਰ ਇਸ ਦੇ ਉਲਟ ਇੱਥੇ ਬਿਜਲੀ ਅਤੇ ਪਾਣੀ ਦੇ ਢੁਕਵੇਂ ਪ੍ਰਬੰਧ ਨਹੀਂ ਕੀਤੇ ਜਾ ਰਹੇ।

ਇਸ ਸਬੰਧੀ ਉਨ੍ਹਾਂ ਨੇ ਜਿੱਥੇ ਦਿੱਲੀ ਦੇ ਮੁੱਖ ਮੰਤਰੀ ਵਜੋਂ ਅਰਵਿੰਦ ਕੇਜਰੀਵਾਲ਼ ਦੇ ਸੋਹਲੇ ਗਾਏ, ਉੱਥੇ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆੜੇ ਹੱਥੀਂ ਲਿਆ। ਕਿਸਾਨਾਂ ਨੇ ਚਿਤਾਵਨੀ ਦਿਤੀ ਹੈ ਕਿ ਜੇਕਰ 26 ਮਾਰਚ ਤੱਕ ਉਨ੍ਹਾਂ ਲਈ ਬਾਰਡਰਾਂ 'ਤੇ ਢੁਕਵੀਂ ਬਿਜਲੀ ਸਪਲਾਈ ਦਾ ਪ੍ਰਬੰਧ ਨਾ ਕੀਤਾ ਗਿਆ, ਤਾਂ ਉਹ ਸ਼ੰਭੂ ਬਾਰਡਰ ਦੇ ਨਾਲੋਂ ਹੀ ਲੰਘਦੀ ਅੰਮ੍ਰਿਤਸਰ-ਦਿੱਲੀ ਰੇਲਵੇ ਲਾਈਨ 'ਤੇ ਧਰਨਾ ਮਾਰ ਕੇ ਰੇਲਵੇ ਆਵਾਜਾਈ ਠੱਪ ਕਰ ਦੇਣਗੇ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਅੱਜ ਸ਼ਾਮ ਸ਼ੰਭੂ ਬਾਰਡਰ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਨੇਤਾ ਸਰਵਣ ਸਿੰਘ ਪੰਧੇਰ, ਮਨਜੀਤ ਸਿੰਘ ਰਾਏ, ਬਲਵੰਤ ਸਿੰਘ ਬਹਿਰਾਮਕੇ, ਜਸਵਿੰਦਰ ਲੌਂਗੋਵਾਲ ਤੇ ਮਨਜੀਤ ਘੁਮਾਣਾ ਆਦਿ ਨੇ ਕਿਹਾ ਕਿ ਰੋਜ਼ਾਨਾ ਹੀ ਰਾਤ ਨੂੰ 9 ਵਜੇ ਤੋਂ ਬਾਅਦ ਬੱਤੀਆਂ ਬੰਦ ਹੋ ਜਾਂਦੀਆਂ ਹਨ ਜਿਸ ਕਾਰਨ ਨਿੱਤ ਦਿਨ ਹੀ ਮੁਸ਼ਕਲਾਂ ਨਾਲ਼ ਜੂਝਣਾ ਪੈਂਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਜ਼ਿਕਰ ਵੀ ਕੀਤਾ।

ਪੰਜਾਬ ਸਰਕਾਰ ਨੂੰ ਦੋਹਰੇ ਚਿਹਰੇ ਮੋਹਰੇ ਵਾਲੀ ਗਰਦਾਨਦਿਆਂ ਕਿਸਾਨ ਆਗੂਆਂ ਦਾ ਕਹਿਣਾ ਸੀ ਕਿ ਬੜੇ ਦੁੱਖ ਦੀ ਗੱਲ ਹੈ ਕਿ ਤਿੰਨ ਸਾਲ ਪਹਿਲਾਂ ਉਨ੍ਹਾਂ ਨੇ ਜਦੋਂ ਦਿੱਲੀ ਦੀਆਂ ਬਰੂਹਾਂ 'ਤੇ 13 ਮਹੀਨੇ ਮੋਰਚਾ ਚਲਾਇਆ ਸੀ, ਤਾਂ ਦਿੱਲੀ ਦੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠਲੀ ਸਰਕਾਰ ਨੇ ਉਨ੍ਹਾਂ ਨੂੰ ਇੱਕ ਦਿਨ ਵੀ ਬਿਜਲੀ ਦੀ ਕਿੱਲਤ ਨਹੀਂ ਸੀ ਆਉਣ ਦਿੱਤੀ ਪਰ ਇੱਥੇ ਇਸ ਦੇ ਉਲਟ ਕਿਸਾਨ ਦਾ ਪੁੱਤ ਹੋਣ ਨਾਤੇ ਆਪਣੇ ਆਪ ਨੂੰ ਕਿਸਾਨਾ ਦਾ ਹਿਤੈਸ਼ੀ ਦੱਸਣ ਵਾਲ਼ੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਉਨ੍ਹਾਂ ਨੂੰ ਬਿਜਲੀ ਸਪਲਾਈ ਦੇਣ ਤੋਂ ਬਿਜਲੀ ਮਹਿਕਮੇ ਦੇ ਅਧਿਕਾਰੀਆਂ ਨੂੰ ਰੋਕਿਆ ਜਾ ਰਿਹਾ ਹੈ। ਕਿਸਾਨ ਨੇਤਾਵਾਂ ਦਾ ਕਹਿਣਾ ਸੀ ਕਿ 23 ਮਾਰਚ ਨੂੰ ਦੋਵਾਂ ਬਾਰਡਰਾਂ 'ਤੇ ਸ਼ਹੀਦ ਭਗਤ ਸਿੰਘ ਅਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਨਮਿੱਤ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ। ਕਿਸਾਨ ਆਗੂ ਸ੍ਰੀ ਪੰਧੇਰ ਨੇ ਦੱਸਿਆ ਕਿ ਹਰਿਆਣਾ 'ਚ ਜਾਰੀ ਕਲਸ਼ ਯਾਤਰਾ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਹੁਣ ਤੱਕ ਅਨੇਕਾਂ ਹੀ ਲੋਕ ਇਸ ਯਾਤਰਾ ਦੌਰਾਨ ਸ਼ੁਭਕਰਨ ਸਿੰਘ ਦੀਆਂ ਅਸਥੀਆਂ ਨੂੰ ਨਤਮਸਤਕ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ 26 ਮਾਰਚ ਨੂੰ ਹਰਿਆਣਾ ਦੇ ਹਿਸਾਰ ਖੇਤਰ ਵਿਚਲੇ ਮਾਜਰਾ ਪਿਆਊ ਵਿਖੇ , 27 ਮਾਰਚ ਨੂੰ ਰਾਜਸਥਾਨ ਤੇ 31 ਮਾਰਚ ਨੂੰ ਅੰਬਾਲਾ 'ਚ ਸ਼ੁਭਕਰਨ ਨਮਿਤ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ।

# ਪੰਜਾਬੀ ਯੂਨੀਵਰਸਿਟੀ ਵਿੱਚ 'ਪ੍ਰੋ. ਤਾਰਾ ਸਿੰਘ ਪਟਿਆਲਾ ਸੰਗੀਤ ਸੰਮੇਲਨ'

**ਪਟਿਆਲਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਸੰਗੀਤ ਸੰਮੇਲਨ' ਦੌਰਾਨ ਕਲਾਕਾਰਾਂ ?ਨੂੰ ਸਨਮਾਨਦੇ ਹੋਏ ਪ੍ਰੋਫੈਸਰ ਅਰਵਿੰਦ

ਪੰਜਾਬੀ ਯੂਨੀਵਰਸਿਟੀ ਵਿੱਚ ਨੌਵਾਂ 'ਪ੍ਰੋ. ਤਾਰਾ ਸਿੰਘ ਪਟਿਆਲਾ ਸੰਗੀਤ ਸੰਮੇਲਨ' ਸ਼ੁਰੂ ਹੋ ਗਿਆ ਹੈ। ਸੰਗੀਤ ਵਿਭਾਗ ਵੱਲੋਂ ਯੂਨੀਵਰਸਿਟੀ ਦੇ ਕਲਾ ਭਵਨ ਵਿੱਚ ਕਰਵਾਏ ਜਾ ਰਹੇ ਇਸ ਸੰਮੇਲਨ ਦੀ ਸ਼ੁਰੂਆਤ ਮੁੰਬਈ ਤੋਂ ਪਹੁੰਚੀ ਤਬਲਾਵਾਦਕ ਵਿਦੂਸ਼ੀ ਅਨੁਰਾਧਾ ਪਾਲ ਵੱਲੋਂ ਦਿੱਤੀ ਗਈ ਤਬਲਾ ਪੇਸ਼ਕਾਰੀ ਨਾਲ਼ ਹੋਈ। ਉਨ੍ਹਾਂ ਵੱਖ-ਵੱਖ ਘਰਾਣਿਆਂ, ਬੰਦਿਸ਼ਾਂ, ਰੰਗਾਂ, ਤਾਲਾਂ, ਲੈਆਂ ਨਾਲ਼ ਸਬੰਧਤ ਵੰਨਗੀਆਂ ਦੀ ਪੇਸ਼ਕਾਰੀ ਦਿੰਦਿਆਂ ਨਾਲ਼ੋ-ਨਾਲ਼ ਕਈ ਥਾਵਾਂ ਉੱਤੇ ਵਿਆਖਿਆ ਵੀ ਕੀਤੀ ਜਿਸ ਨੂੰ ਦਰਸ਼ਕਾਂ ਵੱਲੋਂ ਖ਼ੂਬ ਸਰਾਹਿਆ ਗਿਆ।

ਦਿੱਲੀ ਤੋਂ ਪਹੁੰਚੇ ਉਸਤਾਦ ਸਈਦ ਜ਼ਫ਼ਰ ਖਾਨ ਨੇ ਆਪਣੇ ਸਿਤਾਰ ਵਾਦਨ ਦੀਆਂ ਵੱਖ-ਵੱਖ ਵੰਨਗੀਆਂ ਪੇਸ਼ ਕਰਦਿਆਂ ਇੱਥੇ ਹਾਜ਼ਰ ਸੰਗੀਤ ਪ੍ਰੇਮੀਆਂ ਨੂੰ ਮੰਤਰ ਮੁਗਧ ਕਰ ਦਿੱਤਾ। ਉਪ-ਕੁਲਪਤੀ ਪ੍ਰੋ. ਅਰਵਿੰਦ ਨੇ ਕਿਹਾ ਕਿ ਅਜਿਹੇ ਵੱਕਾਰੀ ਪ੍ਰੋਗਰਾਮਾਂ ਦੀ ਖ਼ੁਸ਼ਬੋ ਹੋਰ ਦੂਰ ਤੱਕ ਜਾਣੀ ਚਾਹੀਦੀ ਹੈ ਤਾਂ ਕਿ ਵੱਖ-ਵੱਖ ਥਾਵਾਂ ਤੋਂ ਸੰਗੀਤ ਪ੍ਰੇਮੀ ਇਸ ਵਿੱਚ ਸ਼ਿਰਕਤ ਕਰ ਸਕਣ।

ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਅਲੰਕਾਰ ਸਿੰਘ ਨੇ ਦੱਸਿਆ ਕਿ ਪ੍ਰੋ. ਤਾਰਾ ਸਿੰਘ ਦੇ ਪਰਿਵਾਰ ਵੱਲੋਂ ਪੰਜਾਬੀ ਯੂਨੀਵਰਸਿਟੀ ਨੂੰ ਇੰਡੋਮੈਂਟ ਫੰਡ ਵਜੋਂ ਦਸ ਲੱਖ ਰੁਪਏ ਦੀ ਮਦਦ ਦਿੱਤੀ ਹੋਈ ਹੈ ਜਿਸ ਦੇ ਵਿਆਜ ਨਾਲ਼ ਹਰ ਸਾਲ ਇਹ ਸੰਗੀਤ ਸੰਮੇਲਨ ਕਰਵਾਇਆ ਜਾਂਦਾ ਹੈ। ਇਸ ਵਾਰ ਦੇ ਸੰਗੀਤ ਸੰਮੇਲਨ ਵਿੱਚ ਪ੍ਰੋ. ਤਾਰਾ ਸਿੰਘ ਦੇ ਪਰਿਵਾਰ ਤੋਂ ਉਨ੍ਹਾਂ ਦੀ ਨੂੰਹ ਸੁਖਜੀਤ ਕੌਰ ਨੇ ਸ਼ਿਰਕਤ ਕੀਤੀ। ਸੰਮੇਲਨ ਦੀ ਕੋਆਰਡੀਨੇਟਰ ਪ੍ਰੋ. ਨਿਵੇਦਿਤਾ ਉੱਪਲ ਨੇ ਦੱਸਿਆ ਕਿ ਕਿ ਸੰਮੇਲਨ ਦੇ ਦੂਜੇ ਦਿਨ ਦਿੱਲੀ ਤੋਂ ਪੰ. ਰਿਤੇਸ਼ ਰਜਨੀਸ਼ ਮਿਸ਼ਰਾ ਸ਼ਾਸਤਰੀ ਗਾਇਨ ਪੇਸ਼ ਕਰਨਗੇ। ਉਨ੍ਹਾਂ ਤੋਂ ਇਲਾਵਾ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਬੰਦਿਸ਼ ਗਾਇਨ ਅਤੇ ਵਾਦਨ ਪੇਸ਼ ਕੀਤਾ ਜਾਵੇਗਾ।

# ਇਕ ਵਾਰ ਫਿਰ ਕਾਂਗਰਸ ਦੀ ਲੋਕ ਸਭਾ ਸੀਟ ਘੁੰਮ ਰਹੀ ਹੈ ਜਲਾਲਾਬਾਦ ਦੇ ਆਲੇ ਦੁਆਲੇ

## ਮਜਬੂਤ ਦਾਅਵੇਦਾਰਾਂ ਵਿੱਚ ਸ਼ੇਰ ਸਿੰਘ ਘੁਬਾਇਆ, ਰਾਜ ਬਖ਼ਸ਼ ਕੰਬੋਜ ਅਤੇ ਕੁਲਬੀਰ ਸਿੰਘ ਜੀਰਾ ਸ਼ਾਮਿਲ

**ਜਲਾਲਾਬਾਦ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਹਲਕਾ ਫਿਰੋਜ਼ਪੁਰ ਦਾ ਸੱਬਤੋਂ ਅਹਿਮ ਹਲਕਾ ਜਲਾਲਾਬਾਦ ਇਸ ਵਾਰ ਫਿਰ ਆਪਣੀ ਵਿਸ਼ੇਸ਼ ਭੂਮਿਕਾ ਨਿਭਾਉਣ ਲਈ ਤਿਆਰ ਹੈ, ਜਿੱਥੇ ਵੱਖ ਵੱਖ ਪਾਰਟੀਆਂ ਵੱਲੋਂ ਟਿਕਟਾਂ ਹਾਸਿਲ ਕਰਨ ਲਈ ਜਿਆਦਾਤਰ ਦਾਅਵੇਦਾਰ ਜਲਾਲਾਬਾਦ ਤੋਂ ਹਨ, ਉਥੇ ਕਾਂਗਰਸ ਪਾਰਟੀ ਦੇ ਫਿਲਹਾਲ ਮਜਬੂਤ ਦਾਅਵੇਦਾਰਾਂ ਵਿੱਚ ਵੀ ਜਲਾਲਾਬਾਦ ਦੇ ਦੋ ਨੇਤਾ ਸ਼ਾਮਿਲ ਹਨ। ਕਾਂਗਰਸ ਵੱਲੋਂ ਟਿਕਟ ਦੀ ਦੌੜ ਵਿੱਚ ਜਿਹੜੇ ਲੀਡਰ ਇਸ ਸਮੇਂ ਮੁੱਖ ਦਾਅਵੇਦਾਰਾਂ ਵਿੱਚ ਸ਼ਾਮਿਲ ਹਨ, ਉਨ੍ਹਾਂ ਵਿੱਚ ਜਲਾਲਾਬਾਦ ਤੋਂ ਸ਼ੇਰ ਸਿੰਘ ਘੁਬਾਇਆ ਅਤੇ ਰਾਜ ਬਖ਼ਸ਼ ਕੰਬੋਜ ਅਤੇ ਜੀਰਾ ਹਲਕੇ ਤੋਂ ਦਮਦਾਰ ਨੇਤਾ ਕੁਲਬੀਰ ਸਿੰਘ ਜੀਰਾ ਸ਼ਾਮਿਲ ਹਨ। ਘੁਬਾਇਆ ਰਾਏ ਸਿੱਖ ਬਿਰਾਦਰੀ ਨਾਲ ਸੰਬੰਧ ਰੱਖਦੇ ਹਨ ਜੋ ਕਿ ਇਸ ਲੋਕ ਸਭਾ ਹਲਕੇ ਵਿੱਚ ਬਹੁਤਾਤ ਹੈ ਅਤੇ ਰਾਜ ਬਖ਼ਸ਼ ਕੰਬੋਜ ਬਿਰਾਦਰੀ ਦੇ ਹਨ ਜੋਕਿ ਕਾਂਗਰਸ ਤੋਂ ਓ.ਬੀ.ਸੀ. ਲਈ ਪਹਿਲਾਂ ਹੀ 3 ਸੀਟਾਂ ਦੀ ਮੰਗ ਕਰ ਚੁੱਕੇ ਹਨ, ਜਿਸ ਵਿੱਚ ਉਨ੍ਹਾਂ ਦਾ ਆਪਣਾ ਹਲਕਾ ਫਿਰੋਜ਼ਪੁਰ ਵੀ ਸ਼ਾਮਿਲ ਹੈ। ਇਸਤੋਂ ਇਲਾਵਾ ਕੁਲਬੀਰ ਸਿੰਘ ਜੀਰਾ ਨੂੰ ਲੋਕ ਇਕ ਦਮਦਾਰ ਨੇਤਾ ਵਜੋਂ ਜਾਣਦੇ ਹਨ, ਜਿਨਾਂ ਆਪਣੀ ਸਰਕਾਰ ਵਿੱਚ ਵੀ ਮੁੱਖ ਮੰਤਰੀ ਨੂੰ ਚੈਲੇਂਜ ਕਰਕੇ ਇਕ ਘੈਂਟ ਨੇਤਾ ਹੋਣ ਦਾ ਸਬੂਤ ਦਿੱਤਾ ਸੀ। ਵੈਸੇ ਵੀ ਸਵ. ਸਰਦਾਰ ਜੋਰਾ ਸਿੰਘ ਮਾਨ ਤੋਂ ਬਾਅਦ ਲੋਕ ਇਕ ਘੈਂਟ ਅਤੇ ਦਮਦਾਰ ਨੇਤਾ ਦੀ ਉਡੀਕ ਕਰ ਰਹੇ ਹਨ। ਕੁਲਬੀਰ ਜੀਰਾ ਸਿਰਫ ਲੋਕ ਸਭਾ ਹਲਕਾ ਫਿਰੋਜ਼ਪੁਰ ਹੀ ਨਹੀਂ ਬਲਕਿ ਸਾਰੇ ਪੰਜਾਬ ਦੇ ਫੇਮਸ ਲੀਡਰਾਂ ਵਿੱਚ ਆਉਂਦੇ ਹਨ ਅਤੇ ਕਾਂਗਰਸ ਪਾਰਟੀ ਦਾ ਇਕ ਵੱਡਾ ਚਿਹਰਾ ਵੀ ਹਨ।

ਫਿਲਹਾਲ ਇੰਡੀਆ ਗੱਠਜੋੜ ਹੋਣ ਕਾਰਨ ਇਸਵਾਰ ਸਾਰੇ ਹਲਕਿਆਂ ਦੇ ਸਮੀਕਰਣ ਬਦਲਣ ਦੀ ਉਮੀਦ ਹੈ ਪਰ ਦਾਅਵੇਦਾਰ ਦਿੱਲੀ ਡੇਰੇ ਲਾਈ ਬੈਠੇ ਹਨ ਅਤੇ ਕਿਸ ਨੇਤਾ ਦੀ ਕਿਸਮਤ ਚਮਕੇਗੀ ਇਹ ਸਮਾਂ ਦੱਸੇਗਾ।

(ਪਿਆਰੇ ਪਾਠਕੋ ਰਾਜਨੀਤੀ ਵਿੱਚ ਕੁੱਝ ਵੀ ਸੰਭਵ ਹੁੰਦਾ ਹੈ, ਇਸ ਲਈ ਮੀਡੀਆ ਜਾ ਰਾਜਨੀਤਿਕ ਮਾਹਰਾਂ ਵੱਲੋਂ ਲਿਖੀ ਜਾ ਕਹੀ ਗੱਲ ਪੱਥਰ ਉਤੇ ਲਕੀਰ ਨਹੀਂ ਹੁੰਦੀ ਜਿਵੇਂ ਜਿਵੇ ਹਲਾਤ ਨਜਰ ਆਉਂਦੇ ਹਨ ਅਤੇ ਸਾਡੇ ਕੋਲ ਡਾਟੇ ਪਹੁੰਚਦੇ ਹਨ, ਉਸ ਅਧਾਰ ਉਤੇ ਲਗਾਤਾਰ ਆਪਣੀ ਕਲਮ ਰਾਹੀਂ ਅਸੀ ਵਿਚਾਰ ਪੇਸ਼ ਕਰਦੇ ਰਹਿੰਦੇ ਹਾਂ। ਇਹ ਲਿਖਤਾਂ ਚਰਚਾਂਵਾ ਤੱਕ ਤਾਂ ਠੀਕ ਹਨ ਪਰ ਜਦੋਂ ਆਪਣਾ ਨੁਮਾਇੰਦਾ ਚੁਣਨ ਦਾ ਸਮਾਂ ਆਉਂਦਾ ਹੈ ਤਾਂ ਤੁਸੀਂ ਪੂਰੀ ਤਰ੍ਹਾਂ ਸੋਚ ਸਮਝ ਕੇ ਚੁਣਿਆਂ ਕਰੋ ਤਾਂ ਜੋ ਸਮਜ ਅਤੇ ਦੇਸ਼ ਤਰੱਕੀ ਕਰੇ )

# ਵੋਟਰ ਸ਼ਨਾਖਤੀ ਕਾਰਡ ਤੋਂ ਇਲਾਵਾ 12 ਹੋਰ ਦਸਤਾਵੇਜ਼ ਪੇਸ਼ ਕਰਕੇ ਪਾਈ ਜਾ ਸਕਦੀ ਹੈ ਵੋਟ : ਐਸ.ਡੀ.ਐਮ. ਨਿਤੇਸ਼ ਕੁਮਾਰ ਜੈਨ

**ਮਾਨਸਾ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਦੀਆਂ ਹਦਾਇਤਾਂ ਅਨੁਸਾਰ ਸਹਾਇਕ ਰਿਟਰਨਿੰਗ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ, ਹਲਕਾ 97-ਸਰਦੂਲਗੜ੍ਹ ਸ੍ਰੀ ਨਿਤੇਸ਼ ਕੁਮਾਰ ਜੈਨ ਨੇ ਵੋਟਰਾਂ ਨੂੰ ਜਾਗਰੂਕ ਕਰਨ ਲਈ ਉਲੀਕੇ ਪ੍ਰੋਗਰਾਮ ਤਹਿਤ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਚੋਣਾਂ ਵਾਲੇ ਦਿਨ ਕੋਈ ਵੀ ਵੋਟਰ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਵੋਟਰ ਸ਼ਨਾਖਤੀ ਕਾਰਡ ਪੋਲਿੰਗ ਸਟੇਸ਼ਨ 'ਤੇ ਪੇਸ਼ ਕਰਕੇ ਆਪਣੀ ਵੋਟ ਪਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਜੇਕਰ ਵੋਟਰ ਸ਼ਨਾਖਤੀ ਕਾਰਡ ਵਿੱਚ ਵੋਟਰ ਦੇ ਨਾਮ ਦੇ ਅੱਖਰ ਵਿੱਚ ਕੋਈ ਗਲਤੀ ਹੈ ਤਾਂ ਵੀ ਵੋਟਰ ਆਪਣੀ ਵੋਟ ਪਾ ਸਕਦਾ ਹੈ, ਪਰ ਉਸ ਵੱਲੋਂ ਦਿਖਾਏ ਗਏ ਵੋਟਰ ਕਾਰਡ ਨਾਲ ਉਸਦੀ ਪਹਿਚਾਣ ਹੁੰਦੀ ਹੋਵੇ। ਜੇਕਰ ਕੋਈ ਵੋਟਰ ਕਿਸੇ ਹੋਰ ਵਿਧਾਨ ਸਭਾ ਹਲਕੇ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਵੱਲੋਂ ਜਾਰੀ ਕੀਤਾ ਗਿਆ ਵੋਟਰ ਕਾਰਡ ਪੇਸ਼ ਕਰਦਾ ਹੈ ਤਾਂ ਉਸਨੂੰ ਵੀ ਸਵੀਕਾਰ ਕੀਤਾ ਜਾਵੇਗਾ, ਪ੍ਰੰਤੂ ਸ਼ਰਤ ਇਹ ਹੋਵੇਗੀ ਕਿ ਵੋਟਰ ਜਿਸ ਪੋਲਿੰਗ ਸਟੇਸ਼ਨ 'ਤੇ ਵੋਟ ਪਾ ਰਿਹਾ ਹੈ ਉਸਦੀ ਵੋਟਰ ਸੂਚੀ ਵਿੱਚ ਉਸਦਾ ਨਾਮ ਦਰਜ਼ ਹੋਵੇ। ਉਨ੍ਹਾਂ ਕਿਹਾ ਕਿ ਵਿਦੇਸ਼ੀ ਵੋਟਰਾਂ ਨੂੰ ਆਪਣੀ ਪਛਾਣ ਲਈ ਆਪਣਾ ਅਸਲੀ ਭਾਰਤੀ ਪਾਸਪੋਰਟ ਪੇਸ਼ ਕਰਨਾ ਪਵੇਗਾ। ਜਿੰਨ੍ਹਾਂ ਵੋਟਰਾਂ ਦੇ ਵੋਟਰ ਸ਼ਨਾਖਤੀ ਕਾਰਡ ਵਿੱਚ ਫੋਟੋ ਸਾਫ ਨਹੀਂ ਹੈ, ਤਾਂ ਉਨ੍ਹਾਂ ਨੂੰ ਵੀ ਕੋਈ ਹੋਰ ਦਸਤਾਵੇਜ਼ ਪੇਸ਼ ਕਰਨਾ ਪਵੇਗਾ। ਇਸ ਤੋਂ ਇਲਾਵਾ ਚੋਣ ਵਾਲੇ ਦਿਨ ਜਿੰਨ੍ਹਾਂ ਵੋਟਰਾਂ ਕੋਲ ਵੋਟਰ ਸਨਾਖਤੀ ਕਾਰਡ ਮੌਜੂਦ ਨਹੀਂ ਹੈ, ਤਾਂ ਵੋਟਰ 12 ਹੋਰ ਦਸਤਾਵੇਜਾਂ ਆਧਾਰ ਕਾਰਡ, ਮਨਰੇਗਾ ਜੋਬ ਕਾਰਡ, ਬੈਂਕ/ਡਾਕਘਰ ਦੁਆਰਾ ਜਾਰੀ ਫੋਟੋਆਂ ਵਾਲੀ ਪਾਸਬੁੱਕ, ਕਿਰਤ ਮੰਤਰਾਲੇ ਵੱਲੋਂ ਜਾਰੀ ਕੀਤਾ ਗਿਆ ਸਿਹਤ ਬੀਮਾ ਸਮਾਰਟ ਕਾਰਡ, ਡਰਾਈਵਿੰਗ ਲਾਇਸੰਸ, ਪੈਨ ਕਾਰਡ, ਜੀ. ਐਨ.ਪੀ.ਆਰ ਦੇ ਤਹਿਤ ਆਰ.ਜੀ.ਏ. ਦੁਆਰਾ ਜਾਰੀ ਕੀਤਾ ਗਿਆ ਸਮਾਰਟ ਕਾਰਡ, ਭਾਰਤੀ ਪਾਸਪੋਰਟ, ਪੈਨਸ਼ਨ ਦਸਤਾਵੇਜ਼ ਸਮੇਤ ਫੋਟੋ, ਕੇਂਦਰੀ/ਰਾਜ ਸਰਕਾਰ/ਪੀ.ਐਸ.ਯੂ/ ਪਬਲਿਕ ਲਿਮਟਿਡ ਕੰਪਨੀਆਂ ਦੁਆਰਾ ਕਰਮਚਾਰੀਆਂ ਨੂੰ ਜਾਰੀ ਕੀਤੇ ਗਏ ਫੋਟੋ ਵਾਲੇ ਸੇਵਾ ਪਛਾਣ ਪੱਤਰ, ਸੰਸਦ ਮੈਬਰਾਂ/ ਵਿਧਾਇਕਾਂ/ਐਮ.ਐਲ.ਸੀ. ਨੂੰ ਜਾਰੀ ਕੀਤੇ ਗਏ ਅਧਿਕਾਰਤ ਪਛਾਣ ਪੱਤਰ ਅਤੇ ਵਿਲੱਖਣ ਅਸਮਰੱਥਾ ਕਾਰਡ ਜੋ ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰਾਲੇ ਵੱਲੋਂ ਜਾਰੀ ਕੀਤਾ ਗਿਆ ਹੋਵੇ, ਦੀ ਪੋਲਿੰਗ ਸਟੇਸ਼ਨ ਉਪਰ ਮੌਜੂਦ ਪੋਲਿੰਗ ਅਧਿਕਾਰੀਆਂ ਨੂੰ ਪੇਸ਼ ਕਰਕੇ ਆਪਣੀ ਵੋਟ ਪਾ ਸਕਦਾ ਹੈ।

# ਪੈਨਸ਼ਨ ਕੇਸ ਪਾਸ ਕਰਵਾਉਣ ਬਦਲੇ ਰਿਸ਼ਵਤ ਲੈਂਦਾ ਸਹਾਇਕ ਖਜ਼ਾਨਾ ਅਫਸਰ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫਤਾਰ



**ਚੰਡੀਗੜ੍ਹ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਵੀਰਵਾਰ ਨੂੰ ਮੁਨੀਸ਼ ਕੁਮਾਰ, ਸਹਾਇਕ ਖਜ਼ਾਨਾ ਅਫਸਰ (ਏ.ਟੀ.ਓ), ਅੰਮ੍ਰਿਤਸਰ ਨੂੰ ਇੱਕ ਪੈਨਸ਼ਨ ਕੇਸ ਪਾਸ ਕਰਨ ਦੇ ਇਵਜ਼ 'ਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਨਰੇਸ਼ ਡੋਗਰਾ ਵਾਸੀ ਬਜ਼ਾਰ ਨਰਸਿੰਘ, ਅੰਮ੍ਰਿਤਸਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਏ.ਟੀ.ਓ. ਉਸ ਦਾ ਪੈਨਸ਼ਨ ਕੇਸ ਪਾਸ ਕਰਾਉਣ ਲਈ 20,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਵੱਲੋਂ ਟਰੈਪ ਲਗਾ ਕੇ ਦੋਸ਼ੀ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਕਾਰਵਾਈ ਜਾਰੀ ਹੈ।

# ਏ.ਆਰ.ਓ. ਪਠਾਨਕੋਟ ਵੱਲੋਂ ਬਿਨ੍ਹਾਂ ਪਰਮਿਸਨ ਲਿਆ ਰਾਜਨੀਤਿਕ ਮੀਟਿੰਗ ਕਰਨ ਤੇ ਸਬੰਧਤ ਪਾਰਟੀ ਦੇ ਜਿਲ੍ਹਾ ਪ੍ਰਧਾਨ ਨੂੰ ਨੋਟਿਸ ਜਾਰੀ

**ਪਠਾਨਕੋਟ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ-2024 ਦਾ ਆਗਾਜ ਹੋ ਚੁੱਕਿਆ ਹੈ ਅਤੇ ਸ਼੍ਰੀ ਆਦਿੱਤਿਆ ਉੱਪਲ ਜਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਅਤੇ ਜਿਲ੍ਹਾ ਪਠਾਨਕੋਟ ਅੰਦਰ ਵੱਖ ਵੱਖ ਲੋਕ ਸਭਾ ਸੈਗਮੈਂਟਾਂ ਦੇ ਏ.ਆਰ.ਓਜ ਵੱਲੋਂ ਵੀ ਸਮੇਂ ਸਮੇਂ ਤੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗਾਂ ਕਰਕੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਅਤੇ ਬਿਨ੍ਹਾਂ ਕਿਸੇ ਪਰਮਿਸਨ ਦੇ ਕਿਸੇ ਵੀ ਪ੍ਰਕਾਰ ਦੀ ਮੀਟਿੰਗ ਕਰਨਾ ਜਾਂ ਰੈਲੀ ਕਰਨਾ ਆਦਰਸ ਚੋਣ ਜਾਬਤਾ ਦੀ ਉਲੰਘਣਾਂ ਹੈ।

ਜਿਕਰਯੋਗ ਹੈ ਕਿ ਲੋਕ ਸਭਾ ਸੈਗਮੈਂਟ ਪਠਾਨਕੋਟ ਦੇ ਅਧੀਨ ਆਉਂਦੇ ਖੇਤਰ ਵਿੱਚ ਸਿਟੀ ਪਠਾਨਕੋਟ ਵਿਖੇ ਪਿਛਲੇ ਦਿਨ੍ਹਾਂ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਰਾਜਨੀਤਿਕ ਮੀਟਿੰਗ ਆਯੋਜਿਤ ਕੀਤੀ ਗਈ।

# ਅਬਰੌਡ ਕਨਸਲਟੈਂਟਸ ਐਸੋਸੀਏਸ਼ਨ (ਮਾਕਾ) ਵੱਲੋਂ ਮਾਲੇਰਕੋਟਲਾ ਕਲੱਬ ਵਿਖੇ ਕੀਤੀ ਇੱਕ ਪ੍ਰੈੱਸ ਕਾਨਫਰੰਸ਼




**ਮਲੇਰਕੋਟਲਾ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਲੇਰਕੋਟਲਾ ਅਬਰੌਡ ਕਨਸਲਟੈਂਟਸ ਐਸੋਸੀਏਸ਼ਨ (ਮਾਕਾ) ਵੱਲੋਂ ਮਾਲੇਰਕੋਟਲਾ ਕਲੱਬ ਵਿਖੇ ਇੱਕ ਪ੍ਰੈੱਸ ਕਾਨਫਰੰਸ ਕੀਤੀ ਗਈ।

ਇਸ ਵਿੱਚ ਸ਼ਹਿਰ ਦੇ ਸਾਰੇ ਪੱਤਰਕਾਰਾਂ ਦੇ ਨਾਲ ਨਾਲ ਮਾਕਾ ਐਸੋਸੀਏਸ਼ਨ ਦੇ ਸਾਰੇ ਮੈਂਬਰ ਸ਼ਾਮਿਲ ਹੋਏ। ਇਸ ਕਾਨਫਰੰਸ ਵਿਚ ਮਾਕਾ ਦੇ ਪ੍ਰਧਾਨ ਸ਼੍ਰੀ ਅਚਿੰਤ ਗੋਇਲ ਜੀ ਨੇ ਇੰਮੀਗ੍ਰੇਸ਼ਨ ਸੰਸਥਾਵਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਜਾਣੂ ਕਰਵਾਉਣ ਦੇ ਨਾਲ ਨਾਲ ਪੰਜਾਬ ਪ੍ਰਦੇਸ਼ ਵਿਚ ਚੱਲ ਰਹੀਆਂ ਕੁੱਝ ਨਾਮਵਰ ਕਿਸਾਨ ਜਥੇਬੰਦੀਆਂ ਦੇ ਨਾਮ ਉੱਤੇ ਕੁੱਝ ਕੂ ਬੰਦਿਆਂ ਵੱਲੋਂ ਇੰਮੀਗ੍ਰੇਸ਼ਨ ਸੈਂਟਰਾਂ ਨੂੰ ਧਮਕਾਉਣ ਵਾਲੀਆਂ ਰੋਜ਼ ਦੀਆਂ ਘਟਨਾਵਾਂ ਉੱਪਰ ਚਾਨਣਾ ਵੀ ਪਾਇਆ। ਸ਼੍ਰੀ ਅਚਿੰਤ ਗੋਇਲ ਜੀ ਨੇ ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਬੇਨਤੀ ਕਰਦੇ ਹੋਏ ਕਿਹਾ ਕੇ ਅਜਿਹੇ ਅਨਸਰ ਜੋ ਜਥੇਬੰਦੀ ਦਾ ਨਾਮ ਖਰਾਬ ਕਰਦੇ ਹੋਏ ਖੁਦ ਨੂੰ ਹੀ ਮੁੱਖ ਆਗੂ ਸਮਝਦੇ ਹਨ ਅਤੇ ਸਮਾਜ ਵਿੱਚ ਗੈਰ ਕਾਨੂੰਨੀ ਤਰੀਕੇ ਨਾਲ ਵਿਚਰ ਰਹੇ ਹਨ ਉਹਨਾਂ ਉੱਪਰ ਕਾਬੂ ਪਾਇਆ ਜਾਵੇ ਅਤੇ ਅਗਰ ਸਾਡੇ ਕਿਸੇ ਇੰਮੀਗ੍ਰੇਸ਼ਨ ਏਜੰਟ ਵਗੈਰਾ ਦੀ ਕੋਈ ਗ਼ਲਤੀ ਪਾਈ ਜਾਂਦੀ ਹੈ ਤਾਂ ਉਸ ਉੱਪਰ ਬਣਦੀ ਕਾਰਵਾਈ ਪ੍ਰਸ਼ਾਸ਼ਨ ਤੋਂ ਕਰਵਾਈ ਜਾਵੇ।

ਪ੍ਰੈੱਸ ਕਾਨਫਰੰਸ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਮਾਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ਼੍ਰੀ ਮੁੰਹਮਦ ਸਲੀਮ ਅਖ਼ਤਰ ਜੀ ਨੇ ਕਿਹਾ ਕੇ ਅਸੀਂ ਇੱਕ ਇੱਕ ਇੰਸਟੀਚਿਊਟ ਵਿੱਚ ਦਸ ਦਸ ਲੋਕਾਂ ਨੂੰ ਰੋਜ਼ਗਾਰ ਦੇ ਰੱਖਿਆ ਹੈ ਅਤੇ ਬੱਚਿਆਂ ਦੇ ਵਧੀਆ ਭਵਿੱਖ ਨੂੰ ਦੇਖਦੇ ਹੋਏ ਉਹਨਾਂ ਨੂੰ ਵਿਦੇਸ਼ ਵਿੱਚ ਜਾ ਕੇ ਸੈੱਟ ਹੋਣ ਦੇ ਤਰੀਕਿਆਂ ਦੀ ਜਾਣਕਾਰੀ ਪ੍ਰਦਾਨ ਕਰਦੇ ਹਾਂ ਅਤੇ ਅਜਿਹਾ ਕਰਨ ਲਈ ਸਾਨੂੰ ਪੰਜਾਬ ਸਰਕਾਰ ਵੱਲੋਂ ਲਾਇਸੰਸ ਮਿਲੇ ਹੋਏ ਹਨ ਫਿਰ ਸਾਡੇ ਕੰਮ ਵਿੱਚ ਕਿਸੇ ਜਥੇਬੰਦੀ ਦੀ ਗ਼ੈਰ ਕਾਨੂੰਨੀ ਅਤੇ ਗੈਰ ਜਰੂਰੀ ਦਖਲ ਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮਾਕਾ ਐਸੋਸੀਏਸ਼ਨ ਦੇ ਸੀਨੀਅਰ ਮੈਂਬਰ ਸ਼੍ਰੀ ਰਾਜੇਸ਼ ਕੁਮਾਰ ਸ਼ਾਰਦਾ ਜੀ ਨੇ ਉਹਨਾਂ ਨਾਲ ਹੋਈ ਇੱਕ ਤਾਜ਼ਾ ਘਟਨਾ ਦੀ ਜਾਣਕਾਰੀ ਵੀ ਪ੍ਰੈੱਸ ਨਾਲ ਸਾਂਝੀ ਕੀਤੀ।

ਸ਼੍ਰੀ ਸ਼ਾਰਦਾ ਜੀ ਨੇ ਦੱਸਿਆ ਕੇ ਉਹਨਾਂ ਨੂੰ ਫੋਨ ਉੱਪਰ ਅਤੇ ਇੱਕ ਵਾਰ ਉਹਨਾਂ ਦੇ ਦਫਤਰ ਆ ਕੇ ਵੀ ਖੁਦ ਨੂੰ ਇੱਕ ਨਾਮਵਰ ਕਿਸਾਨ ਜਥੇਬੰਦੀ ਦਾ ਪ੍ਰਧਾਨ ਦੱਸਦੇ ਹੋਏ ਇੱਕ ਵਿਅਕਤੀ ਨੇ ਉਹਨਾਂ ਦੀ ਸੰਸਥਾ ਨੂੰ ਬੰਦ ਕਰਵਾਉਣ ਤੱਕ ਦੀ ਧਮਕੀ ਦਿੱਤੀ। ਸ਼ਾਰਦਾ ਜੀ ਨੇ ਕਿਹਾ ਕੇ ਮਾਕਾ ਐਸੋਸੀਏਸ਼ਨ ਵੱਲੋਂ ਹਰ ਤਰੀਕੇ ਨਾਲ ਕਿਸਾਨ ਜਥੇਬੰਦੀਆਂ ਦਾ ਸਾਥ ਦਿੱਤਾ ਜਾਂਦਾ ਹੈ ਪਰ ਜਦੋਂ ਕੁੱਝ ਜਥੇਬੰਦੀਆਂ ਦੇ ਆਗੂ ਅਪਣਾ ਹੀ ਨਾਮ ਖਰਾਬ ਕਰਨ ਵਾਲਿਆਂ ਪ੍ਰਤੀ ਕਾਰਵਾਈ ਨਹੀਂ ਕਰਦੇ ਤਾਂ ਅਫ਼ਸੋਸ ਹੁੰਦਾ ਹੈ।

# ਸਾਬਕਾ ਜਵਾਨਾਂ ਦੇ ਭੱਖਦੇ ਮਸਲਿਆਂ 'ਤੇ ਹੋਈ ਵਿਚਾਰ ਚਰਚਾ

**ਸੰਗਰੂਰ, 26 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਜਿਲਾ ਸੰਗਰੂਰ ਦੇ ਮਹਾਨ ਧਾਰਮਿਕ ਅਸਥਾਨ ਮਸਤੂਆਣਾ ਸਾਹਿਬ ਵਿਖੇ ਸਾਬਕਾ ਸੈਨਿਕਾਂ ਦੀ ਸੰਯੁਕਤ ਜਵਾਨ ਮੋਰਚਾ ਦੀ ਅਗਵਾਈ ਹੇਠ ਵੱਡੀ ਮੀਟਿੰਗ ਹੋਈ ਜਿਸ ਵਿਚ ਪੰਜਾਬ, ਹਰਿਆਣਾ, ਦਿੱਲੀ ਤੇ ਯੂਪੀ ਦੇ ਸਾਬਕਾ ਸੈਨਿਕਾਂ ਨੇ ਹਾਜ਼ਰੀ ਲਗਵਾਏ। ਉੱਥੇ ਸਾਰਿਆਂ ਬੁਲਾਰਿਆਂ ਨੇ ਦੇਸ਼ ਵਿਚ ਵੱਧਦੇ ਭ੍ਰਿਸ਼ਟਾਚਾਰ, ਮਹਿੰਗਾਈ ਖੇਤੀ ਦਾ ਘਾਟੇ ਵਿਚ ਜਾਣਾ, ਨਸ਼ਿਆ ਦੇ ਵਗਦੇ ਵਹਿਣ ਨੂੰ ਠੱਲ ਪਾਉਣ ਬਾਰੇ ਵਿਚਾਰ ਸਾਂਝੇ ਕੀਤੇ। ਬੱਚਿਆ ਦਾ ਬਹੁਤਾਤ ਵਿਚ ਵਿਦੇਸ਼ ਜਾਣਾ ਲੋਕਾਂ ਨਾਲ ਹੋ ਰਹੀ ਧੱਕੇਸ਼ਾਹੀ ਮੁੱਦਾ ਰਿਹਾ। ਵੋਟਾਂ ਵਿਚ ਹੋਸ਼ ਨਾਲ ਚੰਗੇ ਉਮੀਦਵਾਰ ਚੁਣਨ ਬਾਰੇ ਸਾਰਿਆਂ ਨੂੰ ਪ੍ਰੇਰਿਤ ਕੀਤਾ ਗਿਆ। ਸਾਬਕਾ ਸੈਨਿਕਾਂ ਦੇ ਲਟਕਦੇ ਮਸਲੇ ਤੇ ਇਕਜੁੱਟ ਹੋਣ ਬਾਰੇ ਸੁਨੇਹਾ ਪੁੱਜਦਾ ਕੀਤਾ। ਚੱਲ ਰਹੇ ਕਿਸਾਨੀ ਅੰਦੋਲਨ ਬਾਰੇ ਫਿਕਰ ਜਾਹਿਰ ਕੀਤਾ। ਜਿਹੜੇ ਕਿਸਾਨ ਅੰਨ ਪੈਦਾ ਕਰਦੇ ਹਨ ਤੇ ਜਵਾਨ ਦੇਸ਼ ਦੀਆਂ ਹੱਦਾਂ ਤੇ ਆਪਣੀਆਂ ਜਾਨਾਂ ਵਾਰ ਕੇ ਦੇਸ਼ ਦੀ ਰਾਖੀ ਕਰ ਰਹੇ ਹਨ ਹੱਕੀ ਮੰਗਾਂ ਲਈ ਸੰਘਰਸ਼ੀ ਕਿਸਾਨਾਂ ਨੂੰ ਸ਼ਹੀਦ ਕੀਤਾ ਜਾ ਰਿਹਾ। ਸਰਕਾਰਾਂ ਕਾਰਪੋਰੇਟ ਜਗਤ ਦੇ ਹੱਕ ਪੂਰਣ ਵਿਚ ਲੱਗੀਆ ਨੇ। ਭ੍ਰਿਸ਼ਟ ਸਿਸਟਮ ਦੇਸ਼ ਨੂੰ ਘੁਣ ਦੀ ਤਰਾਂ ਖਾ ਗਿਆ ਇਸ ਬਾਰੇ ਚਿੰਤਾ ਜਾਹਿਰ ਕੀਤੀ ਕਿਵੇ ਸਰਕਾਰ ਕਿਸਾਨੀ ਅੰਦੋਲਨ ਵਿੱਚ ਫੁੱਟ ਪਵਾ ਕੇ ਉਸ ਦੀ ਚੜਤ ਨੂੰ ਖਤਮ ਕਰਨ ਤੇ ਲੱਗੀ ਹੋਈ ਹੈ।

ਵੱਖ-ਵੱਖ ਬੁਲਾਰਿਆ ਵਿਚ ਸ: ਪਰਮਜੀਤ ਸਿੰਘ ਢੀਂਡਸਾ,ਸਵਾਮੀ ਦਯਾ ਸੰਕਰ, ਸੂਬੇਦਾਰ ਵੀਰ ਸਿੰਘ ਚੌਹਾਨ, ਫਲਾਇੰਗ ਅਫਸਰ ਕਮਲ ਵਰਮਾ, ਸ:ਬਲਵਿੰਦਰ ਸਿੰਘ,ਅਜੈਬ ਸਿੰਘ, ਅਵਤਾਰ ਸਿੰਘ ਫਕਰਸਰ, ਕੈਪਟਨ ਨੰਦ ਲਾਲ,ਪੱਤਰਕਾਰ ਜਗਦੀਸ਼ ਗੋਇਲ, ਪੰਡਿਤ ਸ਼ਾਮ ਲਾਲ, ਪਟਿਆਲਾ ਤੇ ਚਮਕੌਰ ਸਿੰਘ ਫੌਜੀ ਆਦਿ ਨੇ ਸੰਬੋਧਨ ਕੀਤਾ ਸੰਯੁਕਤ ਜਵਾਨ ਮੋਰਚਾ ਦੇ ਆਗੂ ਭਾਈ ਸ਼ਮਸ਼ੇਰ ਸਿੰਘ ਨੇ ਸਟੇਜ ਸੈਕਟਰੀ ਦੀ ਸੇਵਾ ਨਿਭਾਈ ਸ: ਸੁਖਦੇਵ ਸਿੰਘ ਚੇਅਰਮੈਨ ਮਾਲਵਾ ਜੋਨ ਨੇ ਆਏ ਹੋਏ ਸਾਬਕਾ ਸੈਨਿਕ ਨੂੰ ਜੀ ਆਇਆ ਆਖਿਆ ਤੇ ਇਕਜੁੱਟ ਹੋਣ ਲਈ ਅਪੀਲ ਵੀ ਕੀਤੀ।

ਇਨ੍ਹਾਂ ਤੋ ਇਲਾਵਾ ਸ: ਕਿਰਪਾਲ ਸਿੰਘ ਬਾਦੀਆ, ਸ: ਅਜਮੇਰ ਸਿੰਘ ਧੂਰੀ, ਕੈਪਟਨ ਗੁਲਾਬ ਸਿੰਘ, ਕੈਪਟਨ ਸਿਕੰਦਰ ਸਿੰਘ, ਕੈਪਟਨ ਹਰਭਜਨ ਸਿੰਘ, ਗੁਰਮੀਤ ਸਿੰਘ ਕਾਲਾਝਾੜ, ਸੂਬੇਦਾਰ ਤੇਜਾ ਸਿੰਘ, ਰਿਸ਼ੀ ਧੂਰੀ, ਲਖਵਿੰਦਰ ਸਿੰਘ, ਬਲਵੀਰ ਸਿੰਘ ਖੰਡੂਰ, ਸੂਬੇਦਾਰ ਹਰੀ ਸਿੰਘ, ਸੂਬੇਦਾਰ ਮੇਜਰ ਅਮਰੀਕ ਸਿੰਘ, ਜਗਵੀਰ ਸਿੰਘ, ਦਲੀਪ ਸਿੰਘ, ਲੇਖਰਾਜ, ਆਤਮਾ ਸਿੰਘ, ਪ੍ਰਿੰਸੀਪਲ ਨਾਜਰ ਸਿੰਘ ਚਾਹਲ, ਸਰਪੰਚ ਰਣਜੀਤ ਸਿੰਘ ਖੇੜੀ, ਕੈਪਟਨ ਬੰਤ ਸਿੰਘ, ਸੂਬੇਦਾਰ ਮੇਲਾ ਸਿੰਘ, ਕੈਪਟਨ ਰੱਤੀ ਰਾਮ ਸ਼ਰਮਾ, ਸ: ਬਲਵਿੰਦਰ ਸਿੰਘ ਬ੍ਰਦਵਾਜ, ਸੁਪਰਵਾਈਜ਼ਰ ਤਹਿਸਿਲ ਜੀ ਓ ਜੀ ਪਟਿਆਲਾ ਸੂਬੇਦਾਰ ਮੈਜਰ ਹਾਕਮ ਸਿੰਘ, ਸਾਬਕਾ ਪੀਆਰ ਟੀ ਸੀ ਪ੍ਰਧਾਨ ਰਾਮ ਸਰੂਪ ਅਗਰਵਾਲ ਤੇ ਇਲਾਕੇ ਦੇ ਹੋਰ ਸਾਬਕਾ ਸੈਨਿਕਾਂ ਨੇ ਹਾਜਰੀ ਲਗਵਾਈ। ਪੰਜਾਬ ਦੀ ਖੁਸ਼ਹਾਲੀ ਦੀ ਅਸਲੀ ਤਸਵੀਰ ਸਾਮਣੇ ਆਈ ਅਤੇ ਗੁਰੂ ਘਰ ਵਿੱਚ ਸਮੁਚੀ ਟਿਮ ਨੇ ਬਹੋਤ ਵੱਧੀਆ ਹੁੰਗਾਰਾ ਭਰਿਆ।

ਭਿੰਡੀ 'ਚ ਭਰਪੂਰ ਮਾਤਰਾ 'ਚ ਮਿਨਰਲਜ਼, ਫਾਈਬਰ ਤੇ ਵਿਟਾਮਿਨ ਹੁੰਦੇ ਹਨ, ਜੋ ਚਮੜੀ ਨੂੰ ਖ਼ੂਬਸੂਰਤ ਬਣਾਈ ਰੱਖਦੇ ਹਨ...



# ਭਿੰਡੀ ਨਾਲ ਘਟਾਓ ਭਾਰ

ਗਰਮੀਆਂ 'ਚ ਭਿੰਡੀ ਖਾਣਾ ਬੱਚਿਆਂ ਨੂੰ ਹੀ ਨਹੀਂ, ਵੱਡਿਆਂ ਨੂੰ ਵੀ ਬਹੁਤ ਪਸੰਦ ਹੈ। ਭਿੰਡੀ ਖਾਣ ਲਈ ਹੀ ਸੁਆਦੀ ਨਹੀਂ, ਬਲਕਿ ਸਿਹਤ ਲਈ ਵੀ ਬਹੁਤ ਫ਼ਾਇਦੇਮੰਦ ਹੈ। ਇਸ 'ਚ ਪਾਏ ਜਾਣ ਵਾਲੇ ਪੌਸ਼ਟਿਕ ਤੱਤ ਪ੍ਰੋਟੀਨ, ਫੈਟ, ਫਾਈਬਰ, ਕਾਰਬੋਹਾਈਡ੍ਰੇਟ, ਕੈਲਸ਼ੀਅਮ, ਫਾਸਫੋਰਸ, ਆਇਰਨ, ਮੈਗਨੀਸ਼ੀਅਮ, ਸੋਡੀਅਮ ਤੇ ਕਾਪਰ ਸਾਨੂੰ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਬਚਾਉਂਦੇ ਹਨ। ਇਸ ਦੀ ਵਰਤੋਂ ਚਮੜੀ ਦੀ ਸੁੰਦਰਤਾ ਤੇ ਵਾਲਾਂ ਨੂੰ ਖ਼ੂਬਸੂਰਤ ਤੇ ਚਮਕਦਾਰ ਬਣਾਉਣ ਲਈ ਵੀ ਕੀਤੀ ਜਾਂਦੀ ਹੈ। ਇਸ ਲਈ ਭਿੰਡੀ ਨੂੰ ਪੌਸ਼ਟਿਕ ਸ਼ਬਜ਼ੀ ਮੰਨਿਆ ਜਾਂਦਾ ਹੈ।

## ਸ਼ੂਗਰ

ਭਿੰਡੀ ਡਾਇਬਟੀਜ਼ ਦੇ ਰੋਗੀਆਂ ਲਈ ਬੇਹੱਦ ਫ਼ਾਇਦੇਮੰਦ ਹੈ। ਭਿੰਡੀ 'ਚ ਪਾਇਆ ਜਾਣ ਵਾਲਾ ਯੂਗੇਨੋਲ ਤੱਤ ਡਾਇਬਟੀਜ਼ ਲਈ ਫਾਇਦੇਮੰਦ ਹੈ। ਇਹ ਖ਼ੂਨ ਵਿਚ ਸ਼ੂਗਰ ਦਾ ਪੱਧਰ ਵਧਣ ਤੋਂ ਰੋਕਦਾ ਹੈ, ਜਿਸ ਨਾਲ ਡਾਇਬਟੀਜ਼ ਦਾ ਖ਼ਤਰਾ ਘਟਦਾ ਹੈ।

## ਦਿਲ ਦੇ ਰੋਗ

ਭਿੰਡੀ ਨਾ ਸਿਰਫ਼ ਤੁਹਾਨੂੰ ਡਾਇਬਟੀਜ਼ ਤੋਂ ਬਚਾਉਂਦੀ ਹੈ, ਬਲਕਿ ਤੁਹਾਡੇ ਦਿਲ ਲਈ ਵੀ ਕਾਰਗਰ ਹੈ। ਭਿੰਡੀ ਹਾਈ ਕੋਲੈਸਟਰੋਲ ਨੂੰ ਕੰਟਰੋਲ ਕਰਨ ਦਾ ਸਭ ਤੋਂ ਵਧੀਆ ਉਪਾਅ ਹੈ। ਇਸ 'ਚ ਮੌਜੂਦ ਪੈਕਟਿਨ ਨਾਂ ਦਾ ਤੱਤ ਕੋਲੈਸਟਰੋਲ ਨੂੰ ਘੱਟ ਕਰਨ 'ਚ ਮਦਦਗਾਰ ਹੈ। ਇਸ ਤੋਂ ਇਲਾਵਾ ਘੁਲਣਸ਼ੀਲ ਫਾਈਬਰ ਖ਼ੂਨ 'ਚ ਕੋਲੈਸਟਰੋਲ ਨੂੰ ਕੰਟਰੋਲ ਕਰਦਾ ਹੈ, ਜਿਸ ਨਾਲ ਹਾਰਟ ਅਟੈਕ ਦਾ ਖ਼ਤਰਾ ਘੱਟ ਹੁੰਦਾ ਹੈ।

## ਕੈਂਸਰ

*ਜੇ ਤੁਸੀਂ ਚਾਹੁੰਦੇ ਹੋ ਤਾਂ ਕੈਂਸਰ ਤੁਹਾਡੇ ਤੋਂ ਦੂਰ ਰਹੇ ਤਾਂ ਭਿੰਡੀ ਨੂੰ ਆਪਣੀ ਖ਼ੁਰਾਕ 'ਚ ਸ਼ਾਮਿਲ ਕਰੋ। ਇਹ ਅੰਤੜੀਆਂ 'ਚ ਮੌਜੂਦ ਟਾਕਸੀਨ ਨੂੰ ਬਾਹਰ ਕੱਢਣ 'ਚ ਮਦਦਗਾਰ ਹੁੰਦੀ ਹੈ, ਜਿਸ ਨਾਲ ਅੰਤੜੀਆਂ ਸਿਹਤਮੰਦ ਤੇ ਬਿਹਤਰ ਤਰੀਕੇ ਨਾਲ ਕੰਮ ਕਰਨ ਲਗਦੀਆਂ ਹਨ।*



## ਅਨੀਮੀਆ

ਜ਼ਿਆਦਾਤਰ ਭਾਰਤੀ ਔਰਤਾਂ 'ਚ ਆਇਰਨ ਦੀ ਕਮੀ ਹੁੰਦੀ ਹੈ ਪਰ ਹੁਣ ਪਰੇਸ਼ਾਨ ਹੋਣ ਦੀ ਜ਼ਰੂਰਤ ਨਹੀਂ, ਕਿਉਂਕਿ ਭਿੰਡੀ 'ਚ ਮੌਜੂਦ ਆਇਰਨ ਸਾਡੇ ਸਰੀਰ 'ਚ ਇਸ ਦੀ ਕਮੀ ਨੂੰ ਦੂਰ ਕਰਦਾ ਹੈ। ਇਹ ਖ਼ੂਨ 'ਚ ਹੀਮੋਗਲੋਬਿਨ ਦਾ ਨਿਰਮਾਣ ਕਰਦਾ ਹੈ, ਜਿਸ ਨਾਲ ਅਨੀਮੀਆ ਤੋਂ ਬਚਾਅ ਰਹਿੰਦਾ ਹੈ। ਜੇ ਤੁਹਾਡੇ ਸਰੀਰ 'ਚ ਖ਼ੂਨ ਦੀ ਕਮੀ ਹੈ ਤਾਂ ਇਸ ਨੂੰ ਪੂਰਾ ਕਰਨ ਲਈ ਖ਼ੁਰਾਕ 'ਚ ਭਿੰਡੀ ਨੂੰ ਜ਼ਰੂਰ ਸ਼ਾਮਿਲ ਕਰੋ।

## ਇਮਿਊਨ ਸਿਸਟਮ

ਭਿੰਡੀ 'ਚ ਵਿਟਾਮਿਨ-ਸੀ ਦੇ ਨਾਲ-ਨਾਲ ਜ਼ਿਆਦਾ ਮਾਤਰਾ 'ਚ ਐਂਟੀਆਕਸੀਡੈਂਟਸ ਹੁੰਦੇ ਹਨ। ਇਸ ਤੋਂ ਇਲਾਵਾ ਇਸ ਵਿਚਲੇ ਹੋਰ ਮਹੱਤਵਪੂਰਨ ਤੱਤ ਕੈਲਸ਼ੀਅਮ, ਆਇਰਨ ਤੇ ਮੈਗਨੀਜ਼ ਹਾਨੀਕਾਰਕ ਫਰੀ ਰੈਡੀਕਲਜ਼ ਤੋਂ ਤੁਹਾਡੀ ਸੁਰੱਖਿਆ ਕਰਦੇ ਹਨ, ਜਿਸ ਨਾਲ ਤੁਹਾਡਾ ਇਮਿਊਨ ਸਿਸਟਮ ਮਜ਼ਬੂਤ ਹੁੰਦਾ ਹੈ ਤੇ ਤੁਹਾਡੇ ਸਰੀਰ ਨੂੰ ਬਿਮਾਰੀਆਂ ਨਾਲ ਲੜਨ ਦੀ ਤਾਕਤ ਮਿਲਦੀ ਹੈ।

## ਅੱਖਾਂ ਲਈ ਕਾਰਗਰ

ਅੱਖਾਂ ਲਈ ਵਿਟਾਮਿਨ-ਏ ਤੇ ਬੀਟਾ ਕੈਰੋਟੀਨ ਨੂੰ ਬਹੁਤ ਵਧੀਆ ਮੰਨਿਆ ਜਾਂਦਾ ਹੈ। ਭਿੰਡੀ 'ਚ ਇਹ ਦੋਵੇਂ ਚੀਜ਼ਾਂ ਭਰਪੂਰ ਮਾਤਰਾ 'ਚ ਹੁੰਦੀਆਂ ਹਨ, ਭਾਵ ਭਿੰਡੀ ਅੱਖਾਂ ਅਤੇ ਨਜ਼ਰ ਸਬੰਧੀ ਸਮੱਸਿਆਵਾਂ ਲਈ ਵੀ ਫ਼ਾਇਦੇਮੰਦ ਹੈ।

## ਭਾਰ ਘੱਟ ਕਰਨ 'ਚ ਸਹਾਈ

ਭਾਰ ਘੱਟ ਕਰਨ ਲਈ ਭਿੰਡੀ ਨੂੰ ਆਪਣੀ ਖ਼ੁਰਾਕ 'ਚ ਸ਼ਾਮਿਲ ਕਰੋ। ਇਸ 'ਚ ਭਰਪੂਰ ਮਾਤਰਾ 'ਚ ਫਾਈਬਰ ਦੀ ਮੌਜੂਦਗੀ ਤੁਹਾਨੂੰ ਲੰਮੇ ਸਮੇਂ ਤਕ ਪੇਟ ਭਰੇ ਹੋਣ ਦਾ ਅਹਿਸਾਸ ਕਰਵਾਉਂਦੀ ਹੈ, ਜਿਸ ਨਾਲ ਤੁਸੀਂ ਵਾਰ-ਵਾਰ ਖਾਣ ਦੀ ਆਦਤ ਤੋਂ ਬਚ ਜਾਂਦੇ ਹੋ। ਇਸ ਤੋਂ ਇਲਾਵਾ ਭਿੰਡੀ 'ਚ ਕੈਲੋਰੀ ਦੀ ਮਾਤਰਾ ਬਿਲਕੁਲ ਨਹੀਂ ਹੁੰਦੀ। ਇਸ ਲਈ ਭਿੰਡੀ ਨੂੰ ਭਾਰ ਘੱਟ ਕਰਨ ਲਈ ਵਧੀਆ ਮੰਨਿਆ ਜਾਂਦਾ ਹੈ।

## ਚਮੜੀ ਤੇ ਵਾਲਾਂ ਲਈ ਫ਼ਾਇਦੇਮੰਦ

ਇਸ 'ਚ ਭਰਪੂਰ ਮਾਤਰਾ 'ਚ ਮਿਨਰਲਜ਼, ਫਾਈਬਰ ਤੇ ਵਿਟਾਮਿਨ ਹੁੰਦੇ ਹਨ, ਜੋ ਤੁਹਾਡੀ ਚਮੜੀ ਨੂੰ ਖ਼ੂਬਸੂਰਤ ਬਣਾਈ ਰੱਖਦੇ ਹਨ। ਇਹ ਵਾਲਾਂ ਲਈ ਵੀ ਫ਼ਾਇਦੇਮੰਦ ਹਨ। ਭਿੰਡੀ ਵਾਲਾਂ 'ਚੋਂ ਵਾਧੂ ਤੇਲ ਬਾਹਰ ਕੱਢਣ ਲਈ ਉਪਯੋਗੀ ਹੁੰਦੀ ਹੈ। ਇਸ 'ਚ ਮੌਜੂਦ ਵਿਟਾਮਿਨ ਤੇ ਫਾਈਬਰ ਵਾਲਾਂ 'ਚੋਂ ਵਾਧੂ ਤੇਲ ਨੂੰ ਸੋਖ ਲੈਂਦੇ ਹਨ। •

---

**ਔਸਟੀਓਪਰੋਸਿਸ ਕਾਰਨ ਫਰੈਕਚਰ ਦੀ ਦਰ ਔਰਤਾਂ 'ਚ ਮਰਦਾਂ ਨਾਲੋਂ ਦੁੱਗਣੀ ਹੈ। ਵਧਦੀ ਉਮਰ ਨਾਲ ਹੱਡੀਆਂ ਕਮਜ਼ੋਰ ਹੁੰਦੀਆਂ ਰਹਿੰਦੀਆਂ ਹਨ। ਮਰਦਾਂ 'ਚ 75 ਸਾਲ ਤੋਂ ਵਡੇਰੀ ਉਮਰ 'ਚ ਇਹ ਖ਼ਤਰਾ ਵਧਦਾ ਹੈ...**

# ਹੱਡੀਆਂ ਨੂੰ ਖੋਰਨ ਵਾਲਾ ਰੋਗ ਔਸਟੀਓਪਰੋਸਿਸ



ਡਾ. ਮਨਜੀਤ ਬੱਲ
98728-43491



ਔਸਟੀਓਪਰੋਸਿਸ ਦੇ ਸ਼ਾਬਦਿਕ ਅਰਥ ਹਨ 'ਹੱਡੀਆਂ ਦੀ ਘਣਤਾ ਘਟ ਜਾਣਾ'। ਇਸ ਦੌਰਾਨ ਹੱਡੀਆਂ ਖੁਰ ਕੇ ਅੰਦਰੋਂ ਪੋਲੀਆਂ ਹੋ ਜਾਂਦੀਆਂ ਹਨ ਤੇ ਹੱਡੀ ਟੁੱਟਣ (ਫਰੈਕਚਰ) ਦਾ ਖ਼ਤਰਾ ਵਧ ਜਾਂਦਾ ਹੈ। ਵਧੇਰੇ ਕੇਸਾਂ 'ਚ ਕੈਲਸ਼ੀਅਮ, ਫਾਸਫੋਰਸ ਤੇ ਹੋਰ ਖਣਿਜਾਂ ਦਾ ਸਰੀਰ 'ਚ ਪੱਧਰ ਘਟਣ ਕਰਕੇ ਹੱਡੀਆਂ ਦੀ ਘਣਤਾ ਘਟ ਜਾਂਦੀ ਹੈ ਤੇ ਇਹ ਕਮਜ਼ੋਰ ਹੋ ਜਾਂਦੀਆਂ ਹਨ। ਇਹ ਸਮੱਸਿਆ ਮੁੱਖ ਤੌਰ 'ਤੇ ਔਰਤਾਂ 'ਚ ਹੁੰਦੀ ਹੈ, ਫਿਰ ਵੀ ਕੁਝ ਫ਼ੀਸਦੀ ਮਰਦ ਇਸ ਦੀ ਲਪੇਟ 'ਚ ਆਉਂਦੇ ਹਨ।

## ਅਲਾਮਤਾਂ

ਪਿੱਠ 'ਚ ਦਰਦ, ਕੁੱਬ ਨਿਕਲ ਆਉਣਾ, ਸਮਾਂ ਪਾ ਕੇ ਕੱਦ ਘਟ ਜਾਣਾ, ਰੀੜ੍ਹ ਦੀ ਹੱਡੀ ਦੇ ਮਣਕੇ ਢਿੱਸ ਜਾਣਾ, ਗੁੱਟ, ਹੱਡੀ ਦਾ ਟੁੱਟ ਜਾਣਾ, ਚੂਲ੍ਹੇ ਜਾਂ ਹੋਰ ਜੋੜਾਂ ਦੀਆਂ ਹੱਡੀਆਂ ਟੁੱਟ ਸਕਦੀਆਂ ਹਨ। ਨਾਰਮਲ ਹੱਡੀ ਨੂੰ ਦੇਖੀਏ ਤਾਂ ਇਹ ਸ਼ਹਿਦ ਦੀਆਂ ਮੱਖੀਆਂ ਦੇ ਛੱਤੇ ਵਾਂਗ ਦਿਖਾਈ ਦਿੰਦੀ ਹੈ। ਔਸਟੀਓਪਰੋਸਿਸ ਵਾਲੀ ਹੱਡੀ ਅੰਦਰੋਂ ਬਹੁਤ ਜ਼ਿਆਦਾ ਖ਼ਾਲੀ ਹੋ ਜਾਂਦੀ ਹੈ। ਹੱਡੀਆਂ ਦੀ ਘਣਤਾ ਜਾਂ ਤਾਕਤ ਜਾਂ ਇਸ ਦਾ ਠੋਸ ਹੋਣਾ ਇਸ ਵਿਚਲੇ ਖਣਿਜਾਂ 'ਤੇ ਨਿਰਭਰ ਕਰਦੀ ਹੈ। ਜਦੋਂ ਇਨ੍ਹਾਂ ਖਣਿਜਾਂ ਦੀ ਮਾਤਰਾ ਘਟ ਜਾਂਦੀ ਹੈ ਤਾਂ ਹੱਡੀਆਂ ਦੀ ਕਮਜ਼ੋਰੀ, ਕੁੱਬ ਤੇ ਫਰੈਕਚਰ ਹੋਣ ਲਗਦੇ ਹਨ।

ਭਾਵੇਂ ਇਸ ਬਾਰੇ ਅਜੇ ਇਸ ਦੇ ਅਸਲ ਕਾਰਨਾਂ ਬਾਰੇ ਪੂਰੀ ਤਰ੍ਹਾਂ ਸਪਸ਼ਟ ਨਹੀਂ ਹੈ ਪਰ ਫਿਰ ਵੀ ਇਹ ਗੱਲ ਸਾਫ਼ ਹੈ ਕਿ ਹੱਡੀ ਦੇ ਅੰਦਰ ਨਿਰੰਤਰ ਤਬਦੀਲੀਆਂ ਹੁੰਦੀਆਂ ਰਹਿੰਦੀਆਂ ਹਨ, ਨਵੀਂ ਹੱਡੀ ਬਣਦੀ ਰਹਿੰਦੀ ਹੈ ਤੇ ਪੁਰਾਣੀ ਖੁਰਦੀ ਰਹਿੰਦੀ ਹੈ। ਇਸ ਵਿਧੀ ਨੂੰ ਰੀਮਾਡਲਿੰਗ ਕਹਿੰਦੇ ਹਨ, ਜਿਸ ਦਾ ਇਕ ਚੱਕਰ ਦੋ ਤੋਂ ਤਿੰਨ ਮਹੀਨਿਆਂ 'ਚ ਪੂਰਾ ਹੁੰਦਾ ਹੈ। ਨਵੀਂ ਹੱਡੀ ਬਣਨ ਦਾ ਕੰਮ ਪੁਰਾਣੀ ਦੇ ਖੁਰਨ ਨਾਲੋਂ ਤੇਜ਼ੀ ਨਾਲ ਹੁੰਦਾ ਹੈ। ਇਸ ਲਈ ਅਕਸਰ ਹੱਡੀਆਂ ਦਾ ਆਕਾਰ ਤੇ ਘਣਤਾ ਵਧਦੀ ਜਾਂਦੀ ਹੈ। ਰੀਮਾਡਲਿੰਗ ਦਾ ਸਿਖ਼ਰ 30-35 ਸਾਲ ਦੀ ਉਮਰ 'ਚ ਹੁੰਦਾ ਹੈ। ਇਸ ਤੋਂ ਰੀਮਾਡਲਿੰਗ ਦੀ ਵਿਧੀ 'ਚ ਖੁਰਨਾ ਵਧੇਰੇ ਤੇ ਬਣਨਾ ਘਟ ਜਾਂਦਾ ਹੈ। ਔਰਤਾਂ 'ਚ ਮਾਹਵਾਰੀ ਬੰਦ ਹੋਣ (ਮੀਨੋਪਾਜ਼) ਵੇਲੇ ਜਦੋਂ ਔਰਤਾਂ ਵਾਲੇ ਹਾਰਮੋਨ (ਐਸਟਰੋਜਨ) ਘਟ ਜਾਂਦੇ ਹਨ ਤਾਂ ਹੱਡੀਆਂ ਦਾ ਖੁਰਨਾ ਅਚਾਨਕ ਵਧ ਜਾਂਦਾ ਹੈ। ਔਸਟੀਓਪਰੋਸਿਸ ਦੇ ਹੋਰ ਵੀ ਕਈ ਕਾਰਨ ਹੁੰਦੇ ਹਨ ਪਰ ਔਰਤਾਂ 'ਚ ਮੀਨੋਪਾਜ਼ ਵੇਲੇ ਐਸਟਰੋਜਨ ਹਾਰਮੋਨ ਦਾ ਘਟਣਾ ਮੁੱਖ ਕਾਰਨ ਹੈ। ਹੱਡੀਆਂ ਦਾ ਖੁਰਨਾ ਇਸ ਗੱਲ 'ਤੇ ਵੀ ਨਿਰਭਰ ਕਰਦਾ ਹੈ ਕਿ 30-35 ਸਾਲ ਦੀ ਉਮਰ 'ਚ ਜਦ ਇਨ੍ਹਾਂ ਦਾ ਬਣਨਾ ਬੁਲੰਦੀ 'ਤੇ ਸੀ, ਉਦੋਂ ਕਿੰਨੀਆਂ ਕੁ ਹੱਡੀਆਂ ਬਣੀਆਂ ਸਨ ਉਸ ਸਮੇਂ ਸਾਡੇ ਸਰੀਰ ਵਿਚ ਕਿੰਨਾ ਕੁ ਵਿਟਾਮਿਨ-ਡੀ, ਕੈਲਸ਼ੀਅਮ, ਫਾਸਫੋਰਸ ਤੇ ਹੋਰ ਖਣਿਜ ਪਦਾਰਥ ਜਮ੍ਹਾਂ ਹੋਏ ਸਨ। ਭੋਜਨ 'ਚ ਕੈਲਸ਼ੀਅਮ ਅਤੇ ਵਿਟਾਮਿਨ-ਡੀ ਲੈਣ ਦੇ ਨਾਲ-ਨਾਲ ਵਰਜਿਸ਼ ਵੀ ਬਹੁਤ ਜ਼ਰੂਰੀ ਹੈ ਤਾਂ ਕਿ ਭੋਜਨ ਜ਼ਰੀਏ ਲਿਆ ਗਿਆ ਕੈਲਸ਼ੀਅਮ ਸਰੀਰ 'ਚ ਜਜ਼ਬ ਹੋ ਸਕੇ।

## ਖ਼ਤਰੇ ਵਾਲੇ ਹਾਲਾਤ

ਔਸਟੀਓਪਰੋਸਿਸ ਕਾਰਨ ਫਰੈਕਚਰ ਦੀ ਦਰ ਔਰਤਾਂ 'ਚ ਮਰਦਾਂ ਨਾਲੋਂ ਦੁੱਗਣੀ ਹੈ। ਵਧਦੀ ਉਮਰ ਨਾਲ ਹੱਡੀਆਂ ਕਮਜ਼ੋਰ ਹੁੰਦੀਆਂ ਰਹਿੰਦੀਆਂ ਹਨ। ਮਰਦਾਂ 'ਚ 75 ਸਾਲ ਤੋਂ ਵਡੇਰੀ ਉਮਰ 'ਚ ਇਹ ਖ਼ਤਰਾ ਵਧਦਾ ਹੈ, ਜਦਕਿ ਔਰਤਾਂ 'ਚ 45-50 ਸਾਲ ਦੀ ਉਮਰ 'ਚ ਇਹ ਖ਼ਤਰਾ ਵਧ ਜਾਂਦਾ ਹੈ। ਦੱਖਣ-ਪੂਰਬੀ ਏਸ਼ੀਆ ਦੇ ਲੋਕਾਂ ਤੇ ਗੋਰਿਆਂ 'ਚ ਦੂਸਰੇ ਖੇਤਰਾਂ ਦੇ ਮੁਕਾਬਲੇ ਇਹ ਖ਼ਤਰਾ ਵਧੇਰੇ ਹੁੰਦਾ ਹੈ। ਹੱਡੀਆਂ ਖੁਰਨ ਦੀ ਬਿਮਾਰੀ (ਔਸਟੀਓਪਰੋਸਿਸ) ਨੂੰ ਦੋ ਵਰਗਾਂ 'ਚ ਵੰਡਿਆ ਜਾ ਸਕਦਾ ਹੈ।





## ਪ੍ਰਾਇਮਰੀ

**ਪ੍ਰਾਇਮਰੀ ਟਾਈਪ 1 :** ਔਰਤਾਂ 'ਚ ਮੀਨੋਪਾਜ਼ ਤੋਂ ਬਾਅਦ ਹੁੰਦੀ ਹੈ।

**ਪ੍ਰਾਇਮਰੀ ਟਾਈਪ 2 :** ਬੁਢਾਪੇ ਵੇਲੇ ਔਸਟੀਓਪਰੋਸਿਸ, ਜੋ 75 ਸਾਲ ਤੋਂ ਵਡੇਰੀ ਉਮਰ ਦੇ ਮਰਦਾਂ ਤੇ ਔਰਤਾਂ 'ਚ 1:2 ਦੀ ਅਨੁਪਾਤ 'ਚ ਹੁੰਦੀ ਹੈ।

## ਸੈਕੰਡਰੀ

ਇਹ ਕਿਸੇ ਵੀ ਤਰ੍ਹਾਂ ਦੀਆਂ ਦਵਾਈਆਂ, ਖ਼ਾਸ ਕਰਕੇ 'ਸਟੀਰਾਇਡਜ਼' ਵਰਗ ਦੀਆਂ ਦਵਾਈਆਂ ਦੀ ਲੰਬੇ ਸਮੇਂ ਤਕ ਵਰਤੋਂ ਕਰਨ ਨਾਲ ਕਿਸੇ ਵੀ ਉਮਰ 'ਚ ਹੋ ਸਕਦੀ ਹੈ।

## ਕੀ ਹੈ ਹੱਡੀ ਦੀ ਘਣਤਾ ?

ਘਣਤਾ ਜਾਂ ਡੈਨਸਿਟੀ ਇਕ ਮੈਡੀਕਲ ਸ਼ਬਦ ਹੈ, ਜਿਸ ਦਾ ਅਰਥ ਹੈ ਹੱਡੀ ਦੇ ਪ੍ਰਤੀ ਸਕੁਏਅਰ ਸੈਂਟੀਮੀਟਰ 'ਚ ਕਿੰਨਾ ਖਣਿਜ ਹੈ। ਇਸ ਦਾ ਟੈਸਟ ਔਸਟੀਓਪਰੋਸਿਸ ਜਾਂ ਹੱਡੀ ਟੁੱਟਣ ਦਾ ਖ਼ਤਰਾ ਦੇਖਣ ਲਈ ਕੀਤਾ ਜਾਂਦਾ ਹੈ। ਇਸ 'ਚ ਵਰਤੀ ਜਾਂਦੀ ਮਸ਼ੀਨ ਨੂੰ ਡੈਨਸਿਟੋ ਮੀਟਰ ਆਖਦੇ ਹਨ, ਜੋ ਰੇਡੀਆਲੋਜਿਸਟ ਜਾਂ ਨਿਊਕਲੀਅਰ ਮੈਡੀਸਨ ਵਾਲੇ ਡਾਕਟਰ ਕਰਦੇ ਹਨ। ਆਮ ਤੌਰ 'ਤੇ ਇਹ ਟੈਸਟ ਲੱਕ ਦੇ ਹੇਠਾਂ, ਰੀੜ੍ਹ ਦੀ ਹੱਡੀ 'ਤੇ ਕੀਤਾ ਜਾਂਦਾ ਹੈ ਤੇ ਕਈ ਵਾਰ ਗੁੱਟ ਤੋਂ ਉੱਪਰ, ਬਾਂਹ ਦੀ ਹੱਡੀ 'ਤੇ ਵੀ ਕੀਤਾ ਜਾਂਦਾ ਹੈ।

## ਬਚਾਅ

ਔਸਟੀਓਪਰੋਸਿਸ ਤੋਂ ਬਚਣ ਲਈ ਹੱਡੀਆਂ ਨੂੰ ਤਾਕਤਵਰ ਬਣਾਉਣ ਦੇ ਉਪਰਾਲੇ ਕਰਨੇ ਚਾਹੀਦੇ ਹਨ। ਬਚਪਨ ਤੇ ਕਿਸ਼ੋਰ ਅਵਸਥਾ ਦੌਰਾਨ ਕੀਤੀ ਗਈ ਇਹ ਕੋਸ਼ਿਸ਼ ਔਸਟੀਓਪਰੋਸਿਸ ਤੋਂ ਬਚਣ ਦਾ ਸਭ ਤੋਂ ਵਧੀਆ ਢੰਗ ਹੈ, ਕਿਉਂਕਿ ਜਿਵੇਂ-ਜਿਵੇਂ ਉਮਰ ਵਧਦੀ ਹੈ, ਉਨੀ ਤੇਜ਼ੀ ਨਾਲ ਹੱਡੀਆਂ ਦੀ ਮਜ਼ਬੂਤੀ ਨਹੀਂ ਵਧਦੀ ਤੇ ਮੀਨੋਪਾਜ਼ ਤੋਂ ਬਾਅਦ ਹੱਡੀਆਂ ਖੁਰਨੀਆਂ ਸ਼ੁਰੂ ਹੋ ਜਾਂਦੀਆਂ ਹਨ। ਫਿਰ ਵੀ ਕੁਝ ਸਾਵਧਾਨੀਆਂ ਵਰਤ ਕੇ ਹੱਡੀਆਂ ਦੇ ਖੁਰਨ ਦੀ ਗਤੀ ਨੂੰ ਘਟਾਇਆ ਜਾ ਸਕਦਾ ਹੈ।

**ਕੈਲਸ਼ੀਅਮ :** ਹੱਡੀਆਂ ਨੂੰ ਠੀਕ-ਠਾਕ ਰੱਖਣ ਲਈ ਕੈਲਸ਼ੀਅਮ ਦੀ ਲੋੜ ਹੁੰਦੀ ਹੈ। ਭੋਜਨ 'ਚ ਲੋੜੀਂਦੀ ਮਾਤਰਾ 'ਚ ਕੈਲਸ਼ੀਅਮ ਹੋਣਾ ਚਾਹੀਦਾ ਹੈ। ਇਸ ਲਈ ਕੈਲਸ਼ੀਅਮ ਦੀਆਂ ਗੋਲੀਆਂ ਵੀ ਲਈਆਂ ਜਾ ਸਕਦੀਆਂ ਹਨ। ਉਮਰ ਅਨੁਸਾਰ 9-18 ਸਾਲ ਤਕ 1300 ਮਿਲੀਗ੍ਰਾਮ, 19-50 ਸਾਲ ਤਕ 1000 ਮਿਲੀਗ੍ਰਾਮ ਤੇ 51 ਸਾਲ ਤੋਂ ਬਾਅਦ 1200 ਮਿਲੀਗ੍ਰਾਮ ਕੈਲਸ਼ੀਅਮ ਦੀ ਜ਼ਰੂਰਤ ਹੁੰਦੀ ਹੈ। ਪਾਲਕ ਤੇ ਪਨੀਰ ਵਿਚ ਕਾਫ਼ੀ ਮਾਤਰਾ 'ਚ ਕੈਲਸ਼ੀਅਮ ਹੁੰਦਾ ਹੈ।

**ਵਿਟਾਮਿਨ-ਡੀ :** ਇਹ ਵਿਟਾਮਿਨ ਭੋਜਨ ਵਿਚਲੇ ਕੈਲਸ਼ੀਅਮ ਨੂੰ ਜਜ਼ਬ ਕਰਨ 'ਚ ਸਹਾਈ ਹੁੰਦੀ ਹੈ। ਸੂਰਜੀ ਦੀ ਰੋਸ਼ਨੀ ਨਾਲ ਇਹ ਚਮੜੀ 'ਚੋਂ ਪੈਦਾ ਹੁੰਦਾ ਹੈ। ਹਫ਼ਤੇ 'ਚ ਕਰੀਬ ਤਿੰਨ ਵਾਰ 10-15 ਮਿੰਟ ਹੱਥਾਂ, ਬਾਹਾਂ ਤੇ ਚਿਹਰੇ 'ਤੇ ਸੂਰਜ ਦੀ ਰੌਸ਼ਨੀ ਪੈਣ ਨਾਲ ਲੋੜੀਂਦੀ ਮਾਤਰਾ 'ਚ ਵਿਟਾਮਿਨ-ਡੀ ਮਿਲ ਜਾਂਦਾ ਹੈ। ਜ਼ਿਆਦਾ ਸਮਾਂ ਧੁੱਪ 'ਚ ਰਹਿਣਾ ਹੋਵੇ ਤਾਂ ਸਨਸਕਰੀਨ ਦੀ ਵਰਤੋਂ ਕਰੋ ਕਿਉਂਕਿ ਅਲਟਰਾ ਵਾਇਲਟ ਕਿਰਨਾਂ ਨਾਲ ਚਮੜੀ ਸਬੰਧੀ ਤਕਲੀਫ਼ਾਂ ਹੋਣ ਦਾ ਖ਼ਤਰਾ ਵਧ ਸਕਦਾ ਹੈ।

**ਸੰਤੁਲਿਤ ਭੋਜਨ :** ਸੰਤੁਲਿਤ ਭੋਜਨ 'ਚ ਕੈਲਸ਼ੀਅਮ ਤੇ ਵਿਟਾਮਿਨ-ਡੀ ਤੋਂ ਇਲਾਵਾ ਜ਼ਿੰਕ, ਮੈਗਨੀਸ਼ੀਅਮ, ਵਿਟਾਮਿਨ-ਸੀ ਵੀ ਜ਼ਰੂਰ ਲਵੋ। ਦੁੱਧ, ਦਹੀਂ, ਹਰੀਆਂ ਪੱਤੇਦਾਰ ਸਬਜ਼ੀਆਂ, ਮਟਰ, ਬ੍ਰੋਕਲੀ, ਸੰਤਰਾ, ਮੱਛੀ, ਬੀਨਜ਼ ਆਦਿ ਲਾਹੇਵੰਦ ਹਨ।

**ਚੁਸਤ ਰਹੋ :** ਚੁਸਤ ਰਹਿਣ ਨਾਲ ਹੱਡੀਆਂ ਦਾ ਖੁਰਨਾ ਘਟਦਾ ਹੈ, ਜਿਸ ਨਾਲ ਪੱਠਿਆਂ ਦੀ ਤਾਕਤ ਠੀਕ ਰਹਿੰਦੀ ਹੈ। ਥੋੜ੍ਹਾ-ਬਹੁਤ ਭਾਰ ਚੁੱਕਣ ਵਾਲੀ ਵਰਜ਼ਿਸ਼ ਕਰਦੇ ਰਹੋ ਤੇ ਪੱਠਿਆਂ ਦੀ ਹਿਲਜੁਲ ਰੱਖੋ, ਜਿਵੇਂ ਤੇਜ਼ ਸੈਰ, ਪੌੜੀਆਂ ਚੜ੍ਹਨਾ-ਉਤਰਨਾ, ਟੈਨਿਸ ਖੇਡਣਾ, ਯੋਗਾ ਆਦਿ।

**ਤੰਬਾਕੂਨੋਸ਼ੀ :** ਤੰਬਾਕੂਨੋਸ਼ੀ ਨਾਲ ਹੱਡੀਆਂ ਦੇ ਖੁਰਨ 'ਚ ਤੇਜ਼ੀ ਆਉਂਦੀ ਹੈ। ਮੀਨੋਪਾਜ਼ ਦੌਰਾਨ ਘਟਿਆ ਹੋਇਆ ਐਸਟਰੋਜਨ ਦਾ ਪੱਧਰ ਸਮੋਕਿੰਗ ਨਾਲ ਹੋਰ ਘਟਦਾ ਹੈ।

**ਸ਼ਰਾਬ :** ਸ਼ਰਾਬ ਕੈਲਸ਼ੀਅਮ ਦੇ ਸਰੀਰ ਵਿਚ ਜਜ਼ਬ ਹੋਣ 'ਚ ਰੁਕਾਵਟ ਪਾਉਂਦੀ ਹੈ।

**ਪੈਥਾਲੋਜੀਕਲ ਫਰੈਕਚਰ :** ਜੇ ਛੋਟੀ-ਮੋਟੀ ਸੱਟ ਨਾਲ ਹੱਡੀ ਟੁੱਟ ਜਾਵੇ ਤਾਂ ਇਸ ਨੂੰ 'ਪੈਥਾਲੋਜੀਕਲ ਫਰੈਕਚਰ' ਕਿਹਾ ਜਾਂਦਾ ਹੈ। ਆਸਟੀਓਪਰੋਸਿਸ ਇਸ ਦਾ ਇਕ ਕਾਰਨ ਹੈ।

ਹੱਡੀਆਂ ਦਾ ਕੈਂਸਰ, ਜੋ ਪ੍ਰਾਇਮਰੀ (ਮਾਇਲੋਮਾ, ਆਸਟੀਓ-ਜੈਨਿਕ ਸਾਰਕੋਮਾ, ਈਵਿੰਗ ਸਾਰਕੋਮਾ, ਕੌਂਡਰੋਸਾਰਕੋਮਾ) ਤੇ ਸੈਕੰਡਰੀ (ਗੁਰਦੇ, ਥਾਇਰਾਇਡ, ਗਦੂਦਾਂ, ਜਿਗਰ ਆਦਿ) ਹੋ ਸਕਦੇ ਹਨ। ਆਸਟੀਓਮਲੇਸ਼ੀਆ, ਆਸਟੀਓਜੈਨੇਸਿਸ ਇੰਪਰਫੈਕਟਾ, ਬੋਨ ਸਿਸਟ, ਹੱਡੀ ਦੀ ਟੀਬੀ ਜਾਂ ਹੋਰ ਇਨਫੈਕਸ਼ਨ ਆਦਿ ਇਸ ਦੇ ਹੋਰ ਅਹਿਮ ਕਾਰਨ ਹਨ। •

---



# ਨੁਕਸਾਨਦੇਹ ਹੈ ਠੰਢਾ ਪਾਣੀ

ਗਰਮੀ ਸ਼ੁਰੂ ਹੁੰਦਿਆਂ ਹੀ ਅਸੀਂ ਫਰਿੱਜ ਦਾ ਠੰਢਾ ਪਾਣੀ ਪੀਣਾ ਸ਼ੁਰੂ ਕਰ ਦਿੰਦੇ ਹਾਂ। ਜੇ ਤੁਸੀਂ ਵੀ ਜ਼ਿਆਦਾ ਮਾਤਰਾ 'ਚ ਠੰਢਾ ਪਾਣੀ ਪੀਂਦੇ ਹੋ ਤਾਂ ਇਸ ਆਦਤ ਨੂੰ ਬਦਲ ਲਓ। ਇਸ ਨਾਲ ਸਰੀਰ ਦੀ ਕੈਲੋਰੀਜ਼ ਬਹੁਤ ਜ਼ਿਆਦਾ ਮਾਤਰਾ 'ਚ ਬਰਨ ਹੋਣ ਲਗਦੀ ਹੈ, ਜਿਸ ਨਾਲ ਪਾਚਨ ਪ੍ਰਕਿਰਿਆ ਨੂੰ ਨੁਕਸਾਨ ਪਹੁੰਚਦਾ ਹੈ।

- ਜ਼ਿਆਦਾ ਠੰਢਾ ਪਾਣੀ ਪੀਣ ਨਾਲ ਸਰੀਰ ਨੂੰ ਖਾਣਾ ਹਜ਼ਮ ਕਰਨ ਲਈ ਜ਼ਿਆਦਾ ਮਿਹਨਤ ਕਰਨੀ ਪੈਂਦੀ ਹੈ।
- ਠੰਢੇ ਪਾਣੀ ਦੀ ਵਰਤੋਂ ਨਾਲ ਗਲਾ ਖ਼ਰਾਬ ਤੇ ਗਲੇ 'ਚ ਖਾਰਸ਼ ਵਰਗੀਆਂ ਸਮੱਸਿਆਵਾਂ ਹੋ ਸਕਦੀਆਂ ਹਨ ਤੇ ਇਨਫੈਕਸ਼ਨ ਦਾ ਖ਼ਤਰਾ ਰਹਿੰਦਾ ਹੈ।
- ਠੰਢਾ ਪਾਣੀ ਪੀਣ ਨਾਲ ਅੰਤੜੀਆਂ ਸਬੰਧੀ ਸਮੱਸਿਆ ਹੋ ਸਕਦੀ ਹੈ। ਇਸ ਲਈ ਜ਼ਿਆਦਾ ਠੰਢਾ ਪਾਣੀ ਪੀਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।
- ਜ਼ਿਆਦਾ ਠੰਢਾ ਪਾਣੀ ਪੀਣ ਨਾਲ ਸਰਦੀ ਜ਼ੁਕਾਮ ਹੋਣ ਦਾ ਖ਼ਤਰਾ ਰਹਿੰਦਾ ਹੈ।
- ਠੰਢੇ ਪਾਣੀ ਦੇ ਸੇਵਨ ਨਾਲ ਬਲੱਡ ਸੈੱਲਜ਼ ਸੁੰਗੜ ਜਾਂਦੇ ਹਨ, ਜਿਸ ਨਾਲ ਪਾਚਨ ਪ੍ਰਕਿਰਿਆ ਹੌਲੀ ਹੋ ਜਾਂਦੀ ਹੈ।ਅਤੇ ਭੋਜਨ ਦੀ ਪਾਚਣ ਕਿਰਿਆ ਠੀਕ ਤਰੀਕੇ ਨਾਲ ਕੰਮ ਨਹੀਂ ਕਰਦੀ।

• ਗੁਰਬਿੰਦਰ ਗੁਰੀ
99157-27311

---

# ਗਰਮੀ ਦੇ ਮੌਸਮ 'ਚ ਬੱਚਿਆਂ ਦੀ ਸੁਰੱਖਿਆ

ਗਰਮੀ ਦੇ ਮੌਸਮ 'ਚ ਜਿੱਥੇ ਕਹਿਰ ਦੀ ਗਰਮੀ ਪਰੇਸ਼ਾਨ ਕਰਦੀ ਹੈ, ਉੱਥੇ ਗਰਮੀ ਨਾਲ ਹੋਣ ਵਾਲੇ ਰੋਗ ਇਸ ਪਰੇਸ਼ਾਨੀ ਨੂੰ ਕਈ ਗੁਣਾਂ ਵਧਾ ਦਿੰਦੇ ਹਨ। ਬੱਚੇ ਇਨ੍ਹਾਂ ਰੋਗਾਂ ਦੇ ਸਭ ਤੋਂ ਵੱਧ ਅਤੇ ਸੌਖਾ ਸ਼ਿਕਾਰ ਬਣਦੇ ਹਨ, ਕਿਉਂਕਿ ਬੱਚੇ ਮੌਸਮ ਦੀ ਲੋੜ ਮੁਤਾਬਕ ਸਿਹਤ ਸਬੰਧੀ ਲੋੜੀਂਦੇ ਨਿਯਮਾਂ ਦੀ ਪਾਲਣਾ ਨਹੀਂ ਕਰਦੇ ਤੇ ਆਪਣੀ ਮੌਜ-ਮਸਤੀ 'ਚ ਖੇਡਦੇ ਰਹਿੰਦੇ ਹਨ। ਸਰੀਰ ਦਾ ਤਾਪਮਾਨ ਅਸਾਵਾਂ ਹੋਣ ਕਾਰਨ ਉਹ ਬਿਮਾਰੀਆਂ ਦੀ ਲਪੇਟ 'ਚ ਆ ਜਾਂਦੇ ਹਨ। ਲੂ ਲੱਗਣਾ, ਪਾਣੀ ਦੀ ਕਮੀ, ਨਕਸੀਰ ਫੁੱਟਣਾ ਆਦਿ ਸਮੱਸਿਆਵਾਂ ਸਹਿਜੇ ਹੀ ਬੱਚਿਆਂ ਨੂੰ ਘੇਰ ਲੈਂਦੀਆਂ ਹਨ। ਕੁਝ ਨੁਕਤਿਆਂ ਨੂੰ ਧਿਆਨ 'ਚ ਰੱਖ ਕੇ ਇਨ੍ਹਾਂ ਬਿਮਾਰੀਆਂ ਤੋਂ ਨਿਜਾਤ ਪਾਈ ਜਾ ਸਕਦੀ ਹੈ।

## ਪਾਣੀ ਦੀ ਕਮੀ

ਬੱਚੇ ਅਕਸਰ ਖੇਡਦੇ ਸਮੇਂ ਪਾਣੀ ਪੀਣਾ ਭੁੱਲ ਜਾਂਦੇ ਹਨ। ਗਰਮੀ 'ਚ ਖੇਡਦੇ ਸਮੇਂ ਸਰੀਰ 'ਚ ਮੌਜੂਦ ਪਾਣੀ ਪਸੀਨੇ ਰਾਹੀਂ ਬਾਹਰ ਨਿਕਲ ਜਾਂਦਾ ਹੈ। ਇਸ ਨਾਲ ਉਨ੍ਹਾਂ ਨੂੰ ਥਕਾਵਟ ਤੇ ਡੀਹਾਈਡ੍ਰੇਸ਼ਨ ਦੀ ਸਮੱਸਿਆ ਜ਼ਿਆਦਾ ਹੁੰਦੀ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਖੇਡਣ ਜਾਣ ਸਮੇਂ ਪਾਣੀ ਦੀ ਬੋਤਲ ਨਾਲ ਲਿਜਾਣ ਲਈ ਕਹਿਣ। ਜੇ ਉਹ ਬੱਚਿਆਂ ਦੇ ਨਾਲ ਹਨ ਤਾਂ ਉਨ੍ਹਾਂ ਨੂੰ ਥਕਾਵਟ ਹੋਣ 'ਤੇ ਨਾਰੀਅਲ ਪਾਣੀ, ਜੂਸ, ਲੱਸੀ ਜਾਂ ਹੋਰ ਤਰਲ ਪਦਾਰਥ ਆਦਿ ਦੇਣ।



## ਲੂ ਲੱਗਣਾ

ਜ਼ਿਆਦਾ ਦੇਰ ਧੁੱਪ 'ਚ ਰਹਿਣ ਜਾਂ ਖੇਡਣ ਨਾਲ ਕਈ ਵਾਰ ਬੱਚਿਆਂ ਦੇ ਸਰੀਰ 'ਤੇ ਲਾਲ ਨਿਸ਼ਾਨ ਹੋ ਜਾਂਦੇ ਹਨ, ਜਿਸ ਨਾਲ ਖਾਰਿਸ਼ ਹੁੰਦੀ ਹੈ। ਇਸ ਤੋਂ ਬਚਾਅ ਲਈ ਬੱਚਿਆਂ ਦੇ ਪੂਰੀ ਬਾਂਹ ਦੇ ਸੂਤੀ ਕੱਪੜੇ ਤੇ ਸਿਰ 'ਤੇ ਟੋਪੀ ਆਦਿ ਨਾਲ ਸਿਰ ਢਕ ਕੇ ਹੀ ਬਾਹਰ ਜਾਣ ਦਿਓ। ਬੱਚਿਆਂ ਦੇ ਸਰੀਰ 'ਤੇ ਸਨਸਕਰੀਨ ਆਦਿ ਲਗਾਓ।

## ਦਸਤ

ਦੂਸ਼ਿਤ ਪਾਣੀ ਅਤੇ ਭੋਜਨ ਨਾਲ ਬੱਚਿਆਂ 'ਚ ਉਲਟੀਆਂ ਤੇ ਦਸਤ ਦੀ ਸਮੱਸਿਆ ਆਮ ਹੋ ਜਾਂਦੀ ਹੈ। ਖ਼ਾਸ ਤੌਰ 'ਤੇ ਮਾਰਕੀਟ 'ਚ ਖੁੱਲ੍ਹੀਆਂ ਵਿਕਣ ਵਾਲੀਆਂ ਖਾਣਯੋਗ ਚੀਜ਼ਾਂ ਨਾਲ ਇਹ ਸਮੱਸਿਆ ਹੋ ਜਾਂਦੀ ਹੈ। ਇਸ ਲਈ ਬਾਹਰੀ ਚੀਜ਼ਾਂ ਖਾਣ ਤੋਂ ਪਰਹੇਜ਼ ਰੱਖੋ। ਘਰ ਦਾ ਬਣਿਆ ਤਾਜ਼ਾ ਭੋਜਨ ਖਾਓ। ਇਸ ਮੌਸਮ 'ਚ ਤਲਿਆ, ਮਸਾਲੇਦਾਰ ਤੇ ਭਾਰਾ ਭੋਜਨ ਖਾਣ ਤੋਂ ਬਚੋ ਅਤੇ ਨਾਰੀਅਲ ਤੇ ਨਿੰਬੂ ਪਾਣੀ ਜ਼ਿਆਦਾ ਪੀਓ।

## ਫੰਗਲ ਇਨਫੈਕਸ਼ਨ

ਸਰੀਰ ਦੇ ਅਜਿਹੇ ਹਿੱਸੇ, ਜਿੱਥੇ ਪਸੀਨੇ ਕਾਰਨ ਖਾਰਿਸ਼ ਤੇ ਲਾਲ ਧੱਬੇ ਬਣਨ ਲੱਗਦੇ ਹਨ, ਉੱਥੇ ਇਨਫੈਕਸ਼ਨ ਦੀ ਸੰਭਾਵਨਾ ਵਧ ਜਾਂਦੀ ਹੈ। ਖੇਡਣ ਤੋਂ ਤੁਰੰਤ ਬਾਅਦ ਨਹਾਉਣ ਦੀ ਬਜਾਏ ਕੁਝ ਦੇਰ ਰੁਕ ਕੇ ਠੰਢੇ ਪਾਣੀ ਨਾਲ ਨਹਾਓ ਤੇ ਪਸੀਨੇ ਵਾਲੇ ਕੱਪੜੇ ਬਦਲੋ। ਘਰੋਂ ਨਿਕਲਣ ਤੋਂ ਪਹਿਲਾਂ ਐਂਟੀਫੰਗਲ ਪਾਊਡਰ ਦੀ ਵਰਤੋਂ ਕਰੋ।

## ਅੱਖਾਂ 'ਚ ਜਲਣ

ਤੇਜ਼ ਧੁੱਪ ਕਾਰਨ ਅੱਖਾਂ 'ਚੋਂ ਪਾਣੀ ਨਿਕਲਣਾ, ਜਲਣ ਅਤੇ ਲਾਲੀ ਆਉਣ ਦੀ ਸ਼ਿਕਾਇਤ ਅਕਸਰ ਬੱਚਿਆਂ 'ਚ ਵੇਖਣ ਨੂੰ ਮਿਲਦੀ ਹੈ। ਇਸ ਤੋਂ ਰਾਹਤ ਲਈ ਸਨਗਲਾਸ ਤੇ ਛਤਰੀ ਦੀ ਵਰਤੋਂ ਕਰੋ। ਤੇਜ਼ ਧੁੱਪ ਤੋਂ ਐਲਰਜੀ ਹੈ ਤਾਂ ਠੰਢੇ ਵਾਤਾਵਰਨ 'ਚ ਹੀ ਬਾਹਰ ਨਿਕਲੋ।

## ਐਲਰਜੀ

ਗਰਮੀ 'ਚ ਕੁਝ ਐਲਰਜੀ ਕਰਨ ਵਾਲੇ ਕੀਟਾਣੂ ਸਰਗਰਮ ਹੋ ਜਾਂਦੇ ਹਨ। ਬੱਚਿਆਂ ਨੂੰ ਇਹ ਕੀਟਾਣੂ ਜਲਦੀ ਆਪਣੀ ਲਪੇਟ 'ਚ ਲੈਂਦੇ ਹਨ। ਇਸ ਲਈ ਬੱਚਿਆਂ ਨੂੰ ਸਰੀਰ ਢਕ ਕੇ ਹੀ ਬਾਹਰ ਜਾਣ ਦਿਓ। ਐਲਰਜੀ ਵਾਲੇ ਮਾਹੌਲ ਤੋਂ ਦੂਰ ਰੱਖੋ। •



---






# ਨਵਪ੍ਰਸੂਤਾਵਾਂ ਦੀਆਂ ਸਮੱਸਿਆਵਾਂ ਹੋਣਗੀਆਂ ਦੂਰ



ਡਾ. ਉਲਹਾਸ ਬੁਰਾਡੇ ਮਹਾਜਨ
ਭਾਰਤੀ ਯੋਗ ਅਤੇ ਪ੍ਰਬੰਧਨ ਸੰਗਠਨ, ਮੁਰਥਲ, ਸੋਨੀਪਤ

ਜੀਵਨ ਜੀਉਣ ਦੀ ਇੱਛਾ ਸਾਰੇ ਪ੍ਰਾਣੀਆਂ ਦੇ ਵਿਚ ਹੁੰਦੀ ਹੈ। ਬੇਹਤਰ ਜੀਵਨ ਦੇ ਲਈ ਸਰੀਰ ਦਾ ਠੀਕ ਢੰਗ ਨਾਲ ਵਿਕਾਸ ਹੋਣਾ ਜ਼ਰੂਰੀ ਹੈ। ਇਹ ਵਿਕਾਸ ਤਾਂ ਹੀ ਸੰਭਵ ਹੈ, ਜਦ ਬੱਚੇ ਨੂੰ ਉੱਤਮ ਪੋਸ਼ਣ ਮਿਲੇ। ਨਵਜੰਮੇ ਬੱਚੇ ਨੂੰ ਇਹ ਪੋਸ਼ਣ ਮਾਂ ਦੇ ਦੁੱਧ ਤੋਂ ਮਿਲਦਾ ਹੈ। ਜਣੇਪਾ ਪੀੜਾ ਤੋਂ ਗੁਜ਼ਰਨ ਦੇ ਬਾਅਦ ਜਦ ਔਰਤ ਨੂੰ ਮਾਂ ਬਣਨ ਦਾ ਸੁੱਖ ਮਿਲਦਾ ਹੈ ਤਾਂ ਉਹ ਆਨੰਦ ਨਾਲ ਭਰ ਜਾਂਦੀ ਹੈ ਅਤੇ ਉਸਦੇ ਅੰਦਰ ਆਪਣੀ ਔਲਾਦ ਦੇ ਪ੍ਰਤੀ ਮੋਹ ਦੀ ਭਾਵਨਾ ਉਮੜਨ ਲੱਗਦੀ ਹੈ। ਇਸ ਸਥਿਤੀ ਵਿਚ ਮਾਂ ਦੇ ਸਰੀਰ ਵਿਚ ਕਈ ਰਸਾਇਣਿਕ ਪਰਿਵਰਤਨ ਹੁੰਦੇ ਹਨ, ਜਿਸ ਨਾਲ ਜਣੇਪੇ ਦੇ ਬਾਅਦ ਮਾਂ ਦੀ ਛਾਤੀ ਵਿਚ ਦੁੱਧ ਉਤਰ ਆਉਂਦਾ ਹੈ। ਪੋਸ਼ਕ ਤੱਤਾਂ ਨਾਲ ਭਰਪੂਰ ਇਹ ਦੁੱਧ ਨਵਜੰਮੇ ਬੱਚੇ ਦੇ ਲਈ ਜੀਵਨ ਦਾ ਆਧਾਰ ਹੁੰਦਾ ਹੈ।

ਕੁਦਰਤ ਨੇ ਸਾਰੇ ਪ੍ਰਾਣੀਆਂ ਦੇ ਸ਼ੁਰੂਆਤੀ ਜੀਵਨਕਾਲ ਦੇ ਲਈ ਪੋਸ਼ਣ ਦੀ ਵਿਵਸਥਾ ਕੀਤੀ ਹੈ, ਪਰ ਬਦਲਦੇ ਸਮੇਂ ਦੇ ਨਾਲ ਅਤੇ ਖਾਸ ਕਰਕੇ ਆਧੁਨਿਕ ਜੀਵਨਸ਼ੈਲੀ ਕਾਰਣ ਹੁਣ ਔਰਤਾਂ ਦੇ ਜੀਵਨ ਵਿਚ ਵੀ ਕਾਫੀ ਬਦਲਾਅ ਹੋਏ ਹਨ। ਉਨ੍ਹਾਂ ਦੇ ਭੋਜਨ ਕਰਨ ਦੇ ਤੌਰ-ਤਰੀਕਿਆਂ ਅਤੇ ਰਹਿਣ-ਸਹਿਣ ਵਿਚ ਬਦਲਾਅ ਆਇਆ ਹੈ। ਭੋਜਨ ਦੇ ਅਸੰਤੁਲਿਤ ਅਤੇ ਪੋਸ਼ਣ ਰਹਿਤ ਹੋਣ ਦੇ ਕਾਰਣ ਕੰਮ ਦੇ ਵਧੇ ਹੋਏ ਬੋਝ, ਰੁਝੇਵਿਆਂ ਅਤੇ ਸਬੰਧਾਂ ਵਿਚ ਤਣਾਅ ਕਾਰਨ ਔਰਤਾਂ ਵਿਚ ਹਾਰਮੋਨ ਜਨਿਤ ਕਈ ਬਦਲਾਅ ਹੋਏ ਹਨ। ਇਨ੍ਹਾਂ ਤਬਦੀਲੀਆਂ ਦਾ ਮਾਂ 'ਤੇ ਉਲਟ ਅਸਰ ਪੈਂਦਾ ਹੈ। ਇਸ ਦੇ ਚਲਦੇ ਬੱਚੇ ਨੂੰ ਜਨਮ ਦੇਣ ਵਾਲੀ ਮਾਂ ਨੂੰ ਛਾਤੀ ਦਾ ਦੁੱਧ ਪਿਲਾਉਣ ਦੌਰਾਨ ਕਈ ਸਰੀਰਕ ਅਤੇ ਭਾਵਨਾਤਮਕ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨ੍ਹਾਂ ਵਿਚੋਂ ਕੁਝ ਪ੍ਰਮੁੱਖ ਸਮੱਸਿਆ ਹਨ -

- ਸ਼ੁਰੂਆਤੀ ਦਿਨਾਂ ਵਿਚ ਦੁੱਧ ਨਾ ਆਉਣਾ ਜਾਂ ਘੱਟ ਆਉਣਾ।
- ਛਾਤੀ ਦਾ ਪੂਰੀ ਤਰ੍ਹਾਂ ਵਿਕਸਿਤ ਨਾ ਹੋਣਾ ਜਾਂ ਛੋਟੇ ਆਕਾਰ ਦਾ ਹੋਣਾ।
- ਰਾਤ ਵਿਚ ਛੋਟੇ ਬੱਚਿਆਂ ਦੇ ਜਾਗਰਣ ਕਾਰਣ ਥਕਾਵਟ।
- ਜ਼ਿਆਦਾ ਸਮੇਂ ਤਕ ਬੱਚਿਆਂ ਨੂੰ ਦੁੱਧ ਪਿਲਾਉਣਾ।
- ਜਨਤਕ ਸਥਾਨਾਂ 'ਤੇ ਦੁੱਧ ਪਿਲਾਉਣ ਵਿਚ ਮੁਸ਼ਕਿਲਾਂ।
- ਨਵੇਂ ਅਤੇ ਅਸੁਵਿਧਾਜਨਕ ਕਪੜਿਆਂ ਨਾਲ ਬੱਚੇ ਨੂੰ ਦੁੱਧ ਪਿਆਉਣ ਵਿਚ ਹੋਣ ਵਾਲੀ ਪਰੇਸ਼ਾਨੀ।
- ਤਣਾਅ ਅਤੇ ਨਿਰਾਸ਼ਾ ਕਾਰਣ ਬੱਚੇ ਨਾਲ ਮੋਹ ਦੀ ਘਾਟ।

ਉੱਤਮ ਸਰੀਰਕ ਅਤੇ ਮਾਨਸਿਕ ਸਿਹਤ ਵਾਲੀ ਸੰਤਾਨ ਹੀ ਰਾਸ਼ਟਰ ਦੇ ਲਈ ਉਪਯੋਗੀ ਹੁੰਦੀ ਹੈ ਇਹ ਤਦ ਹੀ ਸੰਭਵ ਹੈ, ਜਦ ਬੱਚੇ ਨੂੰ ਜਨਮ ਦੇਣ ਵਾਲੀ ਔਰਤ ਖੁਦ ਸਰੀਰਕ ਅਤੇ ਮਾਨਸਿਕ ਰੂਪ ਵਿਚ ਸਿਹਤਮੰਦ ਹੋਵੇ। ਅਜਿਹੀ ਮਾਤਾ ਹੀ ਆਪਣੀ ਆਪਣੀ ਸੰਤਾਨ ਦੀ ਸਿਹਤ ਦਾ ਖਿਆਲ ਰੱਖ ਸਕਦੀ ਹੈ ਅਤੇ ਉਸਦੇ ਪ੍ਰਤੀ ਮੋਹ ਦੀ ਭਾਵਨਾ ਰੱਖ ਸਕਦੀ ਹੈ।

ਇੱਕ ਅਧਿਐਨ ਅਨੁਸਾਰ, ਬੱਚੇ ਦੇ ਜਨਮ ਦੇ ਤੁਰੰਤ ਬਾਅਦ ਤੋਂ ਲੈ ਕੇ ਬੱਚੇ ਨੂੰ ਛਾਤੀ ਦਾ ਦੁੱਧ ਪਿਲਾਉਣ ਜਾਰੀ ਰੱਖਣ ਤਕ ਦਾ ਸਫਲ ਮਾਂ ਦੇ ਲਈ ਸਭ ਤੋਂ ਚੁਣੌਤੀਪੂਰਣ ਹੁੰਦਾ ਹੈ। ਬਾਹਰੀ ਕਾਰਕ ਇਸ ਚੁਣੌਤੀ ਨੂੰ ਹੋਰ ਵਧਾ ਦਿੰਦੇ ਹਨ, ਜਿਸ ਨਾਲ ਮਾਂ 'ਤੇ ਗਹਿਰਾ ਅਸਰ ਪੈਂਦਾ ਹੈ, ਪਰ ਇਨ੍ਹਾਂ ਸਮੱਸਿਆਵਾਂ ਨੂੰ ਆਸਾਨੀ ਨਾਲ ਹੱਲ ਕੀਤਾ ਜਾ ਸਕਦਾ ਹੈ। ਉਚਿਤ ਮਾਤਰਾ ਵਿਚ ਪੋਸ਼ਕ ਭੋਜਨ ਲੈਣ ਅਤੇ ਸ਼ਾਂਤ ਮਨੋਦਸ਼ਾ ਵਿਚ ਰਹਿਣ ਨਾਲ ਡਲਿਵਰੀ ਦੀਆਂ ਜ਼ਿਆਦਾਤਰ ਸਮੱਸਿਆਵਾਂ ਦਾ ਹੱਲ ਹੋ ਸਕਦ ਹੈ। ਜੇਕਰ ਬੱਚੇ ਨੂੰ ਜਨਮ ਦੇਣ ਵਾਲੀ ਮਾਂ ਨੂੰ ਕੋਈ ਸਮੱਸਿਆ ਹੁੰਦੀ ਹੈ ਤਾਂ ਉਸ ਨੂੰ ਡਾਕਟਰ ਕੋਲੋਂ ਸਲਾਹ ਲੈਣੀ ਚਾਹੀਦੀ ਹੈ।

---

ਡਾ. ਸੁਧੀਰ ਗੁਪਤਾ





# ਫਰੋਜ਼ਨ ਸ਼ੋਲਡਰ ਮੋਢਿਆਂ ਦਾ ਦਰਦ

ਆਧੁਨਿਕ ਜੀਵਨਸ਼ੈਲੀ ਨੇ ਸਿਹਤ ਨੂੰ ਕਈ ਪੱਧਰਾਂ 'ਤੇ ਨੁਕਸਾਨ ਪਹੁੰਚਾਇਆ ਹੈ। ਸਿਹਤ ਪ੍ਰਤੀ ਲਾਪਰਵਾਹੀ ਕਾਰਨ ਪਿੱਠ, ਕਮਰ, ਗਰਦਨ ਤੇ ਮੋਢਿਆਂ ਦੇ ਦਰਦ ਵਰਗੀਆਂ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ। ਫਰੋਜ਼ਨ ਸ਼ੋਲਡਰ ਵੀ ਅਜਿਹੀ ਹੀ ਸਮੱਸਿਆ ਹੈ। ਭਾਰਤ 'ਚ ਲਗਪਗ 58 ਲੱਖ ਲੋਕ ਗਰਦਨ ਸਬੰਧੀ ਸਮੱਸਿਆਵਾਂ ਨਾਲ ਜੂਝ ਰਹੇ ਹਨ। ਇਸ ਦਾ ਮੁੱਖ ਕਾਰਨ ਲੰਮੇ ਸਮੇਂ ਤਕ ਕੰਪਿਊਟਰ ਅੱਗੇ ਬੈਠਣਾ, ਸੈਰ ਤੇ ਕਸਰਤ ਲਈ ਸਮਾਂ ਨਾ ਕੱਢਣਾ। ਪੂਰਾ ਦਿਨ ਇੱਕੋ ਤਰੀਕੇ ਨਾਲ ਬੈਠੇ ਰਹਿਣ ਨਾਲ ਜੋੜ ਜਾਮ ਹੋਣ ਲਗਦੇ ਹਨ। ਫਰੋਜ਼ਨ ਸ਼ੋਲਡਰ ਹੋਣ ਪਿੱਛੇ ਅਸਲ ਕਾਰਨ ਕੀ ਹੈ, ਇਸ ਬਾਰੇ ਅਜੇ ਤਕ ਪਤਾ ਨਹੀਂ ਲੱਗ ਸਕਿਆ।

## ਆਮ ਅਲਾਮਤਾਂ

ਫਰੋਜ਼ਨ ਸ਼ੋਲਡਰ ਦੌਰਾਨ ਮੋਢੇ ਦੀਆਂ ਹੱਡੀਆਂ ਨੂੰ ਘੁਮਾਉਣਾ ਮੁਸ਼ਕਲ ਹੋ ਜਾਂਦਾ ਹੈ। ਮੈਡੀਕਲ ਭਾਸ਼ਾ 'ਚ ਇਸ ਦਰਦ ਨੂੰ 'ਐਡਹੈਸਿਵ ਕੈਪਸੁਲਾਇਟਿਸ' ਆਖਦੇ ਹਨ। ਹਰ ਜੋੜ ਦੇ ਬਾਹਰ ਇਕ ਕੈਪਸੂਲ ਹੁੰਦਾ ਹੈ। ਫਰੋਜ਼ਨ ਸ਼ੋਲਡਰ 'ਚ ਇਹ ਕੈਪਸੂਲ ਸਖ਼ਤ ਹੋ ਜਾਂਦਾ ਹੈ। ਇਹ ਦਰਦ ਹੌਲੀ-ਹੌਲੀ ਤੇ ਅਚਾਨਕ ਸ਼ੁਰੂ ਹੁੰਦਾ ਹੈ ਤੇ ਫਿਰ ਪੂਰੇ ਮੋਢੇ ਨੂੰ ਜਾਮ ਕਰ ਦਿੰਦਾ ਹੈ, ਜਿਵੇਂ ਡਰਾਈਵਿੰਗ ਜਾਂ ਕੋਈ ਘਰੇਲੂ ਕੰਮ ਕਰਦਿਆਂ ਅਚਾਨਕ ਇਹ ਦਰਦ ਸ਼ੁਰੂ ਹੋ ਸਕਦਾ ਹੈ।

ਇਸ ਤੋਂ ਗ੍ਰਸਤ 60 ਫ਼ੀਸਦੀ ਲੋਕ ਤਿੰਨ ਸਾਲ 'ਚ ਤੇ 90 ਫ਼ੀਸਦੀ ਲੋਕ ਸੱਤ ਸਾਲ 'ਚ ਆਪਣੇ ਆਪ ਠੀਕ ਹੋ ਜਾਂਦੇ ਹਨ। ਪੁਰਸ਼ਾਂ ਦੇ ਮੁਕਾਬਲੇ ਇਸਤਰੀਆਂ ਨੂੰ ਇਹ ਸਮੱਸਿਆ ਜ਼ਿਆਦਾ ਹੁੰਦੀ ਹੈ। ਸੱਟ ਜਾਂ ਝਟਕੇ ਕਾਰਨ ਹੋਣ ਵਾਲਾ ਹਰ ਦਰਦ ਫਰੋਜ਼ਨ ਸ਼ੋਲਡਰ ਨਹੀਂ ਹੁੰਦਾ। ਇਹ ਸਮੱਸਿਆ 35 ਤੋਂ 70 ਸਾਲ ਦੀ ਉਮਰ 'ਚ ਜ਼ਿਆਦਾ ਹੁੰਦੀ ਹੈ। ਸ਼ੂਗਰ, ਥਾਇਰਾਇਡ, ਕਾਰਡਿਓ ਵੈਸਕੁਲਰ ਸਿਸਟਮ ਸਬੰਧੀ ਸਮੱਸਿਆਵਾਂ, ਟੀਬੀ ਤੇ ਪਾਰਨਕਿਸਨਜ਼ ਦੇ ਮਰੀਜ਼ਾਂ ਨੂੰ ਇਹ ਸਮੱਸਿਆ ਜ਼ਿਆਦਾ ਘੇਰਦੀ ਹੈ। 10 ਫ਼ੀਸਦੀ ਲੋਕ ਠੀਕ ਨਹੀਂ ਹੁੰਦੇ। ਉਨ੍ਹਾਂ ਦਾ ਇਲਾਜ ਸਰਜੀਕਲ ਤੇ ਨਾਨ-ਸਰਜੀਕਲ ਦੋਵਾਂ ਤਰੀਕਿਆਂ ਨਾਲ ਕੀਤਾ ਜਾਂਦਾ ਹੈ।

## ਜਾਂਚ ਤੇ ਇਲਾਜ

ਲੱਛਣਾਂ ਤੇ ਸਰੀਰਕ ਜਾਂਚ ਜ਼ਰੀਏ ਡਾਕਟਰ ਇਸ ਦੀ ਪਛਾਣ ਕਰਦੇ ਹਨ। ਮੁੱਢਲੀ ਜਾਂਚ ਦੌਰਾਨ ਡਾਕਟਰ ਮੋਢੇ ਤੇ ਬਾਂਹ ਦੇ ਕੁਝ ਖ਼ਾਸ ਹਿੱਸਿਆਂ 'ਤੇ ਦਬਾਅ ਦੇ ਕੇ ਦਰਦ ਦੀ ਤੀਬਰਤਾ ਨੂੰ ਦੇਖਦੇ ਹਨ। ਇਸ ਤੋਂ ਇਲਾਵਾ ਐਕਸਰੇ ਜਾਂ ਐੱਮਆਰਆਈ ਜਾਂਚ ਕਰਵਾਉਣ ਦੀ ਸਲਾਹ ਵੀ ਦਿੱਤੀ ਜਾਂਦੀ ਹੈ। ਸਮੱਸਿਆ ਦੀ ਗੰਭੀਰਤਾ ਨੂੰ ਦੇਖਦਿਆਂ ਇਲਾਜ ਸ਼ੁਰੂ ਕੀਤਾ ਜਾਂਦਾ ਹੈ। ਦਰਦ ਰੋਕੂ ਦਵਾਈਆਂ ਨਾਲ ਪਹਿਲਾਂ ਦਰਦ ਨੂੰ ਘੱਟ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਤਾਂ ਕਿ ਮਰੀਜ਼ ਮੋਢੇ ਨੂੰ ਹਿਲਾ ਸਕੇ। ਦਰਦ ਘਟਣ ਤੋਂ ਬਾਅਦ ਫਿਜ਼ੀਓਥੈਰੇਪੀ ਸ਼ੁਰੂ ਕੀਤੀ ਜਾਂਦੀ ਹੈ, ਜਿਸ 'ਚ ਹਾਟ ਤੇ ਕੋਲਡ ਕੰਪ੍ਰੈਸ਼ਨ ਪੈਕ ਦਿੱਤਾ ਜਾਂਦਾ ਹੈ। ਇਸ ਨਾਲ ਮੋਢੇ ਦੀ ਸੋਜ਼ ਤੇ ਦਰਦ ਤੋਂ ਰਾਹਤ ਮਿਲਦੀ ਹੈ। ਕਈ ਵਾਰ ਲੋਕਲ ਅਨੈਸਥੀਸ਼ੀਆ ਦੇ ਕੇ ਵੀ ਮੋਢੇ ਨੂੰ ਘੁਮਾਇਆ ਜਾਂਦਾ ਹੈ।

## ਲਾਪਰਵਾਹੀ ਹੈ ਖ਼ਤਰਨਾਕ

ਜੇ ਦਰਦ ਲਗਾਤਾਰ ਹੋਵੇ ਤਾਂ ਡਾਕਟਰ ਨੂੰ ਦਿਖਾਓ। ਦਰਦ ਜ਼ਿਆਦਾ ਹੋਵੇ ਤਾਂ ਹੱਥਾਂ ਨੂੰ ਸਿਰ ਦੇ ਬਰਾਬਰ ਉਚਾਈ 'ਤੇ ਰੱਖ ਕੇ ਸੌਂਵੋਂ। ਬਾਹਾਂ ਹੇਠ ਸਿਰਹਾਣੇ ਰੱਖ ਕੇ ਸੌਣ ਨਾਲ ਆਰਾਮ ਮਿਲਦਾ ਹੈ। ਤਿੰਨ ਤੋਂ ਨੌਂ ਮਹੀਨੇ ਤਕ ਦੇ ਸਮੇਂ ਨੂੰ ਫਰੀਜ਼ਿੰਗ ਪੀਰੀਅਡ ਮੰਨਿਆ ਜਾਂਦਾ ਹੈ। ਇਸ ਦੌਰਾਨ ਫਿਜ਼ੀਓਥੈਰੇਪੀ ਨਹੀਂ ਕਰਵਾਉਣੀ ਚਾਹੀਦੀ। ਡਾਕਟਰ ਦੀ ਸਲਾਹ ਨਾਲ ਹੀ ਦਰਦ ਰੋਕੂ ਦਵਾਈਆਂ ਤੇ ਇੰਜੈਕਸ਼ਨ ਲਗਵਾਉਣੇ ਚਾਹੀਦੇ ਹਨ।

## ਕਸਰਤ ਹੈ ਜ਼ਰੂਰੀ

ਕਿਸੇ ਬੰਦ ਦਰਵਾਜ਼ੇ ਦੇ ਹੈਂਡਲ ਨੂੰ ਠੀਕ ਹੱਥ ਨਾਲ ਫੜੋ ਤੇ ਦਰਦ ਵਾਲੇ ਹੱਥ ਨੂੰ ਪਿੱਛੇ ਲਿਜਾਣ ਦੀ ਕੋਸ਼ਿਸ਼ ਕਰੋ। ਦਰਦ ਵਾਲਾ ਹੱਥ ਹੌਲੀ-ਹੌਲੀ 'ਤੇ ਚੁੱਕੋ। ਦੂਜਾ ਹੱਥ ਪਿੱਠ ਵੱਲ ਲਿਜਾਓ ਤੇ ਤੌਲੀਏ ਦੇ ਸਹਾਰੇ ਉੱਪਰ-ਹੇਠਾਂ ਘੁਮਾਉਣ ਦੀ ਕੋਸ਼ਿਸ਼ ਕਰੋ। ਦਰਦ ਵਾਲੇ ਹੱਥ ਨੂੰ ਦੂਜੇ ਪਾਸੇ ਦੇ ਮੋਢੇ ਵੱਲ ਲਿਜਾਣ ਦੀ ਕੋਸ਼ਿਸ਼ ਕਰੋ। ਦੂਜੇ ਹੱਥ ਨਾਲ ਕੂਹਣੀ ਨੂੰ ਸਹਾਰਾ ਦਿਓ। • 78886-63049

---

# ਬਲੱਡ ਪ੍ਰੈਸ਼ਰ ਕੰਟਰੋਲ ਕਰਨ ਵਾਲੇ ਫਲ

ਕੰਮ ਦੇ ਦਬਾਅ, ਤਣਾਅ ਆਦਿ ਕਰਕੇ ਹਾਈ ਬਲੱਡ ਪ੍ਰੈਸ਼ਰ ਆਮ ਸਮੱਸਿਆ ਹੋ ਗਈ ਹੈ। ਹਾਈ ਬਲੱਡ ਪ੍ਰੈਸ਼ਰ ਦੇ ਇਲਾਜ ਲਈ ਜ਼ਿਆਦਾ ਦਵਾਈਆਂ ਦਾ ਸੇਵਨ ਵਧੀਆ ਉਪਾਅ ਨਹੀਂ ਹੈ। ਆਓ, ਜਾਣਦੇ ਹਾਂ ਬਦਲਦੀ ਜੀਵਨਸ਼ੈਲੀ 'ਚ ਕਿਹੜੇ ਫਲ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ 'ਚ ਕਾਰਗਰ ਹੋ ਸਕਦੇ ਹਨ।



## ਕੀਵੀ

ਕੀਵੀ ਇਕ ਸੁਆਦੀ ਫਲ ਹੈ, ਜੋ ਪਾਚਨ 'ਚ ਸੁਧਾਰ ਤੇ ਰੋਗਾਂ ਨਾਲ ਲੜਨ ਦੀ ਸਮਰਥਾ ਵਧਾਉਂਦਾ ਹੈ ਅਤੇ ਚਮੜੀ ਨੂੰ ਵੀ ਸਿਹਤਮੰਦ ਰੱਖਦਾ ਹੈ। ਜੇ ਤੁਹਾਨੂੰ ਹਾਈ ਬਲੱਡ ਪ੍ਰੈਸ਼ਰ ਦੀ ਸਮੱਸਿਆ ਹੈ ਤਾਂ ਇਸ ਦਾ ਸੇਵਨ ਫ਼ਾਇਦੇਮੰਦ ਹੈ। ਕੀਵੀ ਐਂਟੀਆਕਸੀਡੈਂਟ ਨਾਲ ਭਰਪੂਰ ਹੈ। ਇਕ ਅਧਿਐਨ ਮੁਤਾਬਕ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਲਈ ਦਿਨ 'ਚ ਤਿੰਨ ਕੀਵੀ ਫਲਾਂ ਦਾ ਸੇਵਨ ਕਰੋ। ਇਸ ਨਾਲ ਹਾਈ ਬਲੱਡ ਪ੍ਰੈਸ਼ਰ, ਸਟਰੋਕ, ਦਿਲ ਦੇ ਦੌਰੇ ਆਦਿ ਜਿਹੇ ਖ਼ਤਰਿਆਂ ਨੂੰ ਰੋਕਣ 'ਚ ਮਦਦ ਮਿਲੇਗੀ।

## ਤਰਬੂਜ਼

ਤਰਬੂਜ਼ ਸੁਆਦ ਦੇ ਨਾਲ-ਨਾਲ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੁੰਦਾ ਹੈ। ਤੁਸੀਂ ਗਰਮੀਆਂ 'ਚ ਰੋਜ਼ਾਨਾ ਇਸ ਦਾ ਸੇਵਨ ਕਰ ਸਕਦੇ ਹੋ ਅਤੇ ਹਾਈ ਬਲੱਡ ਪ੍ਰੈਸ਼ਰ ਕੰਟਰੋਲ ਕਰਨ 'ਚ ਵੀ ਮਦਦ ਮਿਲਦੀ ਹੈ, ਕਿਉਂਕਿ ਇਸ 'ਚ ਪੋਟਾਸ਼ੀਅਮ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਤਰਬੂਜ਼ ਐਂਟੀਆਕਸੀਡੈਂਟ ਅਤੇ ਵਿਟਾਮਿਨ-ਸੀ ਨਾਲ ਵੀ ਭਰਪੂਰ ਹੁੰਦਾ ਹੈ।

## ਅੰਬ

ਗਰਮੀਆਂ ਦਾ ਮੌਸਮ ਅੰਬਾਂ ਦਾ ਮੌਸਮ ਹੈ। ਅੰਬ ਪੋਟਾਸ਼ੀਅਮ ਨਾਲ ਭਰਪੂਰ ਹੁੰਦੇ ਹਨ, ਇਸ ਲਈ ਇਸ ਨੂੰ ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਲਈ ਆਦਰਸ਼ ਫਲ ਮੰਨਿਆ ਜਾਂਦਾ ਹੈ।

## ਸਟ੍ਰੋਬਰੀ

ਸਟ੍ਰੋਬਰੀ ਦਾ ਰੰਗ ਦੇਖਦਿਆਂ ਹੀ ਖ਼ੁਸ਼ੀ ਮਹਿਸੂਸ ਹੋਣ ਲਗਦੀ ਹੈ ਅਤੇ ਇਹ ਖਾਣ 'ਚ ਵੀ ਸੁਆਦ ਹੁੰਦੀ ਹੈ। ਤੁਸੀਂ ਇਸ ਦਾ ਸੇਵਨ ਸਟ੍ਰੋਬਰੀ ਸ਼ੇਕ ਬਣਾ ਕੇ ਵੀ ਕਰ ਸਕਦੇ ਹੋ। ਸਟ੍ਰੋਬਰੀ ਐਂਟੀਆਕਸੀਡੈਂਟ, ਵਿਟਾਮਿਨ-ਸੀ ਤੇ ਓਮੇਗਾ-3 ਫੈਟੀ ਐਸਿਡ ਨਾਲ ਭਰਪੂਰ ਹੁੰਦੀ ਹੈ। ਇਸ 'ਚ ਪੋਟਾਸ਼ੀਅਮ ਦੀ ਮੌਜੂਦਗੀ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ 'ਚ ਕਾਰਗਰ ਹੁੰਦੀ ਹੈ।

## ਕੇਲਾ

ਕੇਲਾ ਇਕ ਆਮ ਫਲ ਹੈ। ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਲਈ ਪੋਟਾਸ਼ੀਅਮ ਅਹਿਮ ਭੂਮਿਕਾ ਨਿਭਾਉਂਦਾ ਹੈ ਤੇ ਕੇਲਾ ਪੋਟਾਸ਼ੀਅਮ ਦਾ ਅਹਿਮ ਸਰੋਤ ਹੈ। ਇਸ ਦੇ ਸੇਵਨ ਨਾਲ ਤੁਸੀਂ ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ 'ਚ ਰੱਖ ਸਕਦੇ ਹੋ ਸਿਗਰਟਨੋਸ਼ੀ ਤੋਂ ਪਰਹੇਜ਼ ਰੱਖੋ। •

# ਕੇਜਰੀਵਾਲ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਮਲਵਿੰਦਰ ਸਿੰਘ ਕੰਗ ਨੇ ਭਾਜਪਾ 'ਤੇ ਵਿੰਨ੍ਹੇ ਤਿੱਖੇ ਨਿਸ਼ਾਨੇ

**ਕਿਸ਼ਨ ਪਾਲ**

ਚੰਡੀਗੜ੍ਹ 26 ਮਾਰਚ। ਆਮ ਆਦਮੀ ਪਾਰਟੀ ਨੇ ਭਾਰਤੀ ਜਨਤਾ ਪਾਰਟੀ ਤੇ ਤਿੱਖਾ ਹਮਲਾ ਬੋਲਦਿਆਂ ਈ.ਡੀ. ਵੱਲੋਂ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਨੂੰ ਤਾਨਾਸਾਹੀ ਕਰਾਰ ਦਿੱਤਾ ਅਤੇ ਕਿਹਾ ਹਿ ਉਹ 'ਆਪ' ਨੂੰ ਰੋਕਣ ਲਈ ਬਦਲਾਖੋਰੀ ਦੀ ਰਾਜਨੀਤੀ ਕਰ ਰਹੀ ਹੈ। 'ਆਪ' ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਸ਼ੁੱਕਰਵਾਰ ਨੂੰ ਪਾਰਟੀ ਦਫਤਰ ਤੋਂ ਮੀਡੀਆ ਨੂੰ ਸੰਬੋਧਨ ਕਰਦਿਆਂ ਭਾਜਪਾ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਦੀ ਪ੍ਰੈੱਸ ਕਾਨਫਰੰਸ 'ਤੇ ਪ੍ਰਤੀਕਿਰਿਆ ਦਿੰਦਿਆਂ ਉਨ੍ਹਾਂ ਨੂੰ ਪੰਜਾਬ ਅਤੇ ਕਿਸਾਨਾਂ ਨਾਲ ਸਬੰਧਤ ਸਾਰੇ ਮੁੱਦਿਆਂ 'ਤੇ ਚੁੱਪ ਰਹਿਣ ਲਈ ਕਿਹਾ। ਕੰਗ ਨੇ ਸੁਨੀਲ ਜਾਖੜ ਨੂੰ ਕਿਹਾ, "ਗਰਦਨ ਸਿੱਧੀ ਰੱਖਣ ਦਾ ਮੁੱਲ ਉਤਾਰ ਰਹੇ ਹਾਂ, ਬੇਸਰਮਾਂ ਦਾ ਝੁਕ ਕੇ ਸਰ ਜਾਂਦਾ, ਤੀਰ ਤਲਵਾਰ ਕਿਸੀ ਨੂੰ ਕੁਝ ਨਹੀਂ ਕਹਿੰਦੇ, ਬੰਦੇ ਆਪਣੀ ਨਜਰਾਂ 'ਚੋ ਡਿੱਗ ਕੇ ਮਰ ਜਾਂਦੇ। ਕੰਗ ਨੇ ਅੱਗੇ ਕਿਹਾ ਕਿ ਅਰਵਿੰਦ ਕੇਜਰੀਵਾਲ ਇੱਕ ਅਜਿਹਾ ਵਿਅਕਤੀ ਹੈ ਜਿਸ ਨੇ ਭਾਜਪਾ ਦੀ ਤਾਨਾਸਾਹੀ ਅੱਗੇ ਕਦੇ ਸਿਰ ਨਹੀਂ ਝੁਕਾਇਆ, ਅਰਵਿੰਦ ਕੇਜਰੀਵਾਲ ਨੂੰ ਇਸ ਲਈ ਗ੍ਰਿਫਤਾਰ ਕੀਤਾ ਗਿਆ ਕਿਉਂਕਿ ਉਨ੍ਹਾਂ ਨੇ ਮਣੀਪੁਰ ਵਿੱਚ ਹੋਈ ਹਿੰਸਾ ਅਤੇ ਉੱਥੇ ਔਰਤਾਂ 'ਤੇ ਹੋ ਰਹੇ ਅੱਤਿਆਚਾਰਾਂ ਵਿਰੁੱਧ ਆਵਾਜ ਉਠਾਈ ਸੀ। ਭਾਜਪਾ ਕੇਜਰੀਵਾਲ ਨੂੰ ਇਸ ਲਈ ਗ੍ਰਿਫਤਾਰ ਕਰ ਰਹੀ ਹੈ ਕਿਉਂਕਿ ਉਨ੍ਹਾਂ ਨੇ ਕਾਤਲ ਪਿਤਾ ਨੂੰ ਆਪਣੀ ਕੈਬਨਿਟ ਵਿੱਚ ਰੱਖਣ ਅਤੇ ਉਸਨੂੰ ਦੁਬਾਰਾ ਟਿਕਟ ਦੇਣ ਲਈ ਭਾਜਪਾ ਅਤੇ ਮੋਦੀ ਦੀ ਨਿੰਦਾ ਕੀਤੀ ਸੀ। ਕੇਜਰੀਵਾਲ ਨੇ "ਲਖੀਮਪੁਰ ਖੇੜੀ ਵਿੱਚ ਜਿਸ ਤਰ੍ਹਾਂ ਨਾਲ ਮੋਦੀ ਸਰਕਾਰ ਸਾਡੇ ਕਿਸਾਨਾਂ ਦੇ ਕਾਤਲ ਦੀ ਪਿੱਠ ਥਾਪੜ ਰਹੀ ਹੈ", ਉਸ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਕੇਜਰੀਵਾਲ ਨੂੰ ਇਸ ਲਈ ਗ੍ਰਿਫਤਾਰ ਕੀਤਾ ਗਿਆ ਹੈ ਕਿਉਂਕਿ ਉਹ ਸਾਡੀਆਂ ਓਲੰਪਿਕ ਮਹਿਲਾ ਖਿਡਾਰਿਆਂ ਦੇ ਨਾਲ ਖੜ੍ਹੇ ਸੀ ਜੋ ਖਿਡਾਰੀਆਂ ਦਾ ਜਿਨਸੀ ਸੋਸਣ ਕਰਨ ਵਾਲੇ ਬ੍ਰਿਜ ਭੂਸਣ ਦੇ ਵਿਰੋਧ ਵਿੱਚ ਦਿੱਲੀ ਵਿੱਚ ਧਰਨੇ 'ਤੇ ਬੈਠੀਆਂ ਸਨ ਅਤੇ ਇਨਸਾਫ ਦੀ ਮੰਗ ਕਰ ਰਹੀਆਂ ਸਨ। ਕੰਗ ਨੇ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਦੇ ਸੰਵਿਧਾਨ ਨੂੰ ਬਚਾਉਣ ਲਈ ਅਰਵਿੰਦ ਕੇਜਰੀਵਾਲ ਦੀ ਆਵਾਜ ਹਮੇਸਾ ਸੰਸਦ ਤੋਂ ਲੈ ਕੇ ਸੜਕਾਂ, ਗਲੀਆਂ ਅਤੇ ਦੇਸ ਦੇ ਹਰ ਕੋਨੇ 'ਚ ਲੋਕਾਂ ਤੱਕ ਗੂੰਜਦੀ ਰਹੀ ਹੈ। ਅਸੀਂ ਭਾਜਪਾ ਨਾਲ ਸਮਝੌਤਾ ਨਹੀਂ ਕੀਤਾ, ਇਸ ਲਈ ਉਨ੍ਹਾਂ ਨੇ ਅਰਵਿੰਦ ਕੇਜਰੀਵਾਲ ਨੂੰ ਗ੍ਰਿਫਤਾਰ ਕਰ ਲਿਆ। 'ਆਪ' ਆਗੂ ਨੇ ਕਿਹਾ ਕਿ ਅਸੀਂ ਨਰਾਇਣ ਰਾਣੇ ਅਤੇ ਅਜੀਤ ਪਵਾਰ ਵਾਂਗ ਭਾਜਪਾ ਦੀ ਉਸ ਵਾਸਿ?ਗ ਮਸੀਨ ਵਿੱਚ ਨਹੀਂ ਧੋਤੇ ਗਏ। ਕੇਜਰੀਵਾਲ ਹੇਮੰਤ ਬਿਸਵਾ ਸਰਮਾ ਨਹੀਂ ਹਨ। ਉਨ੍ਹਾਂ ਕਿਹਾ, "ਮੈਂ ਤੁਹਾਨੂੰ ਜਾਖੜ ਜੀ ਕਹਿ ਰਿਹਾ ਹਾਂ ਕਿ ਜੇਕਰ ਤੁਸੀਂ ਅੱਜ ਕਾਂਗਰਸ 'ਚ ਹੁੰਦੇ ਤਾਂ ਭਾਜਪਾ ਨੇ ਤੁਹਾਨੂੰ ਵੀ ਜੇਲ 'ਚ ਡੱਕ ਦਿੱਤਾ ਹੁੰਦਾ। ਇਹ ਉਨ੍ਹਾਂ ਦੀ ਸੈਲੀ ਹੈ- ਉਨ੍ਹਾਂ ਨੂੰ ਸਜਾ ਦਿਓ ਜੋ ਸਹੀ ਦੇ ਹੱਕ ਵਿੱਚ ਆਵਾਜ ਉਠਾਉਂਦੇ ਹਨ, ਉਨ੍ਹਾਂ ਦੇ ਵਿਰੁੱਧ ਖੜ੍ਹੇ ਹੁੰਦੇ ਹਨ। ਕੰਗ ਨੇ ਕਿਹਾ ਕਿ ਉਹ ਸਰਾਬ ਘਪਲੇ ਦੀ ਗੱਲ ਕਰ ਰਹੇ ਹਨ ਪਰ ਕੋਈ ਘਪਲਾ ਨਹੀਂ ਹੋਇਆ ਕਿਉਂਕਿ ਅੱਜ ਤੱਕ 2 ਸਾਲ ਬੀਤ ਜਾਣ ਅਤੇ ਆਮ ਆਦਮੀ ਪਾਰਟੀ ਦੇ ਕਈ ਸੀਨੀਅਰ ਲੀਡਰਾਂ ਨੂੰ ਜੇਲ੍ਹ ਜਾਣ ਤੋਂ ਬਾਅਦ ਵੀ ਸਾਡੀ ਪਾਰਟੀ ਜਾਂ ਕਿਸੇ ਵੀ ਆਗੂ ਕੋਲੋਂ ਇੱਕ ਧੇਲਾ ਵੀ ਬਰਾਮਦ ਨਹੀਂ ਹੋਇਆ। ਅਦਾਲਤ ਵਿੱਚ ਆਮ ਆਦਮੀ ਪਾਰਟੀ ਦੇ ਖਿਲਾਫ ਇੱਕ ਵੀ ਸਬੂਤ ਪੇਸ ਨਹੀਂ ਕੀਤਾ ਗਿਆ। ਇੱਥੇ ਕੋਈ ਸਰਾਬ ਘੁਪਲਾ ਨਹੀਂ ਹੈ, ਨਾ ਕਦੇ ਸੀ। ਇਹ ਸਿਰਫ ਇੰਨਾ ਹੈ ਕਿ ਮੋਦੀ ਸਾਡੇ ਦੇਸ ਦੀ ਸੰਸਥਾ ਨੂੰ ਕਮਜੋਰ ਕਰਨ ਦੀ ਕੋਸਿ?ਸ ਕਰ ਰਹੇ ਹਨ ਅਤੇ ਉਸ ਦਾ ਵਿਰੋਧ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਰੋਕਣ ਦੀ ਕੋਸਿ?ਸ ਕਰ ਰਹੇ ਹਨ। ਕੰਗ ਨੇ ਕਿਹਾ ਕਿ ਬੇਰੋਜਗਾਰੀ ਅਤੇ ਮਹਿੰਗਾਈ ਸਭ ਤੋਂ ਉੱਪਰ ਹੈ। ਅਗਨੀ ਵੀਰ ਦੇ ਨਾਂ 'ਤੇ ਨੌਜਵਾਨਾਂ ਦਾ ਸੋਸਣ ਕੀਤਾ ਜਾ ਰਿਹਾ ਹੈ ਅਤੇ ਕਿਸਾਨ ਆਪਣੇ ਹੱਕਾਂ ਲਈ ਧਰਨੇ ਲਾਉਣ ਲਈ ਮਜਬੂਰ ਹਨ। ਪੰਜਾਬ ਦੇ ਲੋਕਾਂ ਨੇ ਹਮੇਸਾ ਹੀ ਕਿਸੇ ਵੀ ਤਰ੍ਹਾਂ ਦੀ ਬੇਇਨਸਾਫੀ ਦੇ ਖਿਲਾਫ ਆਵਾਜ ਉਠਾਈ ਹੈ ਅਤੇ ਅੱਜ ਕੇਜਰੀਵਾਲ ਨੂੰ ਵੀ ਸਹੀ ਨਾਲ ਖੜ੍ਹੇ ਹੋਣ ਦੀ ਸਜਾ ਦਿੱਤੀ ਜਾ ਰਹੀ ਹੈ। ਜਾਖੜ ਨੂੰ ਕੰਗ ਨੇ ਕਿਹਾ ਕਿ ਮੈਨੂੰ ਤੁਹਾਡੇ 'ਤੇ ਸੱਕ ਹੋਣ ਲੱਗਾ ਹੈ, ਤੁਸੀਂ ਆਪਣੇ ਆਪ ਨੂੰ ਪੰਜਾਬੀ ਕਹਿੰਦੇ ਹੋ, ਪਰ ਅੱਜ ਤੁਸੀਂ ਉਸ ਪਾਰਟੀ ਦੇ ਮੁਖੀ ਹੋ, ਜਿਸ ਨੇ ਆਜਾਦੀ ਦੀ ਲੜਾਈ 'ਚ ਅੰਗਰੇਜਾਂ ਦਾ ਸਾਥ ਦਿੱਤਾ ਸੀ, ਤੁਸੀਂ ਭਾਜਪਾ ਦੇ ਗੁਲਾਮ ਹੋ, ਤੁਸੀਂ ਸਟੈਂਡ ਨਹੀਂ ਲੈ ਰਹੇ ਹੋ। ਤੁਸੀਂ ਸਾਡੇ ਰਾਜ ਦੇ ਕਿਸੇ ਵੀ ਮੁੱਦੇ ਬਾਰੇ ਕਦੇ ਗੱਲ ਨਹੀਂ ਕਰਦੇ। ਤੁਸੀਂ ਪੰਜਾਬ ਦੀ ਆਬਕਾਰੀ ਨੀਤੀ 'ਤੇ ਸਵਾਲ ਚੁੱਕ ਰਹੇ ਹੋ, ਉਹੀ ਨੀਤੀ ਜਿਸ ਨੇ 1 ਸਾਲ 'ਚ 6,100 ਕਰੋੜ ਰੁਪਏ ਤੋਂ 10,000 ਕਰੋੜ ਰੁਪਏ ਦਾ ਮਾਲੀਆ ਵਧਾ ਦਿੱਤਾ ਹੈ। ਕੰਗ ਨੇ ਕਿਹਾ ਕਿ ਤੁਸੀਂ ਅੰਕੜਿਆਂ 'ਤੇ ਨਜਰ ਮਾਰੋ, ਅਕਾਲੀ-ਭਾਜਪਾ ਸਰਕਾਰਾਂ ਦੌਰਾਨ ਪੰਜਾਬ ਦੇ ਖਜਾਨੇ ਨੂੰ ਆਬਕਾਰੀ ਨੀਤੀਆਂ ਦਾ ਨੁਕਸਾਨ ਹੋਇਆ। ਤੁਹਾਡੇ ਵਰਗੇ ਲੋਕ ਮਾਨ ਸਾਹਬ ਦੀ ਸਰਕਾਰ ਤੋਂ ਡਰਦੇ ਹਨ, ਹੁਣ ਤੁਹਾਨੂੰ ਮਾਨ ਸਾਹਬ ਦੇ ਗੀਤਾਂ 'ਤੇ ਵੀ ਇਤਰਾਜ ਹੈ, ਤੁਹਾਡੀ ਸਮੱਸਿਆ ਇਹ ਹੈ ਕਿ ਤੁਸੀਂ ਪੰਜਾਬੀ ਗੀਤਾਂ ਨੂੰ ਵੀ ਨਫਰਤ ਕਰਦੇ ਹੋ ਕਿਉਂਕਿ ਤੁਸੀਂ ਦੇਸ ਵਿੱਚ ਸਭ ਤੋਂ ਵੱਧ ਨਫਰਤ ਫੈਲਾਉਣ ਵਾਲੀ ਭਾਰਤੀ ਜਨਤਾ ਪਾਰਟੀ ਵਿੱਚ ਸਾਮਲ ਹੋ ਗਏ ਹੋ। ਜੇਕਰ ਅਸੀਂ ਤੁਹਾਡੇ, ਅਜੀਤ ਪਵਾਰ, ਨਰਾਇਣ ਰਾਣੇ, ਅਸਾਮ ਦੇ ਮੁੱਖ ਮੰਤਰੀ ਵਾਂਗ ਸਮਝੌਤਾ ਕੀਤਾ ਹੁੰਦਾ ਤਾਂ ਅੱਜ ਭਾਜਪਾ ਨੇ ਕੇਜਰੀਵਾਲ ਨੂੰ ਮਾਲਾ ਪਾ ਕੇ ਸਨਮਾਨਿਤ ਕੀਤਾ ਹੁੰਦਾ ਪਰ ਦੇਸ ਲਈ ਅਰਵਿੰਦ ਕੇਜਰੀਵਾਲ ਨੇ ਫੈਸਲਾ ਕੀਤਾ ਕਿ ਅਸੀਂ ਬਾਬਾ ਸਾਹਿਬ ਅੰਬੇਡਕਰ ਦੇ ਸੰਵਿਧਾਨ ਦੀ ਰਾਖੀ ਕਰਨੀ ਹੈ ਅਤੇ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀਆਂ ਕੁਰਬਾਨੀਆਂ ਦੀ ਕਦਰ ਕਰਨੀ ਹੈ। ਕੰਗ ਨੇ ਕਿਹਾ ਕਿ 2024 ਵਿੱਚ ਲੋਕ ਸਭਾ ਚੋਣਾਂ ਵਿੱਚ ਲੋਕ ਭਾਜਪਾ ਨੂੰ ਕਰਾਰੀ ਹਾਰ ਦੇਣਗੇ। ਭਾਰਤ ਗਠਜੋੜ ਨਾਲ ਅਸੀਂ ਦਿੱਲੀ ਦੀਆਂ ਸਾਰੀਆਂ ਸੀਟਾਂ ਜਿੱਤਾਂਗੇ। ਉਨ੍ਹਾਂ ਨੂੰ ਅਰਵਿੰਦ ਕੇਜਰੀਵਾਲ ਤੋਂ ਪ੍ਰੇਸਾਨੀ ਹੈ ਕਿਉਂਕਿ ਅਰਵਿੰਦ ਕੇਜਰੀਵਾਲ ਤੁਹਾਡੀਆਂ ਲੋਕ ਵਿਰੋਧੀ ਨੀਤੀਆਂ 'ਤੇ ਜੋਰਦਾਰ ਹਮਲੇ ਕਰਦੇ ਹਨ, ਉਨ੍ਹਾਂ ਨੂੰ ਲਗਾਤਾਰ ਨੰਗਾ ਕਰਦੇ ਹਨ, ਇਸੇ ਕਰਕੇ ਉਹ ਅਰਵਿੰਦ ਕੇਜਰੀਵਾਲ ਤੋਂ ਡਰਦੇ ਹਨ। ਭਾਜਪਾ ਨਹੀਂ ਚਾਹੁੰਦੀ ਕਿ ਅਰਵਿੰਦ ਕੇਜਰੀਵਾਲ ਲੋਕ ਸਭਾ ਚੋਣਾਂ 'ਚ ਪ੍ਰਚਾਰ ਕਰਨ, ਇਸ ਲਈ ਉਨ੍ਹਾਂ ਨੂੰ ਹੁਣ ਗ੍ਰਿਫ਼ਤਾਰ ਕਰ ਲਿਆ ਹੈ। ਕੰਗ ਨੇ ਕਿਹਾ ਕਿ ਸੁਨੀਲ ਜਾਖੜ ਪੰਜਾਬ ਦਾ ਦੋਗਲਾ ਨੇਤਾ ਹੈ, ਉਹ ਪਖੰਡੀ ਹੈ। ਜਦੋਂ ਭਾਜਪਾ ਦੀ ਕੇਂਦਰ ਸਰਕਾਰ ਨੇ ਪੰਜਾਬ ਨੂੰ 8000 ਕਰੋੜ ਦਾ ਆਰ.ਡੀ.ਐੱਫ. ਅਤੇ ਐੱਨ.ਐੱਚ.ਐੱਮ. ਫੰਡ ਜਾਰੀ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ ਉਨ੍ਹਾਂ ਨੇ ਕੁਝ ਨਹੀਂ ਕਿਹਾ। ਕੰਗ ਨੇ ਜਾਖੜ ਨੂੰ ਸਵਾਲ ਕੀਤਾ ਅਤੇ ਕਿਹਾ ਕਿ ਸੁਨੀਲ ਜਾਖੜ ਕਿੱਥੇ ਸੀ, ਜਦੋਂ ਉਸ ਦੀ ਹਰਿਆਣਾ ਸਰਕਾਰ ਨੇ ਸਾਡੇ ਨੌਜਵਾਨ ਕਿਸਾਨਾਂ ਨੂੰ ਗੋਲੀ ਮਾਰ ਕੇ ਮਾਰ ਦਿੱਤਾ, ਸੁਨੀਲ ਜਾਖੜ ਦੇ ਮੂੰਹੋਂ ਸਾਡੇ ਕਿਸਾਨਾਂ ਅਤੇ ਸਾਡੇ ਨੌਜਵਾਨਾਂ ਲਈ ਇੱਕ ਵੀ ਸਬਦ ਨਹੀਂ ਨਿਕਲਿਆ।




## ਡਿਪਟੀ ਕਮਿਸਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪਹਿਲੇ ਦਿਨ ਵਿਖਾਏ ਸਖਤ ਤੇਵਰ, ਦਿਨ ਭਰ ਕੀਤੀਆਂ ਮੀਟਿੰਗਾਂ

**ਏਜੰਸੀਆਂ**

ਜਲੰਧਰ 26 ਮਾਰਚ। ਡਿਪਟੀ ਕਮਿਸਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸ਼ੁੱਕਰਵਾਰ ਚਾਰਜ ਸੰਭਾਲਣ ਦੇ ਪਹਿਲੇ ਦਿਨ ਜਿੱਥੇ ਤਾਬੜਤੋੜ ਮੀਟਿੰਗਾਂ ਦਾ ਅਤੇ ਅਧਿਕਾਰੀਆਂ ਤੋਂ ਫੀਡਬੈਕ ਲੈਣ ਦਾ ਦੌਰ ਸ਼ੁਰੂ ਕੀਤਾ, ਉੱਥੇ ਹੀ ਉਨ੍ਹਾਂ ਪ੍ਰਬੰਧਕੀ ਕੰਪਲੈਕਸ 'ਚ ਸਥਿਤ ਵਿਭਾਗਾਂ ਦਾ ਅਚਨਚੇਤ ਮੁਆਇਨਾ ਕਰ ਕੇ ਆਪਣੇ ਸਖਤ ਤੇਵਰ ਸਪੱਸ਼ਟ ਕਰ ਦਿੱਤੇ ਕਿ ਉਨ੍ਹਾਂ ਦੇ ਦਫਤਰ 'ਚ ਆਪਣੇ ਕੰਮਾਂ ਲਈ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਦੌਰਾਨ ਉਨ੍ਹਾਂ ਵੱਖ-ਵੱਖ ਦਫਤਰਾਂ ਦਾ ਦੌਰਾ ਕਰਕੇ ਉੱਥੇ ਦੇ ਹਾਲਾਤ ਦਾ ਜਾਇਜਾ ਲਿਆ ਅਤੇ ਮੁਲਾਜਮਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਡੀ. ਸੀ. ਦਫਤਰ ਦਾ ਸਟਾਫ ਵੀ ਆਪਣੇ ਨਵੇਂ ਕਮਾਂਡਰ ਨੂੰ ਲੈ ਕੇ ਕਾਫੀ ਖੁਸ ਨਜਰ ਆ ਰਿਹਾ ਸੀ। ਡਿਪਟੀ ਕਮਿਸਨਰ ਵੱਲੋਂ ਕੰਪਲੈਕਸ ਦਾ ਨਿਰੀਖਣ ਕੀਤੇ ਜਾਣ ਦੀ ਖਬਰ ਕੰਪਲੈਕਸ 'ਚ ਜੰਗਲ ਦੀ ਅੱਗ ਵਾਂਗ ਫੈਲ ਗਈ ਅਤੇ ਉੱਥੇ ਰੋਜਾਨਾ ਸਰਗਰਮ ਰਹਿਣ ਵਾਲੇ ਪ੍ਰਾਈਵੇਟ ਏਜੰਟਾਂ ਅਤੇ ਕਰਿੰਦਿਆਂ 'ਚ ਦਹਿਸਤ ਦਾ ਮਾਹੌਲ ਬਣ ਗਿਆ ਅਤੇ ਉਹ ਤੁਰੰਤ ਮੌਕੇ ਤੋਂ ਖਿਸਕ ਗਏ। ਡਾ. ਹਿਮਾਂਸ਼ੂ ਅਗਰਵਾਲ ਨੇ ਐੱਮ. ਏ ਸਾਖਾ, ਜਿ?ਲ੍ਹਾ ਚੋਣ ਦਫਤਰ, ਨਕਲ ਬ੍ਰਾਂਚ, ਰਿਕਾਰਡ ਰੂਮ, ਨਾਜਿ?ਰ ਸਾਖਾ, ਖੇਤਰੀ ਟਰਾਂਸਪੋਰਟ ਦਫਤਰ, ਸਕੱਤਰ ਆਰ. ਟੀ. ਏ. ਦਫਤਰ, ਐੱਸ. ਡੀ. ਐੱਮ. ਦਫਤਰਾਂ ਤੇ ਹੋਰ ਵਿਭਾਗਾਂ ਦਾ ਨਿਰੀਖਣ ਕੀਤਾ ਤੇ ਉੱਥੇ ਮੁਲਾਜਮਾਂ ਨਾਲ ਗੱਲਬਾਤ ਕਰ ਕੇ ਵਿਭਾਗੀ ਕੰਮਾਂ 'ਚ ਆ ਰਹੀਆਂ ਸਮੱਸਿਆਵਾਂ ਦਾ ਜਾਇਜਾ ਲਿਆ ਤੇ ਦਫਤਰਾਂ ਦੀ ਸਫਾਈ ਤੇ ਮੁਰੰਮਤ ਦੇ ਬਕਾਇਆ ਕੰਮਾਂ ਦਾ ਜਾਇਜਾ ਲਿਆ। ਉਪਰੰਤ ਡਿਪਟੀ ਕਮਿਸਨਰ ਪੁਰਾਣੇ ਤਹਿਸੀਲ ਕੰਪਲੈਕਸ 'ਚ ਸਥਿਤ ਅਰਜੀਨਵੀਸ ਬੂਥਾਂ 'ਤੇ ਪੁੱਜੇ, ਜਿੱਥੇ ਉਨ੍ਹਾਂ ਰਜਿਸਟਰੇਸਨ ਅਤੇ ਹੋਰ ਕੰਮਾਂ ਲਈ ਆਏ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਦਿੱਤੀਆਂ ਜਾ ਰਹੀਆਂ ਸਰਕਾਰੀ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਡਿਪਟੀ ਕਮਿਸਨਰ ਨੇ ਕਿਹਾ ਕਿ ਉਹ ਜਿੱਥੇ ਲੋਕਾਂ ਨੂੰ ਪਾਰਦਰਸੀ ਤੇ ਸਮੇਂ ਸਿਰ ਸਹੂਲਤਾਂ ਦੇਣ 'ਚ ਕੋਈ ਕਸਰ ਬਾਕੀ ਨਹੀਂ ਛੱਡਣਗੇ, ਉੱਥੇ ਹੀ ਉਹ ਸਰਕਾਰੀ ਵਿਭਾਗਾਂ 'ਚ ਭ੍ਰਿਸਟਾਚਾਰ ਤੇ ਜਨਤਾ ਦੀ ਲੁੱਟ ਕਰਨ ਵਾਲੇ ਏਜੰਟ ਰਾਜ ਨੂੰ ਵੀ ਨਹੀਂ ਬਖਸਣਗੇ। ਉਨ੍ਹਾਂ ਆਪਣੇ ਦਫਤਰ ਦੇ ਵੇਟਿੰਗ ਰੂਮ 'ਚ ਜਾ ਕੇ ਉਨ੍ਹਾਂ ਨੂੰ ਮਿਲਣ ਆਏ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਇਕ ਨਵੀਂ ਪਹਿਲ ਕੀਤੀ। ਨਵੇਂ ਡਿਪਟੀ ਕਮਿਸਨਰ ਦੇ ਕੰਮ ਕਰਨ ਦੇ ਢੰਗ ਤੇ ਦੋਸਤਾਨਾ ਸੁਭਾਅ ਨੂੰ ਲੈ ਕੇ ਪੂਰੇ ਕੰਪਲੈਕਸ 'ਚ ਕਾਫੀ ਚਰਚਾ ਹੋਈ।



## ਅਦਾਕਾਰ ਗੋਵਿੰਦਾ ਦੀ ਸਿਆਸਤ 'ਚ ਹੋਵੇਗੀ ਘਰ ਵਾਪਸੀ ! ਇਸ ਪਾਰਟੀ ਤੋਂ ਲੜ ਸਕਦੇ ਨੇ ਲੋਕ ਸਭਾ ਚੋਣਾਂ

**ਏਜੰਸੀਆਂ**

ਮੁੰਬਈ 26 ਮਾਰਚ। ਲੋਕ ਸਭ ਚੋਣਾਂ 2024 ਨੂੰ ਲੈ ਕੇ ਹਰ ਪਾਸੇ ਸਿਆਸਤ ਦੇ ਹੀ ਚਰਚੇ ਹੋ ਰਹੇ ਹਨ। ਇੰਨਾਂ ਹੀ ਨਹੀਂ ਬਾਲੀਵੁੱਡ ਗਲਿਆਰਿਆਂ 'ਚ ਵੀ ਲੋਕ ਸਭਾ ਚੋਣਾਂ ਦੀ ਚਰਚਾ ਛਿੜੀ ਹੋਈ ਹੈ। ਆਏ ਦਿਨ ਕਿਸੇ ਨਾ ਕਿਸੇ ਸੈਲੀਬ੍ਰਿਟੀਜ ਦੇ ਸਿਆਸਤ 'ਚ ਜਾਣ ਦੀਆਂ ਖਬਰਾਂ ਆ ਰਹੀਆਂ ਹਨ। ਅੱਜ ਸਵੇਰੇ ਖਬਰ ਆਈ ਸੀ ਕਿ ਅਦਾਕਾਰਾ ਉਰਵਸ਼ੀ ਰੌਤੇਲਾ ਵੀ ਸਿਆਸਤ 'ਚ ਐਂਟਰੀ ਕਰ ਸਕਦੀ ਹੈ। ਉਥੇ ਹੀ ਹੁਣ ਖਬਰ ਆ ਰਹੀ ਹੈ ਕਿ ਬਾਲੀਵੁੱਡ ਅਦਾਕਾਰ ਗੋਵਿੰਦਾ ਵੀ ਸਿਆਸੀ ਪਾਰੀ ਖੇਡਣ ਨੂੰ ਤਿਆਰ ਬੈਠੇ ਹਨ। ਇਸ ਤੋਂ ਪਹਿਲਾਂ ਸਵਰਾ ਭਾਸਕਰ ਤੇ ਕੰਗਨਾ ਰਣੌਤ ਦਾ ਨਾਂ ਵੀ ਸਾਹਮਣੇ ਆ ਚੁੱਕਿਆ ਹੈ। ਦੱਸ ਦਈਏ ਕਿ ਗੋਵਿੰਦਾ ਕਾਫੀ ਸਮੇਂ ਤੋਂ ਫਿ?ਲਮਾਂ ਤੋਂ ਦੂਰ ਹਨ। ਉਨ੍ਹਾਂ ਨੂੰ ਆਖਰੀ ਵਾਰ ਸਾਲ 2019 'ਚ ਰਿਲੀਜ ਹੋਈ ਫਿ?ਲਮ 'ਰੰਗੀਲਾ ਰਾਜਾ' 'ਚ ਦੇਖਿਆ ਗਿਆ ਸੀ। ਉਦੋਂ ਤੋਂ ਉਹ ਪਰਦੇ ਤੋਂ ਗਾਇਬ ਹਨ। ਹੁਣ ਖਬਰ ਆ ਰਹੀ ਹੈ ਕਿ ਗੋਵਿੰਦਾ ਰਾਜਨੀਤੀ 'ਚ ਸਿਆਸੀ ਪਾਰੀ ਖੇਡਣ ਜਾ ਰਹੇ ਹਨ। ਹਾਲਾਂਕਿ, ਗੋਵਿੰਦਾ ਪਹਿਲਾਂ ਵੀ ਰਾਜਨੀਤੀ ਦਾ ਹਿੱਸਾ ਰਹੇ ਹਨ ਅਤੇ ਹੁਣ ਉਹ ਇੱਕ ਵਾਰ ਫਿਰ ਸਿਆਸੀ ਖੇਤਰ 'ਚ ਆਪਣੀ ਕਿਸਮਤ ਅਜਮਾ ਸਕਦੇ ਹਨ। ਖਬਰਾਂ ਮੁਤਾਬਕ, ਗੋਵਿੰਦਾ ਰਾਜਨੀਤੀ 'ਚ ਵਾਪਸੀ ਕਰਨ ਦੀ ਤਿਆਰੀ ਕਰ ਰਹੇ ਹਨ। ਇਸ ਸਾਲ ਉਹ ਉੱਤਰ-ਪੱਛਮੀ ਮੁੰਬਈ ਲੋਕ ਸਭਾ ਸੀਟ ਤੋਂ ਚੋਣ ਲੜ ਸਕਦੇ ਹਨ। ਇਹ ਵੀ ਦਾਅਵਾ ਕੀਤਾ ਜਾ ਰਿਹਾ ਹੈ ਕਿ ਗੋਵਿੰਦਾ ਮੁੱਖ ਮੰਤਰੀ ਏਕਨਾਥ ਸਿ?ਦੇ ਦੀ ਸਹਿਯੋਗੀ ਪਾਰਟੀ ਸਿ?ਵ ਸੈਨਾ ਦੀ ਟਿਕਟ 'ਤੇ ਚੋਣ ਲੜ ਸਕਦੇ ਹਨ। ਹਾਲਾਂਕਿ ਅਦਾਕਾਰ ਨੇ ਇਸ ਬਾਰੇ ਕੋਈ ਪੁਸਟੀ ਨਹੀਂ ਕੀਤੀ ਹੈ। ਖਬਰਾਂ ਦੀ ਮੰਨੀਏ ਤਾਂ ਗੋਵਿੰਦਾ ਨੂੰ ਟਿਕਟ ਦੇ ਆਫਰ ਮਿਲ ਰਹੇ ਹਨ ਪਰ ਕੁਝ ਵੀ ਤੈਅ ਨਹੀਂ ਹੋਇਆ ਹੈ। ਇਸ ਦੀ ਪੁਸਟੀ ਇੱਕ ਤੋਂ ਦੋ ਦਿਨਾਂ 'ਚ ਸੰਭਵ ਹੋ ਸਕਦੀ ਹੈ। ਦੱਸਣਯੋਗ ਹੈ ਕਿ ਅਦਾਕਾਰ ਗੋਵਿੰਦਾ ਨੇ 2004 'ਚ ਉੱਤਰੀ ਮੁੰਬਈ ਲੋਕ ਸਭਾ ਸੀਟ ਤੋਂ ਕਾਂਗਰਸ ਦੀ ਟਿਕਟ 'ਤੇ ਚੋਣ ਲੜੀ ਸੀ ਅਤੇ ਭਾਜਪਾ ਦੇ ਸੀਨੀਅਰ ਨੇਤਾ ਰਾਮ ਨਾਇਕ ਨੂੰ ਹਰਾਇਆ ਸੀ। ਗੋਵਿੰਦਾ ਦੀ ਜਿੱਤ ਨੇ ਉਨ੍ਹਾਂ ਨੂੰ 'ਜਾਇੰਟ ਕਿਲਰ' ਦਾ ਖਿਤਾਬ ਦਿੱਤਾ ਗਿਆ ਸੀ।



## ਪਿਆਜ ਦੇ ਨਿਰਯਾਤ 'ਤੇ ਸਰਕਾਰ ਦਾ ਵੱਡਾ ਫੈਸਲਾ, ਕਿਹਾ-ਅਗਲੇ ਹੁਕਮਾਂ ਤੱਕ ਜਾਰੀ ਰਹੇਗੀ ਪਾਬੰਦੀ

ਨਵੀਂ ਦਿੱਲੀ 26 ਮਾਰਚ। ਸਰਕਾਰ ਨੇ ਘਰੇਲੂ ਉਪਲਬਧਤਾ ਵਧਾਉਣ ਅਤੇ ਕੀਮਤਾਂ ਨੂੰ ਕਾਬੂ ਵਿਚ ਰੱਖਣ ਲਈ ਪਿਆਜ ਦੇ ਨਿਰਯਾਤ 'ਤੇ ਪਾਬੰਦੀ ਅਗਲੇ ਹੁਕਮਾਂ ਤੱਕ ਵਧਾ ਦੇਣ ਦਾ ਫੈਸਲਾ ਲਿਆ ਹੈ। ਵਣਜ ਮੰਤਰਾਲੇ ਨੇ ਇਸ ਸਬੰਧ ਵਿਚ ਇਕ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਇਸ ਤੋਂ ਪਹਿਲਾਂ ਇਸ ਸਾਲ 31 ਮਾਰਚ ਤੱਕ ਪਿਆਜ ਦੇ ਨਿਰਯਾਤ 'ਤੇ ਰੋਕ ਲਗਾਈ ਗਈ ਸੀ। ਦੱਸ ਦੇਈਏ ਕਿ ਵਿਦੇਸ਼ੀ ਵਪਾਰ ਡਾਇਰੈਕਟੋਰੇਟ ਜਨਰਲ (ਡੀਜੀਐੱਫਟੀ) ਨੇ 22 ਮਾਰਚ ਨੂੰ ਇਕ ਨੋਟੀਫਿਕੇਸ਼ਨ ਵਿਚ ਕਿਹਾ ਕਿ ਪਿਆਜ ਦੇ ਨਿਰਯਾਤ 'ਤੇ 31 ਮਾਰਚ 2024 ਤੱਕ ਲਗਾਈ ਗਈ ਪਾਬੰਦੀ ਨੂੰ ਅਗਲੇ ਹੁਕਮਾਂ ਤੱਕ ਵਧਾ ਦਿੱਤੀ ਗਈ ਹੈ। ਡੀਜੀਐੱਫਟੀ ਵਣਜ ਮੰਤਰਾਲੇ ਦੀ ਇੱਕ ਸਾਖਾ ਹੈ, ਜੋ ਨਿਰਯਾਤ ਅਤੇ ਆਯਾਤ ਨਾਲ ਸਬੰਧਤ ਮੁੱਦਿਆਂ 'ਤੇ ਫੈਸਲਾ ਕਰਦੀ ਹੈ। ਸਰਕਾਰ ਨੇ 8 ਦਸੰਬਰ 2023 ਨੂੰ ਪਿਆਜ ਦੇ ਨਿਰਯਾਤ 'ਤੇ ਪਾਬੰਦੀ ਲਗਾ ਦਿੱਤੀ ਸੀ। ਹਾੜੀ ਸੀਜਨ, 2023 ਵਿੱਚ ਪਿਆਜ ਦਾ ਉਤਪਾਦਨ 2.27 ਕਰੋੜ ਟਨ ਹੋਣ ਦਾ ਅਨੁਮਾਨ ਹੈ। ਅੰਤਰ-ਮੰਤਰਾਲਾ ਸਮੂਹ ਤੋਂ ਮਨਜੂਰੀ ਮਿਲਣ ਤੋਂ ਬਾਅਦ ਕੁਝ ਵਿਸੇਸ ਮਾਮਲਿਆਂ ਵਿੱਚ ਮਿੱਤਰ ਦੇਸਾਂ ਨੂੰ ਪਿਆਜ ਦੀ ਬਰਾਮਦ ਦੀ ਇਜਾਜਤ ਦਿੱਤੀ ਜਾਂਦੀ ਹੈ। ਸਰਕਾਰ ਨੇ ਨੈਸਨਲ ਕੋਆਪਰੇਟਿਵ ਐਕਸਪੋਰਟ ਲਿਮਿਟੇਡ (ਐੱਨਸੀਈਐੱਲ) ਰਾਹੀਂ ਯੂਏਈ ਅਤੇ ਬੰਗਲਾਦੇਸ ਨੂੰ 64,400 ਟਨ ਪਿਆਜ ਦੀ ਬਰਾਮਦ ਦੀ ਇਜਾਜਤ ਦਿੱਤੀ ਹੈ। ਇਸ ਤੋਂ ਪਹਿਲਾਂ, ਕੇਂਦਰ ਨੇ ਖਪਤਕਾਰਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਅਕਤੂਬਰ 2023 ਵਿੱਚ ਪ੍ਰਚੂਨ ਬਾਜਾਰਾਂ ਵਿੱਚ 25 ਰੁਪਏ ਪ੍ਰਤੀ ਕਿਲੋ ਦੀ ਰਿਆਇਤੀ ਦਰ 'ਤੇ ਬਫਰ ਪਿਆਜ ਸਟਾਕ ਦੀ ਵਿਕਰੀ ਵਧਾਉਣ ਦਾ ਫੈਸਲਾ ਕੀਤਾ ਸੀ।



## ਡਾ. ਸਿਮਰਤ ਕੌਰ ਨੇ ਮਾਲੇਰਕੋਟਲਾ ਦੇ ਆਈ. ਪੀ. ਐੱਸ. ਵਜੋਂ ਅਹੁਦਾ ਸੰਭਾਲਿਆ

**ਏਜੰਸੀਆਂ**

ਮਾਲੇਰਕੋਟਲਾ 26 ਮਾਰਚ। ਡਾ. ਸਿਮਰਤ ਕੌਰ ਨੇ ਅੱਜ ਮਾਲੇਰਕੋਟਲਾ ਦੇ ਨਵੇਂ ਸੀਨੀਅਰ ਕਪਤਾਨ ਪੁਲਸ ਵਜੋਂ ਅਹੁਦਾ ਸੰਭਾਲ ਲਿਆ। ਡਾ. ਸਿਮਰਤ ਕੌਰ, ਜੋ ਕਿ 2016 ਬੈਚ ਦੇ ਆਈ. ਪੀ. ਐੱਸ. ਅਧਿਕਾਰੀ ਹਨ, ਮਾਲੇਰਕੋਟਲਾ ਵਿਚ ਚਾਰਜ ਸੰਭਾਲਣ ਤੋਂ ਪਹਿਲਾਂ ਪਟਿਆਲਾ ਵਿਖੇ ਏ.ਆਈ.ਜੀ ਕਾਊਂਟਰ ਇੰਟੈਲੀਜੈਂਸ ਵਿਚ ਸੇਵਾ ਨਿਭਾਅ ਰਹੇ ਸਨ। ਐੱਸ. ਐੱਸ. ਪੀ ਨੇ ਜਿ?ਲ੍ਹੇ ਦੇ ਮਾਪਦੰਡਾਂ ਬਾਰੇ ਜਾਣਕਾਰੀ ਹਾਸਲ ਕਰਨ ਤੋਂ ਇਲਾਵਾ ਲੋਕ ਸਭਾ ਚੋਣਾਂ-2024 ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਲੋਕ ਸਭਾ ਹਲਕੇ ਲਈ ਆਜ਼ਾਦ ਅਤੇ ਨਿਰਪੱਖ ਲੋਕ ਸਭਾ ਚੋਣਾਂ ਨੂੰ ਮੁੱਖ ਤਰਜੀਹ ਕਰਾਰ ਰਹੇਗੀ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਵੱਲੋਂ ਸਿਵਲ ਪ੍ਰਸ਼ਾਸਨ ਨਾਲ ਰਾਬਤਾ ਕਰਕੇ ਚੋਣਾਂ ਨੂੰ ਨਿਰਵਿਘਨ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣਗੇ। ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਦਾ ਭਰੋਸਾ ਦਵਾਦਿਆ ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਪੂਰੀ ਤਰ੍ਹਾਂ ਮੁਸਤੈਦ ਹੈ ਅਤੇ ਜ਼ਿਲ੍ਹੇ ਵਿੱਚ ਅਮਨ ਅਤੇ ਕਾਨੂੰਨ ਦੀ ਸਥਿਤੀ ਹਰ ਹਾਲਤ ਵਿੱਚ ਬਰਕਰਾਰ ਰੱਖੀ ਜਾਵੇਗੀ। ਇਸ ਮੌਕੇ ਉਨ੍ਹਾਂ ਜ਼ਿਲ੍ਹੇ ਦੀ ਅਵਾਮ ਨੂੰ ਅਪੀਲ ਕਰਦਿਆ ਕਿਹਾ ਕਿ ਉਹ ਨਸ਼ਿਆਂ ਅਤੇ ਅਪਰਾਧੀਆਂ ਵਿਰੁਧ ਪੁਲਿਸ ਨੂੰ ਸਹਿਯੋਗ ਦੇਣ ਤਾਂ ਜੋ ਜ਼ਿਲ੍ਹੇ ਨੂੰ ਕਰਾਈਮ ਮੁਕਤ ਕੀਤਾ ਜਾ ਸਕੇ। ਉਨ੍ਹਾਂ ਹੋਰ ਕਿਹਾ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਵਿਅਕਤੀ ਨਾਲ ਕਿਸੇ ਕਿਸਮ ਦੀ ਜਿਆਦਤੀ ਨਹੀ ਹੋਣ ਦਿੱਤੀ ਜਾਵੇਗੀ। ਖਾਸ ਤੌਰ ਤੇ ਨਸ਼ਾ ਤਸਕਰਾਂ/ਸਮੱਗਲਰਾਂ ਅਤੇ ਗੈਂਗਸਟਰਾਂ, ਗੁੰਡਾਗਰਦੀ ਕਰਨ ਵਾਲਿਆ ਖਿਲਾਫ ਸਖਤੀ ਨਾਲ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਅਜਿਹੇ ਵਿਅਕਤੀ ਨੂੰ ਕਿਸੇ ਵੀ ਹਲਾਤ ਵਿਚ ਬਖਸ਼ਿਆ ਨਹੀ ਜਾਵੇਗਾ। ਜ਼ਿਲ੍ਹਾ ਵਾਸੀਆਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਨੂੰ ਤਰਜੀਹ ਦਿੱਤੀ ਜਾਵੇਗੀ। ਹਰੇਕ ਨਾਗਰਿਕ ਦਾ ਉਨ੍ਹਾਂ ਦੇ ਦਫ਼ਤਰ ਵਿਚ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ।ਜ਼ਿਲ੍ਹਾ ਨਿਵਾਸੀਆਂ ਦੇ ਕੰਮ ਨਿਰਪੱਖ ਅਤੇ ਪਾਰਦਰਸ਼ੀ ਤਰੀਕੇ ਨਾਲ ਕੀਤੇ ਜਾਣਗੇ। ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਅਫ਼ਵਾਹਾਂ ਤੇ ਵਿਸ਼ਵਾਸ ਨਾ ਕਰਨ ਲਈ ਕਿਹਾ।




## ਆਈ. ਏ. ਐੱਸ. ਅਧਿਕਾਰੀ ਵਿਸ਼ੇਸ਼ ਸਾਰੰਗਲ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਜੋਂ ਸੰਭਾਲਿਆ ਅਹੁਦਾ

ਗੁਰਦਾਸਪੁਰ 26 ਮਾਰਚ। 2013 ਬੈਚ ਦੇ ਆਈ. ਏ. ਐੱਸ. ਅਧਿਕਾਰੀ ਵਿਸ਼ੇਸ਼ ਸਾਰੰਗਲ ਨੇ ਬੀਤੇ ਦਿਨ ਗੁਰਦਾਸਪੁਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ ਹੈ। ਆਪਣੇ ਪਿਤਾ ਜਨਕ ਰਾਜ ਸਾਰੰਗਲ ਦੀ ਹਾਜ਼ਰੀ 'ਚ ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਅਧਿਕਾਰੀਆਂ ਨਾਲ ਜਾਣ-ਪਛਾਣ ਕਰਦਿਆਂ ਕਿਹਾ ਕਿ ਗੁਰਦਾਸਪੁਰ ਜ਼ਿਲ੍ਹੇ 'ਚ ਲੋਕ ਸਭਾ ਚੋਣਾਂ ਨੂੰ ਨਿਰਪੱਖ, ਸ਼ਾਂਤੀਪੂਰਵਕ ਅਤੇ ਆਜ਼ਾਦਾਨਾ ਮਾਹੌਲ 'ਚ ਨੇਪਰੇ ਚਾੜ੍ਹਨਾ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਹੋਵੇਗੀ। ਅਗਾਮੀ ਲੋਕ ਸਭਾ ਚੋਣਾਂ ਦੌਰਾਨ ਨਿਰਪੱਖਤਾ ਅਤੇ ਪਾਰਦਰਸ਼ਤਾ ਦੇ ਸਿਧਾਂਤਾਂ 'ਤੇ ਜ਼ੋਰ ਦਿੰਦੇ ਹੋਏ ਸਾਰੰਗਲ ਨੇ ਸਾਰੀਆਂ ਸਿਆਸੀ ਧਿਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਚੋਣ ਪ੍ਰਚਾਰ ਦੌਰਾਨ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇਨ-ਬਿਨ ਪਾਲਣਾ ਕਰਨਾ ਯਕੀਨੀ ਬਣਾਉਣ। ਉਨ੍ਹਾਂ ਅੱਗੇ ਕਿਹਾ ਕਿ ਚੋਣਾਂ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਬਰਕਰਾਰ ਰੱਖਿਆ ਜਾਵੇਗਾ ਅਤੇ ਕਿਸੇ ਨੂੰ ਵੀ ਅਮਨ-ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਦੌਰਾਨ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਉਹ ਆਪਣੀ ਡਿਊਟੀ ਨੂੰ ਪੂਰੀ ਮਿਹਨਤ, ਈਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਅਤੇ ਨਾਗਰਿਕਾਂ ਦੀਆਂ ਸ਼ਿਕਾਇਤਾਂ ਨੂੰ ਤੁਰੰਤ ਹੱਲ ਕਰਨਾ ਯਕੀਨੀ ਬਣਾਇਆ ਜਾਵੇ। ਦੱਸਣਯੋਗ ਹੈ ਕਿ ਵਿਸ਼ੇਸ਼ ਸਾਰੰਗਲ ਇਸ ਤੋਂ ਪਹਿਲਾਂ ਸ਼ਹੀਦ ਭਗਤ ਸਿੰਘ ਨਗਰ ਕਪੂਰਥਲਾ ਅਤੇ ਜਲੰਧਰ ਜ਼ਿਲ੍ਹਿਆਂ 'ਚ ਵੀ ਬਤੌਰ ਡਿਪਟੀ ਕਮਿਸ਼ਨਰ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਇਨ੍ਹਾਂ ਜ਼ਿਲ੍ਹਿਆਂ 'ਚ ਉਨ੍ਹਾਂ ਦਾ ਕਾਰਜਕਾਲ ਵਿਕਾਸ ਨੂੰ ਉਤਸ਼ਾਹਿਤ ਕਰਨ ਵਾਲਾ ਅਤੇ ਵਸਨੀਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਯਾਦਗਾਰੀ ਰਿਹਾ ਹੈ। ਇਸ ਮੌਕੇ ਐੱਸ. ਐੱਸ. ਪੀ. ਗੁਰਦਾਸਪੁਰ ਹਰੀਸ਼ ਦਾਯਮਾ, ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।



## ਅਕਾਲੀ-ਭਾਜਪਾ ਗਠਜੋੜ ਖਿਲਾਫ ਖੁੱਲ੍ਹ ਕੇ ਬੋਲੇ ਵਿਧਾਇਕ ਮਨਪ੍ਰੀਤ ਇਆਲੀ

ਚੰਡੀਗੜ੍ਹ 26 ਮਾਰਚ। ਭਾਜਪਾ ਨਾਲ ਗਠਜੋੜ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਮਾਲਵੇ 'ਚੋਂ ਇਕਲੌਤੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਖੁੱਲ੍ਹ ਕੇ ਆਪਣੇ ਵਿਚਾਰ ਪੇਸ਼ ਕੀਤੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਪੰਜਾਬ ਦੇ ਮਸਲੇ ਛੱਡ ਕੇ ਭਾਜਪਾ ਨਾਲ ਗਠਜੋੜ ਬਿਲਕੁਲ ਨਹੀਂ ਹੋਣਾ ਚਾਹੀਦਾ। ਦੱਸਣਯੋਗ ਹੈ ਕਿ ਮਨਪ੍ਰੀਤ ਇਆਲੀ ਨੇ ਲੰਬੇ ਸਮੇਂ ਤੋਂ ਪਾਰਟੀ ਗਤੀਵਿਧੀਆਂ ਤੋਂ ਦੂਰੀ ਬਣਾ ਕੇ ਰੱਖੀ ਹੋਈ ਹੈ। ਹੁਣ ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਸਾਂਝੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਥਕ ਮਸਲਿਆਂ 'ਚ ਕਿਸਾਨ, ਅੰਮ੍ਰਿਤਪਾਲ ਸਿੰਘ ਅਤੇ ਹੋਰਨਾਂ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਕਈ ਮੁੱਦੇ ਸ਼ਾਮਲ ਹਨ। ਜਦੋਂ ਤੱਕ ਇਨ੍ਹਾਂ ਮੁੱਦਿਆਂ ਦਾ ਹੱਲ ਨਹੀਂ ਹੁੰਦਾ, ਉਦੋਂ ਤੱਕ ਭਾਜਪਾ ਨਾਲ ਗਠਜੋੜ ਨਹੀਂ ਕਰਨਾ ਚਾਹੀਦਾ। ਇਆਲੀ ਨੇ ਕਿਹਾ ਕਿ ਅਕਾਲੀ ਦਲ ਪੰਜਾਬ ਦੀ ਪੰਥਕ ਪਾਰਟੀ ਹੈ ਅਤੇ ਇਸ ਪਾਰਟੀ ਦਾ ਸ਼ਾਨਮੱਤਾ ਇਤਿਹਾਸ ਰਿਹਾ ਹੈ ਅਤੇ ਆਉਣ ਵਾਲੇ ਸਮੇਂ 'ਚ ਵੀ ਪਾਰਟੀ ਦੇ ਆਗੂਆਂ ਨੂੰ ਪੰਜਾਬ ਦੇ ਮੁੱਦਿਆਂ ਲਈ ਡੱਟ ਕੇ ਖੜ੍ਹੇ ਹੋਣਾ ਚਾਹੀਦਾ ਹੈ। ਮਨਪ੍ਰੀਤ ਇਆਲੀ ਦਾ ਕਹਿਣਾ ਹੈ ਕਿ ਜੇਕਰ ਪਾਰਟੀ ਇਸ ਤਰੀਕੇ ਨਾਲ ਫੈਸਲੇ ਲਵੇਗੀ ਤਾਂ ਲੋਕ ਵੀ ਜਰੂਰ ਉਨ੍ਹਾਂ ਦਾ ਸਾਥ ਦੇਣਗੇ।

# ਅਕਾਲੀ ਦਲ ਕੋਰ ਕਮੇਟੀ ਨੇ ਲੋਕ ਸਭਾ ਚੋਣਾਂ ਲਈ ਮੁੱਦਿਆਂ ਨੂੰ ਕੀਤਾ ਉਜਾਗਰ

**ਸਰਦੂਲ ਸਿੰਘ**

ਚੰਡੀਗੜ੍ਹ 26 ਮਾਰਚ। ਸ੍ਰੋਮਣੀ ਅਕਾਲੀ ਦਲ ਕੋਰ ਕਮੇਟੀ ਨੇ ਅੱਜ ਸਰਬਸੰਮਤੀ ਨਾਲ ਉਨ੍ਹਾਂ ਮੁੱਦਿਆਂ, ਨੀਤੀਆਂ ਤੇ ਸਿਧਾਂਤਾਂ ਨੂੰ ਉਜਾਗਰ ਕੀਤਾ ਜਿਨ੍ਹਾਂ ਨੂੰ ਲੈ ਕੇ ਪਾਰਟੀ ਆਉਂਦੀਆਂ ਲੋਕ ਸਭਾ ਚੋਣਾਂ ਵਿਚ ਫਤਵਾ ਲੈਣ ਲਈ ਪੰਜਾਬ ਦੇ ਲੋਕਾਂ ਕੋਲ ਜਾਵੇਗੀ। ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ ਜੋ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਹੇਠ ਹੋਈ ਵਿਚ ਇਕ ਵਿਸੇਸ ਮਤਾ ਪਾਸ ਕਰ ਕੇ ਕਿਹਾ ਗਿਆ ਕਿ ਪਾਰਟੀ ਲਈ ਸਾਡੇ ਸਿਧਾਂਤ ਰਾਜਨੀਤੀ ਤੋਂ ਉਪਰ ਹਨ ਤੇ ਇਹ ਕਦੇ ਵੀ ਖਾਲਸਾ ਪੰਥ, ਸਾਰੀਆ ਘੱਟ ਗਿਣਤੀਆਂ ਤੇ ਪੰਜਾਬੀਆਂ ਦੇ ਹਿੱਤਾਂ ਵਾਸਤੇ ਡੱਟਣ ਦੀ ਇਤਿਹਾਸਕ ਭੂਮਿਕਾ ਤੋਂ ਪਿੱਛੇ ਨਹੀਂ ਹਟੇਗੀ। ਨਾਲ ਹੀ ਇਹ ਆਪਣਾ ਸਾਰਾ ਜੋਰ ਸਰਬੱਤ ਦੇ ਭਲੇ ਦੇ ਸਿਧਾਂਤ ਮੁਤਾਬਕ ਸਾਂਤੀ ਤੇ ਫਿਰਕੂ ਸਦਭਾਵਨਾ ਕਾਇਮ ਕਰਨ ਤੇ ਸੰਭਾਲਣ 'ਤੇ ਵੀ ਲਗਾਉਣਾ ਜਾਰੀ ਰੱਖੇਗੀ। ਸਿੱਖਾਂ ਅਤੇ ਪੰਜਾਬੀਆਂ ਦੀ ਇਕਲੌਤੀ ਨੁਮਾਇੰਦਾ ਜਥੇਬੰਦੀ ਹੋਣ ਦੇ ਨਾਅਤੇ ਪਾਰਟੀ ਰਾਜਾਂ ਵਾਸਤੇ ਵੱਧ ਤਾਕਤਾਂ ਤੇ ਵਾਜਬ ਖੁਦਮੁਖਤਿਆਰੀ ਦੀ ਲੜਾਈ ਜਾਰੀ ਰੱਖੇਗੀ। ਅਸੀਂ ਕਦੇ ਵੀ ਇਨ੍ਹਾਂ ਹਿੱਤਾਂ 'ਤੇ ਸਮਝੌਤਾ ਨਹੀਂ ਕੀਤਾ ਤੇ ਨਾ ਹੀ ਭਵਿੱਖ ਵਿਚ ਇਨ੍ਹਾਂ 'ਤੇ ਚੌਕਸੀ ਵਿਚ ਕੋਈ ਘਾਟ ਆਉਣ ਦਿੱਤੀ ਜਾਵੇਗੀ। ਮਤੇ ਵਿਚ ਭਾਰਤ ਸਰਕਾਰ ਨੂੰ ਹੋਰ ਅਪੀਲ ਕੀਤੀ ਗਈ ਕਿ ਉਹ ਬੰਦੀ ਸਿੰਘਾਂ ਜਿਨ੍ਹਾਂ ਨੇ ਆਪਣੀਆਂ ਸਜਾਵਾਂ ਪੂਰੀਆਂ ਕਰ ਲਈਆਂ ਹਨ, ਦੀ ਰਿਹਾਈ ਲਈ ਕੀਤੇ ਆਪਣੇ ਲਿਖਤੀ ਵਾਅਦੇ ਨੂੰ ਪੂਰਾ ਕਰੇ। ਇਹ ਵਾਅਦੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ ਪੁਰਬ ਦੇ ਪਵਿੱਤਰ ਮੌਕੇ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜਰੀ ਵਿਚ ਕੀਤੇ ਗਏ ਸਨ। ਮਤੇ ਵਿਚ ਹੋਰ ਕਿਹਾ ਗਿਆ ਕਿ ਅਕਾਲੀ ਦਲ ਕਿਸਾਨਾਂ ਤੇ ਖੇਤ ਮਜਦੂਰਾਂ ਦੇ ਹੱਕਾਂ ਵਾਸਤੇ ਡਟਿਆ ਰਹੇਗਾ ਅਤੇ ਉਨ੍ਹਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਹੋਣੇ ਚਾਹੀਦੇ ਹਨ। ਮਤੇ ਮੁਤਾਬਕ ਅਕਾਲੀ ਦਲ ਕਿਸਾਨਾਂ ਦੀ ਸਭ ਤੋਂ ਵੱਡੀ ਪ੍ਰਤੀਨਿਧ ਲੋਕਤੰਤਰੀ ਜਥੇਬੰਦੀ ਹੈ ਅਤੇ ਇਹ ਹਮੇਸਾ ਉਨ੍ਹਾਂ ਦੇ ਹਿੱਤਾਂ ਖਾਤਰ ਮੋਹਰੀ ਹੋਕੇ ਲੜਦੀ ਰਹੀ ਹੈ। ਮਤੇ ਵਿਚ ਖਾਲਸਾ ਪੰਥ ਦੇ ਧਾਰਮਿਕ ਮਾਮਲਿਆਂ ਅਤੇ ਸੰਸਥਾਵਾਂ ਦੇ ਕੰਮਕਾਜ ਵਿਚ ਬੇਲੋੜੀਂਦੀ ਦਖਲਅੰਦਾਜੀ ਤੁਰੰਤ ਬੰਦ ਕਰਨ ਦੀ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਅਸੀਂ ਹਰਿਆਣਾ ਵਿਚ ਵੱਖਰੀ ਕਮੇਟੀ ਬਣਾ ਕੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਅਤੇ ਕਮਜੋਰ ਕਰਨ ਦੀਆਂ ਸਾਜਿ?ਸਾਂ ਦੀ ਸਖਤ ਨਿਖੇਧੀ ਕਰਦੇ ਹਾਂ। ਅਸੀਂ ਦਿੱਲੀ ਗੁਰਦੁਆਰਾ ਕਮੇਟੀ, ਤਖਤ ਸ੍ਰੀ ਹਜੂਰ ਸਾਹਿਬ ਨਾਂਦੇੜ ਸਾਹਿਬ ਅਤੇ ਤਖਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀਆਂ 'ਤੇ ਕਬਜੇ ਕਰਨ ਦੀ ਵੀ ਨਿਖੇਧੀ ਕਰਦੇ ਹਾਂ। ਮਤੇ ਵਿਚ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਨਵੀਂ ਦਿੱਲੀ ਵਿਚ ਅਸਥਾਨ ਨੂੰ ਢਹਿ ਢੇਰੀ ਕਰਨ ਦੀ ਨਿਖੇਧੀ ਕੀਤੀ ਗਈ ਅਤੇ ਇਸਦੀ ਮੁੜ ਉਸਾਰੀ ਵਾਸਤੇ ਵੱਖਰੀ ਥਾਂ ਅਲਾਟ ਕਰਨ ਦੀ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਪਵਿੱਤਰ ਆਤਮਾ ਅਤੇ ਦੁਨੀਆਂ ਭਰ ਵਿਚ ਇਨ੍ਹਾਂ ਦੇ ਲੱਖਾਂ ਸਰਧਾਲੂਆਂ ਵਿਚ ਇਸ ਪਵਿੱਤਰ ਅਸਥਾਨ ਲਈ ਇਹ ਥਾਂ ਅਲਾਟ ਕਰਨ ਤੋਂ ਨਾਂਹ ਕਰਨਾ ਬਹੁਤ ਵੱਡਾ ਵਿਤਕਰਾ ਅਤੇ ਅਨਿਆਂ ਹੈ। ਕੋਰ ਕਮੇਟੀ ਨੇ ਜਮੀਨ ਰਾਹੀਂ ਹੋਰ ਮੁਲਕਾਂ ਨਾਲ ਵਪਾਰ ਦਾ ਰਾਹ ਖੋਲ੍ਹਣ ਵਾਸਤੇ ਅਟਾਰੀ ਤੇ ਫਿਰੋਜਪੁਰ ਸਰਹੱਦ ਖੋਲ੍ਹਣ ਦੀ ਮੰਗ ਕੀਤੀ ਅਤੇ ਕਿਹਾ ਕਿ ਪੰਜਾਬ ਸਾਰੇ ਪਾਸੇ ਤੋਂ ਘਿਰਿਆ ਸੂਬਾ ਹੈ ਜਿਸਨੂੰ ਇਸ ਸਬੰਧ ਵਿਚ ਕਈ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਅਕਾਲੀ ਦਲ ਹਮੇਸਾ ਮਨੁੱਖੀ ਅਧਿਕਾਰਾਂ ਦੇ ਹੱਕ ਵਿਚ ਅਤੇ ਐਨ.ਐਸ.ਏ. ਵਰਗੇ ਕਾਲੇ ਕਾਨੂੰਨਾਂ ਦੀ ਦੁਰਵਰਤੋਂ ਦੇ ਖਿਲਾਫ ਡਟਿਆ ਹੈ। ਇਨ੍ਹਾਂ ਕਦਮਾਂ ਦਾ ਪਾਰਟੀ ਨੇ ਐਮਰਜੰਸੀ ਵੇਲੇ ਵੀ ਵਿਰੋਧ ਕੀਤਾ ਸੀ। ਸਭ ਤੋਂ ਵੱਡੇ ਦੇਸ ਭਗਤ ਪ੍ਰਕਾਸ ਸਿੰਘ ਬਾਦਲ 'ਤੇ ਵੀ ਸਮੇਂ ਦੀਆਂ ਕਾਂਗਰਸ ਸਰਕਾਰਾਂ ਨੇ ਐਨ ਐਸ ਏ ਵਰਗੇ ਕਾਨੂੰਨ ਲਾਗੂ ਕੀਤੇ। ਪਾਰਟੀ ਨੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਵੱਲੋਂ ਸਿਰਜੇ ਸੰਵਿਧਾਨ ਨੂੰ ਕਿਸੇ ਵੀ ਤਰੀਕੇ ਦਾ ਖੋਰਾ ਲਾਉਣ ਦਾ ਵਿਰੋਧ ਕੀਤਾ।



## ਕਿਰਪਾਨ ਦੀ ਨੋਕ ਤੇ ਕਿਸਾਨ ਕੋਲੋਂ ਟਰਾਲੀ ਖੋਹ ਕੇ ਦੋ ਲੁਟੇਰੇ ਹੋਏ ਫਰਾਰ

ਦੀਨਾਨਗਰ 26 ਮਾਰਚ। ਵਿਧਾਨ ਸਭਾ ਹਲਕਾ ਦੀਨਾਨਗਰ ਅਧੀਨ ਆਉਂਦੇ ਪੁਲਸ ਸਟੇਸਨ ਦੌਰਾਂਗਲਾ ਦੇ ਇਲਾਕੇ ਅੰਦਰ ਹੈਡ ਪੁਲ ਗਾਹਲੜੀ ਦੇ ਨਜਦੀਕ ਇਕ ਕਿਸਾਨ ਕੋਲੋਂ ਦੋ ਲੁਟੇਰੇ ਕਿਰਪਾਨ ਦੀ ਨੋਕ 'ਤੇ ਟਰਾਲੀ ਖੋਹ ਕੇ ਫਰਾਰ ਹੋ ਗਏ। ਇਸ ਸਬੰਧੀ ਜਾਂਚ ਅਧਿਕਾਰੀ ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਕਸਮੀਰ ਸਿੰਘ ਪੁੱਤਰ ਬਾਵਾ ਸਿੰਘ ਵਾਸੀ ਉਗਰਾ ਨੇ ਦਿੱਤੀ ਸਿ?ਕਾਇਤ ਵਿਚ ਦੱਸਿਆ ਕਿ ਮੈਂ ਆਪਣੇ ਟਰੈਕਟਰ ਟਰਾਲੀ 'ਤੇ ਸਵਾਰ ਹੋ ਕੇ ਰਾਤ 12 ਵਜੇ ਦੇ ਕਰੀਬ ਸ਼ੂਗਰ ਮਿੱਲ ਪਨਿਆੜ ਤੋਂ ਗੰਨਾ ਸੁੱਟ ਕੇ ਵਾਪਸ ਆਪਣੇ ਪਿੰਡ ਜਾ ਰਿਹਾ ਸੀ। ਜਦ ਮੈਂ ਹੈਡ ਪੁੱਲ ਗਾਹਲੜੀ ਨੇੜੇ ਪੁੱਜਾ ਤਾਂ ਮੇਰੀ ਟਰੈਕਟਰ ਟਰਾਲੀ ਅੱਗੇ ਇਕ ਟਰੈਕਟਰ ਸੋਨਾਲੀਕਾ ਜਿਸ ਉੱਤੇ 2 ਵਿਅਕਤੀ ਸਵਾਰ ਸਨ, ਨੇ ਮੈਨੂੰ ਰੋਕ ਲਿਆ। ਪੀੜਤ ਨੇ ਅੱਗੇ ਦੱਸਿਆ ਕਿ ਉਕਤ ਵਿਅਕਤੀਆਂ ਦੇ ਹੱਥਾਂ ਵਿਚ ਕਿਰਪਾਨ ਅਤੇ ਬੇਸਬਾਲ ਬੈਟ ਸਨ। ਉਨ੍ਹਾਂ ਨੇ ਕਿਰਪਾਨ ਮੇਰੀ ਧੋਣ 'ਤੇ ਰੱਖ ਕੇ ਮੈਨੂੰ ਟਰੈਕਟਰ ਤੋਂ ਉਤਾਰ ਕੇ ਮੇਰੇ ਟਰੈਕਟਰ ਦੀ ਚਾਬੀ ਕੱਢ ਲਈ ਅਤੇ ਟਰੈਕਟਰ ਦੀ ਹੁੱਕ ਖੋਲ੍ਹ ਕੇ ਮੇਰਾ ਟਰੈਕਟਰ ਸਾਇਡ 'ਤੇ ਕਰਕੇ ਮੇਰੀ ਟਰਾਲੀ ਆਪਣੇ ਟਰੈਕਟਰ ਮਗਰ ਪਾ ਕੇ ਫਰਾਰ ਹੋ ਗਏ। ਪੁਲਸ ਵੱਲੋਂ ਸਿ?ਕਾਇਤ ਦੇ ਆਧਾਰ 'ਤੇ ਸਾਰੀ ਜਾਂਚ ਪੜਤਾਲ ਕਰਨ ਉਪਰੰਤ ਮੁਦਈ ਦੇ ਬਿਆਨਾਂ ਦੇ ਆਧਾਰ 'ਤੇ ਸੈਫ ਅਲੀ ਪੁੱਤਰ ਸ਼ੇਰ ਮੁਹੰਮਦ, ਸਾਲੂ ਪੁੱਤਰ ਨੂਰ ਮੁਹੰਮਦ ਵਾਸੀ ਸਮਾਦ ਬਾਈ ਥਾਣਾ ਬਾਘਾਪੁਰਾਣਾ ਜਿ?ਲ੍ਹਾ ਮੋਗਾ ਖਿ?ਲਾਫ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸੁਰੂ ਕਰ ਦਿੱਤੀ ਹੈ।